ਬੁੱਧਵਾਰ, 4 ਨਵੰਬਰ, 2026

19 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 155

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 4 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12






## ਪ੍ਰੋਟੈੱਸਟ ਵਾਲੀ ਥਾਂ ਪੱਕੀ ਨਹੀਂ ਮੱਲ ਸਕਦੇ : ਸੁਪਰੀਮ ਕੋਰਟ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਸੁਪਰੀਮ ਕੋਰਟ ਨੇ ਮੰਗਲਵਾਰ ਕੇਂਦਰ ਸਰਕਾਰ ਅਤੇ ਹੋਰਨਾਂ ਧਿਰਾਂ ਨੂੰ ਉਸ ਪਟੀਸ਼ਨ 'ਤੇ ਜਵਾਬ ਦੇਣ ਲਈ ਕਿਹਾ ਹੈ, ਜਿਸ ਵਿੱਚ ਵਪਾਰੀ ਜਥੇਬੰਦੀਆਂ ਨੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਮੁੱਖ ਚੋਣ ਕਮਿਸ਼ਨਰ ਖਿਲਾਫ ਰਾਮਲੀਲ੍ਹਾ ਮੈਦਾਨ ਵਿੱਚ ਚੱਲ ਰਹੇ ਪ੍ਰਦਰਸ਼ਨ ਨੂੰ ਰੋਕਣ ਦੀ ਮੰਗ ਕੀਤੀ ਹੈ। ਅਦਾਲਤ ਨੇ ਕਿਹਾ ਕਿ ਪ੍ਰਦਰਸ਼ਨ ਵਾਲੀ ਥਾਂ 'ਤੇ ਹਮੇਸ਼ਾ ਲਈ ਕਬਜ਼ਾ ਨਹੀਂ ਕੀਤਾ ਜਾ ਸਕਦਾ।

ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੌਏਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ 'ਤੇ ਆਧਾਰਤ ਬੈਂਚ ਵਪਾਰੀ ਜਥੇਬੰਦੀਆਂ ਸਮੇਤ ਕਈ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਸੀ। ਇਨ੍ਹਾਂ ਵਿੱਚ ਦਿੱਲੀ ਦੀ ਕਰਿਆਨਾ ਕਮੇਟੀ ਵੱਲੋਂ ਦਾਇਰ ਪਟੀਸ਼ਨ ਵੀ ਸ਼ਾਮਲ ਹੈ। ਕਮੇਟੀ ਨੇ ਦੋਸ਼ ਲਾਇਆ ਹੈ ਕਿ ਰਾਮਲੀਲ੍ਹਾ ਮੈਦਾਨ ਵਿੱਚ ਚੱਲ ਰਹੇ ਪ੍ਰਦਰਸ਼ਨ ਕਾਰਨ ਉਨ੍ਹਾਂ ਦੇ ਕਾਰੋਬਾਰ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ।

ਸੁਣਵਾਈ ਦੌਰਾਨ ਚੀਫ ਜਸਟਿਸ ਨੇ ਕਿਹਾ, 'ਤੁਸੀਂ ਕਿਸੇ ਥਾਂ 'ਤੇ ਹਮੇਸ਼ਾ ਲਈ ਕਬਜ਼ਾ ਨਹੀਂ ਕਰ ਸਕਦੇ। ਫਿਰ ਕਿਸਾਨ, ਪੱਤਰਕਾਰ ਅਤੇ ਹੋਰ ਲੋਕ ਕਿੱਥੇ ਜਾਣਗੇ? ਹਰ ਕਿਸੇ ਨੂੰ ਵਿਰੋਧ ਪ੍ਰਗਟਾਉਣ ਦਾ ਹੱਕ ਹੈ। ਇਸ ਲਈ ਨਿਰਧਾਰਤ ਸਮੇਂ ਅਤੇ ਮਿਆਦ ਲਈ ਥਾਂ ਦਿੱਤੀ ਜਾਣੀ ਚਾਹੀਦੀ ਹੈ।'

ਬੈਂਚ ਇਨ੍ਹਾਂ ਪਟੀਸ਼ਨਾਂ ਦੇ ਸਮੂਹ 'ਤੇ ਸੁਣਵਾਈ ਕਰ ਰਹੀ ਸੀ, ਜਿਨ੍ਹਾਂ ਵਿੱਚ ਕਥਿਤ ਤੌਰ 'ਤੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਹਿਰਾਸਤ ਵਿੱਚ ਲੈਣ, ਪੁਲਸ ਦੀ ਬੇਰਹਿਮੀ, ਮੈਟਰੋ ਸਟੇਸ਼ਨ ਬੰਦ ਕਰਨ ਅਤੇ ਇੰਟਰਨੈੱਟ ਸੇਵਾਵਾਂ ਬੰਦ ਕਰਨ ਵਰਗੇ ਮੁੱਦੇ ਵੀ ਚੁੱਕੇ ਗਏ ਹਨ। ਅਦਾਲਤ ਨੇ ਵਪਾਰੀ ਜਥੇਬੰਦੀਆਂ ਨੂੰ ਕਿਹਾ ਕਿ ਉਹ ਮੁੱਖ ਚੋਣ ਕਮਿਸ਼ਨਰ ਖਿਲਾਫ ਪ੍ਰਦਰਸ਼ਨ ਕਰ ਰਹੀਆਂ ਜਥੇਬੰਦੀਆਂ ਨੂੰ ਵੀ ਆਪਣੀ ਪਟੀਸ਼ਨ ਵਿੱਚ ਧਿਰ ਬਣਾਉਣ। ਵਪਾਰੀਆਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਕਿਹਾ ਕਿ ਪ੍ਰਦਰਸ਼ਨ ਵਾਲੀ ਥਾਂ ਦੇ ਨੇੜਲੇ ਇਲਾਕਿਆਂ ਵਿੱਚ 50 ਲੱਖ ਲੋਕ ਰਹਿੰਦੇ ਹਨ। ਅੱਜ ਸਾਰੀਆਂ ਦੁਕਾਨਾਂ ਬੰਦ ਹਨ ਅਤੇ ਕਨਾਟ ਪਲੇਸ ਵਿੱਚ ਵੀ ਕੋਈ ਵਿਅਕਤੀ ਨਜ਼ਰ ਨਹੀਂ ਆ ਰਿਹਾ। ਇਸ 'ਤੇ ਬੈਂਚ ਨੇ ਕਿਹਾ ਕਿ ਜਦੋਂ ਤੱਕ ਵਪਾਰੀ ਜਥੇਬੰਦੀਆਂ ਪ੍ਰਦਰਸ਼ਨ ਕਰ ਰਹੀਆਂ ਸਾਰੀਆਂ ਜਥੇਬੰਦੀਆਂ ਨੂੰ ਪਟੀਸ਼ਨ ਵਿੱਚ ਧਿਰ ਨਹੀਂ ਬਣਾਉਂਦੀਆਂ, ਉਦੋਂ ਤੱਕ ਅਦਾਲਤ ਇਸ ਮਾਮਲੇ ਵਿੱਚ ਕੋਈ ਫੈਸਲਾ ਨਹੀਂ ਕਰ ਸਕਦੀ। ਇਸ ਮਾਮਲੇ ਦੀ ਸੁਣਵਾਈ ਜਾਰੀ ਸੀ। 15 ਅਕਤੂਬਰ ਨੂੰ ਵੀ ਸੁਪਰੀਮ ਕੋਰਟ ਦੀ ਇਸੇ ਬੈਂਚ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਅਤੇ 12 ਵਿਰੋਧੀ ਪਾਰਟੀਆਂ ਦੇ ਆਗੂਆਂ ਵੱਲੋਂ ਦਾਇਰ ਪਟੀਸ਼ਨ 'ਤੇ ਚੋਣ ਕਮਿਸ਼ਨ ਅਤੇ ਹੋਰਨਾਂ ਤੋਂ ਜਵਾਬ ਮੰਗਿਆ ਸੀ। ਇਸ ਪਟੀਸ਼ਨ ਵਿੱਚ ਵੱਡੀ ਪੱਧਰ 'ਤੇ ਵੋਟਰਾਂ ਦੇ ਨਾਂਅ ਸੂਚੀਆਂ ਵਿੱਚੋਂ ਕੱਟਣ ਅਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਵਿੱਚ ਕਥਿਤ ਬੇਨੇਮੀਆਂ ਦਾ ਮੁੱਦਾ ਚੁੱਕਿਆ ਗਿਆ ਸੀ।

## ਭਗਵੰਤ ਮਾਨ ਦਾ ਚੈਲੰਜ : ਵਿਰੋਧੀ ਭਰਤੀਆਂ 'ਚ ਭ੍ਰਿਸ਼ਟਾਚਾਰ ਦੀ ਇੱਕ ਵੀ ਮਿਸਾਲ ਦਿਖਾ ਦੇਣ

**ਮੁਹਾਲੀ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਮੁਹਾਲੀ ਵਿਖੇ ਨਵੇਂ ਭਰਤੀ ਹੋਏ 801 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਉਨ੍ਹਾਂ ਨੂੰ ਸਰਕਾਰੀ ਨੌਕਰੀਆਂ ਰਾਹੀਂ ਦੀਵਾਲੀ ਦਾ ਤੋਹਫ਼ਾ ਮਿਲਿਆ ਅਤੇ ਉਨ੍ਹਾਂ ਦੀ ਸਰਕਾਰ ਅਧੀਨ ਕੁੱਲ ਭਰਤੀਆਂ ਦੀ ਗਿਣਤੀ 71,777 ਹੋ ਗਈ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਹਰੇਕ ਨਿਯੁਕਤੀ ਪੂਰੀ ਤਰ੍ਹਾਂ ਬਿਨਾਂ ਕਿਸੇ 'ਕੈਸ਼' ਜਾਂ 'ਫ਼ਰਮਾਇਸ਼' ਤੋਂ ਮੈਰਿਟ ਦੇ ਆਧਾਰ 'ਤੇ ਕੀਤੀ ਗਈ ਹੈ, ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਪੈਸੇ, ਸਿਫ਼ਾਰਸ਼ਾਂ ਅਤੇ ਵੱਢੀ ਰਾਹੀਂ ਲੱਖਾਂ ਰੁਪਏ ਵਿੱਚ ਸਰਕਾਰੀ ਨੌਕਰੀਆਂ ਵਿਕਦੀਆਂ ਸਨ, ਜਦੋਂ ਕਿ ਸਾਡੀ ਸਰਕਾਰ ਨੇ ਬਿਨਾਂ ਇੱਕ ਰੁਪਏ ਦੀ ਰਿਸ਼ਵਤ ਦੇ ਪਾਰਦਰਸ਼ੀ ਭਰਤੀ ਯਕੀਨੀ ਬਣਾਈ ਹੈ। ਵਿਰੋਧੀ ਧਿਰ ਨੂੰ ਭਰਤੀ ਵਿੱਚ ਭ੍ਰਿਸ਼ਟਾਚਾਰ ਦੀ ਇੱਕ ਵੀ ਮਿਸਾਲ ਦਿਖਾਉਣ ਦੀ ਚੁਣੌਤੀ ਦਿੰਦਿਆਂ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ ਹਫ਼ਤੇ 600 ਹੋਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲਣਗੀਆਂ।ਨਿਯੁਕਤੀ ਪੱਤਰ ਸੌਂਪਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ—ਵਿਰੋਧੀ ਧਿਰ ਕਿਸੇ ਠੋਸ ਮੁੱਦੇ ਦੀ ਅਣਹੋਂਦ ਵਿੱਚ ਮੇਰੇ ਖ਼ਿਲਾਫ਼ ਦੂਸ਼ਣਬਾਜ਼ੀ ਕਰ ਰਹੀ ਹੈ। ਮੈਂ ਇਨ੍ਹਾਂ ਆਗੂਆਂ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਮੇਰੇ 'ਤੇ ਭ੍ਰਿਸ਼ਟਾਚਾਰ ਦਾ ਇੱਕ ਵੀ ਦੋਸ਼ ਸਾਬਤ ਕਰਨ ਜਾਂ ਰਾਜਨੀਤੀ ਛੱਡ ਦੇਣ। ਉਹ ਇਸ ਲਈ ਨਿਰਾਸ਼ ਹਨ, ਕਿਉਂਕਿ ਉਹ ਸਾਡੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਅਤੇ ਲੋਕ ਭਲਾਈ ਦੇ ਬੇਮਿਸਾਲ ਕੰਮਾਂ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੇ। ਅਕਾਲੀ ਦਲ ਅਤੇ ਕਾਂਗਰਸ ਨੇ ਆਪਣੇ ਨਿੱਜੀ ਹਿੱਤਾਂ ਦੀ ਰਾਜਨੀਤੀ ਰਾਹੀਂ ਪੰਜਾਬ ਨੂੰ ਆਰਥਿਕ ਅਤੇ ਸਮਾਜਿਕ ਮੰਦਹਾਲੀ ਵੱਲ ਧੱਕਿਆ ਹੈ। ਉਹਨਾ ਕਿਹਾ ਇਨ੍ਹਾਂ ਪਾਰਟੀਆਂ ਦੇ ਲੀਡਰ ਹੁਣ ਮੈਨੂੰ ਬਦਨਾਮ ਕਰਨ ਲਈ ਮਿਲ ਕੇ ਕੰਮ ਕਰ ਰਹੇ ਹਨ, ਕਿਉਂਕਿ ਉਹ ਇਹ ਸਵੀਕਾਰ ਨਹੀਂ ਕਰ ਪਾ ਰਹੇ ਕਿ ਇੱਕ ਆਮ ਵਿਅਕਤੀ, ਬਿਨਾਂ ਕਿਸੇ ਸਿਆਸੀ ਪਰਵਾਰ ਜਾਂ ਵਿਰਾਸਤੀ ਤਾਕਤ ਦੇ ਪੰਜਾਬ ਦੇ ਆਮ ਲੋਕਾਂ ਲਈ ਕੰਮ ਕਰ ਰਿਹਾ ਹੈ। ਉਨ੍ਹਾਂ ਦੇ ਦੋਸ਼ਾਂ ਦਾ ਸਾਡਾ ਜਵਾਬ ਹਮੇਸ਼ਾ ਸਾਡਾ ਕੰਮ, ਸਾਡੀਆਂ ਪ੍ਰਾਪਤੀਆਂ ਅਤੇ ਆਮ ਪਰਵਾਰਾਂ ਦੇ ਚਿਹਰਿਆਂ 'ਤੇ ਮੁਸਕਾਨ ਹੋਵੇਗਾ।

### ਰੂਹੁੱਲਾ ਮੇਹਦੀ ਦਾ ਲੋਕ ਸਭਾ ਤੋਂ ਅਸਤੀਫਾ



**ਸ੍ਰੀਨਗਰ** : ਨੈਸ਼ਨਲ ਕਾਨਫਰੰਸ ਦੇ ਸ੍ਰੀਨਗਰ ਤੋਂ ਲੋਕ ਸਭਾ ਮੈਂਬਰ ਆਗਾ ਰੂਹੁੱਲਾ ਨੇ ਮੰਗਲਵਾਰ ਅਸਤੀਫਾ ਦੇ ਦਿੱਤਾ ਹੈ। ਉਨ੍ਹਾ ਇਸ ਦਾ ਐਲਾਨ ਆਪਣੇ ਪਿਤਾ ਦੀ 26ਵੀਂ ਬਰਸੀ 'ਤੇ ਕੀਤਾ, ਜਦੋਂ ਜੰਮੂ-ਕਸ਼ਮੀਰ ਦੇ ਬਡਗਾਮ ਵਿੱਚ ਵੱਡੀ ਗਿਣਤੀ ਵਿੱਚ ਸਮਰਥਕ ਇਕੱਠੇ ਹੋਏ। ਮੇਹਦੀ ਨੇ ਸੰਸਦੀ ਸੀਟ ਦੇ ਨਾਲ-ਨਾਲ ਪਾਰਟੀ ਵੀ ਛੱਡ ਦਿੱਤੀ ਹੈ। ਮੇਹਦੀ ਆਪਣੀ ਹੀ ਸਰਕਾਰ ਨੂੰ ਜਨਤਕ ਤੌਰ 'ਤੇ ਚੁਣੌਤੀ ਦਿੰਦਿਆਂ ਰਾਖਵੇਂਕਰਨ, ਧਾਰਾ 370 ਅਤੇ ਰਾਜ ਦੇ ਦਰਜੇ 'ਤੇ ਚੋਣ ਵਾਅਦੇ ਪੂਰੇ ਕਰਨ ਵਿੱਚ ਅਸਫਲ ਰਹਿਣ ਦਾ ਦੋਸ਼ ਲਾਉਂਦੇ ਆ ਰਹੇ ਸਨ।

### ਭਾਜਪਾ ਮੰਤਰੀ ਦੀ ਪਾਰਟੀ 'ਚ ਗੁੜ-ਗੁੜ



**ਨਵੀਂ ਦਿੱਲੀ** : ਦਿੱਲੀ ਦੇ ਮੰਤਰੀ ਪਰਵੇਸ਼ ਵਰਮਾ ਦੀ ਦੀਵਾਲੀ ਪਾਰਟੀ ਵਿੱਚ ਹੁੱਕਾ ਪਰੋਸਣ ਦੀਆਂ ਤਸਵੀਰਾਂ ਸਾਹਮਣੇ ਆਉਣ ਤੋਂ ਬਾਅਦ ਭਾਜਪਾ ਅਤੇ ਆਮ ਆਦਮੀ ਪਾਰਟੀ (ਆਪ) ਵਿਚਾਲੇ ਤਿੱਖੀ ਸਿਆਸੀ ਜੰਗ ਛਿੜ ਗਈ ਹੈ। 'ਆਪ' ਦਿੱਲੀ ਦੇ ਪ੍ਰਧਾਨ ਸੌਰਭ ਭਾਰਦਵਾਜ ਨੇ ਪੱਤਰਕਾਰ ਸੁਧੀਰ ਚੌਧਰੀ ਦੀ ਮੌਜੂਦਗੀ ਵਾਲੇ ਇਸ ਇਕੱਠ 'ਤੇ ਸਵਾਲ ਚੁੱਕਦਿਆਂ ਪੁੱਛਿਆ ਕਿ ਕੀ ਇਸ ਪਾਰਟੀ ਲਈ ਸਰਕਾਰੀ ਬੰਗਲੇ ਅਤੇ ਜਨਤਕ ਪੈਸੇ ਦੀ ਵਰਤੋਂ ਕੀਤੀ ਗਈ? 'ਆਪ' ਨੇ ਭਾਜਪਾ ਦੇ ਪੰਜਾਬ 'ਚੋਂ 'ਨਸ਼ਾ ਮੁਕਤੀ' ਦੇ ਦਾਅਵਿਆਂ 'ਤੇ ਤਨਜ਼ ਕੱਸਦਿਆਂ ਕਿਹਾ ਕਿ ਇੱਕ ਪਾਸੇ ਮੁੱਖ ਮੰਤਰੀ ਰੇਖਾ ਗੁਪਤਾ ਆਨਲਾਈਨ ਸ਼ਰਾਬ ਵੇਚ ਰਹੀ ਹੈ, ਦੂਜੇ ਪਾਸੇ ਮੰਤਰੀ ਸੁੱਕੇ ਨਸ਼ੇ ਪਰੋਸ ਰਹੇ ਹਨ। ਦੂਜੇ ਪਾਸੇ, ਭਾਜਪਾ ਨੇ ਵਰਮਾ ਦਾ ਬਚਾਅ ਕੀਤਾ। ਭਾਜਪਾ ਬੁਲਾਰੇ ਅਜੇ ਸਹਿਰਾਵਤ ਅਤੇ ਪ੍ਰਵੀਨ ਸ਼ੰਕਰ ਕਪੂਰ ਨੇ ਹੁੱਕੇ ਨੂੰ ਜਾਟ ਭਾਈਚਾਰੇ ਦੀ ਸੱਭਿਆਚਾਰਕ ਪਛਾਣ, ਪੰਚਾਇਤੀ ਪਰੰਪਰਾ ਅਤੇ ਸਮਾਜਿਕ ਏਕਤਾ ਦਾ ਪ੍ਰਤੀਕ ਦੱਸਿਆ।

### ਸੂਬਾ ਐਗਜ਼ੈਕਟਿਵ ਮੀਟਿੰਗ 11 ਨੂੰ

**ਚੰਡੀਗੜ੍ਹ** : ਸੀ ਪੀ ਆਈ ਪੰਜਾਬ ਦੇ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਦੱਸਿਆ ਹੈ ਕਿ 11 ਨਵੰਬਰ ਨੂੰ ਐਗਜ਼ੈਕਟਿਵ ਦੀ ਮੀਟਿੰਗ ਠੀਕ ਦੁਪਹਿਰ 12.30 ਸੂਬਾ ਪਾਰਟੀ ਦਫ਼ਤਰ, ਅਜੈ ਭਵਨ, ਚੰਡੀਗੜ੍ਹ ਵਿਖੇ ਸ਼ੁਰੂ ਹੋਵੇਗੀ। ਉਸ ਤੋਂ ਪਹਿਲਾਂ ਠੀਕ 10 ਵਜੇ ਸਕੱਤਰੇਤ ਦੀ ਮੀਟਿੰਗ ਕੀਤੀ ਜਾਵੇਗੀ।

### ਅਕਾਲੀ ਦਲ ਛੱਡ ਕੇ ਆਪ 'ਚ



**ਜਲੰਧਰ** : ਸ਼੍ਰੋਮਣੀ ਅਕਾਲੀ ਦਲ ਵਿੱਚ ਰਹਿੰਦਿਆਂ ਦੀਨਾਨਗਰ ਅਤੇ ਭੋਆ ਵਿਧਾਨ ਸਭਾ ਹਲਕਿਆਂ ਦੇ ਹਲਕਾ ਇੰਚਾਰਜ ਵਜੋਂ ਸੇਵਾਵਾਂ ਨਿਭਾ ਚੁੱਕੇ ਰਵੀ ਮੋਹਨ ਮੰਗਲਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਰਵੀ ਮੋਹਨ ਦਾ ਨਿੱਘਾ ਸਵਾਗਤ ਕੀਤਾ। ਰਵੀ ਮੋਹਨ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਹੁੰਦੇ ਸਨ।

### ਦੀਵਾਲੀ ਵਿਸ਼ੇਸ਼ ਸਪਲੀਮੈਂਟ



ਸੁਰਜੀਤ ਢੇਰ
ਨੰਗਲ
98155-13425



ਹਰਭਜਨ ਢਿੱਲੋਂ
ਭਲਾਣ (ਨੰਗਲ)
94645-21052



ਕ੍ਰਿਸ਼ਨ ਗਰਗ
ਚੰਡੀਗੜ੍ਹ
94175-93500

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ। **-ਜਨਰਲ ਮੈਨੇਜਰ**

## ਜਸਟਿਸ ਰਣਜੀਤ ਸਿੰਘ ਦਾ ਕੇਸ 'ਚੋਂ ਨਾਂਅ ਹਟਾਉਣ 'ਤੇ ਡਾ. ਗੁਰਪ੍ਰੀਤ ਕੌਰ ਨੂੰ ਇਤਰਾਜ਼ ਨਹੀਂ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**



ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਅਤੇ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਚੇਅਰਮੈਨ ਜਸਟਿਸ ਰਣਜੀਤ ਸਿੰਘ ਦਾ ਨਾਂਅ ਮਾਨਹਾਨੀ ਦੇ ਹਰਜਾਨੇ ਸੰਬੰਧੀ ਦਾਇਰ ਮੁਕੱਦਮੇ ਵਿੱਚੋਂ ਹਟਾਉਣ 'ਤੇ ਕੋਈ ਇਤਰਾਜ਼ ਨਹੀਂ। ਉਨ੍ਹਾ ਦੇ ਵਕੀਲ ਸੁਖਬੀਰ ਸਿੰਘ ਨੇ ਮੰਗਲਵਾਰ ਚੰਡੀਗੜ੍ਹ ਦੀ ਅਦਾਲਤ ਵਿੱਚ ਇਹ ਬਿਆਨ ਦਰਜ ਕਰਵਾਇਆ। ਜਸਟਿਸ ਰਣਜੀਤ ਸਿੰਘ ਨੇ ਕਰੀਬ ਇਕ ਮਹੀਨਾ ਪਹਿਲਾਂ ਅਦਾਲਤ ਵਿੱਚ ਅਰਜ਼ੀ ਦਾਇਰ ਕਰਕੇ ਡਾ. ਗੁਰਪ੍ਰੀਤ ਕੌਰ ਤੋਂ 50 ਹਜ਼ਾਰ ਰੁਪਏ ਮੁਆਵਜ਼ਾ ਦਿਵਾਉਣ ਦੀ ਮੰਗ ਕੀਤੀ ਸੀ।

ਡਾ. ਗੁਰਪ੍ਰੀਤ ਕੌਰ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਮੁਕੱਦਮੇ ਵਿੱਚ ਦੂਜੀ ਧਿਰ ਵਜੋਂ ਸ਼ਾਮਲ ਜਸਟਿਸ ਰਣਜੀਤ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਡੀ ਡੀ ਨਿਊਜ਼ ਦੀ ਐਂਕਰ ਭਾਵਨਾ ਨਾਇਰ ਵੱਲੋਂ ਪ੍ਰਸਾਰਤ ਕੀਤੀ ਗਈ ਸਮੱਗਰੀ ਅਧੂਰੀ ਸੀ ਅਤੇ ਉਸ ਵਿੱਚ ਉਨ੍ਹਾ ਦਾ ਪੂਰਾ ਬਿਆਨ ਪੇਸ਼ ਨਹੀਂ ਕੀਤਾ ਗਿਆ। ਉਨ੍ਹਾ ਦਾ ਡਾ. ਗੁਰਪ੍ਰੀਤ ਕੌਰ ਦੀ ਮਾਨਹਾਨੀ ਕਰਨ ਦਾ ਕੋਈ ਇਰਾਦਾ ਨਹੀਂ ਸੀ।

ਵਕੀਲ ਨੇ ਕਿਹਾ ਕਿ ਡਾ. ਗੁਰਪ੍ਰੀਤ ਕੌਰ ਨੇ 22 ਅਗਸਤ 2026 ਨੂੰ ਜਸਟਿਸ ਰਣਜੀਤ ਸਿੰਘ ਨੂੰ ਕਾਨੂੰਨੀ ਨੋਟਿਸ ਭੇਜ ਕੇ ਉਨ੍ਹਾ ਦਾ ਪੱਖ ਸਪੱਸ਼ਟ ਕਰਨ ਲਈ ਕਿਹਾ ਸੀ, ਪਰ ਉਨ੍ਹਾ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ। ਇਸ ਲਈ ਡਾ. ਗੁਰਪ੍ਰੀਤ ਕੌਰ ਨੂੰ ਉਨ੍ਹਾ ਦੇ ਪੂਰੇ ਬਿਆਨ ਦੀ ਜਾਣਕਾਰੀ ਨਹੀਂ ਸੀ ਅਤੇ ਉਨ੍ਹਾ ਵੱਲੋਂ ਕੋਈ ਤੱਥ ਨਹੀਂ ਲੁਕਾਇਆ ਗਿਆ। ਉਨ੍ਹਾ ਨੂੰ ਜਸਟਿਸ ਰਣਜੀਤ ਸਿੰਘ ਦੇ ਪੂਰੇ ਬਿਆਨ ਬਾਰੇ ਮੁਕੱਦਮਾ ਦਾਇਰ ਕਰਨ ਤੋਂ ਬਾਅਦ ਪਤਾ ਲੱਗਿਆ। ਉਨ੍ਹਾ ਇਹ ਵੀ ਕਿਹਾ ਕਿ ਜਸਟਿਸ ਰਣਜੀਤ ਸਿੰਘ ਨੇ ਅਧੂਰੇ ਬਿਆਨ ਨੂੰ ਹਟਾਉਣ ਲਈ ਕਿਸੇ ਅਥਾਰਟੀ ਕੋਲ ਅਰਜ਼ੀ ਨਹੀਂ ਦਿੱਤੀ ਸੀ।

ਡਾ. ਗੁਰਪ੍ਰੀਤ ਕੌਰ ਨੇ ਜਸਟਿਸ ਰਣਜੀਤ ਸਿੰਘ ਤੋਂ ਇਲਾਵਾ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ, ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਅਤੇ ਭਾਵਨਾ ਨਾਇਰ ਖਿਲਾਫ ਹਰਜਾਨੇ ਦਾ ਮੁਕੱਦਮਾ ਦਾਇਰ ਕੀਤਾ ਸੀ। ਬਾਅਦ ਵਿੱਚ ਅਦਾਲਤ ਨੇ 8 ਸਤੰਬਰ 2026 ਨੂੰ ਜਸਟਿਸ ਰਣਜੀਤ ਸਿੰਘ ਖਿਲਾਫ ਜਾਰੀ ਇਕਪਾਸੜ ਅੰਤਰਮ ਰੋਕ ਦਾ ਹੁਕਮ ਰੱਦ ਕਰ ਦਿੱਤਾ ਸੀ। ਅਦਾਲਤ ਨੇ ਉਨ੍ਹਾ ਨੂੰ ਇਹ ਛੋਟ ਵੀ ਦਿੱਤੀ ਸੀ ਕਿ ਉਹ ਨਾਕਾਫੀ ਆਧਾਰ 'ਤੇ ਰੋਕ ਦਾ ਹੁਕਮ ਹਾਸਲ ਕਰਨ ਦੇ ਮਾਮਲੇ ਵਿੱਚ ਡਾ. ਗੁਰਪ੍ਰੀਤ ਕੌਰ ਤੋਂ ਮੁਆਵਜ਼ਾ ਲੈਣ ਲਈ ਵੱਖਰੀ ਕਾਨੂੰਨੀ ਕਾਰਵਾਈ ਕਰ ਸਕਦੇ ਹਨ।

ਜਸਟਿਸ ਰਣਜੀਤ ਸਿੰਘ ਵੱਲੋਂ ਪੇਸ਼ ਹੋਏ ਵਕੀਲ ਚਰਨਜੀਤ ਸਿੰਘ ਬਖ਼ਸ਼ੀ ਨੇ ਡਾ. ਗੁਰਪ੍ਰੀਤ ਕੌਰ ਦੇ ਵਕੀਲ ਵੱਲੋਂ ਦਰਜ ਕਰਵਾਏ ਬਿਆਨ ਦਾ ਵਿਰੋਧ ਕੀਤਾ। ਉਨ੍ਹਾ ਕਿਹਾ ਕਿ ਮੁਕੱਦਮਾ ਦਾਇਰ ਕਰਨ ਤੋਂ ਪਹਿਲਾਂ ਜਸਟਿਸ ਰਣਜੀਤ ਸਿੰਘ ਖਿਲਾਫ ਵਾਜਬ ਜਾਂਚ ਕਰਨ ਦੀ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਨਹੀਂ ਕੀਤੀ ਗਈ। ਅਦਾਲਤ ਨੇ ਮਾਮਲੇ ਦੀ ਅਗਲੀ ਸੁਣਵਾਈ 25 ਨਵੰਬਰ ਤੈਅ ਕੀਤੀ ਹੈ। ਜਸਟਿਸ ਰਣਜੀਤ ਸਿੰਘ ਨੇ ਸਿਵਲ ਪ੍ਰੋਸੀਜਰ ਕੋਡ, 1908 ਦੀ ਧਾਰਾ 95 ਤਹਿਤ ਅਰਜ਼ੀ ਦਾਇਰ ਕਰਕੇ ਅਧੂਰੀ ਜਾਣਕਾਰੀ ਦੇ ਆਧਾਰ 'ਤੇ ਰੋਕ ਦਾ ਹੁਕਮ ਹਾਸਲ ਕਰਨ ਬਦਲੇ ਮੁਆਵਜ਼ੇ ਦੀ ਮੰਗ ਕੀਤੀ ਹੈ।

## ਡੀ ਏ ਦੇ ਬਕਾਏ ਨਾ ਦੇਣ 'ਤੇ ਮੁੱਖ ਸਕੱਤਰ ਨੂੰ ਮਾਣਹਾਨੀ ਦਾ ਨੋਟਿਸ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (ਡੀ ਏ) ਦੇ ਬਕਾਏ ਜਾਰੀ ਨਾ ਕਰਨ ਦੇ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੰਗਲਵਾਰ ਮੁੱਖ ਸਕੱਤਰ ਨੂੰ ਮਾਣਹਾਨੀ ਦਾ ਨੋਟਿਸ ਜਾਰੀ ਕਰ ਦਿੱਤਾ। ਅਦਾਲਤ ਨੇ ਮੁੱਖ ਸਕੱਤਰ ਨੂੰ 10 ਦਿਨਾਂ ਦੇ ਅੰਦਰ ਜਵਾਬੀ ਹਲਫਨਾਮਾ ਦਾਖਲ ਕਰਕੇ ਇਹ ਦੱਸਣ ਦੇ ਹੁਕਮ ਦਿੱਤੇ ਹਨ ਕਿ 3 ਅਗਸਤ ਨੂੰ ਜਾਰੀ ਕੀਤੇ ਗਏ ਹਾਈ ਕੋਰਟ ਦੇ ਪਿਛਲੇ ਹੁਕਮਾਂ ਦੀ ਪਾਲਣਾ ਕਿਉਂ ਨਹੀਂ ਕੀਤੀ ਗਈ। ਅਗਲੀ ਸੁਣਵਾਈ 17 ਨਵੰਬਰ ਨੂੰ ਹੋਵੇਗੀ।

ਸੁਣਵਾਈ ਦੌਰਾਨ ਮੁੱਖ ਸਕੱਤਰ ਖੁਦ ਅਦਾਲਤ ਵਿੱਚ ਹਾਜ਼ਰ ਸਨ। ਅਦਾਲਤ ਨੇ ਉਨ੍ਹਾ ਨੂੰ ਹੁਕਮ ਦਿੱਤਾ ਕਿ ਉਹ ਨਿਰਧਾਰਤ ਸਮੇਂ ਅੰਦਰ ਹਲਫਨਾਮਾ ਦਾਖਲ ਕਰਕੇ ਅਦਾਲਤੀ ਹੁਕਮਾਂ ਦੀ ਪਾਲਣਾ ਨਾ ਹੋਣ ਸੰਬੰਧੀ ਆਪਣਾ ਜਵਾਬ ਦੇਣ।

ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਅਦਾਲਤ ਨੂੰ ਦੱਸਿਆ ਗਿਆ ਕਿ ਉਸ ਦੀ ਵਿਸ਼ੇਸ਼ ਇਜਾਜ਼ਤ ਪਟੀਸ਼ਨ (ਐੱਸ ਐੱਲ ਪੀ) ਦਾਖ਼ਲ ਕਰਨ ਦੀ ਤਿਆਰੀ ਪੂਰੀ ਹੋ ਚੁੱਕੀ ਹੈ ਅਤੇ ਇਸ ਵਿੱਚ ਰਹਿ ਗਈਆਂ ਸਾਰੀਆਂ ਤਕਨੀਕੀ ਖਾਮੀਆਂ ਦੂਰ ਕਰ ਦਿੱਤੀਆਂ ਗਈਆਂ ਹਨ। ਸਰਕਾਰ ਨੇ ਕਿਹਾ ਕਿ ਦੀਵਾਲੀ ਤੋਂ ਤੁਰੰਤ ਬਾਅਦ ਇਹ ਮਾਮਲਾ ਸੁਪਰੀਮ ਕੋਰਟ ਵਿੱਚ ਸੁਣਵਾਈ ਲਈ ਸੂਚੀਬੱਧ ਹੋਣ ਦੀ ਸੰਭਾਵਨਾ ਹੈ।

ਦੂਜੇ ਪਾਸੇ, ਪਟੀਸ਼ਨਰਾਂ ਦੇ ਵਕੀਲਾਂ ਨੇ ਦਲੀਲ ਦਿੱਤੀ • ਬਾਕੀ ਸਫਾ 2 'ਤੇ

## ਦੀਆ ਦੀ ਵੀਡੀਓ ਕਲਿੱਪ ਹਟਾਉਣ 'ਤੇ ਹਾਈ ਕੋਰਟ ਗੁੱਸੇ



**ਮੁੰਬਈ** : ਬੰਬੇ ਹਾਈ ਹਾਈ ਕੋਰਟ ਨੇ ਮੰਗਲਵਾਰ ਕਿਹਾ ਕਿ ਬ੍ਰਿਹਨ ਮੁੰਬਈ ਨਗਰ ਨਿਗਮ (ਬੀ ਐੱਮ ਸੀ) ਵੱਲੋਂ ਵਾਤਾਵਰਨ-ਅਨੁਕੂਲ ਦੀਵਾਲੀ ਮੁਹਿੰਮ ਲਈ ਅਦਾਕਾਰਾ ਦੀਆ ਮਿਰਜ਼ਾ ਦੇ ਵੀਡੀਓ ਨੂੰ ਹਟਾਉਣਾ ਬਹੁਤ ਮੰਦਭਾਗਾ ਅਤੇ ਦੇਸ਼ ਦੀ ਧਰਮ ਨਿਰਪੱਖ ਭਾਵਨਾ ਦੇ ਉਲਟ ਹੈ।

ਜਸਟਿਸ ਜੀ ਐੱਸ ਕੁਲਕਰਨੀ ਅਤੇ ਜਸਟਿਸ ਡਾ. ਨੀਲਾ ਗੋਖਲੇ ਦੀ ਡਵੀਜ਼ਨ ਬੈਂਚ ਨੇ ਇਹ ਟਿੱਪਣੀ ਭਾਜਪਾ ਦੇ ਇੱਕ ਨੇਤਾ ਅਤੇ ਮੇਅਰ ਰਿਤੂ ਤਾਵੜੇ ਵੱਲੋਂ ਦੀਆ ਮਿਰਜ਼ਾ ਨੂੰ ਹਿੰਦੂ ਵਿਰੋਧੀ ਕਹਿਣ ਤੋਂ ਬਾਅਦ ਕੀਤੀ ਹੈ। ਮੇਅਰ ਦੇ ਬਿਆਨ ਤੋਂ ਬਾਅਦ ਨਗਰ ਨਿਗਮ ਨੇ ਸੋਸ਼ਲ ਮੀਡੀਆ ਤੋਂ ਅਦਾਕਾਰਾ ਦੀ ਕਲਿੱਪ ਨੂੰ ਚੋਣਵੇਂ ਤੌਰ 'ਤੇ ਹਟਾ ਦਿੱਤਾ। ਬੈਂਚ ਨੇ ਕਿਹਾ, 'ਸਾਨੂੰ ਬਹੁਤ ਦੁੱਖ ਹੈ, ਖਾਸ ਕਰਕੇ ਜਦੋਂ ਇਹ ਅਦਾਲਤ ਦੁਆਰਾ ਪਾਸ ਕੀਤੇ ਗਏ • ਬਾਕੀ ਸਫਾ 2 'ਤੇ

## ਹਵਾਰਾ ਨੂੰ ਪੰਜਾਬ ਦੀ ਜੇਲ੍ਹ 'ਚ ਭੇਜਣ ਦਾ ਮਾਮਲਾ ਚੋਣਾਂ ਤੱਕ ਟਲਿਆ

**ਨਵੀਂ ਦਿੱਲੀ** : ਖੁਫੀਆ ਬਿਊਰੋ (ਆਈ ਬੀ) ਨੇ ਮੰਗਲਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਕਿਸੇ ਵੀ ਜੇਲ੍ਹ ਵਿੱਚ ਤਬਦੀਲ ਕਰਨ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਤੇ ਵੱਡਾ ਅਸਰ ਪੈ ਸਕਦਾ ਹੈ। ਹਵਾਰਾ ਉੱਚ ਜੋਖ਼ਮ ਵਾਲੇ ਕੈਦੀਆਂ ਦੀ ਸ਼੍ਰੇਣੀ ਵਿੱਚ ਆਉਂਦਾ ਹੈ ਅਤੇ ਉਸ ਨੂੰ ਪੰਜਾਬ ਤਬਦੀਲ ਨਹੀਂ ਕੀਤਾ ਜਾਣਾ ਚਾਹੀਦਾ। ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਪੀ ਬੀ ਵਰਾਲੇ ਦੀ ਬੈਂਚ ਨੇ ਸੀਨੀਅਰ ਵਕੀਲ ਐੱਸ ਮੁਰਲੀਧਰ ਨੂੰ ਕਿਹਾ ਕਿ ਖੁਫੀਆ ਏਜੰਸੀ ਦੀ ਰਿਪੋਰਟ ਬੇਹੱਦ ਗੰਭੀਰ ਹੈ। ਇਸ 'ਤੇ ਮੁਰਲੀਧਰ ਨੇ ਕਿਹਾ ਕਿ ਜੇ ਚੋਣਾਂ ਨੂੰ ਲੈ ਕੇ ਕੋਈ ਚਿੰਤਾ ਹੈ ਤਾਂ ਇਸ ਮਾਮਲੇ ਦੀ ਸੁਣਵਾਈ ਤਿੰਨ ਮਹੀਨਿਆਂ ਬਾਅਦ ਕੀਤੀ ਜਾ ਸਕਦੀ ਹੈ। ਸੁਪਰੀਮ ਕੋਰਟ ਨੇ ਮਾਮਲੇ ਦੀ ਅਗਲੀ ਸੁਣਵਾਈ ਅਗਲੇ ਸਾਲ ਫਰਵਰੀ ਵਿੱਚ ਤੈਅ ਕੀਤੀ ਹੈ। ਦਿੱਲੀ ਸਰਕਾਰ ਵੱਲੋਂ ਪੇਸ਼ ਹੋਈ ਐਡੀਸ਼ਨਲ ਸੌਲੀਸਿਟਰ ਜਨਰਲ ਐਸ਼ਵਰਿਆ ਭਾਟੀ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਹਵਾਰਾ ਪਹਿਲਾਂ ਜੇਲ੍ਹ ਵਿੱਚੋਂ ਫਰਾਰ ਹੋਣ ਦੀ ਘਟਨਾ ਵਿੱਚ ਸ਼ਾਮਲ ਰਿਹਾ ਹੈ। ਹਵਾਰਾ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਨਾਲ ਉਸ ਦੇ ਫਰਾਰ ਹੋਣ ਦੀ ਸੰਭਾਵਨਾ ਵਧ ਸਕਦੀ ਹੈ।

## ਦਿੱਲੀ ਪੁਲਸ ਦਾ ਏ ਸੀ ਪੀ ਮੁਅੱਤਲ

**ਨਵੀਂ ਦਿੱਲੀ** : ਸੋਮਵਾਰ ਦਿੱਲੀ ਪੁਲਸ ਹੈੱਡਕੁਆਰਟਰ ਦੇ ਬਾਹਰ ਪ੍ਰੋਟੈੱਸਟ ਦੀ ਅਗਵਾਈ ਕਰਨ ਵਾਲੇ ਦਿੱਲੀ ਪੁਲਸ ਦੇ ਏ ਸੀ ਪੀ ਮਨਸਵੀ ਵਸ਼ਿਸ਼ਟ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਸੋਮਵਾਰ ਨੂੰ ਵਸ਼ਿਸ਼ਟ ਦੀ ਅਗਵਾਈ ਵਿੱਚ ਲਗਭਗ 100 ਪੁਲਸ ਕਰਮਚਾਰੀ, ਏ ਸੀ ਪੀ ਵਸ਼ਿਸ਼ਟ ਅਤੇ ਸ਼ਾਹਦਰਾ ਦੇ ਐੱਸ ਐੱਚ ਓ ਅਰੁਣ ਕੁਮਾਰ ਦੇ ਤਬਾਦਲੇ ਨੂੰ ਲੈ ਕੇ ਤਖ਼ਤੀਆਂ ਅਤੇ ਬੈਨਰ ਫੜੇ ਹੋਏ ਕਨਾਟ ਪਲੇਸ ਸਥਿਤ ਦਿੱਲੀ ਪੁਲਸ ਹੈੱਡਕੁਆਰਟਰ ਦੇ ਗੇਟ ਨੰਬਰ 1 ਦੇ ਬਾਹਰ ਇਕੱਠੇ ਹੋਏ ਸਨ ਅਤੇ ਆਪਣੀਆਂ ਚਿੰਤਾਵਾਂ ਨੂੰ ਉਠਾਉਣ ਲਈ ਪੁਲਸ ਕਮਿਸ਼ਨਰ ਅਨੁਰਾਗ ਕੁਮਾਰ ਨਾਲ ਮੀਟਿੰਗ ਦੀ ਮੰਗ ਕੀਤੀ ਸੀ। ਉਹ ਵਕੀਲਾਂ ਦੀ ਮੰਗ 'ਤੇ ਪੁਲਸ ਅਫਸਰਾਂ ਦੇ ਤਬਾਦਲੇ ਤੋਂ ਦੁਖੀ ਸਨ। ਸੋਸ਼ਲ ਮੀਡੀਆ 'ਤੇ ਵੀਡੀਓਜ਼ ਵਿੱਚ ਏ ਸੀ ਪੀ ਵਸ਼ਿਸ਼ਟ ਨੂੰ ਇਹ ਨਾਅਰਾ ਲਗਾਉਂਦੇ ਸੁਣਿਆ ਗਿਆ 'ਵਰਦੀ ਕਾ ਅਪਮਾਨ ਨਹੀਂ ਸਹੇਂਗੇ।'

ਸ਼ਾਹਦਰਾ ਪੁਲਸ ਸਟੇਸ਼ਨ ਵਿਖੇ ਵਕੀਲਾਂ ਨਾਲ ਹਾਲ ਹੀ ਵਿੱਚ ਹੋਈ ਝੜਪ ਤੋਂ ਬਾਅਦ ਸ਼ਹਿਰ ਦੇ ਵਕੀਲਾਂ ਵੱਲੋਂ ਬੁਲਾਈ ਗਈ ਅਣਮਿੱਥੇ ਸਮੇਂ ਦੀ ਹੜਤਾਲ ਦੇ ਮੱਦੇਨਜ਼ਰ ਦੋਵਾਂ ਪੁਲਸ ਅਧਿਕਾਰੀਆਂ ਦਾ ਤਬਾਦਲਾ ਕੀਤਾ ਗਿਆ ਸੀ। ਨਵੀਂ ਦਿੱਲੀ ਬਾਰ ਐਸੋਸੀਏਸ਼ਨ ਦੇ ਸਕੱਤਰ ਤਰੁਣ ਰਾਣਾ ਨੇ ਅਣਮਿੱਥੇ ਸਮੇਂ ਲਈ ਹੜਤਾਲ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ • ਬਾਕੀ ਸਫਾ 2 'ਤੇ

### ਅੱਜ-ਨਾਮਾ

ਬਦਲਦੇ ਮੌਸਮ ਦੇ ਵਾਂਗਰ ਹੈ ਰਾਜਨੀਤੀ,
ਏਧਰ ਜੋ ਕੱਲ੍ਹ ਸੀ, ਏਥੇ ਨਾ ਅੱਜ ਬੇਲੀ।
ਪਾਰਟੀ ਵਫ਼ਾ ਦੇ ਹੋ ਕੇ ਰਿਹਾ ਬਹੁਤ ਦੇਂਦਾ,
ਮਿਲਿਆ ਵਕਤ ਤਾਂ ਗਿਆ ਹੈ ਭੱਜ ਬੇਲੀ।
ਮਿਲਿਆ ਦਾਅ ਨਾ ਖੁੰਝਿਆ ਕਦੇ ਜੀਹਨੇ,
ਹੜੱਪਿਆਂ ਮਾਲ ਤਾਂ ਹੁੰਦਾ ਨਾ ਰੱਜ ਬੇਲੀ।
ਬਨੇਰਾ ਬਦਲ ਕੇ ਬਦਲੀ ਸੀ ਨਾਲ ਬੋਲੀ,
ਆਉਂਦੀ ਕਦੇ ਨਾ ਸ਼ਰਮ ਨਾ ਲੱਜ ਬੇਲੀ।
ਕਿਹੜੀ ਪਾਰਟੀ, ਕੌਣ ਗਿਆ ਛੱਡ ਬੇਲੀ,
ਅੱਜਕੱਲ੍ਹ ਲੋਕ ਨਹੀਂ ਰੱਖਦੇ ਯਾਦ ਬੇਲੀ।
ਬੇਸ਼ਰਮੀ ਨਿੱਤ ਦਾ ਕੰਮ ਆ ਲੀਡਰਾਂ ਦਾ,
ਲੋਕੀਂ ਕਰਨ ਨਹੀਂ ਸਮਾਂ ਬਰਬਾਦ ਬੇਲੀ।

-ਤੀਸ ਮਾਰ ਖਾਂ

## ਸ਼ਹੀਦ-ਏ-ਆਜ਼ਮ ਨੇ ਸ਼ਹਾਦਤ ਵਾਲੇ ਸਾਲ ਸੀ ਪੀ ਆਈ ਦਾ ਪ੍ਰੋਗਰਾਮ ਲਿਖਿਆ ਸੀ : ਅਨਿਲ ਰਾਜਿਮਵਾਲੇ

**ਚੰਡੀਗੜ੍ਹ (ਗਿਆਨ ਸੈਦਪੁਰੀ)**

'ਭਾਰਤੀ ਕਮਿਊਨਿਸਟ ਪਾਰਟੀ ਦੀ ਆਜ਼ਾਦੀ ਅੰਦੋਲਨ ਵਿੱਚ ਜਿੱਥੇ ਮਹੱਤਵਪੂਰਨ ਭੂਮਿਕਾ ਰਹੀ, ਉੱਥੇ ਆਜ਼ਾਦ ਭਾਰਤ ਦੇ ਨਿਰਮਾਣ ਵਿੱਚ ਵੀ ਉਹ ਪਿੱਛੇ ਨਹੀਂ ਰਹੀ। ਕਮਿਊਨਿਸਟ ਹਰ ਖੇਤਰ ਵਿੱਚ ਵੱਖਰਾ ਨਿਆਰਾ ਤੇ ਵਿਗਿਆਨਕ ਦ੍ਰਿਸ਼ਟੀਕੋਣ ਦੇ ਅਧਾਰਤ ਰੋਲ ਨਿਭਾਉਂਦੇ ਆਏ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਇਤਿਹਾਸਕਾਰ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਕੇਂਦਰੀ ਸਿੱਖਿਆ ਵਿਭਾਗ ਦੇ ਮੁਖੀ ਕਾਮਰੇਡ ਅਨਿਲ ਰਾਜਿਮਵਾਲੇ ਨੇ ਕੀਤਾ। ਉਹ ਇੱਥੇ ਚੱਲ ਰਹੇ ਪੰਜ ਦਿਨਾ ਪਾਰਟੀ ਸਕੂਲ ਵਿੱਚ 'ਭਾਰਤੀ ਕਮਿਊਨਿਸਟ ਪਾਰਟੀ ਦਾ ਇਤਿਹਾਸ ਅਤੇ ਕਾਰਜ' ਵਿਸ਼ੇ 'ਤੇ ਬੋਲ ਰਹੇ ਸਨ। ਉਨ੍ਹਾ ਦੱਸਿਆ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ ਸਥਾਪਨਾ 26 ਦਸੰਬਰ 1925 ਵਿੱਚ ਕਾਨਪੁਰ ਵਿਖੇ ਹੋਈ ਸੀ। ਪਾਰਟੀ ਦੀ ਸਥਾਪਨਾ ਕਰਨ ਮੌਕੇ 300 ਦੇ ਕਰੀਬ ਕਾਰਕੁਨ ਇਕੱਤਰ ਹੋਏ ਸਨ। 25 ਤੋਂ 29 ਦਸੰਬਰ ਤੱਕ ਚਿੰਤਨ ਮੰਥਨ ਚੱਲਿਆ ਸੀ। ਵੇਲੇ ਦੇ ਪਾਰਟੀ ਸੰਵਿਧਾਨ ਅਨੁਸਾਰ ਤਿੰਨ ਜਨਰਲ ਸਕੱਤਰ ਚੁਣਨ ਦੀ ਵਿਵਸਥਾ ਸੀ। ਉਸ ਮੌਕੇ ਇੱਕ ਸੀਟ ਖਾਲੀ ਰੱਖ ਕੇ ਕਾਮਰੇਡ ਜੇ ਪੀ ਬਗਰਘੱਟਾ ਅਤੇ ਕਾਮਰੇਡ ਐੱਸ ਵੀ ਘਾਟੇ ਜਨਰਲ ਸਕੱਤਰ ਚੁਣੇ ਗਏ ਸਨ। 1927 ਵਿੱਚ ਪਾਰਟੀ ਸੰਵਿਧਾਨ ਵਿੱਚ ਤਬਦੀਲੀ ਕਰਕੇ ਜਨਰਲ ਸਕੱਤਰ ਦੀ ਇੱਕ ਪੋਸਟ ਬਣਾਈ ਗਈ। ਉਸ ਵੇਲੇ ਕਾਮਰੇਡ ਐੱਸ ਵੀ ਘਾਟੇ ਜਨਰਲ ਸਕੱਤਰ ਚੁਣੇ ਗਏ।

### ਮਜ਼ਦੂਰ ਵਰਗ ਅਜੇ ਵੀ ਆਪਣੇ ਹਿੱਸੇ ਦੀ ਜ਼ਮੀਨ ਤੋਂ ਵਾਂਝਾ : ਗੋਰੀਆ



25 ਤੋਂ 29 ਦਸੰਬਰ 1925 ਵਾਲੇ ਸਮਾਗਮ ਦੀ ਪ੍ਰਧਾਨਗੀ ਕਾਮਰੇਡ ਸ਼ਿੰਗਾਰਵੇਲੂ ਚੇਟੀਆ ਨੇ ਕੀਤੀ ਸੀ। ਉਹ ਦੱਖਣੀ ਭਾਰਤ ਦੇ ਪਹਿਲੇ ਕਮਿਊਨਿਸਟ ਆਗੂ ਵਜੋਂ ਜਾਣੇ ਜਾਂਦੇ ਹਨ। ਉਨ੍ਹਾ ਦੀ ਅਗਵਾਈ ਵਿੱਚ ਪਹਿਲੀ ਵਾਰ ਮਈ ਦਿਵਸ 1923 ਵਿੱਚ ਮਦਰਾਸ (ਹੁਣ ਚੇਨਈ) ਵਿੱਚ ਮਨਾਇਆ ਗਿਆ। ਇਸੇ ਇਤਿਹਾਸਕ ਮੌਕੇ 'ਤੇ ਭਾਰਤ ਵਿੱਚ ਪਹਿਲੀ ਵਾਰ ਲਾਲ ਝੰਡਾ ਲਹਿਰਾਇਆ ਗਿਆ। ਉਹ ਇੱਕ ਤਰਕਸ਼ੀਲ ਚਿੰਤਕ ਸਨ। ਉਨ੍ਹਾਂ ਨੇ ਮਹਾਨ ਚਿੰਤਕ ਤੇ ਲੇਖਕ ਪੇਰੀਆਰ ਵੱਲੋਂ ਚਲਾਏ 'ਸਵੈਮਾਨ ਅੰਦੋਲਨ' ਵਿੱਚ ਵੀ ਕੰਮ ਕੀਤਾ। ਅਨਿਲ ਰਾਜਿਮਵਾਲੇ ਨੇ ਆਪਣੀ ਗੱਲ ਅੱਗੇ ਤੋਰਦਿਆਂ ਕਿਹਾ ਕਿ ਭਾਰਤ ਦੇ ਆਜ਼ਾਦੀ ਅੰਦੋਲਨ ਦੀ ਗੱਲ ਅਧੂਰੀ ਰਹੇਗੀ, ਜੇਕਰ ਮੈਡਮ ਕਾਮਾ ਦਾ ਜ਼ਿਕਰ ਨਾ ਹੋਇਆ। ਉਨ੍ਹਾ ਦੱਸਿਆ ਕਿ ਮੈਡਮ ਭੀਕਾਜੀ ਰੁਸਤਮ ਕਾਮਾ ਭਾਰਤ ਦੇ ਆਜ਼ਾਦੀ ਅੰਦੋਲਨ ਦੀ ਧੜੱਲੇਦਾਰ ਆਗੂ ਸੀ। ਉਨ੍ਹਾ ਨੂੰ ਭਾਰਤੀ ਇਨਕਲਾਬ ਦੀ ਮਾਂ ਵੀ ਕਿਹਾ ਜਾਂਦਾ ਸੀ। ਜਰਮਨੀ ਦੇ ਸਟੁੱਟਗਾਰਟ ਸ਼ਹਿਰ ਵਿੱਚ ਹੋਈ ਅੰਤਰ-ਰਾਸ਼ਟਰੀ ਸਮਾਜਵਾਦੀ ਕਾਂਗਰਸ ਦੌਰਾਨ ਵਿਦੇਸ਼ੀ ਧਰਤੀ 'ਤੇ ਸਭ ਤੋਂ ਪਹਿਲਾਂ ਰਾਸ਼ਟਰੀ ਝੰਡਾ (ਤਿਰੰਗੇ ਦਾ ਰੂਪ) ਮੈਡਮ ਕਾਮਾ ਨੇ ਹੀ ਲਹਿਰਾਇਆ ਸੀ। ਉਹ ਔਰਤਾਂ ਦੀ ਸਮਾਨਤਾ ਦੀ ਵੀ ਅਲੰਬਰਦਾਰ ਸੀ।

ਕਾਮਰੇਡ ਰਾਜਿਮਵਾਲੇ ਨੇ ਭਾਰਤੀ ਕਮਿਊਨਿਸਟ ਪਾਰਟੀ ਨਾਲ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨੇੜਲੇ ਸੰਬੰਧਾਂ ਦਾ ਵੀ ਜ਼ਿਕਰ ਕੀਤਾ। ਉਨ੍ਹਾ ਦੱਸਿਆ ਕਿ ਸੋਹਣ ਸਿੰਘ ਜੋਸ਼ ਜਦੋਂ ਅੰਮ੍ਰਿਤਸਰ ਤੋਂ ਨਿਕਲਦੀ 'ਕਿਰਤੀ' ਅਖ਼ਬਾਰ ਦੇ ਮੁੱਖ ਸੰਪਾਦਕ ਬਣੇ ਤਾਂ ਸ਼ਹੀਦ ਭਗਤ ਸਿੰਘ ਨੇ ਇਸ ਅਖ਼ਬਾਰ ਵਿੱਚ ਸਹਿ ਸੰਪਾਦਕ ਵਜੋਂ ਕੰਮ ਕੀਤਾ। ਇੱਥੇ ਹੀ ਉਨ੍ਹਾਂ ਨੇ ਇਨਕਲਾਬੀ ਲੇਖ ਲਿਖੇ। ਇੱਕ ਦਿਲਚਸਪ ਗੱਲ ਦੱਸਦਿਆਂ ਕਾਮਰੇਡ ਅਨਿਲ ਰਾਜਿਮਵਾਲੇ ਨੇ ਕਿਹਾ ਕਿ 1931 ਵਿੱਚ ਭਗਤ ਸਿੰਘ ਨੇ ਸੀ ਪੀ ਆਈ ਦਾ ਪ੍ਰੋਗਰਾਮ ਲਿਖਿਆ ਸੀ। ਅੰਦੋਲਨ ਦੌਰਾਨ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੇ ਕਿਹਾ ਸੀ ਕਿ ਜੇਕਰ ਉਹ ਜੀਉਂਦੇ ਬਚ ਗਏ ਤਾਂ ਬਕਾਇਦਾ ਤੌਰ 'ਤੇ ਸੀ ਪੀ ਆਈ ਵਿੱਚ ਸ਼ਾਮਲ ਹੋ ਜਾਣਗੇ।

ਰਾਜਿਮਵਾਲੇ ਨੇ ਸੀ ਪੀ ਆਈ ਵਿੱਚ ਪੀ ਸੀ ਜੋਸ਼ੀ ਦੇ ਕੀਤੇ ਮਹਾਨ ਕੰਮਾਂ ਦਾ ਜ਼ਿਕਰ ਕੀਤਾ ਅਤੇ ਰੰਧੀਵੇ ਦੌਰ ਦੇ ਅਣ-ਸੁਖਾਵੇਂ ਸਮਿਆਂ ਦਾ ਵੀ। ਉਨ੍ਹਾਂ ਨੇ 1937 ਅਤੇ 1946 ਵਿੱਚ ਹੋਈਆਂ ਚੋਣਾਂ ਵਿੱਚ ਸੀ ਪੀ ਆਈ ਦੀ ਭੂਮਿਕਾ ਦਾ ਵੀ ਜ਼ਿਕਰ ਕੀਤਾ।

ਇਸੇ ਸੈਸ਼ਨ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ • ਬਾਕੀ ਸਫਾ 2 'ਤੇ

## ਜੋਗਿੰਦਰ ਪਾਲ ਭਾਟਾ ਨੇ ਕਾਂਗਰਸ ਦੀ ਟਿਕਟ ਲਈ ਠੋਕੀ ਦਾਅਵੇਦਾਰੀ

### ਅੱਜ ਗੋਲੂ ਕਾ ਮੋੜ ਤੋਂ ਵੱਡਾ ਕਾਫ਼ਲਾ ਸੰਗਰੂਰ ਰੈਲੀ 'ਚ ਪਹੁੰਚੇਗਾ




**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਟਕਸਾਲੀ ਕਾਂਗਰਸੀ ਆਗੂ ਜੋਗਿੰਦਰ ਪਾਲ ਭਾਟਾ ਨੇ ਪ੍ਰੈੱਸ ਕਾਨਫਰੰਸ ਕਰਕੇ ਜਿੱਥੇ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਸਬੰਧੀ ਜਾਣਕਾਰੀ ਦਿੱਤੀ, ਉੱਥੇ ਹੀ ਉਨ੍ਹਾਂ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੀ ਦਾਅਵੇਦਾਰੀ ਵੀ ਮਜ਼ਬੂਤੀ ਨਾਲ ਪੇਸ਼ ਕੀਤੀ।ਉਨ੍ਹਾਂ ਕਿਹਾ ਕਿ 4 ਨਵੰਬਰ ਨੂੰ ਗੋਲੂ ਕਾ ਮੋੜ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਤੇ ਸਮਰਥਕਾਂ ਦਾ ਕਾਫ਼ਲਾ ਸੰਗਰੂਰ ਰੈਲੀ ਵਿੱਚ ਸ਼ਮੂਲੀਅਤ ਕਰੇਗਾ।ਜੋਗਿੰਦਰ ਪਾਲ ਭਾਟਾ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਲਈ ਕੰਮ ਕਰ ਰਹੇ ਹਨ ਤੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਵੀ ਉਨ੍ਹਾਂ ਨੇ ਟਿਕਟ ਲਈ ਆਪਣੀ ਦਾਅਵੇਦਾਰੀ ਪੇਸ਼ ਕੀਤੀ ਸੀ।ਉਨ੍ਹਾਂ ਕਿਹਾ ਕਿ ਇਸ ਵਾਰ ਵੀ ਉਹ ਗੁਰੂ ਹਰਸਹਾਏ ਹਲਕੇ ਤੋਂ ਟਿਕਟ ਦੇ ਮਜ਼ਬੂਤ ਦਾਅਵੇਦਾਰ ਹਨ।ਉਨ੍ਹਾਂ ਹਾਈਕਮਾਂਡ ਤੋਂ ਮੰਗ ਕੀਤੀ ਕਿ ਹਲਕੇ ਦੇ ਟਕਸਾਲੀ ਕਾਂਗਰਸੀ ਪਰਵਾਰਾਂ ਤੇ ਲੰਮੇ ਸਮੇਂ ਤੋਂ ਪਾਰਟੀ ਦੀ ਸੇਵਾ ਕਰ ਰਹੇ ਆਗੂਆਂ ਵਿੱਚੋਂ ਕਿਸੇ ਨੂੰ ਉਮੀਦਵਾਰ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਪੈਰਾਸ਼ੂਟ ਰਾਹੀਂ ਕਿਸੇ ਬਾਹਰੀ ਉਮੀਦਵਾਰ ਨੂੰ ਟਿਕਟ ਦੇਣ ਸਬੰਧੀ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਹਾਈਕਮਾਨ ਨੂੰ ਬੇਨਤੀ ਹੈ ਕਿ ਵਿਧਾਨ ਸਭਾ ਦੀ ਟਿਕਟ ਲਈ ਹਲਕੇ ਦੇ ਟਕਸਾਲੀ ਆਗੂ ਨੂੰ ਮੌਕਾ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜਿਸ ਵੀ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇਗੀ, ਸਾਰੇ ਕਾਂਗਰਸੀ ਆਗੂ ਇਕਜੁੱਟ ਹੋ ਕੇ ਉਸ ਦੀ ਜਿੱਤ ਲਈ ਕੰਮ ਕਰਨਗੇ।ਇਸ ਮੌਕੇ ਉਨ੍ਹਾਂ ਨਾਲ ਮੌਜੂਦ ਹੋਰ ਕਾਂਗਰਸੀ ਆਗੂਆਂ ਨੇ ਵੀ ਪਾਰਟੀ ਦੇ ਫ਼ੈਸਲੇ ਦਾ ਸਤਿਕਾਰ ਕਰਨ ਤੇ ਇਕਜੁੱਟ ਹੋ ਕੇ ਚੋਣਾਂ ਲੜਨ ਦੀ ਗੱਲ ਕਹੀ।ਜੋਗਿੰਦਰ ਪਾਲ ਭਾਟਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਉਹ ਲਗਾਤਾਰ ਯਤਨਸ਼ੀਲ ਹਨ ਤੇ ਹਾਈਕਮਾਂਡ ਵੱਲੋਂ ਜ਼ਿੰਮੇਵਾਰੀ ਮਿਲਣ 'ਤੇ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਪਵਨ ਕੁਮਾਰ, ਰਮਨ ਬਹਿਲ, ਸੋਹਣ ਐੱਮ ਸੀ ਰੇਲਵੇ ਬਸਤੀ, ਸ਼ੇਖਰ ਸੈਦੇ ਕੇ ਤੇ ਕਈ ਹੋਰ ਕਾਂਗਰਸ ਦੇ ਵਰਕਰ ਮੌਜੂਦ ਸਨ।

## ਡਾ. ਅੰਬੇਡਕਰ ਦੀ ਵਿਚਾਰਧਾਰਾ 'ਤੇ ਕਰਵਾਈ ਪੁਸਤਕ ਪ੍ਰਤੀਯੋਗਤਾ 'ਚ ਨਾਭਾ ਦੀ ਝੰਡੀ



**ਨਾਭਾ (ਅਮਨ ਗਰਗ)**-ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ 30 ਅਗਸਤ 2026 ਨੂੰ ਕਰਵਾਈ ਗਈ ਪੁਸਤਕ ਪ੍ਰਤੀਯੋਗਤਾ ਦਾ ਨਤੀਜਾ ਅੰਬੇਡਕਰ ਸਕੂਲ ਆਫ ਥੌਟ ਡੱਲੇਵਾਲ ਗੁਰਾਇਆ ਵਿਖੇ ਐਲਾਨ ਕੀਤਾ ਗਿਆ।ਇਹ ਪ੍ਰਤੀਯੋਗਤਾ ਏ.ਬੀ.ਸੀ. ਤਿੰਨ ਗਰੁੱਪਾਂ ਏ ਗਰੁੱਪ 6ਵੀਂ ਤੋਂ 8ਵੀਂ ਕਲਾਸ, ਬੀ ਗਰੁੱਪ 9ਵੀਂ ਤੋਂ 12ਵੀਂ ਕਲਾਸ, ਸੀ ਗਰੁੱਪ 12ਵੀਂ ਪਾਸ ਤੋਂ 40 ਸਾਲ ਦੀ ਉਮਰ ਤੱਕ ਦੇ ਗਰੁੱਪਾਂ ਵਿੱਚ ਕਰਵਾਈ ਗਈ।ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਵਿੱਚ 516 ਸੈਂਟਰ ਬਣਾਏ ਗਏ ਤੇ ਕੁੱਲ 25040 ਵਿਦਿਆਰਥੀਆਂ ਨੇ ਭਾਗ ਲਿਆ।ਅਮਰ ਸਿੰਘ ਟੋਡਰਵਾਲ ਕੋਆਰਡੀਨੇਟਰ ਨਾਭਾ ਤੇ ਭਵਾਨੀਗੜ੍ਹ ਨੇ ਆਪਣੀ ਅਗਵਾਈ ਵਿੱਚ 22 ਸੈਂਟਰ ਬਣਾਏ ਸਨ, ਜਿਨ੍ਹਾਂ ਵਿੱਚ 1086 ਬੱਚਿਆਂ ਨੇ ਪੇਪਰ ਦਿੱਤਾ ਸੀ। ਕੁੱਲ 9 ਵੱਡੀਆਂ ਪੁਜ਼ੀਸ਼ਨਾਂ ਵਿੱਚੋਂ 5 ਪੁਜ਼ੀਸ਼ਨਾਂ ਨਾਭਾ ਨੇ ਪ੍ਰਾਪਤ ਕਰਕੇ ਵੱਡੀ ਮੱਲ ਮਾਰੀ ਹੈ।ਏ ਗਰੁੱਪ ਦੀਆਂ ਤਿੰਨੇ ਪੁਜ਼ੀਸ਼ਨਾਂ ਕੂਲ ਬਰੀਜ ਪਾਲੇਸ ਭਵਾਨੀਗੜ੍ਹ ਸੈਂਟਰ ਦੇ ਬੱਚਿਆਂ ਨੇ ਪ੍ਰਾਪਤ ਕੀਤੀਆਂ।ਫਸਟ ਪੁਜ਼ੀਸ਼ਨ 25000/- ਰੁਪਏ ਨਵਦੀਪ ਕੌਰ, ਦੂਜੀ 15000/- ਰੁਪਏ ਲਵਪ੍ਰੀਤ ਕੌਰ, ਤੀਜੀ ਸਾਵਨਪ੍ਰੀਤ ਕੌਰ, ਬਾਬਾ ਸਾਹਿਬ ਦਾ ਸਟੈਚੂ, ਸਰਟੀਫਿਕੇਟ ਪ੍ਰਾਪਤ ਕੀਤੇ।ਦੂਜੇ ਬੀ ਗਰੁੱਪ ਦੀ ਪਹਿਲੀ ਪੁਜ਼ੀਸ਼ਨ 50000/- ਰੁਪਏ ਪਲਵਿੰਦਰ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਂਗੇਵਾਲ ਸੈਂਟਰ ਨੇ ਬਾਬਾ ਸਾਹਿਬ ਦਾ ਸਟੈਚੂ, ਸਰਟੀਫਿਕੇਟ ਪ੍ਰਾਪਤ ਕੀਤਾ।ਤੀਜੇ ਗਰੁੱਪ ਸੀ ਵਿੱਚ ਵੀ ਮਾਂਗੇਵਾਲ ਸੈਂਟਰ ਦੀ ਪੰਨੂ ਕੌਰ ਨੇ ਤੀਜੀ ਪੁਜ਼ੀਸ਼ਨ 10000/- ਰੁਪਏ, ਬਾਬਾ ਸਾਹਿਬ ਦਾ ਸਟੈਚੂ ਤੇ ਸਰਟੀਫਿਕੇਟ ਪ੍ਰਾਪਤ ਕੀਤੇ। 16 ਬੱਚਿਆਂ ਸਨੀ, ਜਗਦੀਪ ਸਿੰਘ, ਸੋਨੀਆ ਰਾਣੀ, ਅੰਮ੍ਰਿਤ ਸਿੰਘ, ਮਨਪ੍ਰੀਤ ਕੌਰ, ਲਖਵੀਰ ਕੌਰ ਸੈਂਟਰ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ, ਅਵੀਜੋਤ ਕੌਰ, ਪੂਜਾ, ਪ੍ਰਨੀਤ ਕੌਰ ਸੈਂਟਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਨਾਭਾ ਤੇ ਸਿਮਰਨਜੀਤ ਕੌਰ, ਵੀਰਪਾਲ ਕੌਰ, ਖੁਸਪ੍ਰੀਤ ਕੌਰ, ਪ੍ਰਨੀਤ ਕੌਰ, ਹੁਨਸ਼ਪ੍ਰੀਤ ਕੌਰ, ਲਵਪ੍ਰੀਤ ਕੌਰ ਕੂਲ ਬਰੀਜ ਪੈਲੇਸ ਭਵਾਨੀਗੜ੍ਹ ਸੈਂਟਰ ਨੇ 1000/- ਰੁਪਏ ਪ੍ਰਤੀ ਬੱਚਾ ਬਾਬਾ ਸਾਹਿਬ ਦੀ ਫੋਟੋ ਤੇ ਸਰਟੀਫਿਕੇਟ ਪ੍ਰਾਪਤ ਕੀਤਾ।17 ਸੈਂਟਰ ਟੌਪਰ ਬੱਚਿਆਂ ਨੂੰ 500 ਰੁਪਏ ਪ੍ਰਤੀ ਬੱਚਾ ਬਾਬਾ ਸਾਹਿਬ ਦੀ ਫੋਟੋ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਦਾ ਸਿਹਰਾ ਅਮਰ ਸਿੰਘ ਨਾਭਾ ਕੋਆਰਡੀਨੇਟਰ, ਰਵਿੰਦਰ ਸਿੰਘ, ਰਾਮ ਸਿੰਘ, ਰਾਮਧਨ ਸਿੰਘ, ਜਗਜੀਤ ਸਿੰਘ, ਰਾਜਿੰਦਰ ਸਿੰਘ, ਗੁਰਮੁੱਖ ਸਿੰਘ, ਜਸਪਾਲ ਸਿੰਘ, ਮਨਮੋਹਨ ਸਿੰਘ ਤੇ ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਦੀ ਸਮੁੱਚੀ ਟੀਮ ਤੇ ਪੜ੍ਹੋ, ਜੁੜੋ, ਸੰਘਰਸ਼ ਕਰੋ ਵੈੱਲਫੇਅਰ ਕਲੱਬ ਭਵਾਨੀਗੜ੍ਹ ਦੀ ਸਮੁੱਚੀ ਟੀਮ ਰਾਜਵੀਰ ਸਿੰਘ ਸੈਂਟਰ ਇੰਚਾਰਜ, ਕੁਲਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਸੁਖਚੈਨ ਸਿੰਘ, ਗੁਰਵਿੰਦਰ ਸਿੰਘ, ਰਣਧੀਰ ਸਿੰਘ, ਹੰਸ ਰਾਜ ਸਿੰਘ, ਰੋਸ਼ਨ ਲਾਲ, ਸਤਨਾਮ ਸਿੰਘ, ਮੈਡਮ ਸੰਦੀਪ ਕੌਰ ਨੂੰ ਜਾਂਦਾ ਹੈ।ਇਹ ਸਾਥੀਆਂ ਦੀ ਮਿਹਨਤ ਹੀ ਹੈ, ਜਿਸ ਕਾਰਨ ਦੋਨੋਂ ਸੰਸਥਾਵਾਂ ਨੇ ਵੱਡੀ ਮੱਲ ਮਾਰੀ ਹੈ।

## ਪੁਲਸ ਪ੍ਰਸ਼ਾਸਨ ਵੱਲੋਂ ਸ਼ਿਵ ਮੰਦਰ ਅਜਨਾਲੀ ਵਿਖੇ ਖ਼ੂਨਦਾਨ ਕੈਂਪ




**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਲੋਕ ਜਾਗਰੂਕਤਾ ਪੈਦਾ ਕਰਨ ਤੇ ਨੌਜਵਾਨਾਂ ਨੂੰ ਸਮਾਜ ਸੇਵਾ ਦੇ ਕਾਰਜਾਂ ਨਾਲ ਜੋੜਨ ਦੇ ਉਦੇਸ਼ ਨਾਲ ਸ਼ਿਵ ਮੰਦਰ, ਅਜਨਾਲੀ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ 51 ਵਿਅਕਤੀਆਂ ਨੇ ਸਵੈ-ਇੱਛਾ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਇਸ ਮੌਕੇ ਹਲਕਾ ਵਿਧਾਇਕ ਅਮਲੋਹ ਸ੍ਰੀ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਖ਼ੂਨਦਾਨੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਸੱਚੀ ਸੇਵਾ ਹੈ ਅਤੇ ਇਸ ਤੋਂ ਵੱਡਾ ਕੋਈ ਹੋਰ ਪਰਉਪਕਾਰ ਨਹੀਂ ਹੋ ਸਕਦਾ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਸਿਰਫ਼ ਸਰਕਾਰ ਜਾਂ ਪੁਲਸ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਨੂੰ ਇਸ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ, ਸਮਾਜ ਸੇਵਾ ਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੁੜਨ ਤੇ ਇੱਕ ਸਿਹਤਮੰਦ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਡੀ.ਐੱਸ.ਪੀ. ਖੁਸ਼ਪ੍ਰੀਤ ਸਿੰਘ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫਤਹਿਗੜ੍ਹ ਸਾਹਿਬ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪੁਲਸ ਦਾ ਉਦੇਸ਼ ਕੇਵਲ ਨਸ਼ਿਆਂ ਦੀ ਸਪਲਾਈ ਨੂੰ ਰੋਕਣਾ ਹੀ ਨਹੀਂ, ਸਗੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਪੇਟ ਵਿੱਚ ਆਉਣ ਤੋਂ ਬਚਾਉਣਾ ਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਵੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਪੁਲਸ ਦਾ ਸਹਿਯੋਗ ਕਰਨ ਤੇ ਕਿਸੇ ਵੀ ਤਰ੍ਹਾਂ ਦੀ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਪੁਲਸ ਨਾਲ ਸਾਂਝੀ ਕਰਨ।

ਕੈਂਪ ਦੌਰਾਨ ਖ਼ੂਨਦਾਨ ਕਰਨ ਵਾਲੇ ਸਾਰੇ ਵਿਅਕਤੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਰਿਫਰੈਸ਼ਮੈਂਟ ਮੁਹੱਈਆ ਕਰਵਾਈ ਗਈ ਅਤੇ ਸਰਟੀਫਿਕੇਟ ਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਾਜੇਸ਼ ਕੁਮਾਰ ਰਾਜੂ ਐੱਮ.ਸੀ., ਅਵਤਾਰ ਸਿੰਘ ਐੱਮ.ਸੀ., ਪ੍ਰਥਮ ਚੋਪੜਾ, ਲਖਵਿੰਦਰ ਸਿੰਘ (ਲੱਖਾ ਬਾਬਾ), ਬਲਾਕ ਪ੍ਰਧਾਨ ਰਵਿੰਦਰ ਕੁਮਾਰ (ਬਿੱਟੂ ਬੱਸੀ), ਗੁਰਮੀਤ ਵਧੌਣ, ਸਤੀਸ਼ ਕੁਮਾਰ ਚੋਪੜਾ, ਰਿੰਕਾ ਤੇ ਪਿੰਡ ਅਜਨਾਲੀ ਦੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲੜਕੀਆਂ ਦੀ ਸਿੱਖਿਆ ਨੂੰ ਸਮਰਪਤ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਦੀ ਇਕਾਈ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੇ ਬੀ.ਸੀ.ਏ ਭਾਗ ਦੂਜਾ ਚੌਥੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ।ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਬਿੰਦਰ ਸਿੰਘ ਤੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਖੁਸ਼ੀ ਪ੍ਰਗਟ ਕਰਦੇ ਹੋਏ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਨਾਲ ਹੀ ਸ਼ਾਨਦਾਰ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਹਮੇਸ਼ਾ ਤੋਂ ਧੀਆਂ ਦੇ ਉਜਵਲ ਭਵਿੱਖ ਲਈ ਵਚਨਬੱਧ ਰਹੇਗੀ।ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਕਿਹਾ ਕਿ ਜਿੱਥੇ ਸੰਸਥਾ ਸਹਿ-ਵਿਦਿਅਕ ਗਤੀਵਿਧੀਆਂ ਨੂੰ ਤਰਜੀਹ ਦਿੰਦੀ ਹੈ, ਉੱਥੇ ਹੀ ਇਸ ਸ਼ਾਨਦਾਰ ਨਤੀਜੇ ਨੇ, ਇਸ ਗੱਲ ਉੱਪਰ ਮੋਹਰ ਲਗਾ ਦਿੱਤੀ ਹੈ ਕਿ ਅਕਾਦਮਿਕ ਪੱਖੋਂ ਵੀ ਇਹ ਸੰਸਥਾ ਬੁਲੰਦੀਆਂ ਛੋਹ ਰਹੀ ਹੈ।ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ. ਰਣਜੀਤ ਕੌਰ ਨੇ ਦੱਸਿਆ ਕਿ ਹਰਪ੍ਰੀਤ ਕੌਰ ਤੇ ਕੁਲਵਿੰਦਰ ਕੌਰ ਨੇ ਸਾਂਝੇ ਤੌਰ 'ਤੇ 85.57% ਅੰਕ ਪ੍ਰਾਪਤ ਕਰਕੇ ਪਹਿਲਾ, ਖੁਸ਼ਪ੍ਰੀਤ ਕੌਰ ਨੇ 84.43% ਅੰਕ ਪ੍ਰਾਪਤ ਕਰਕੇ ਦੂਜਾ ਤੇ ਰਮਨਪ੍ਰੀਤ ਕੌਰ ਨੇ 84% ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਦਿ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ ਤੇ ਮੁਬਾਰਕਬਾਦ ਦਿੱਤੀ।

## ਬਰਸਟ ਵੱਲੋਂ ਸਾਧੂਗੜ੍ਹ ਵਿਖੇ ਸੜਕੀ ਪ੍ਰੋਜੈਕਟ ਦੀ ਸ਼ੁਰੂਆਤ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡ ਸਾਧੂਗੜ੍ਹ ਵਿਖੇ ਸੜਕੀ ਪ੍ਰੋਜੈਕਟ ਦੀ ਰਿਬਨ ਕੱਟ ਕੇ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ ਗਈ।ਇਸ ਦੇ ਤਹਿਤ ਸਮਾਣਾ-ਪਾਤੜਾਂ ਰੋਡ ਤੋਂ ਸਾਧੂਗੜ੍ਹ ਜਾਂਦੀ ਸੜਕ ਦੀ ਮੁਰੰਮਤ ਕੀਤੀ ਜਾਵੇਗੀ।ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਪਿੰਡ ਸਾਧੂਗੜ੍ਹ ਤੇ ਆਸ-ਪਾਸ ਦੇ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ ਤੇ ਉਨ੍ਹਾਂ ਦਾ ਰੋਜ਼ਾਨਾ ਦਾ ਸਫ਼ਰ ਵਧੇਰਾ ਸੁਖਾਲਾ ਹੋਵੇਗਾ।ਇਸ ਮੌਕੇ ਸ੍ਰ. ਬਰਸਟ ਨੇ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ।ਸੜਕਾਂ ਕਿਸੇ ਵੀ ਖੇਤਰ ਦੀ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਬਿਹਤਰ ਸੜਕੀ ਸੰਪਰਕ ਨਾਲ ਜਿੱਥੇ ਲੋਕਾਂ ਨੂੰ ਰੋਜ਼ਾਨਾ ਦੇ ਕੰਮਾਂ-ਕਾਰਾਂ ਲਈ ਆਉਣ-ਜਾਣ ਵਿੱਚ ਸਹੂਲਤ ਮਿਲਦੀ ਹੈ, ਉੱਥੇ ਹੀ ਖੇਤੀਬਾੜੀ, ਵਪਾਰ ਤੇ ਹੋਰ ਆਰਥਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਪਿੰਡ ਸਾਧੂਗੜ੍ਹ ਨੂੰ ਜਾਂਦੀ ਇਸ ਸੜਕ ਦੀ ਮੁਰੰਮਤ ਹੋਣ ਨਾਲ ਰੋਜ਼ਾਨਾ ਸਮਾਣਾ ਤੇ ਹੋਰਨਾਂ ਇਲਾਕਿਆਂ ਵਿੱਚ ਆਉਣ-ਜਾਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਖਾਸ ਕਰਕੇ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਪਹੁੰਚਾਉਣ ਤੇ ਖੇਤੀਬਾੜੀ ਨਾਲ ਸਬੰਧਤ ਹੋਰ ਕੰਮਾਂ ਲਈ ਆਵਾਜਾਈ ਕਰਨ ਵਿੱਚ ਆਸਾਨੀ ਹੋਵੇਗੀ।ਇਸ ਤੋਂ ਇਲਾਵਾ ਵਿਦਿਆਰਥੀਆਂ, ਵਪਾਰੀਆਂ ਤੇ ਹੋਰ ਰਾਹਗੀਰਾਂ ਨੂੰ ਵੀ ਇਸ ਸੜਕ ਦੇ ਬਣਨ ਦਾ ਲਾਭ ਮਿਲੇਗਾ।ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਇਲਾਕਾ ਨਿਵਾਸੀਆਂ ਵੱਲੋਂ ਇਸ ਸੜਕ ਨੂੰ ਬਣਵਾਉਣ ਦੀ ਮੰਗ ਕੀਤੀ ਜਾ ਰਹੀ ਹੈ, ਜਿਸ ਨੂੰ ਪੂਰਾ ਕਰਦਿਆਂ ਹੋਇਆ ਸੜਕ ਦੀ ਮੁਰੰਮਤ ਦਾ ਕਾਰਜ ਸ਼ੁਰੂ ਕੀਤਾ ਗਿਆ ਹੈ।ਇਸ ਦੌਰਾਨ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਪੰਜਾਬ ਸਰਕਾਰ ਤੇ ਸ੍ਰ. ਹਰਚੰਦ ਸਿੰਘ ਬਰਸਟ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਇਸ ਮੌਕੇ ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਗੁਰਨਾਮ ਸਿੰਘ ਸਰਪੰਚ ਚੱਕ ਅੰਮ੍ਰਿਤਸਰਿਆ, ਧਰਮ ਸਿੰਘ ਮੈਂਬਰ ਪੰਚਾਇਤ, ਧੰਨਾ ਸਿੰਘ ਮੈਂਬਰ ਪੰਚਾਇਤ, ਸੁਖਵਿੰਦਰ ਪਾਲ ਕੌਰ ਮੈਂਬਰ ਪੰਚਾਇਤ, ਗੁਰਮੇਜ਼ ਸਿੰਘ, ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਜਸਪਾਲ ਸਿੰਘ ਬੀਬੀਪੁਰ ਮੈਂਬਰ ਮੰਡੀ ਬੋਰਡ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਚੇਅਰਮੈਨ ਬੂਟਾ ਸਿੰਘ ਜਲਾਲ ਦੇ ਤਾਜਪੋਸ਼ੀ ਸਮਾਰੋਹ ਮੌਕੇ ਲੋਕਾਂ ਦਾ ਆਇਆ ਹੜ੍ਹ

- **ਇੰਦਰਜੀਤ ਮਾਨ, ਨਵਦੀਪ ਜੀਦਾ, ਰਾਕੇਸ਼ ਪੁਰੀ ਸਮੇਤ ਕਈ ਆਗੂ ਰਹੇ ਹਾਜ਼ਰ**



**ਬਠਿੰਡਾ (ਰਾਜੀਵ ਗੋਇਲ)**-ਪਿਛਲੇ ਦਿਨੀਂ ਆਮ ਆਦਮੀ ਪਾਰਟੀ ਵੱਲੋਂ ਆਪ ਦੇ ਸੀਨੀਅਰ ਤੇ ਪੁਰਾਣੇ ਆਗੂ ਬੂਟਾ ਸਿੰਘ ਜਲਾਲ ਨੂੰ ਮਾਰਕੀਟ ਕਮੇਟੀ ਭਗਤਾ ਭਾਈਕਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ, ਜਿਸ ਨੂੰ ਲੈ ਕੇ ਅੱਜ ਵਿਕਟੋਰੀਆ ਪੈਲੇਸ ਜਲਾਲ ਵਿਖੇ ਬੂਟਾ ਸਿੰਘ ਜਲਾਲ ਦਾ ਤਾਜਪੋਸ਼ੀ ਸਮਾਰੋਹ ਸਮਾਗਮ ਰੱਖਿਆ ਗਿਆ ਸੀ। ਇਸ ਸਮਾਗਮ ਵਿੱਚ ਹਲਕਾ ਰਾਮਪੁਰਾ ਫੂਲ ਦੇ ਲੋਕਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਮੁੱਖ ਤੌਰ 'ਤੇ ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਨਵਦੀਪ ਚੀਦਾ ਚੇਅਰਮੈਨ, ਰਾਕੇਸ਼ ਪੁਰੀ ਚੇਅਰਮੈਨ, ਸੁਖਜਿੰਦਰ ਕਾਉਣੀ ਸਮੇਤ ਕਈ ਵੱਡੇ ਆਗੂ ਪਹੁੰਚੇ ਹੋਏ ਸਨ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਵੱਲੋਂ ਸੰਬੋਧਨ ਕਰਦੇ ਇਕੱਤਰ ਲੋਕਾਂ ਨੂੰ ਆਮ ਆਦਮੀ ਪਾਰਟੀ ਦੀਆਂ ਪ੍ਰਾਪਤੀਆਂ ਤੇ ਸੂਬੇ ਅੰਦਰ ਹੋਏ ਵਿਕਾਸ ਕਾਰਜਾਂ ਦਾ ਚਾਨਣਾ ਪਾਇਆ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਜਸਵੀਰ ਸਿੰਘ ਹਮੀਰਗੜ੍ਹੀਆ ਵੱਲੋਂ ਸੰਭਾਲੀ ਗਈ। ਇਸ ਮੌਕੇ ਪਹੁੰਚੇ ਹੋਏ ਮਹਿਮਾਨਾਂ ਵੱਲੋਂ ਜਿੱਥੇ ਨਵ-ਨਿਯੁਕਤ ਚੇਅਰਮੈਨ ਬੂਟਾ ਸਿੰਘ ਜਲਾਲ ਨੂੰ ਵਧਾਈ ਦਿੰਦੇ ਹੋਏ ਫੁੱਲਾਂ ਦਾ ਹਾਰ ਪਾ ਕੇ ਸਨਮਾਨਤ ਕੀਤਾ ਗਿਆ, ਉੱਥੇ ਹੀ ਖੁਦ ਬੂਟਾ ਸਿੰਘ ਵੱਲੋਂ ਵੀ ਪਹੁੰਚੇ ਹੋਏ ਮੁੱਖ ਮਹਿਮਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਲਕਾ ਰਾਮਪੁਰਾ ਫੂਲ ਨਾਲ ਸੰਬੰਧਤ ਨਗਰ ਪੰਚਾਇਤਾਂ ਦੇ ਪ੍ਰਧਾਨ, ਸਰਪੰਚ/ਪੰਚ ਤੇ ਹੋਰ ਮੋਹਤਵਰ ਵਿਅਕਤੀ ਵੱਡੀ ਗਿਣਤੀ ਵਿੱਚ ਪਹੁੰਚੇ ਹੋਏ ਸਨ। ਪ੍ਰੋਗਰਾਮ ਦੇ ਦੇਖ ਰੇਖ ਦੀ ਅਗਵਾਈ ਰਣਧੀਰ ਸਿੰਘ ਧੀਰਾ, ਕੈਪਟਨ ਸ਼ਰਮਾ, ਮਨੀ ਸਿੰਘ, ਨਿੱਕਾ ਸਿੰਘ ਸਮੇਤ ਸਮੂਹ ਪ੍ਰਬੰਧਕਾਂ ਵੱਲੋਂ ਕੀਤੀ ਗਈ।

## ਸਰਕਾਰੀ ਸਕੂਲ 'ਚ ਧੀ ਦਾ ਜਨਮ ਦਿਨ ਮਨਾ ਕੇ ਢੀਂਡਸਾ ਪਰਵਾਰ ਨੇ ਪਾਈ ਨਵੀਂ ਪਿਰਤ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-'ਦਿ ਐੱਜ ਓਵਰਸੀਜ਼ ਕੰਸਲਟੈਂਟ ਧੂਰੀ' ਦੇ ਐੱਮ.ਡੀ. ਤੇ 'ਧੂਰੀ ਵਿਕਾਸ ਮੰਚ' ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਸਮਾਜ ਸੁਧਾਰ ਦੀ ਲੀਹ 'ਤੇ ਚੱਲਦਿਆਂ ਇੱਕ ਸ਼ਲਾਘਾਯੋਗ ਤੇ ਵੱਖਰੀ ਪਹਿਲਕਦਮੀ ਕਰਦਿਆਂ ਆਪਣੀ ਧੀ ਗੀਤਇੰਦਰ ਕੌਰ ਢੀਂਡਸਾ ਦਾ ਜਨਮ ਦਿਨ ਆਪਣੇ ਜੱਦੀ ਪਿੰਡ ਧਾਂਦਰਾ ਦੇ ਸਰਕਾਰੀ ਮਿਡਲ ਸਕੂਲ ਵਿੱਚ ਮਾਸੂਮ ਬੱਚਿਆਂ ਨਾਲ ਮਨਾ ਕੇ ਸਮਾਜ ਵਿੱਚ ਇੱਕ ਨਵੀਂ ਤੇ ਚੰਗੀ ਪਿਰਤ ਪਾਈ ਹੈ।ਢੀਂਡਸਾ ਪਰਵਾਰ ਦੇ ਇਸ ਨਿਵੇਕਲੇ ਕਦਮ ਦੀ ਪੂਰੇ ਇਲਾਕੇ ਤੇ ਪਿੰਡ ਵਿੱਚ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।ਜਨਮ ਦਿਨ ਦੇ ਇਸ ਖ਼ੁਸ਼ੀਆਂ ਭਰੇ ਸਮਾਗਮ ਦੌਰਾਨ ਸਕੂਲ ਦਾ ਸਮੁੱਚਾ ਸਟਾਫ਼ ਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।ਸਮਾਗਮ ਦੌਰਾਨ ਸਕੂਲ ਅਧਿਆਪਕਾਂ ਤੇ ਬੱਚਿਆਂ ਨੇ ਕਾਕੀ ਗੀਤਇੰਦਰ ਕੌਰ ਨੂੰ ਜਨਮ ਦਿਨ ਦੀਆਂ ਲੱਖ-ਲੱਖ ਮੁਬਾਰਕਬਾਦਾਂ ਦਿੱਤੀਆਂ।ਇਸ ਸੁਭਾਗ ਦਿਹਾੜੇ ਉੱਤੇ ਧੀ ਦੀ ਲੰਮੀ ਉਮਰ, ਚੰਗੀ ਤੰਦਰੁਸਤੀ, ਖ਼ੁਸ਼ਹਾਲੀ ਤੇ ਚਮਕਦਾਰ ਭਵਿੱਖ ਲਈ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ। ਸਕੂਲ ਮੁਖੀ ਨੇ ਢੀਂਡਸਾ ਪਰਵਾਰ ਵੱਲੋਂ ਸਰਕਾਰੀ ਸਕੂਲ ਤੇ ਲੋੜਵੰਦ ਬੱਚਿਆਂ ਪ੍ਰਤੀ ਦਿਖਾਏ ਗਏ ਇਸ ਅਥਾਹ ਮੋਹ, ਪਿਆਰ ਤੇ ਸਹਿਯੋਗ ਲਈ ਉਚੇਚੇ ਤੌਰ 'ਤੇ ਧੰਨਵਾਦ ਕੀਤਾ।

## ਮੇਰਾ ਯੁਵਾ ਭਾਰਤ ਵੱਲੋਂ ਰਾਸ਼ਟਰੀ ਏਕਤਾ ਦਿਵਸ ਮਨਾਇਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੇਰਾ ਯੁਵਾ ਭਾਰਤ ਬਠਿੰਡਾ, ਯੁਵਾ ਮਾਮਲੇ ਤੇ ਖੇਡ ਮੰਤਰਾਲਾ ਭਾਰਤ ਸਰਕਾਰ ਵੱਲੋਂ ਪੰਜਾਬ ਇੰਸਟੀਚਿਊਟ ਆਫ਼ ਟੈਕਨਾਲੋਜੀ ਨੰਦਗੜ੍ਹ ਦੇ ਸਹਿਯੋਗ ਨਾਲ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ ਮੌਕੇ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ।ਇਸ ਮੌਕੇ ਰਾਸ਼ਟਰੀ ਏਕਤਾ ਤੇ ਅਖੰਡਤਾ ਦਾ ਸੰਦੇਸ਼ ਦੇਣ ਲਈ ਵੱਖ-ਵੱਖ ਗਤੀਵਿਧੀਆਂ ਤੇ ਖੇਡ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬਾਬਾ ਧਿਆਲ ਨਾਥ ਸੋਸ਼ਲ ਵੈੱਲਫੇਅਰ ਕਲੱਬ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਵਲੰਟੀਅਰ ਗੁਰਪ੍ਰੀਤ ਸਿੰਘ ਤੇ ਗੁਰਮੀਤ ਕੌਰ ਨੇ ਯੋਗਦਾਨ ਪਾਇਆ।ਪ੍ਰੋਗਰਾਮ ਦੀ ਸ਼ੁਰੂਆਤ ਸਰਦਾਰ ਵੱਲਭਭਾਈ ਪਟੇਲ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ ਤੇ ਸਾਰਿਆਂ ਨੇ ਰਾਸ਼ਟਰੀ ਏਕਤਾ ਦੀ ਸਹੁੰ ਚੁਕਾਈ ਗਈ।ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਤੇ ਸਲੋਗਨ ਰਾਈਟਿੰਗ ਮੁਕਾਬਲਿਆਂ 'ਚ ਉਤਸ਼ਾਹ ਨਾਲ ਭਾਗ ਲਿਆ ਤੇ ਸਲੋਗਨ ਰਾਈਟਿੰਗ ਮੁਕਾਬਲੇ 'ਚ ਬੀ.ਸੀ.ਏ. ਦੀ ਵਿਦਿਆਰਥਣ ਸੁਖਦੀਪ ਕੌਰ ਨੇ ਪਹਿਲਾ ਤੇ ਬੀ.ਏ. ਦੀ ਜਸਮੀਨ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਬੀ.ਸੀ.ਏ. ਦੇ ਵਿਦਿਆਰਥੀ ਅਭਿਜੀਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਲੜਕੀਆਂ ਲਈ 100 ਮੀਟਰ ਦੌੜ ਅਤੇ ਲੜਕਿਆਂ ਲਈ 200 ਮੀਟਰ ਤੇ 400 ਮੀਟਰ ਦੌੜ ਮੁਕਾਬਲਿਆਂ ਦਾ ਆਯੋਜਨ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਨੰਦਗੜ੍ਹ ਦੇ ਸਟੇਡੀਅਮ ਵਿੱਚ ਕੀਤਾ ਗਿਆ।ਜੇਤੂ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਬਾਬਾ ਧਿਆਲ ਨਾਥ ਸੋਸ਼ਲ ਵੈੱਲਫੇਅਰ ਕਲੱਬ ਦੇ ਪ੍ਰਧਾਨ ਮਨਤਾਜ ਸਿੰਘ ਬਰਾੜ, ਸਕੱਤਰ ਸੁਰਿੰਦਰ ਸਿੰਘ ਤੇ ਮੈਂਬਰ ਮਨਪ੍ਰੀਤ ਸਿੰਘ, ਗੁਰਜੀਤ ਸਿੰਘ ਤੇ ਸੰਦੀਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸਾਬਕਾ ਪੰਚਾਇਤ ਮੈਂਬਰ ਪਰਗਟ ਸਿੰਘ ਵੀ ਮੌਜੂਦ ਰਹੇ।ਕਾਲਜ ਵੱਲੋਂ ਅਸਿਸਟੈਂਟ ਰਜਿਸਟਰਾਰ ਜਗਸੀਰ ਸਿੰਘ, ਅਕਾਦਮਿਕ ਇੰਚਾਰਜ ਹਰਮਨਦੀਪ ਕੌਰ, ਇੰਸਟ੍ਰਕਟਰ ਸ਼ਿੰਦਰਪਾਲ ਕੌਰ ਤੇ ਅਸਿਸਟੈਂਟ ਪ੍ਰੋਫੈਸਰ ਡਾ. ਪਰਮਪਾਲ ਸਿੰਘ ਨੇ ਪ੍ਰੋਗਰਾਮ ਵਿੱਚ ਭਾਗ ਲਿਆ।

## ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰੀ ਗੇਟ ਰੈਲੀਆਂ



**ਮਾਨਸਾ (ਆਤਮਾ ਸਿੰਘ ਪਮਾਰ)** -ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਦੇ ਸੂਬਾਈ ਸੱਦੇ ਤਹਿਤ ਮਾਨਸਾ ਜ਼ਿਲ੍ਹੇ ਦੇ ਸਮੂਹ ਸਰਕਾਰੀ ਦਫ਼ਤਰਾਂ ਬਾਹਰ ਵਿਸ਼ਾਲ ਗੇਟ ਰੈਲੀਆਂ ਕੀਤੀਆਂ ਗਈਆਂ।ਇਨ੍ਹਾਂ ਰੋਸ ਰੈਲੀਆਂ 'ਚ ਵੱਖ-ਵੱਖ ਵਿਭਾਗਾਂ ਦੇ ਮਨਿਸਟਰੀਅਲ ਮੁਲਾਜ਼ਮਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਕੇ ਆਪਣੀ ਏਕਤਾ ਤੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਦਾ ਪ੍ਰਗਟਾਵਾ ਕੀਤਾ। ਗੇਟ ਰੈਲੀਆਂ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ ਤੇ ਸਰਕਾਰ ਦਾ ਕਾਰਜਕਾਲ ਵੀ ਖਤਮ ਹੋਣ ਵਾਲਾ ਹੈ, ਜਿਸ ਕਾਰਨ ਸਮੂਹ ਮੁਲਾਜ਼ਮ ਤੇ ਪੈਨਸ਼ਨਰ ਵਰਗ 'ਚ ਭਾਰੀ ਰੋਸ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਸਮੂਹ ਮੁਲਾਜ਼ਮ ਵਰਗ ਮੰਚ ਫਰੰਟ ਚੁੱਪ ਕਰਕੇ ਨਹੀਂ ਬੈਠਣਗੇ।ਇਸ ਮੌਕੇ ਹੈਲਥ ਵਿਭਾਗ ਦੇ ਪ੍ਰਧਾਨ ਸੰਦੀਪ ਸਿੰਘ ਵਾਲੀਆ, ਵਾਟਰ ਸਪਲਾਈ ਵਿਭਾਗ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਡੀ. ਸੀ. ਦਫ਼ਤਰ ਦੇ ਪ੍ਰਧਾਨ ਤੇ ਪੰਜਾਬ ਯੂਨੀਅਨ ਦੇ ਕਾਨੂੰਨੀ ਸਲਾਹਕਾਰ ਹਰਪ੍ਰੀਤ ਸਿੰਘ ਨੇ ਰੈਲੀਆਂ ਨੂੰ ਸੰਬੋਧਨ ਕਰਦਿਆਂ ਸਰਕਾਰ ਪਾਸੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਹੱਕੀ ਤੇ ਮੁੱਢਲੀਆਂ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਪ੍ਰਵਾਨ ਕੀਤਾ ਜਾਵੇ।ਆਗੂਆਂ ਨੇ ਕਿਹਾ ਕਿ 4 ਨਵੰਬਰ ਨੂੰ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ ਤੇ ਜੇਕਰ ਕੋਈ ਹੱਲ ਨਾ ਨਿਕਲਿਆ ਤਾਂ 5 ਤੇ 6 ਨਵੰਬਰ ਨੂੰ ਕਲੈਰੀਕਲ ਕਾਮੇ ਸਮੂਹ ਦਫ਼ਤਰਾਂ 'ਚ ਕਲਮ ਛੋੜ ਹੜਤਾਲ ਕਰਨਗੇ। ਰੈਲੀਆਂ ਦੌਰਾਨ ਅਸ਼ੋਕ ਕੁਮਾਰ ਸੁਪਰਡੈਂਟ, ਕੰਵਰਜੀਤ ਸਿੰਘ ਸੁਪਰਡੈਂਟ, ਲਵਲੀ ਗੋਇਲ, ਜਗਦੇਵ ਸਿੰਘ, ਗਿਰਧਾਰੀ ਲਾਲ, ਸਿਮਰਜੀਤ ਸਿੰਘ, ਮੁਨੀਸ਼ ਕੁਮਾਰ, ਕਨਵਰਪਾਲ ਸਿੰਘ, ਜਸਵੰਤ ਸਿੰਘ, ਮਨੋਜ ਕੁਮਾਰ, ਮਨਦੀਪ ਕੁਮਾਰ, ਹਰਵਿੰਦਰ ਸਿੰਘ, ਗੀਤਾ ਗੁਪਤਾ, ਨਿਸ਼ਾ ਰਾਣੀ, ਜਸਪ੍ਰੀਤ ਕੌਰ ਸਟੈਨੋ, ਸੁਨੀਤਾ ਰਾਣੀ, ਰੇਨੂ, ਸ਼ੈਲੀ, ਨਿਸ਼ਾ ਰਾਣੀ, ਸੰਦੀਪ ਕੌਰ, ਸੁਖਪ੍ਰੀਤ ਕੌਰ, ਰੋਜ਼ੀ, ਰਮਨਦੀਪ ਕੌਰ, ਹਰਬੰਸ ਕੌਰ, ਅਮਨਦੀਪ ਕੌਰ ਤੇ ਹਰਪ੍ਰੀਤ ਕੌਰ ਸਟੈਨੋ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਡੀ ਏ ਦੇ ਬਕਾਏ ਨਾ...

ਕਿ ਪੰਜਾਬ ਸਰਕਾਰ ਵਿੱਤੀ ਐਮਰਜੈਂਸੀ ਵਰਗੀ ਸਥਿਤੀ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਅਦਾਲਤ ਨੂੰ ਅਪੀਲ ਕੀਤੀ ਕਿ ਸਰਕਾਰ ਨੂੰ ਲੋਕਾਂ ਦੇ ਪੈਸੇ ਦੀ ਵਰਤੋਂ ਮੁਫਤ ਸਹੂਲਤਾਂ ਦੇਣ ਲਈ ਕਰਨ ਤੋਂ ਰੋਕਿਆ ਜਾਵੇ। ਸੀਨੀਅਰ ਵਕੀਲ ਸੰਨੀ ਸਿੰਗਲਾ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ 3 ਅਗਸਤ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਵਾਲੇ ਸਰਕਾਰੀ ਅਧਿਕਾਰੀਆਂ ਖਿਲਾਫ ਕਾਰਵਾਈ ਦੀ ਮੰਗ ਕੀਤੇ ਜਾਣ ਮਗਰੋਂ ਇਹ ਮਾਮਲਾ ਮੁੜ ਹਾਈ ਕੋਰਟ ਵਿੱਚ ਪਹੁੰਚਿਆ ਹੈ। ਪਟੀਸ਼ਨਰਾਂ ਦੇ ਵਕੀਲਾਂ ਨੇ ਅਦਾਲਤ ਨੂੰ ਦੱਸਿਆ ਕਿ ਸੂਬਾ ਸਰਕਾਰ ਨੇ ਨਾ ਤਾਂ ਨਿਰਧਾਰਤ ਸਮੇਂ ਅੰਦਰ ਡੀ ਏ ਦੇ ਬਕਾਏ ਜਾਰੀ ਕੀਤੇ ਅਤੇ ਨਾ ਹੀ ਅਦਾਲਤ ਵੱਲੋਂ ਮੰਗੀ ਗਈ ਲਾਜ਼ਮੀ ਪਾਲਣਾ ਰਿਪੋਰਟ ਦਾਖਲ ਕੀਤੀ।

ਇਸ ਤੋਂ ਪਹਿਲਾਂ ਅਕਤੂਬਰ ਵਿੱਚ ਵੀ ਹਾਈ ਕੋਰਟ ਨੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਡੀ ਏ ਦੇ ਬਕਾਏ ਸੰਬੰਧੀ ਮਾਮਲੇ ਦੀ ਸੁਣਵਾਈ ਕਰਦਿਆਂ ਸਰਕਾਰ ਵੱਲੋਂ ਅਦਾਲਤੀ ਹੁਕਮਾਂ ਦੀ ਪਾਲਣਾ ਨਾ ਕਰਨ 'ਤੇ ਸਖਤ ਨਾਰਾਜ਼ਗੀ ਪ੍ਰਗਟਾਈ ਸੀ। ਇਹ ਮਾਣਹਾਨੀ ਪਟੀਸ਼ਨ ਪੰਜਾਬ ਰਾਜ ਬਿਜਲੀ ਨਿਗਮ ਲਿਮਟਿਡ ਦੇ ਸੇਵਾਮੁਕਤ ਮੁੱਖ ਇੰਜਨੀਅਰ ਨਿਰਮਲ ਸਿੰਘ ਢਿੱਲੋਂ ਵੱਲੋਂ ਦਾਇਰ ਕੀਤੀ ਗਈ ਸੀ। ਇਸ ਵਿੱਚ ਡੀ ਏ ਅਤੇ ਪੈਨਸ਼ਨਰਾਂ ਨੂੰ ਮਿਲਣ ਵਾਲੀ ਮਹਿੰਗਾਈ ਰਾਹਤ (ਡੀ ਆਰ) ਸੰਬੰਧੀ ਅਦਾਲਤੀ ਹੁਕਮਾਂ ਦੀ ਕਥਿਤ ਤੌਰ 'ਤੇ ਪਾਲਣਾ ਨਾ ਕਰਨ ਦਾ ਮੁੱਦਾ ਚੁੱਕਿਆ ਗਿਆ ਸੀ। ਜਸਟਿਸ ਹਰਸ਼ ਦੀ ਅਗਵਾਈ ਵਾਲੀ ਬੈਂਚ ਸਾਹਮਣੇ ਮੁਲਾਜ਼ਮਾਂ ਵੱਲੋਂ ਪੇਸ਼ ਹੋਏ ਵਕੀਲਾਂ ਨੇ ਦਲੀਲ ਦਿੱਤੀ ਸੀ ਕਿ ਪੰਜਾਬ ਸਰਕਾਰ ਹਾਈ ਕੋਰਟ ਦੇ ਹੁਕਮ ਲਾਗੂ ਕਰਨ ਤੋਂ ਬਚਣ ਲਈ ਜਾਣਬੁੱਝ ਕੇ ਦੇਰੀ ਕਰ ਰਹੀ ਹੈ। ਉਨ੍ਹਾ ਇਹ ਵੀ ਦੱਸਿਆ ਸੀ ਕਿ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਦਾਇਰ ਕੀਤੀ ਗਈ ਐੱਸ ਐੱਲ ਪੀ ਦੋ ਮਹੀਨਿਆਂ ਤੋਂ ਵੱਧ ਸਮੇਂ ਤੋਂ ਤਕਨੀਕੀ ਖਾਮੀਆਂ ਵਾਲੀਆਂ ਪਟੀਸ਼ਨਾਂ ਦੀ ਸੂਚੀ ਵਿੱਚ ਪਈ ਹੋਈ ਹੈ। ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਹਾਈ ਕੋਰਟ ਨੇ ਅਦਾਲਤੀ ਹੁਕਮਾਂ ਦੀ ਪਾਲਣਾ ਨਾ ਕਰਨ ਲਈ ਪੰਜਾਬ ਦੇ ਮੁੱਖ ਸਕੱਤਰ 'ਤੇ ਇਕ ਲੱਖ ਰੁਪਏ ਦਾ ਜੁਰਮਾਨਾ ਲਾਇਆ ਸੀ। ਅਦਾਲਤ ਨੇ ਮੁੱਖ ਸਕੱਤਰ ਨੂੰ ਨਿੱਜੀ ਤੌਰ 'ਤੇ ਹਲਫਨਾਮਾ ਦਾਖਲ ਕਰਕੇ ਇਹ ਸਪੱਸ਼ਟ ਕਰਨ ਲਈ ਵੀ ਕਿਹਾ ਸੀ ਕਿ ਹਾਈ ਕੋਰਟ ਦੇ ਹੁਕਮਾਂ ਨੂੰ ਲਾਗੂ ਕਿਉਂ ਨਹੀਂ ਕੀਤਾ ਗਿਆ।

ਸੁਣਵਾਈ ਦੌਰਾਨ ਅਦਾਲਤ ਨੇ ਸਰਕਾਰ ਨੂੰ ਸਖਤ ਸਵਾਲ ਕਰਦਿਆਂ ਪੁੱਛਿਆ ਸੀ ਕਿ ਜਦੋਂ ਸਰਕਾਰ ਨੇ ਆਪਣੇ ਮੁਲਾਜ਼ਮਾਂ ਦੇ ਡੀ ਏ ਅਤੇ ਡੀ ਆਰ ਦੇ ਲਾਭ ਰੋਕ ਰੱਖੇ ਹਨ ਤਾਂ ਫਿਰ ਸੀਨੀਅਰ ਅਧਿਕਾਰੀਆਂ ਦੇ ਅਜਿਹੇ ਲਾਭ ਕਿਉਂ ਨਹੀਂ ਰੋਕੇ ਗਏ। ਪੰਜਾਬ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ 1 ਜੁਲਾਈ 2021 ਤੋਂ 30 ਸਤੰਬਰ 2026 ਤੱਕ ਡੀ ਏ ਦੇ ਬਕਾਏ ਦੀ ਕੁੱਲ ਦੇਣਦਾਰੀ 22,818 ਕਰੋੜ ਰੁਪਏ ਬਣਦੀ ਹੈ। ਹੋਰ ਬਕਾਇਆ ਦੇਣਦਾਰੀਆਂ ਨੂੰ ਜੋੜ ਕੇ ਇਹ ਰਕਮ 32,418 ਕਰੋੜ ਰੁਪਏ ਹੋ ਜਾਂਦੀ ਹੈ। ਅਦਾਲਤ ਨੇ ਮੁੱਖ ਸਕੱਤਰ ਨੂੰ ਮਾਣਹਾਨੀ ਨੋਟਿਸ ਜਾਰੀ ਕਰਦਿਆਂ 17 ਨਵੰਬਰ ਤੱਕ ਜਵਾਬ ਦਾਖਲ ਕਰਨ ਲਈ ਕਿਹਾ ਹੈ।

ਪੰਜਾਬ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ 18 ਸਤੰਬਰ ਨੂੰ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਡੀ ਏ ਵਿੱਚ ਅੱਠ ਫੀਸਦੀ ਵਾਧਾ ਕਰਨ ਦਾ ਫੈਸਲਾ ਲਿਆ ਗਿਆ ਸੀ। ਇਸ ਤੋਂ ਬਾਅਦ 23 ਸਤੰਬਰ ਨੂੰ ਵਿੱਤ ਵਿਭਾਗ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਡੀ ਏ 42 ਫੀਸਦੀ ਤੋਂ ਵਧਾ ਕੇ 50 ਫੀਸਦੀ ਕਰ ਦਿੱਤਾ ਸੀ। ਇਹ ਵਾਧਾ 1 ਸਤੰਬਰ 2026 ਤੋਂ ਲਾਗੂ ਕੀਤਾ ਗਿਆ ਹੈ। ਸਤੰਬਰ ਮਹੀਨੇ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਦਾ ਭੁਗਤਾਨ ਅਕਤੂਬਰ ਵਿੱਚ ਵਧੀ ਹੋਈ ਦਰ ਨਾਲ ਕੀਤਾ ਗਿਆ।

ਮੁੱਖ ਸਕੱਤਰ ਨੇ ਸਰਕਾਰ ਸਿਰ ਬਕਾਏ ਦੀ ਵੱਡੀ ਰਕਮ ਹੋਣ ਦਾ ਵੀ ਹਵਾਲਾ ਦਿੱਤਾ। ਉਨ੍ਹਾ ਦੱਸਿਆ ਕਿ 2025-26 ਦੇ ਸੋਧੇ ਹੋਏ ਅਨੁਮਾਨਾਂ ਅਨੁਸਾਰ ਸੂਬੇ ਵਿੱਚ ਤਨਖਾਹਾਂ ਅਤੇ ਪੈਨਸ਼ਨਾਂ 'ਤੇ ਸਾਲਾਨਾ ਲੱਗਭੱਗ 58,064 ਕਰੋੜ ਰੁਪਏ ਖਰਚ ਹੁੰਦੇ ਹਨ। ਉਨ੍ਹਾ ਕਿਹਾ ਕਿ ਡੀ ਏ ਦੇ ਬਕਾਏ ਦੀ ਅਦਾਇਗੀ ਕਰਨ ਲਈ ਬਜਟ ਵਿੱਚ ਢੁੱਕਵੇਂ ਪ੍ਰਬੰਧ ਕਰਨ ਦੀ ਲੋੜ ਹੈ।

ਕਾਨੂੰਨੀ ਪੱਖ ਬਾਰੇ ਸਰਕਾਰ ਨੇ ਦੱਸਿਆ ਕਿ ਹਾਈ ਕੋਰਟ ਦੇ 3 ਅਗਸਤ ਦੇ ਫੈਸਲੇ ਨੂੰ ਚੁਣੌਤੀ ਦਿੰਦਿਆਂ ਪਹਿਲੀ ਸਤੰਬਰ ਨੂੰ ਸੁਪਰੀਮ ਕੋਰਟ ਵਿੱਚ ਐੱਸ ਐੱਲ ਪੀ ਦਾਇਰ ਕੀਤੀ ਗਈ ਸੀ। ਸੁਪਰੀਮ ਕੋਰਟ ਦੀ ਰਜਿਸਟਰੀ ਨੇ ਪਟੀਸ਼ਨ ਵਿੱਚ ਕੁਝ ਤਕਨੀਕੀ ਖਾਮੀਆਂ ਦੱਸੀਆਂ ਸਨ, ਜਿਸ ਤੋਂ ਬਾਅਦ ਇਕ ਅਕਤੂਬਰ ਨੂੰ ਇਸ ਨੂੰ ਮੁੜ ਦਾਇਰ ਕੀਤਾ ਗਿਆ। ਸਰਕਾਰ ਨੇ ਕਿਹਾ ਕਿ ਉਹ ਕਾਨੂੰਨੀ ਰਾਹ ਅਖਤਿਆਰ ਕਰਨ ਦੀ ਪ੍ਰਕਿਰਿਆ ਜਾਰੀ ਰੱਖ ਰਹੀ ਹੈ ਅਤੇ ਬਕਾਏ ਦੀ ਅਦਾਇਗੀ ਵਿੱਚ ਹੋਈ ਦੇਰੀ ਜਾਣਬੁੱਝ ਕੇ ਨਹੀਂ ਕੀਤੀ ਗਈ। ਸਰਕਾਰ ਦਾ ਤਰਕ ਸੀ ਕਿ ਕਾਨੂੰਨੀ ਉਪਾਅ ਅਖਤਿਆਰ ਕਰਨ ਦੌਰਾਨ ਹੋਈ ਦੇਰੀ ਨੂੰ ਅਦਾਲਤੀ ਹੁਕਮਾਂ ਦੀ ਜਾਣਬੁੱਝ ਕੇ ਕੀਤੀ ਗਈ ਉਲੰਘਣਾ ਨਹੀਂ ਮੰਨਿਆ ਜਾਣਾ ਚਾਹੀਦਾ। ਹਾਲਾਂਕਿ ਸਰਕਾਰ ਨੇ ਇਹ ਵੀ ਸਵੀਕਾਰ ਕੀਤਾ ਕਿ ਹਾਈ ਕੋਰਟ ਦਾ ਹੁਕਮ ਅਜੇ ਵੀ ਲਾਗੂ ਹੈ ਅਤੇ ਉਸ ਅਨੁਸਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀ ਏ ਦੇ ਬਕਾਏ ਛੇ ਫੀਸਦੀ ਸਾਲਾਨਾ ਵਿਆਜ ਸਮੇਤ ਅਦਾ ਕਰਨੇ ਪੈਣਗੇ।

### ਦੀਆ ਦੀ ਵੀਡੀਓ...

ਆਦੇਸ਼ ਨਾਲ ਸੰਬੰਧਤ ਹੈ। ਸਾਡੇ ਲਈ ਬਹੁਤ ਨਾਰਾਜ਼ਗੀ ਵਾਲੀ ਗੱਲ ਹੈ।' ਦੀਵਾਲੀ 'ਤੇ ਪ੍ਰਦੂਸ਼ਣ ਰੋਕਣ ਲਈ ਕੋਰਟ ਦੇ ਕਹਿਣ 'ਤੇ ਦੀਆ ਮਿਰਜ਼ਾ ਤੇ ਹੋਰਨਾਂ ਕਲਾਕਾਰਾਂ ਤੇ ਖਿਡਾਰੀਆਂ ਦੇ ਵੀਡੀਓ ਬਣਾਏ ਗਏ ਸਨ, ਪਰ ਕੁਝ ਭਾਜਪਾ ਆਗੂਆਂ ਨੂੰ ਦੀਆ ਮਿਰਜ਼ਾ ਚੰਗੀ ਨਹੀਂ ਲੱਗੀ।

ਉਨ੍ਹਾਂ ਕਿਹਾ ਕਿ ਉਹ ਹਿੰਦੂ ਤੇ ਹਿੰਦੂਤਵ ਵਿਰੋਧੀ ਹੈ ਤੇ ਉਹ ਉਸ ਤੋਂ ਉਪਦੇਸ਼ ਨਹੀਂ ਲੈਣਗੇ। ਬੈਂਚ ਨੇ ਦੀਆ ਮਿਰਜ਼ਾ ਦੀ ਦੀਵਾਲੀ ਵੀਡੀਓ ਨੂੰ ਦੁਬਾਰਾ ਅਪਲੋਡ ਕਰਨ ਦਾ ਹੁਕਮ ਦਿੱਤਾ, ਜਿਸ ਵਿੱਚ ਉਸ ਨੇ ਲੋਕਾਂ ਨੂੰ ਹਰੇ ਪਟਾਕੇ ਸਾੜਨ ਤੇ ਜਨਤਕ ਸੜਕਾਂ 'ਤੇ ਉਨ੍ਹਾਂ ਨੂੰ ਫੂਕਣ ਤੋਂ ਬਚਣ ਦੀ ਅਪੀਲ ਕੀਤੀ ਸੀ।

### ਸ਼ਹੀਦ-ਏ-ਆਜ਼ਮ ਨੇ ਸ਼ਹਾਦਤ...

ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ 'ਭਾਰਤ ਵਿੱਚ ਖੇਤ ਮਜ਼ਦੂਰਾਂ ਤੇ ਦਲਿਤਾਂ ਦੇ ਅੰਦੋਲਨ ਦਾ ਇਤਿਹਾਸ' ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਕਾਮਰੇਡ ਗੋਰੀਆ ਨੇ ਆਪਣੀ ਗੱਲ ਕਹਿਣ ਤੋਂ ਪਹਿਲਾਂ ਪਿਛਲੇ ਦਿਨਾਂ ਤੋਂ ਸਕੂਲਿੰਗ ਵਿੱਚ ਫਲਸਫੇ, ਵਿਗਿਆਨ, ਸਾਹਿਤ ਤੇ ਸਿਆਸਤ ਦੀ ਵਿਆਖਿਆ ਬਾਰੇ ਕਿਹਾ ਕਿ ਇਸ ਸਭ ਕੁਝ ਨੂੰ ਸਮਝ ਕੇ ਪ੍ਰੈਕਟੀਕਲੀ ਕੰਮ ਕਰਨ ਦੀ ਜ਼ਰੂਰਤ ਹੈ।

ਦਲਿਤ ਅਤੇ ਮਜ਼ਦੂਰ ਵਰਗ ਦੇ ਅੰਦੋਲਨ ਦਾ ਜ਼ਿਕਰ ਕਰਦਿਆਂ ਕਾਮਰੇਡ ਗੋਰੀਆ ਨੇ ਕਿਹਾ ਕਿ 1968 ਵਿੱਚ ਪੰਜਾਬ ਦੇ ਮੋਗਾ ਸ਼ਹਿਰ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਸਥਾਪਨਾ ਹੋਈ। ਇਸ ਪਲੇਟਫਾਰਮ 'ਤੇ ਕਾਮਰੇਡ ਭਾਨ ਸਿੰਘ ਭੌਰਾ, ਰੁਲਦੂ ਖਾਨ, ਸਵਰਨ ਸਿੰਘ ਨਾਗੋਕੇ, ਮਲਕੀਤ ਚੰਦ ਮੇਹਲੀ ਅਤੇ ਕਾਮਰੇਡ ਸੱਘੜ ਸਿੰਘ ਵਰਗੇ ਸਿਰੜੀ ਤੇ ਸਮਰਪਿਤ ਆਗੂਆਂ ਨੇ ਨਿੱਠ ਕੇ ਕੰਮ ਕੀਤਾ। ਉਨ੍ਹਾ ਮਜ਼ਦੂਰ ਤੇ ਦਲਿਤ ਵਰਗ ਨੂੰ ਉਨ੍ਹਾਂ ਦੀ ਆਪਣੀ ਤਾਕਤ ਦਾ ਅਹਿਸਾਸ ਕਰਵਾਇਆ। ਇਨ੍ਹਾਂ ਵਰਗਾਂ ਨੂੰ ਮੰਦਹਾਲੀ ਤੇ ਗੁਰਬਤ ਵਿੱਚੋਂ ਕੱਢਣ ਦੀਆਂ ਅਣਥੱਕ ਕੋਸ਼ਿਸ਼ਾਂ ਕੀਤੀਆਂ। ਉਨ੍ਹਾਂ ਨੂੰ ਸਫ਼ਲਤਾ ਵੀ ਮਿਲੀ। ਇਸ ਦੇ ਬਾਵਜੂਦ ਅਜੇ ਵੀ ਇਹ ਵਰਗ ਧੱਕੇਸ਼ਾਹੀਆਂ ਦਾ ਸ਼ਿਕਾਰ ਹੈ। ਜਿੱਥੇ ਇਨ੍ਹਾਂ ਵਰਗਾਂ ਨੂੰ ਆਰਥਿਕ ਤੌਰ 'ਤੇ ਨਪੀੜਿਆ ਜਾਂਦਾ ਹੈ, ਉੱਥੇ ਸਮਾਜਿਕ ਜਬਰ ਵੀ ਢਾਹਿਆ ਜਾਂਦਾ ਹੈ। ਅਜੇ ਵੀ ਇਹ ਆਪਣੇ ਹਿੱਸੇ ਦੀ ਜ਼ਮੀਨ ਤੋਂ ਵਾਂਝੇ ਹਨ। ਮਜ਼ਦੂਰੀ ਦੀਆਂ ਉਜਰਤਾਂ ਦਾ ਮਾਮਲਾ ਕਿਸੇ ਤਣ ਪੱਤਣ ਨਹੀਂ ਲੱਗਾ। ਓੜਕਾਂ ਦੀ ਖੇਤੀ ਮਸ਼ੀਨਰੀ ਨੇ ਮਜ਼ਦੂਰ ਦੇ ਹੱਥ ਵਿਹਲੇ ਕਰ ਦਿੱਤੇ ਹਨ। ਜਗੀਰੂ ਤੇ ਸਾਮੰਤੀ ਰਹਿੰਦ-ਖੂੰਹਦ ਮਜ਼ਦੂਰ ਵਰਗ ਦੀਆਂ ਧੀਆਂ-ਭੈਣਾਂ ਦੀ ਆਬਰੂ ਨਾਲ ਖਿਲਵਾੜ ਕਰ ਜਾਂਦੀ ਹੈ। ਇਨ੍ਹਾਂ ਤੋਂ ਇਲਾਵਾ ਅਨੇਕਾਂ ਹੋਰ ਸਵਾਲ ਸਾਡੇ ਸਨਮੁੱਖ ਖੜ੍ਹੇ ਹਨ। ਅਜਿਹੀ ਸਥਿਤੀ ਵਿੱਚ ਮਜ਼ਦੂਰ ਵਰਗ ਨੂੰ ਬੱਝਵੇਂ ਸੰਘਰਸ਼ ਦੀ ਲੋੜ ਹੈ। ਇਹ ਲੜਾਈ ਸਾਨੂੰ ਖੁਦ ਹੀ ਲੜਨੀ ਪੈਣੀ ਹੈ।

ਕਾਮਰੇਡ ਗੋਰੀਆ ਨੇ ਇਹ ਗੱਲ ਵੀ ਨੋਟ ਕੀਤੀ ਕਿ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਮਜ਼ਬੂਤ ਹੋਈ ਤਾਕਤ ਦਾ ਸਿਹਰਾ ਭਾਰਤੀ ਕਮਿਊਨਿਸਟਾਂ ਨੂੰ ਜਾਂਦਾ ਹੈ।

ਇਸ ਸੈਸ਼ਨ ਵਿੱਚ ਹੋਏ ਸਵਾਲ ਜਵਾਬ ਵਿੱਚ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਨਿਰੰਜਣ ਸਿੰਘ ਸੰਗਰੂਰ, ਮਨਦੀਪ ਸਿੰਘ ਬਠਿੰਡਾ, ਹਾਫਿਜ਼ ਅਹਿਮਦ ਕਰਨਾਟਕ ਆਦਿ ਨੇ ਵੀ ਹਿੱਸਾ ਲਿਆ।

### ਦਿੱਲੀ ਪੁਲਸ ਦਾ...

ਕਰਦਿਆਂ ਵਸ਼ਿਸ਼ਟ ਨੂੰ ਤੁਰੰਤ ਮੁਅੱਤਲ ਕਰਨ ਦੀ ਮੰਗ ਵੀ ਕੀਤੀ ਸੀ। ਪਿਛਲੇ ਹਫਤੇ ਵਕੀਲ ਲਲਿਤ ਬਾਂਸਲ 'ਤੇ ਹੋਏ ਹਮਲੇ ਦੇ ਮਾਮਲੇ ਨੂੰ ਲੈ ਕੇ ਹੜਤਾਲ 'ਤੇ ਗਏ ਵਕੀਲਾਂ ਨੇ ਦੋਸ਼ ਲਗਾਇਆ ਸੀ ਕਿ ਏ ਸੀ ਪੀ ਅਤੇ ਐੱਸ ਐੱਚ ਓ ਨੇ ਉਨ੍ਹਾਂ ਵਕੀਲਾਂ ਨੂੰ ਧਮਕੀਆਂ ਦਿੱਤੀਆਂ, ਜੋ ਬਾਂਸਲ ਹਮਲੇ ਦੇ ਮਾਮਲੇ ਵਿੱਚ ਮੁਲਜ਼ਮਾਂ ਵਿਰੁੱਧ ਕਾਰਵਾਈ ਦੀ ਮੰਗ ਕਰਨ ਲਈ ਪੁਲਸ ਸਟੇਸ਼ਨ ਗਏ ਸਨ। ਇਸੇ ਦੌਰਾਨ ਦਿੱਲੀ ਹਾਈ ਕੋਰਟ ਨੇ ਏ ਸੀ ਪੀ ਮਨਸਵੀ ਵਸ਼ਿਸ਼ਟ ਵੱਲੋਂ ਵਕੀਲਾਂ ਵਿਰੁੱਧ ਕੀਤੀਆਂ ਗਈਆਂ ਕਥਿਤ ਧਮਕੀ ਭਰੀਆਂ ਟਿੱਪਣੀਆਂ ਦਾ ਖੁਦ ਨੋਟਿਸ ਲੈਣ ਤੋਂ ਇਨਕਾਰ ਕਰ ਦਿੱਤਾ ਹੈ ਅਤੇ ਵਕੀਲਾਂ ਨੂੰ ਰਸਮੀ ਪਟੀਸ਼ਨ ਦਾਇਰ ਕਰਨ ਲਈ ਕਿਹਾ ਹੈ।


## ਨਾਵਲਕਾਰ ਬਲਦੇਵ ਸੜਕਨਾਮਾ ਲਾਈਫ਼ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਤ

- **ਸਿਰਜਣਾ ਤੇ ਸੰਵਾਦ ਸਾਹਿਤ ਸਭਾ ਵੱਲੋਂ ਸਾਹਿਤਕ ਸਮਾਗਮ**
- **ਸਾਹਿਤਕਾਰਾਂ ਨਾਲ ਚਰਨਜੀਤ ਸਮਾਲਸਰ ਦਾ ਰੂ-ਬ-ਰੂ**



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿਰਜਣਾ ਤੇ ਸੰਵਾਦ ਸਾਹਿਤ ਸਭਾ ਰਜਿ. ਮੋਗਾ ਨੇ ਪੰਜਾਬ ਦਿਵਸ ਮੌਕੇ ਸੁਤੰਤਰਤਾ ਸੰਗਰਾਮੀ ਭਵਨ ਵਿਖੇ ਸਾਹਿਤਕ ਸਮਾਗਮ ਕਰਵਾਇਆ, ਜਿਸ ਦੇ ਪ੍ਰਧਾਨਗੀ ਮੰਡਲ ਵਿਚ ਰਾਜਸੀ ਨੇਤਾ ਨਿਧੜਕ ਸਿੰਘ ਬਰਾੜ ਸਾਬਕਾ ਸੂਚਨਾ ਕਮਿਸ਼ਨਰ, ਡਾ. ਸੁਰਜੀਤ ਬਰਾੜ, ਨਾਵਲਕਾਰ ਬਲਦੇਵ ਸਿੰਘ ਸੜਕਨਾਮਾ, ਕਰਨਲ ਬਾਬੂ ਸਿੰਘ ਪ੍ਰਧਾਨ ਲੋਕ ਸਾਹਿਤ ਅਕਾਦਮੀ, ਚਰਨਜੀਤ ਸਮਾਲਸਰ ਤੇ ਡਾ. ਸਰਬਜੀਤ ਕੌਰ ਬਰਾੜ ਸ਼ਾਮਲ ਸਨ।ਡਾ. ਸਰਬਜੀਤ ਕੌਰ ਬਰਾੜ ਨੇ ਕਿਹਾ ਕਿ ਸਿਰਜਣਾ ਤੇ ਸੰਵਾਦ ਸਭਾ ਕਿਸੇ ਜਾਣ ਪਹਿਚਾਣ ਦੀ ਮੁਥਾਜ ਨਹੀਂ ਹੈ।ਸਭਾ ਵੱਲੋਂ ਪੰਜਾਬੀ ਮਾਂ ਬੋਲੀ ਦੀ ਸੇਵਾ ਦੇ ਨਾਲ ਨਾਲ ਸਮਾਜਿਕ, ਸੱਭਿਆਚਾਰਕ, ਸਾਹਿਤਕ ਤੇ ਭਾਈਚਾਰਕ ਸਾਂਝ ਦੀ ਹੋਂਦ ਨੂੰ ਕਾਇਮ ਰੱਖਣ ਦੇ ਉਪਰਾਲੇ ਲਗਾਤਾਰ ਕਰਵਾਏ ਜਾਂਦੇ ਹਨ। ਡਾਕਟਰ ਸਾਹਿਬ ਸਿੰਘ ਜੀ ਦਾ ਵਿਸ਼ਵ ਪ੍ਰਸਿੱਧ ਨਾਟਕ ਲੱਛੂ ਕਬਾੜੀਆ, ਖੁਸ਼ਹਾਲ ਜ਼ਿੰਦਗੀ ਦਾ ਈਵੈਂਟ, ਸਾਹਿਬਜ਼ਾਦਿਆਂ ਦੀ ਸ਼ਹਾਦਤ ਸਮਾਰੋਹ, ਔਰਤ ਦਿਵਸ, ਸਕੂਲੀ ਬੱਚਿਆਂ ਦੀ ਵਰਕਸ਼ਾਪ ਤੇ ਤੀਆਂ ਤੀਜ ਵਰਗੇ ਸਮਾਗਮ ਕਰਵਾ ਕੇ ਸਭਾ ਨੇ ਵਿਲੱਖਣ ਪੈੜਾਂ ਪਾਈਆਂ ਹਨ ਅਤੇ ਸਮਾਜ ਪ੍ਰਤੀ ਆਪਣੀ ਅਹਿਮ ਜ਼ਿੰਮੇਵਾਰੀ ਨਿਭਾਉਣ ਦੀ ਸਫ਼ਲ ਕੋਸ਼ਿਸ਼ ਕੀਤੀ ਹੈ।ਉਨ੍ਹਾਂ ਕਿਹਾ ਸਭਾ ਨੇ ਆਪਣੀ ਪੂਰੀ ਟੀਮ ਨਾਲ ਹਮੇਸ਼ਾ ਪਰਿਵਾਰਕ ਮਾਹੌਲ ਬਣਾ ਕੇ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਸਮਾਗਮ ਨੂੰ ਉਲੀਕੇ ਹਨ। ਪਿਛਲੇ ਦਿਨੀਂ ਸਭਾ ਨੇ ਮੀਟਿੰਗ ਕਰ ਕੇ ਇਸ ਸਾਲ ਤੋਂ ਪਹਿਲੀ ਵਾਰ ਸਾਹਿਤਕਾਰ ਪੁਰਸਕਾਰ ਦੀ ਸ਼ੁਰੂਆਤ ਕਰਨ ਦਾ ਨਿਰਣੇ ਲਿਆ।ਸਭ ਤੋਂ ਪਹਿਲਾਂ ਵਿਸ਼ਵ ਪ੍ਰਸਿੱਧ ਉੱਘੇ ਵਿਦਵਾਨ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੂੰ ਲਾਈਫ ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ ਕਰਨ ਦਾ ਫੈਸਲਾ ਕੀਤਾ ਸੀ, ਜਿਸ ਲਈ ਸਮਾਗਮ ਰੱਖਿਆ ਗਿਆ ਹੈ।ਸਭਾ ਵੱਲੋਂ ਸਨਮਾਨ ਸਮਾਰੋਹ ਦੇ ਨਾਲ ਨਾਲ ਸਾਹਿਤਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਨੇ ਭਾਗ ਲਿਆ।ਮੰਚ ਸੰਚਾਲਨ ਦੀ ਭੂਮਿਕਾ ਨੂੰ ਬਹੁਤ ਜ਼ਿੰਮੇਵਾਰੀ ਨਾਲ ਅਧਿਆਪਕਾ ਪਰਮਿੰਦਰ ਕੌਰ ਨੇ ਨਿਭਾਈ ਤੇ ਲੰਮੇ ਚੱਲੇ ਸਮਾਗਮ ਵਿੱਚ ਆਪਣੀ ਭਾਸ਼ਾ ਸ਼ੈਲੀ ਨਾਲ ਸਰੋਤਿਆਂ ਨੂੰ ਮੰਤਰਮੁਗਧ ਕਰੀ ਰੱਖਿਆ।ਡਾਕਟਰ ਸੁਰਜੀਤ ਬਰਾੜ, ਚਰਨਜੀਤ ਸਮਾਲਸਰ, ਕਰਨਲ ਬਾਬੂ ਸਿੰਘ, ਜਸਵੀਰ ਕਲਸੀ ਨੇ ਨਾਵਲਕਾਰ ਬਲਦੇਵ ਸੜਕਨਾਮਾ ਦੇ ਜੀਵਨ ਬਾਰੇ ਚਾਨਣਾ ਪਾਇਆ।ਸਭਾ ਦੇ ਮੈਂਬਰਾਂ ਤੇ ਮਹਿਮਾਨਾਂ ਤੇ ਸਾਹਿਤਕਾਰਾਂ ਨੇ ਉੱਘੇ ਵਿਦਵਾਨ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੂੰ ਲਾਈਫ਼ ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ ਕੀਤਾ।ਇਸ ਮੌਕੇ ਸਾਹਿਤਕਾਰਾਂ ਸਨਮੁੱਖ ਚਰਨਜੀਤ ਸਮਾਲਸਰ ਨੂੰ ਰੂ-ਬ-ਰੂ ਕਰਵਾਇਆ ਤਾਂ ਸਵਾਲ ਜਵਾਬ ਹੋਏ। ਇਸ ਮੌਕੇ ਸਾਹਿਤਕਾਰਾਂ ਨੇ ਗੀਤ, ਗਜ਼, ਕਵਿਤਾਵਾਂ ਤੇ ਹੋਰ ਰਚਨਾਵਾਂ ਪੇਸ਼ ਕੀਤੀਆਂ।ਇਸ ਮੌਕੇ ਅਮਰੀਕ ਸਿੰਘ ਸੈਦੋਕੇ, ਜਸਵੰਤ ਸਿੰਘ ਰਾਉਕੇ, ਪਿਆਰਾ ਸਿੰਘ ਚਾਹਲ, ਪ੍ਰੇਮ ਕੁਮਾਰ, ਦਿਲਬਾਗ ਬੁੱਕਣ ਵਾਲਾ, ਜਸਬੀਰ ਸਿੰਘ ਕਲਸੀ, ਜਸਵੀਰ ਸ਼ਰਮਾ ਦੱਦਾਹੂਰ, ਕਰਨਲ ਬਾਬੂ ਸਿੰਘ, ਗੁਰਮੇਲ ਸਿੰਘ ਬੌਡੇ, ਨਰਿੰਦਰ ਸਿੰਘ ਗਜ਼ਲਗੋ, ਮੰਗਲਮੀਤ ਪੱਤੋ, ਤਰਸੇਮ ਘਾਰੂ ਗੱਜਣਵਾਲੀਆ, ਇਕਬਾਲ ਸਿੰਘ, ਅਮਰ ਘੋਲੀਆ, ਰਣਜੀਤ ਸਰਾਂਵਾਲੀਆ, ਸੋਨੀ ਮੋਗਾ, ਹਰਭਜਨ ਸਿੰਘ ਨਾਗਰਾ, ਅਵਤਾਰ ਸਿੰਘ ਕਰੀਰ, ਕੁਲਵਿੰਦਰ ਸਿੰਘ, ਜਗਦੇਵ ਸਿੰਘ, ਇਸ਼ਮੀਤ ਸਿੰਘ, ਹਰਚਰਨ ਸਿੰਘ, ਕੁਲਵਿੰਦਰ ਸਿੰਘ ਦਿਲਗੀਰ, ਗੁਰਮੀਤ ਕੜਿਆਲ ਰੱਖੜਾ, ਪ੍ਰੇਮ ਭੂਸ਼ਣ, ਗੁਰਬਿੰਦਰ ਕੌਰ ਗਿੱਲ, ਹਰਦਿਆਲ ਸਿੰਘ, ਕੁਲਦੀਪ ਸਿੰਘ ਰੁਮਾਣਾ, ਪਰਗਟ ਸਿੰਘ ਗਿੱਲ ਬਾਗੀ, ਨਿਧੜਕ ਸਿੰਘ ਬਰਾੜ, ਮਨਿੰਦਰ ਸਿੰਘ ਮੋਗਾ ਤੇ ਸਕੂਲੀ ਬੱਚੇ ਮੌਜੂਦ ਰਹੇ।ਸਭਾ ਦੇ ਪ੍ਰਧਾਨ ਡਾ. ਸਰਬਜੀਤ ਕੌਰ ਬਰਾੜ ਨੇ ਕਿਹਾ ਕਿ ਸਭਾ ਮਹਾਨ ਸ਼ਖ਼ਸੀਅਤ ਬਲਦੇਵ ਸੜਕਨਾਮਾ ਨੂੰ ਸਨਮਾਨਤ ਕਰਕੇ ਮਾਣ ਮਹਿਸੂਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਇਹ ਲੜੀ ਨਿਰੰਤਰ ਚੱਲਦੀ ਰਹੇਗੀ।ਅਖੀਰ ਵਿੱਚ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੇ ਸਨਮਾਨ ਕਰਨ ਲਈ ਸਭਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੇਸ਼ੱਕ ਉਨ੍ਹਾਂ ਨੂੰ ਵਿਸ਼ਵ ਭਰ ਤੋਂ ਭਾਸ਼ਾ ਵਿਭਾਗ, ਸਾਹਿਤਕ ਅਕਾਦਮੀ ਤੋਂ ਅਨੇਕਾਂ ਸਨਮਾਨ ਸਨਮਾਨਯੋਗ ਮਿਲੇ ਹਨ, ਪਰ ਆਪਣੇ ਸ਼ਹਿਰ ਵਿੱਚ ਮਿਲਿਆ ਇਹ ਸਨਮਾਨ ਇੱਕ ਵਿਸ਼ੇਸ਼ ਸਥਾਨ ਰੱਖਦਾ ਹੈ।ਵਰਨਣਯੋਗ ਹੈ ਬਲਦੇਵ ਸੜਕਨਾਮਾ ਕਿਤਾਬਾਂ ਦੀ ਰਚਨਾ ਵਿੱਚ ਸੈਂਕੜਾ ਪੂਰਾ ਕਰਨ ਵਿੱਚ ਯਤਨਸ਼ੀਲ ਹਨ।

## 2 ਨਸ਼ਾ ਸਮਗਲਰ ਹੈਰੋਇਨ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਸੀਨੀਅਰ ਕਪਤਾਨ ਪੁਲਸ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਸ, ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ ਡੀ.ਆਈ.ਜੀ. ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਸ ਵਕਤ ਕਾਮਯਾਬੀ ਮਿਲੀ, ਜਦੋਂ ਐੱਸ ਪੀ ਜਾਂਚ ਰਜੇਸ਼ ਛਿੱਬੜ ਤੇ ਡੀਐੱਸਪੀ ਜਾਂਚ ਗੁਰਵੀਰ ਸਿੰਘ ਗਿੱਲ, ਸਿਮਰਜੀਤ ਸਿੰਘ ਸੇਰਗਿੱਲ ਇੰਚਾਰਜ ਸੀ.ਆਈ.ਏ ਪਟਿਆਲਾ ਸਮੇਤ ਟੀਮ ਵੱਲੋਂ ਹੈਰੋਇਨ ਦੀ ਸਪਲਾਈ ਕਰਨ ਵਾਲੇ ਰੋਹਿਤ ਕੁਮਾਰ ਗਾਗਟ ਪੁੱਤਰ ਰਾਜਪਾਲ ਵਾਸੀ ਨਿਊ ਬਿਸ਼ਨ ਨਗਰ ਥਾਣਾ ਲਾਹੌਰੀ ਗੇਟ ਪਟਿਆਲਾ ਅਤੇ ਵਿਨੋਦ ਕੁਮਾਰ ਉਰਫ ਗੰਜਾ ਪੁੱਤਰ ਕਿਸ਼ੋਰੀ ਲਾਲ ਵਾਸੀ ਸ਼ਹੀਦ ਭਗਤ ਸਿੰਘ ਕਲੋਨੀ ਬੰਨਾ, ਬਿਸ਼ਨ ਨਗਰ ਥਾਣਾ ਲਾਹੌਰੀ ਗੇਟ ਪਟਿਆਲਾ ਨੂੰ ਸਿਆਜ ਕਾਰ ਨੰਬਰੀ ਪੀਬੀ-11ਡੀਪੀ-2870 ਸਮੇਤ ਕਾਬੂ ਕਰਕੇ ਇਨ੍ਹਾਂ ਦੇ ਕਬਜ਼ੇ ਵਿੱਚੋਂ 270 ਗ੍ਰਾਮ ਹੈਰੋਇਨ 2 ਲੱਖ ਰੁਪੈ ਡਰਗ ਮਨੀ ਸਮੇਤ ਗ੍ਰਿਫਤਾਰ ਕਰਨ ਦੀ ਸਫਲਤਾ ਹਾਸਲ ਕੀਤੀ ਹੈ। ਸ੍ਰੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਏ.ਐੱਸ.ਆਈ. ਤੇਜਿੰਦਰ ਸਿੰਘ ਸੀ.ਆਈ.ਏ ਪਟਿਆਲਾ ਸਮੇਤ ਪੁਲਸ ਪਾਰਟੀ ਦੇ ਸ਼ੱਕੀ ਤੇ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਪੁਰਾਣੇ ਬੱਸ ਅੱਡਾ ਵਿਖੇ ਮੌਜੂਦ ਸੀ ਜਿੱਥੇ ਪੁਲਸ ਪਾਰਟੀ ਨੂੰ ਗੁਪਤ ਸੂਚਨਾ ਮਿਲੀ ਕਿ ਰੋਹਿਤ ਕੁਮਾਰ ਗਾਗਟ ਤੇ ਵਿਨੋਦ ਕੁਮਾਰ ਉਰਫ ਗੰਜਾ ਜੋ ਕਿ ਆਪਸ ਵਿੱਚ ਰਲਕੇ ਸਿਆਜ ਗੱਡੀ ਪੀਬੀ-11ਡੀਪੀ-2870 'ਤੇ ਸਵਾਰ ਹੋ ਕੇ ਆਪਣੇ ਗਾਹਕਾਂ ਨੂੰ ਹੈਰੋਇਨ (ਚਿੱਟਾ) ਦੇਣ ਲਈ ਆ ਰਹੇ ਹਨ।ਇਸੇ ਦੌਰਾਨ ਨਾਕਾਬੰਦੀ 'ਤੇ ਰੋਹਿਤ ਕੁਮਾਰ ਗਾਗਟ ਤੇ ਵਿਨੋਦ ਕੁਮਾਰ ਉਰਫ ਗੰਜਾਂ ਉਕਤਾਨ ਸਿਆਜ ਗੱਡੀ ਸਮੇਤ ਕਾਬੂ ਕੀਤਾ ਗਿਆ, ਜਿਨ੍ਹਾਂ ਪਾਸੋਂ 270 ਗ੍ਰਾਮ ਹੈਰੋਇਨ ਤੇ 2 ਲੱਖ ਰੁਪਏ ਡਰੱਗ ਮਨੀ ਬਰਾਮਦ ਹੋਈ, ਜਿਸ 'ਤੇ ਦੋਸ਼ੀਆਨ ਦੇ ਖਿਲਾਫ ਮੁਕੱਦਮਾ ਥਾਣਾ ਲਾਹੌਰੀ ਗੇਟ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ। ਐੱਸ.ਐੱਸ.ਪੀ. ਪਟਿਆਲਾ ਨੇ ਦੱਸਿਆ ਕਿ ਦੋਸ਼ੀਆਨ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਬਰਾਮਦ ਹੈਰੋਇਨ ਤੇ 2 ਲੱਖ ਰੁਪੈ ਡਰੱਗ ਮਨੀ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਟਰੈਕਟਰ-ਟਰਾਲੀ 'ਚ ਲੱਦੀ ਪਰਾਲੀ ਨੂੰ ਲੱਗੀ ਅੱਗ, ਲੋਕਾਂ ਮੁਸ਼ੱਕਤ ਨਾਲ ਪਾਇਆ ਕਾਬੂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਨਜ਼ਦੀਕੀ ਪਿੰਡ ਨੂਰਪੁਰ ਸੇਠਾਂ ਦੇ ਅੱਡੇ 'ਤੇ ਉਸ ਵੇਲੇ ਇਕ ਵੱਡਾ ਹਾਦਸਾ ਵਾਪਰਨੋਂ ਬਚ ਗਿਆ, ਜਦੋਂ ਪਰਾਲੀ ਦੀਆਂ ਗੱਠਾਂ ਨਾਲ ਭਰੀ ਇੱਕ ਟਰੈਕਟਰ-ਟਰਾਲੀ ਲੰਘਦੇ ਸਮੇਂ ਹਾਈ-ਵੋਲਟੇਜ ਬਿਜਲੀ ਦੀਆਂ ਤਾਰਾਂ ਨਾਲ ਖਹਿ ਗਈ। ਬਿਜਲੀ ਦੀਆਂ ਤਾਰਾਂ ਨਾਲ ਹੋਈ ਛੂਹ ਕਾਰਨ ਨਿਕਲੇ ਚੰਗਿਆੜਿਆਂ ਨਾਲ ਟਰਾਲੀ ਵਿਚ ਲੱਦੀਆਂ ਪਰਾਲੀ ਦੀਆਂ ਗੱਠਾਂ ਨੇ ਤੁਰੰਤ ਅੱਗ ਫੜ ਲਈ ਤੇ ਦੇਖਦਿਆਂ ਹੀ ਦੇਖਦਿਆਂ ਧੂ-ਧੂ ਕੇ ਬਲਣ ਲੱਗ ਪਈਆਂ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਟਰੈਕਟਰ-ਟਰਾਲੀ ਨੂਰਪੁਰ ਸੇਠਾਂ ਅੱਡੇ ਤੋਂ ਲੰਘ ਰਹੀ ਸੀ। ਪਰਾਲੀ ਦੀਆਂ ਗੱਠਾਂ ਦੀ ਉੱਚਾਈ ਜ਼ਿਆਦਾ ਹੋਣ ਕਰਕੇ ਉੱਪਰੋਂ ਲੰਘ ਰਹੀਆਂ ਬਿਜਲੀ ਦੀਆਂ ਤਾਰਾਂ ਨਾਲ ਅਚਾਨਕ ਖਹਿ ਗਈਆਂ, ਜਿਸ ਨਾਲ ਅੱਗ ਦੇ ਭਾਂਬੜ ਮੱਚ ਗਏ। ਅੱਗ ਲੱਗਣ ਕਾਰਨ ਇਲਾਕੇ ਵਿੱਚ ਹਫੜਾ-ਦਫੜੀ ਦਾ ਮਾਹੌਲ ਬਣ ਗਿਆ ਤੇ ਸੜਕ 'ਤੇ ਆਵਾਜਾਈ ਵੀ ਕੁਝ ਸਮੇਂ ਲਈ ਪ੍ਰਭਾਵਿਤ ਹੋਈ। ਘਟਨਾ ਵਾਪਰਦੇ ਹੀ ਆਸ-ਪਾਸ ਦੇ ਦੁਕਾਨਦਾਰਾਂ ਤੇ ਰਾਹਗੀਰਾਂ ਨੇ ਵੱਡੀ ਸਮਝਦਾਰੀ ਤੇ ਦਲੇਰੀ ਦਾ ਸਬੂਤ ਦਿੱਤਾ। ਮੌਕੇ 'ਤੇ ਮੌਜੂਦ ਲੋਕਾਂ ਨੇ ਬਿਨਾਂ ਸਮਾਂ ਗਵਾਏ ਤੁਰੰਤ ਪਾਣੀ ਦਾ ਪ੍ਰਬੰਧ ਕੀਤਾ ਤੇ ਅੱਗ 'ਤੇ ਪਾਣੀ ਪਾ ਕੇ ਬੁਝਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ। ਸਥਾਨਕ ਲੋਕਾਂ ਦੀ ਭਾਰੀ ਮਸ਼ੱਕਤ ਨਾਲ ਅੱਗ 'ਤੇ ਸਮਾਂ ਰਹਿੰਦੇ ਕਾਬੂ ਪਾ ਲਿਆ ਗਿਆ, ਜਿਸ ਨਾਲ ਇੱਕ ਵੱਡਾ ਨੁਕਸਾਨ ਹੋਣੋਂ ਟਲ ਗਿਆ। ਸਥਾਨਕ ਨਿਵਾਸੀਆਂ ਨੇ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਨੀਵੀਆਂ ਲਟਕ ਰਹੀਆਂ ਬਿਜਲੀ ਦੀਆਂ ਤਾਰਾਂ ਨੂੰ ਜਲਦ ਤੋਂ ਜਲਦ ਠੀਕ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਤੋਂ ਬਚਾਅ ਹੋ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਿਸਾਨਾਂ ਨੇ ਏ ਆਰ ਸਹਿਕਾਰੀ ਸਭਾਵਾਂ ਸਾਹਮਣੇ ਦਿੱਤਾ ਧਰਨਾ

**ਗੁਰਦਾਸਪੁਰ (ਜਨਕ ਮਹਾਜਨ)**- ਇੱਥੇ ਸਥਾਨਕ ਗੁਰੂ ਨਾਨਕ ਪਾਰਕ ਵਿਖੇ ਸੰਯੁਕਤ ਕਿਸਾਨ ਮੋਰਚਾ ਦੇ ਜ਼ਿਲ੍ਹਾ ਗੁਰਦਾਸਪੁਰ ਵਲੋਂ ਕਿਸਾਨਾਂ ਨੇ ਰੈਲੀ ਕੀਤੀ ਉਪਰੰਤ ਏ ਆਰ ਸਹਿਕਾਰੀ ਸਭਾਵਾਂ ਦੇ ਦਫਤਰ ਅੱਗੇ ਸੰਕੇਤਕ ਧਰਨਾ ਦਿੱਤਾ ਅਤੇ ਸਹਿਕਾਰਤਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਮ ਏ ਆਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਗੁਲਜਾਰ ਸਿੰਘ ਬਸੰਤਕੋਟ, ਹਰਜੀਤ ਸਿੰਘ ਕਾਹਲੋਂ, ਮੱਖਣ ਸਿੰਘ ਕੁਹਾੜ, ਰਾਜ ਗੁਰਵਿੰਦਰ ਸਿੰਘ ਲਾਡੀ, ਤਰਲੋਕ ਸਿੰਘ ਬਹਿਰਾਮਪੁਰ, ਅਸ਼ਵਨੀ ਕੁਮਾਰ ਲਖਣ ਕਲਾਂ, ਮੰਗਤ ਸਿੰਘ ਜੀਵਨ ਚੱਕ, ਸੁਰਿੰਦਰ ਸਿੰਘ ਕੋਠੇ ਆਦਿ ਨੇ ਸਾਂਝੇ ਤੌਰ 'ਤੇ ਕੀਤੀ। ਇਸ ਮੌਕੇ ਬੋਲਦਿਆਂ ਰਘਬੀਰ ਸਿੰਘ ਚਾਹਲ, ਹਰਵਿੰਦਰ ਸਿੰਘ ਮੱਲੀ ਆਦਿ ਬਲਬੀਰ ਸਿੰਘ ਕੱਤੋਵਾਲ, ਜਗਜੀਤ ਸਿੰਘ ਆਲੂਣਾ, ਬਚਨ ਸਿੰਘ ਭੰਬੋਈ, ਚੰਨਣ ਸਿੰਘ ਦੁਰਾਂਗਲਾ, ਐਡਵੋਕੇਟ ਹਰਵਿੰਦਰ ਸਿੰਘ ਭਾਗੋਕਾਵਾਂ, ਅਜੀਤ ਸਿੰਘ ਹੁੰਦਲ ਆਦਿ ਨੇ ਦੋਸ਼ ਲਾਇਆ ਕਿ ਐਸ ਕੇ ਐਮ ਵੱਲੋਂ ਚੰਡੀਗੜ੍ਹ ਲਗਾਤਾਰ ਧਰਨਾ ਦੇਣ ਬਾਅਦ ਮੁੱਖ ਮੰਤਰੀ ਜੋ ਕਿ ਸਹਿਕਾਰਤਾ ਮੰਤਰੀ ਵੀ ਹਨ ਨੇ ਵਾਅਦਾ ਕੀਤਾ ਸੀ ਕਿ ਕਿਸਾਨ ਕ੍ਰੈਡਿਟ ਕਾਰਡ ਨੀਤੀ 2026 ਨੂੰ ਕਿਸਾਨ ਵਿਰੋਧੀ ਹੋਣ ਕਾਰਨ ਅਸੈਂਬਲੀ ਦੇ ਵਿਸ਼ੇਸ਼ ਸੈਸ਼ਨ ਦੌਰਾਨ ਇਸ ਨੀਤੀ ਨੂੰ ਰੱਦ ਕਰ ਦਿੱਤਾ ਜਾਵੇਗਾ। ਪ੍ਰੰਤੂ ਅਜਿਹਾ ਨਹੀਂ ਕੀਤਾ ਗਿਆ ਕਿਉਂਕਿ ਸਹਿਕਾਰੀ ਸਭਾਵਾਂ ਕਿਸਾਨਾਂ ਦੀ ਰੀੜ ਦੀ ਹੱਡੀ ਹਨ ਪਰ ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ । ਇਸ ਵਿੱਚ 2 ਲੱਖ ਦੇ ਜਮੀਨੀ ਕਰਜੇ ਉਪਰੰਤ ਜਮੀਨ ਅਕਵਾਇਰ ਕਰਨਾ, ਕਰਜੇ ਦਾ ਚੱਕਰਵਰਤੀ ਵਿਆਜ ਲਾਉਣਾ, ਬਾਹਰੀ ਕਰਜੇ ਤੇ 4% ਦੀ ਥਾਂ 11% ਵਿਆਜ ਲਾਉਣਾ ਆਦਿ ਨਜਾਇਜ ਕਾਰਵਾਈਆਂ ਹਨ।

ਇਸ ਨੂੰ ਫੌਰੀ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਵੀਰ ਸਿੰਘ ਕਲਾਨੌਰ, ਬਲਬੀਰ ਸਿੰਘ ਪੀਰਾਂਬਾਗ, ਮਲਕੀਤ ਸਿੰਘ ਬੁੱਢਾਕੋਟ, ਮਨਜੀਤ ਸਿੰਘ ਨੜਾਵਾਲੀ, ਕੁਲਜੀਤ ਸਿੰਘ ਸਿੱਧਵਾਂ, ਦਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।



# ਟਰਪਈ ਦੀ ਕ੍ਰਿਕਟ ਟੀਮ ਨੇ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤੇ 9 ਕੱਪ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**: ਹਲਕਾ ਮਜੀਠਾ ਦੇ ਪਿੰਡ ਟਰਪਈ ਦੀ ਕ੍ਰਿਕਟ ਟੀਮ ਨੇ ਖੇਡਾਂ ਦੇ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਲਗਾਤਾਰ ਪਹਿਲੇ ਸਥਾਨ ਹਾਸਲ ਕਰਕੇ 9 ਕੱਪ ਜਿੱਤਣ ਦਾ ਸ਼ਾਨਦਾਰ ਰਿਕਾਰਡ ਕਾਇਮ ਕੀਤਾ ਹੈ। ਇਸ ਸਬੰਧੀ ਹਲਕਾ ਮਜੀਠਾ ਤੋਂ ਵੂਮੈਨ ਵਿੰਗ ਹਲਕਾ ਕੋਆਰਡੀਨੇਟਰ ਅਤੇ ਸਰਪੰਚ ਮੈਡਮ ਅਮਨ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਪਿੰਡ ਟਰਪਈ ਦੀ ਕ੍ਰਿਕਟ ਟੀਮ ਵੱਲੋਂ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 9 ਕੱਪ ਆਪਣੇ ਨਾਮ ਕਰਨਾ ਬਹੁਤ ਹੀ ਮਾਣ ਵਾਲੀ ਗੱਲ ਹੈ।

ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਸਹੂਲਤਾਂ, ਖੇਡ ਸਟੇਡੀਅਮਾਂ ਅਤੇ ਖੇਡ ਕਿੱਟਾਂ ਮੁਹੱਈਆ ਕਰਵਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦਾ ਨੌਜਵਾਨਾਂ ਨੂੰ ਲਾਭ ਮਿਲ ਰਿਹਾ ਹੈ।

ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡਾਂ ਵਿੱਚ ਦਿੱਤੀਆਂ ਜਾ ਰਹੀਆਂ ਗਰਾਂਟਾਂ ਨਾਲ ਜਿੱਥੇ ਗਲੀਆਂ, ਨਾਲੀਆਂ ਅਤੇ ਸੜਕਾਂ ਦੇ ਵਿਕਾਸ ਕਾਰਜ ਹੋ ਰਹੇ ਹਨ, ਉੱਥੇ ਖੇਡ ਸਟੇਡੀਅਮਾਂ ਦੇ ਵਿਕਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਮੈਡਮ ਅਮਨ ਨੇ ਕਿਹਾ ਕਿ ਪਿੰਡ ਟਰਪਈ ਦੀ ਕ੍ਰਿਕਟ ਟੀਮ ਦੀਆਂ ਇਹ ਲਗਾਤਾਰ ਜਿੱਤਾਂ ਹੋਰਨਾਂ ਨੌਜਵਾਨਾਂ ਲਈ ਵੀ ਪ੍ਰੇਰਨਾ ਸਰੋਤ ਹਨ।ਅਜਿਹੀਆਂ ਪ੍ਰਾਪਤੀਆਂ ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਦੀ ਹੈ ਅਤੇ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਆਪਣੇ ਪਿੰਡ, ਹਲਕੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਦੇ ਹਨ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਬਿਹਤਰ ਖੇਡ ਸਹੂਲਤਾਂ ਦੇਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।



# 'ਮੇਰਾ ਘਰ, ਮੇਰੇ ਨਾਮ' ਯੋਜਨਾ ਤਹਿਤ 178 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ

**ਗੁਰਦਾਸਪੁਰ, (ਦਿਨੇਸ਼ ਕੁਮਾਰ)** ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦਾ ਕਾਨੂੰਨੀ ਮਾਲਕੀ ਹੱਕ ਦੇਣ ਲਈ ਚਲਾਈ ਜਾ ਰਹੀ 'ਮੇਰਾ ਘਰ, ਮੇਰੇ ਨਾਮ' ਯੋਜਨਾ ਤਹਿਤ ਪਿੰਡ ਨਰਪੁਰ ਵਿਖੇ ਪ੍ਰਾਪਰਟੀ ਕਾਰਡ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਯੋਗ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ।ਇਸ ਸਮਾਰੋਹ ਦੌਰਾਨ ਕੁੱਲ 178 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਪ੍ਰਦਾਨ ਕੀਤੇ ਗਏ।ਇਸ ਮੌਕੇ ਰਮਨ ਬਹਿਲ ਨੇ ਕਿਹਾ ਕਿ 'ਮੇਰਾ ਘਰ, ਮੇਰੇ ਨਾਮ' ਯੋਜਨਾ ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਅਤੇ ਲੋਕ-ਹਿਤੈਸ਼ੀ ਪਹਿਲ ਹੈ, ਜਿਸ ਦਾ ਉਦੇਸ਼ ਲੰਮੇ ਸਮੇਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਲੋਕਾਂ ਨੂੰ ਉਨ੍ਹਾਂ ਦੀ ਜਾਇਦਾਦ ਦਾ ਕਾਨੂੰਨੀ ਮਾਲਕੀ ਹੱਕ ਦਿਵਾਉਣਾ ਹੈ।ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਲੋਕਾਂ ਨੂੰ ਆਪਣੇ ਘਰਾਂ ਦੀ ਮਾਲਕੀ ਸੰਬੰਧੀ ਕਾਨੂੰਨੀ ਪਛਾਣ ਮਿਲੇਗੀ ਅਤੇ ਉਨ੍ਹਾਂ ਦਾ ਸਾਲਾਂ ਪੁਰਾਣਾ ਸੁਪਨਾ ਸਾਕਾਰ ਹੋਵੇਗਾ। ਰਮਨ ਬਹਿਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਵਾਉਣਾ ਅਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ।ਇਸ ਮੌਕੇ ਨਾਇਬ ਤਹਿਸੀਲਦਾਰ ਕਿਰਨਦੀਪ ਕੌਰ, ਸਰਪੰਚ ਬਲਰਾਜ ਸਿੰਘ ਨਰਪੁਰ, ਹਲਕਾ ਯੂਥ ਪ੍ਰਧਾਨ ਸੰਦੀਪ ਸਿੰਘ ਸ਼ੇਰਾ ਨਰਪੁਰ, ਸਰਪੰਚ ਅਜੇ ਸ਼ਰਮਾ ਹਰਧਾਨ ਅਤੇ ਸਾਬਕਾ ਸਰਪੰਚ ਹਰਪ੍ਰੀਤ ਸਿੰਘ ਗੋਲਡੀ ਵਰਸੋਲਾ ਸਮੇਤ ਹੋਰ ਪਤਵੰਤੇ ਅਤੇ ਪਿੰਡ ਵਾਸੀ ਹਾਜ਼ਰ ਸਨ।



# ਪੰਜਾਬ ਸਰਕਾਰ ਦੇ ਮੁਲਾਜ਼ਮਾਂ ਲਈ ਖ਼ਾਸ ਹਾਊਸਿੰਗ ਲੋਨ ਸਕੀਮ ਆਰੰਭ

**ਵੇਰਕਾ (ਰਾਣਾ)** ਪੰਜਾਬ ਸਰਕਾਰ ਦੇ ਰੈਗੂਲਰ ਮੁਲਾਜ਼ਮਾਂ ਲਈ 'ਦਿ ਪੰਜਾਬ ਸਟੇਟ ਕੋਆਪਰੇਟਿਵ ਬੈਂਕ ਲਿਮਟਿਡ' ਵੱਲੋਂ ਇੱਕ ਵਿਸ਼ੇਸ਼ 'ਕਨਸੈਸ਼ਨਲ ਹਾਊਸਿੰਗ ਲੋਨ ਸਕੀਮ' ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਸਬੰਧੀ ਡਾਇਰੈਕਟੋਰੇਟ ਆਫ਼ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ ਵੱਲੋਂ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈ.ਸਿ./ਐ.ਸਿ.) ਅਤੇ ਸਮੂਹ ਸਕੂਲ ਮੁਖੀਆਂ ਨੂੰ ਪੱਤਰ ਜਾਰੀ ਕਰਕੇ ਅਗਲੇਰੀ ਕਾਰਵਾਈ ਹਿੱਤ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਸਹਿਕਾਰਤਾ ਵਿਭਾਗ ਦੇ ਪ੍ਰਬੰਧਕੀ ਸਕੱਤਰ ਅਜੀਤ ਬਾਲਾਜੀ ਜੋਸ਼ੀ (ਆਈ.ਏ.ਐੱਸ.) ਵੱਲੋਂ ਜਾਰੀ ਸਰਕਾਰੀ ਪੱਤਰ ਦਾ ਹਵਾਲਾ ਦਿੰਦੇ ਹੋਏ ਸਿੱਖਿਆ ਵਿਭਾਗ ਨੇ ਇਸ ਸਕੀਮ ਦਾ ਲਾਭ ਯੋਗ ਮੁਲਾਜ਼ਮਾਂ ਤੱਕ ਪਹੁੰਚਾਉਣ ਲਈ ਜਾਣਕਾਰੀ ਸਾਂਝੀ ਕੀਤੀ ਹੈ।ਇਹ ਸਕੀਮ ਪੰਜਾਬ ਸਰਕਾਰ ਦੇ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਪੀ.ਐੱਸ.ਯੂ. ਅਤੇ ਸਿਖਰਲੀ ਸਹਿਕਾਰੀ ਸੰਸਥਾਵਾਂ ਦੇ ਪੱਕੇ (ਰੈਗੂਲਰ) ਮੁਲਾਜ਼ਮਾਂ ਨੂੰ ਸਸਤੀਆਂ ਦਰਾਂ 'ਤੇ ਰਿਹਾਇਸ਼ੀ ਕਰਜ਼ਾ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ ਹੈ।

# ਮਾਨ ਸਰਕਾਰ ਨੇ 70,862 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਨਵਾਂ ਇਤਿਹਾਸ ਸਿਰਜਿਆ : ਬਰਾੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕਵਲਜੀਤ ਸਿੰਘ)**- ਪਨਸਪ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਾਢੇ ਚਾਰ ਸਾਲਾਂ ਤੋਂ ਵੱਧ ਸਮੇਂ ਦੌਰਾਨ ਨੌਜਵਾਨਾਂ ਨੂੰ ਬਿਨਾਂ ਕਿਸੇ ਪੱਖਪਾਤ ਅਤੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ 70,862 ਸਰਕਾਰੀ ਨੌਕਰੀਆਂ ਦੇ ਕੇ ਸੂਬੇ ਵਿੱਚ ਪਾਰਦਰਸ਼ੀ ਭਰਤੀ ਪ੍ਰਣਾਲੀ ਦੀ ਨਵੀਂ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਫ਼ਾਰਸ਼ ਅਤੇ ਭ੍ਰਿਸ਼ਟਾਚਾਰ ਦੇ ਪੁਰਾਣੇ ਸੱਭਿਆਚਾਰ ਨੂੰ ਖ਼ਤਮ ਕਰਕੇ ਯੋਗਤਾ ਅਤੇ ਬਰਾਬਰ ਮੌਕਿਆਂ ਨੂੰ ਪਹਿਲ ਦਿੱਤੀ ਹੈ, ਜਿਸ ਸਦਕਾ ਆਮ ਪਰਿਵਾਰਾਂ ਦੇ ਹੋਣਹਾਰ ਨੌਜਵਾਨ ਵੀ ਸਰਕਾਰੀ ਨੌਕਰੀਆਂ ਹਾਸਲ ਕਰ ਰਹੇ ਹਨ। ਬਰਾੜ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਇਤਿਹਾਸਕ ਸੁਧਾਰਾਂ ਦੇ ਨਤੀਜੇ ਹੁਣ ਸਾਹਮਣੇ ਆ ਰਹੇ ਹਨ। ਸਾਲ 2022 ਵਿੱਚ ਜਦੋਂ ਮੌਜੂਦਾ ਸਰਕਾਰ ਨੇ ਸੱਤਾ ਸੰਭਾਲੀ ਸੀ, ਉਸ ਸਮੇਂ ਸਿੱਖਿਆ ਦੇ ਖੇਤਰ ਵਿੱਚ ਪੰਜਾਬ 27ਵੇਂ ਸਥਾਨ 'ਤੇ ਸੀ, ਜਦਕਿ ਕੇਂਦਰ ਸਰਕਾਰ ਵੱਲੋਂ ਕਰਵਾਏ ਗਏ ਹਾਲੀਆ ਮੁਲਾਂਕਣ ਅਨੁਸਾਰ ਪੰਜਾਬ ਨੇ ਪ੍ਰਾਇਮਰੀ ਸਿੱਖਿਆ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਇਹ ਪ੍ਰਾਪਤੀ ਸਰਕਾਰ ਵੱਲੋਂ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਪ੍ਰਮਾਣ ਹੈ। ਬਰਾੜ ਨੇ ਦੱਸਿਆ ਕਿ ਅਧਿਆਪਕਾਂ ਦੇ ਪੜ੍ਹਾਉਣ ਦੇ ਹੁਨਰ ਨੂੰ ਹੋਰ ਨਿਖਾਰਨ ਅਤੇ ਉਨ੍ਹਾਂ ਨੂੰ ਆਧੁਨਿਕ ਵਿਦਿਅਕ ਤਕਨੀਕਾਂ ਨਾਲ ਜੋੜਨ ਲਈ ਫਿਨਲੈਂਡ, ਸਿੰਗਾਪੁਰ ਅਤੇ ਆਈ.ਆਈ.ਐੱਮ. ਵਰਗੀਆਂ ਨਾਮਵਰ ਸੰਸਥਾਵਾਂ ਵਿੱਚ ਸਿਖਲਾਈ ਲਈ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਨੀਟ ਵਰਗੀਆਂ ਵੱਕਾਰੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨਾ ਸਿੱਖਿਆ ਦੇ ਖੇਤਰ ਵਿੱਚ ਆਈ ਤਬਦੀਲੀ ਦੀ ਮੂੰਹ ਬੋਲਦੀ ਤਸਵੀਰ ਹੈ। ਇਹ ਮਾਣ ਵਾਲੀ ਗੱਲ ਹੈ ਕਿ ਅੱਜ ਰਿਕਸ਼ਾ ਚਾਲਕਾਂ, ਛੋਟੇ ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਲਗਾਉਣ ਵਾਲੇ ਪਰਵਾਰਾਂ ਦੇ ਬੱਚੇ ਵੀ ਡਾਕਟਰ ਅਤੇ ਇੰਜੀਨੀਅਰ ਬਣਨ ਦੇ ਆਪਣੇ ਸੁਪਨੇ ਸਾਕਾਰ ਕਰ ਰਹੇ ਹਨ। ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਫ਼ਤ ਬਿਜਲੀ ਯੋਜਨਾ ਦਾ ਲਾਭ ਸੂਬੇ ਦੇ ਲਗਭਗ 90 ਫ਼ੀਸਦੀ ਘਰਾਂ ਨੂੰ ਮਿਲ ਰਿਹਾ ਹੈ। ਸਰਕਾਰ ਦਾ ਉਦੇਸ਼ ਸਰਕਾਰੀ ਖ਼ਜ਼ਾਨੇ ਦੀ ਵਰਤੋਂ ਸਿਆਸੀ ਰਸੂਖਦਾਰਾਂ ਦੀ ਬਜਾਏ ਆਮ ਲੋਕਾਂ ਦੀ ਭਲਾਈ ਲਈ ਕਰਨਾ ਹੈ। ਸਿਹਤ ਸੇਵਾਵਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ ਲਗਭਗ 54 ਲੱਖ ਪਰਵਾਰਾਂ ਦੇ ਸਿਹਤ ਕਾਰਡ ਬਣਾਏ ਜਾ ਚੁੱਕੇ ਹਨ। ਉਨ੍ਹਾਂ ਯੋਗ ਪਰਵਾਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਅਜੇ ਤੱਕ ਆਪਣੇ ਸਿਹਤ ਕਾਰਡ ਨਹੀਂ ਬਣਵਾਏ, ਉਹ ਜਲਦ ਤੋਂ ਜਲਦ ਇਸ ਯੋਜਨਾ ਅਧੀਨ ਰਜਿਸਟ੍ਰੇਸ਼ਨ ਕਰਵਾਉਣ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਰੱਗ ਹੌਟਸਪੌਟ ਇਲਾਕਿਆਂ 'ਚ ਖੇਡ ਮੁਕਾਬਲੇ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)** - ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੇ ਡਰੱਗ ਹੌਟਸਪੌਟ ਇਲਾਕਿਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਖੇਡ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਇਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਨਾਖ਼ਤ ਕੀਤੇ ਗਏ 56 ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਖੇਡ ਵਿਭਾਗ ਵੱਲੋਂ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ।ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 27 ਅਕਤੂਬਰ ਤੋਂ 14 ਨਵੰਬਰ 2026 ਤੱਕ ਹਰ ਹਫ਼ਤੇ ਦੋ ਪਿੰਡਾਂ ਅਤੇ ਇਲਾਕਿਆਂ ਵਿੱਚ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ।ਇਸੇ ਲੜੀ ਤਹਿਤ ਛੇਹਰਟਾ ਦੇ ਡਰੱਗ ਹੌਟਸਪੌਟ ਇਲਾਕੇ ਗਵਾਲ ਮੰਡੀ ਵਿਖੇ ਛੋਟੇ ਬੱਚਿਆਂ ਦਾ ਕਬੱਡੀ ਸ਼ੋਅ ਮੈਚ ਕਰਵਾਇਆ ਗਿਆ। ਇਸ ਮੌਕੇ ਡੀ.ਐਸ.ਪੀ. ਛੇਹਰਟਾ ਸ੍ਰੀ ਇੰਦਰਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਖੇਡਾਂ ਨਾਲ ਜੁੜੇ ਰਹਿਣ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਖਿਡਾਰੀਆਂ ਅਤੇ ਮੈਚ ਦੇਖਣ ਆਏ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਵੀ ਸਹਾਇਕ ਸਿੱਧ ਹੁੰਦੀਆਂ ਹਨ।ਇਸ ਮੌਕੇ ਖੇਡ ਵਿਭਾਗ ਵੱਲੋਂ ਜਸਪ੍ਰੀਤ ਸਿੰਘ, ਫਿਜ਼ੀਕਲ ਟਰੇਨਰ ਅਤੇ ਮਨਜੀਤ ਸਿੰਘ, ਫੁੱਟਬਾਲ ਕੋਚ ਵੀ ਹਾਜ਼ਰ ਸਨ।



# ਜਵਾਹਰ ਨਵੋਦਿਆ ਵਿਦਿਆਲਿਆ ਦਾਖਲਾ ਪ੍ਰੀਖਿਆ 28 ਨੂੰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੀ ਐਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਅਵਾਣ (ਰਮਦਾਸ) ਵਿਖੇ ਜਮਾਤ ਛੇਵੀਂ ਦੇ ਅਕਾਦਮਿਕ ਸੈਸ਼ਨ 2027-28 ਵਿੱਚ ਦਾਖਲੇ ਲਈ ਜਵਾਹਰ ਨਵੋਦਿਆ ਵਿਦਿਆਲਿਆ ਚੋਣ ਪ੍ਰੀਖਿਆ 28 ਨਵੰਬਰ ਨੂੰ ਕਰਵਾਈ ਜਾਵੇਗੀ। ਇਹ ਪ੍ਰੀਖਿਆ ਜ਼ਿਲ੍ਹਾ ਅੰਮ੍ਰਿਤਸਰ ਦੇ ਬਲਾਕ ਅਜਨਾਲਾ, ਮਜੀਠਾ, ਰਈਆ ਅਤੇ ਤਰਸਿੱਕਾ ਵਿੱਚ ਬਣਾਏ ਗਏ ਨੌਂ ਪ੍ਰੀਖਿਆ ਕੇਂਦਰਾਂ ਵਿਖੇ ਹੋਵੇਗੀ। ਇਸ ਸਬੰਧੀਸਕੂਲ ਦੇ ਪ੍ਰਿੰਸੀਪਲ ਡਾ. ਹੇਮ ਰਾਜ ਸਿੰਘ ਨੇ ਦੱਸਿਆ ਕਿ ਪ੍ਰੀਖਿਆ ਲਈ ਆਨਲਾਈਨ ਅਰਜ਼ੀਆਂ ਭਰਨ ਵਾਲੇ ਵਿਦਿਆਰਥੀਆਂ ਦੇ ਐਡਮਿਟ ਕਾਰਡ ਅਤੇ ਰੋਲ ਨੰਬਰ ਸਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਬੀਪੀਈਓ) ਦਫ਼ਤਰਾਂ ਵਿੱਚ ਭੇਜ ਦਿੱਤੇ ਗਏ ਹਨ। ਉਮੀਦਵਾਰ ਆਪਣੇ ਸਬੰਧਤ ਬੀਪੀਈਓ ਦਫ਼ਤਰ ਤੋਂ ਐਡਮਿਟ ਕਾਰਡ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਜਵਾਹਰ ਨਵੋਦਿਆ ਵਿਦਿਆਲਿਆ ਦੀ ਅਧਿਕਾਰਤ ਵੈੱਬਸਾਈਟ ਤੋਂ ਵੀ ਐਡਮਿਟ ਕਾਰਡ ਡਾਊਨਲੋਡ ਕੀਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵਿਦਿਆਰਥੀਆਂ ਨੂੰ ਅਜੇ ਤੱਕ ਆਪਣਾ ਰੋਲ ਨੰਬਰ ਜਾਂ ਐਡਮਿਟ ਕਾਰਡ ਪ੍ਰਾਪਤ ਨਹੀਂ ਹੋਇਆ, ਉਹ ਪੀਐਮ ਸ੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਅਵਾਣ (ਰਮਦਾਸ) ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।



# ਅਕਾਲੀ ਦਲ (ਬ) ਦੇ ਡਾ. ਰਵੀ ਮੋਹਨ 'ਆਪ' 'ਚ ਸ਼ਾਮਲ



**ਵੇਰਕਾ (ਰਾਣਾ)** ਸ਼੍ਰੋਮਣੀ ਅਕਾਲੀ ਦਲ (ਬ) ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਹਲਕਾ ਇੰਚਾਰਜ ਡਾ. ਰਵੀ ਮੋਹਨ (ਨੰਗਲੀ) ਨੇ ਅਕਾਲੀ ਦਲ ਬਾਦਲ ਪਾਰਟੀ ਨੂੰ ਅਲਵਿਦਾ ਆਖਦੇ ਹੋਏ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ।ਇਸ ਮੌਕੇ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਵੱਲੋਂ ਡਾ. ਰਵੀ ਮੋਹਨ ਨੂੰ ਸਥਿਤ ਆਪਣੀ ਰਿਹਾਇਸ਼ ਚੰਡੀਗੜ੍ਹ ਵਿਖੇ ਸਿਰਪਾਓ ਦਿੰਦੇ ਹੋਏ ਆਮ ਆਦਮੀ ਪਾਰਟੀ ਵਿੱਚ ਜੀ ਆਇਆ ਨੂੰ ਆਖਿਆ।ਇੱਥੇ ਦੱਸਣਯੋਗ ਹੈ ਕਿ ਰਵੀ ਮੋਹਨ ਨੰਗਲੀ ਭੱਠਾ ਅੰਮ੍ਰਿਤਸਰ ਤੋਂ ਸਰਪੰਚ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਵੀ ਰਹੇ ਹਨ।


# ਨਮਨ ਸੈਣੀ ਨੇ ਕਰਾਟੇ ਚੈਂਪੀਅਨਸ਼ਿਪ 'ਚ ਸੋਨ ਤਗਮਾ ਜਿੱਤਿਆ

**ਗੁਰਦਾਸਪੁਰ, (ਦਿਨੇਸ਼ ਕੁਮਾਰ)** ਟੀ.ਸੀ. ਇੰਟਰਨੈਸ਼ਨਲ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ ਦੇ ਛੇਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਨਮਨ ਸੈਣੀ ਨੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਨਮਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੁਰਦਾਸਪੁਰ 'ਚ ਹੋਈ ਦੂਜੀ ਆਲ ਇੰਡੀਆ ਓਪਨ ਕਰਾਟੇ ਚੈਂਪੀਅਨਸ਼ਿਪ 2026 'ਚ ਅੰਡਰ-12 ਵਰਗ ਦੇ ਕੁਮਿੱਟ ਮੁਕਾਬਲੇ 'ਚ ਸੋਨ ਤਮਗਾ ਜਿੱਤਿਆ।ਨਮਨ ਦੀ ਇਸ ਪ੍ਰਾਪਤੀ ਨੇ ਸਕੂਲ, ਉਸ ਦੇ ਮਾਤਾ-ਪਿਤਾ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਨਮਨ ਅਤੇ ਉਸਦੇ ਮਾਤਾ-ਪਿਤਾ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਉਸਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।



# ਆਲ ਸੇਂਟਸ ਕਾਨਵੈਂਟ ਸਕੂਲ ਵਿਖੇ ਸਾਲਾਨਾ ਖੇਡ ਸਮਾਰੋਹ ਕਰਵਾਇਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)** ਆਲ ਸੇਂਟਸ ਕਾਨਵੈਂਟ ਸਕੂਲ ਵਿਖੇ ਬੱਚਿਆਂ ਦੀਆਂ ਸਾਲਾਨਾ ਖੇਡਾਂ ਐਨੂਅਲ ਸਪੋਰਟਸ ਮੀਟ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਖੇਡ ਸਮਾਰੋਹ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ।ਇਸ ਮੌਕੇ ਅਜਨਾਲਾ ਦੇ ਐਸ ਐਚ ਓ ਨਰਿੰਦਰ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਫਾਦਰ ਤੋਰੁਤੀ ਐਂਥੋਨੀ ਜੀ ਵੱਲੋਂ ਐਸ.ਐਚ.ਓ. ਨਰਿੰਦਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਸਮੁੱਚੇ ਤੌਰ 'ਤੇ ਆਲ ਸੇਂਟਸ ਕਾਨਵੈਂਟ ਸਕੂਲ ਦਾ ਇਹ ਸਾਲਾਨਾ ਖੇਡ ਸਮਾਰੋਹ ਬੱਚਿਆਂ ਲਈ ਉਤਸ਼ਾਹ, ਖੁਸ਼ੀ ਅਤੇ ਆਪਣੀ ਪ੍ਰਤਿਭਾ ਦਿਖਾਉਣ ਦਾ ਯਾਦਗਾਰੀ ਮੌਕਾ ਬਣਿਆ।



# ਜ਼ਿਲ੍ਹਾ ਨੋਡਲ ਅ.ਫਸਰ ਸਵੀਪ ਵੱਲੋਂ ਹਲਕਾ ਸਵੀਪ ਨੋਡਲ ਅ.ਫਸਰਾਂ ਨਾਲ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਨੋਡਲ ਅਫ਼ਸਰ ਸਵੀਪ-ਕਮ-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਵਲੋਂ ਜ਼ਿਲ੍ਹਾ ਸਵੀਪ ਟੀਮ ਗੁਰਦਾਸਪੁਰ ਅਤੇ ਸਮੂਹ ਚੋਣ ਵਿਧਾਨ ਸਭਾ ਹਲਕੇ ਦੇ ਨੋਡਲ ਅਫ਼ਸਰ ਸਵੀਪ ਨਾਲ ਅਹਿਮ ਮੀਟਿੰਗ ਕਰਕੇ ਸਕੂਲਾਂ/ਕਾਲਜਾਂ ਵਿੱਚ ਕਰਵਾਈਆਂ ਜਾਣ ਵਾਲੀਆਂ ਸਵੀਪ ਗਤੀਵਿਧੀਆਂ ਬਾਰੇ ਯੋਜਨਾਬੰਦੀ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਰਾਕੇਸ਼ ਕੁਮਾਰ ਸ਼ਰਮਾ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਕੂਲਾਂ/ਕਾਲਜਾਂ ਵਿੱਚ ਵੋਟਰ ਜਾਗਰੂਕਤਾ ਫੈਲਾਉਣ ਲਈ ਬਲਾਕ ਨੋਡਲ ਸਵੀਪ ਅਫਸਰ ਵਲੋਂ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਦੀ ਸਾਰਣੀ ਬਣਾ ਕੇ ਸਕੂਲਾਂ/ਕਾਲਜਾਂ ਵਿਚ ਗਤੀਵਿਧੀਆਂ ਕਰਵਾਉਣ ਅਤੇ ਇਹ ਦੀ ਹਫਤਾਵਾਰੀ ਰਿਪੋਰਟ ਤਿਆਰ ਕਰਕੇ ਜ਼ਿਲ੍ਹਾ ਸਵੀਪ ਟੀਮ ਨੂੰ ਭੇਜੀ ਜਾਵੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਨਾਲ 18 ਸਾਲ ਤੋਂ ਵੱਧ ਉਮਰ ਵਾਲੇ ਵਿਦਿਆਰਥੀਆਂ ਦੀ ਸੂਚੀ ਤਿਆਰ ਕੀਤੀ ਜਾਵੇ। ਉਨ੍ਹਾਂ ਜਾਣਕਾਰੀ ਦਿੱਤੀ ਕਿ ਆਉਣ ਵਾਲੇ ਸਮੇਂ ਵਿੱਚ ਘੱਟ ਵੋਟਿੰਗ ਵਾਲੇ ਬੂਥ ਸਵੀਪ ਟੀਮ ਵਲੋਂ ਵਿਜ਼ਟ ਕਰਕੇ ਵੋਟਰਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਸਹਾਇਕ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਡਾਕਟਰ ਪਰਮਜੀਤ ਸਿੰਘ ਕਲਸੀ (ਨੈਸ਼ਨਲ ਐਵਾਰਡੀ), ਜ਼ਿਲ੍ਹਾ ਸ਼ੋਸ਼ਲ ਮੀਡੀਆ ਇੰਚਾਰਜ ਸਵੀਪ ਗਗਨਦੀਪ ਸਿੰਘ, ਕੰਪਿਊਟਰ ਫੈਕੇਲਟੀ ਗਗਨਦੀਪ ਸਿੰਘ, ਮੈਡਮ ਗੀਤਿਕਾ ਗੋਸਵਾਮੀ, ਨੋਡਲ ਅਫਸਰ ਜਸਕਰਨਜੀਤ ਸਿੰਘ, ਮੈਡਮ ਰਜਨੀ, ਮੈਡਮ ਸੁਨੀਤਾ ਕੋਸ਼ਲ, ਮੈਡਮ ਤਜਿੰਦਰ ਕੌਰ, ਮੈਡਮ ਨੀਨਾ ਅਤੇ ਮੈਡਮ ਰੁਪਿੰਦਰਜੀਤ ਧਾਲੀਵਾਲ ਹਾਜ਼ਰ ਸਨ।



# ਟੈਕਨੀਕਲ ਸਰਵਿਸਿਜ਼ ਯੂਨੀਅਨ ਸਬ-ਅਰਬਨ ਸਰਕਲ ਅੰਮ੍ਰਿਤਸਰ ਕਮੇਟੀ ਦੀ ਸਰਬਸੰਮਤੀ ਨਾਲ ਚੋਣ

**ਮਜੀਠਾ (ਸੋਇਮ ਆਨੰਦ)** ਸੂਬਾ ਕਮੇਟੀ ਵੱਲੋਂ ਜਾਰੀ ਚੋਣ ਨੋਟੀਫਿਕੇਸ਼ਨ ਅਨੁਸਾਰ ਟੈਕਨੀਕਲ ਸਰਵਿਸ ਯੂਨੀਅਨ ਸਬਅਰਬਨ ਸਰਕਲ ਅੰਮ੍ਰਿਤਸਰ ਦੀ ਨਵੀਂ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਹ ਚੋਣ ਅਜਲਾਸ ਬਿਜਲੀ ਦਫ਼ਤਰ ਮਜੀਠਾ ਵਿਖੇ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਦੀ ਪ੍ਰਧਾਨਗੀ ਹੇਠ ਹੋਇਆ। ਚੋਣ ਅਜਲਾਸ ਵਿੱਚ ਸਬਅਰਬਨ ਸਰਕਲ ਅੰਮ੍ਰਿਤਸਰ ਅਧੀਨ ਆਉਂਦੇ ਵੱਖ-ਵੱਖ ਮੰਡਲਾਂ ਅਤੇ ਉੱਪ ਮੰਡਲਾਂ ਦੇ ਡੈਲੀਗੇਟਾਂ ਅਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਅਜਲਾਸ ਦੀ ਸ਼ੁਰੂਆਤ ਵਿੱਚ ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ ਨੇ ਪਿਛਲੇ ਅਰਸੇ ਦੌਰਾਨ ਜੱਥੇਬੰਦੀ ਵੱਲੋਂ ਕੀਤੇ ਗਏ ਸੰਘਰਸ਼ਾਂ ਅਤੇ ਸਰਗਰਮੀਆਂ ਦਾ ਵੇਰਵਾ ਦਿੰਦਿਆਂ ਲਿਖਤੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ।ਉਸ ਤੋਂ ਬਾਅਦ ਸਰਕਲ ਖਜ਼ਾਨਚੀ ਕੁੰਦਨ ਲਾਲ ਹਰੀਆਂ ਵੱਲੋਂ ਫੰਡਾਂ ਸੰਬੰਧੀ ਵਿੱਤ ਰਿਪੋਰਟ ਪੇਸ਼ ਕੀਤੀ ਗਈ।ਇਸ ਚੋਣ ਅਜਲਾਸ ਦੀ ਨਿਗਰਾਨੀ ਲਈ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ ਅਤੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਨਿਗਰਾਨ ਕਮੇਟੀ ਵਜੋਂ ਜ਼ਿੰਮੇਵਾਰੀ ਨਿਭਾਈ।ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦੇ ਸਰਕਲ ਆਗੂ ਰਾਮ ਲੁਭਾਇਆ ਅਤੇ ਮਹਿੰਦਰ ਸਿੰਘ ਖੈਰਿਹਾ ਵੀ ਭਰਾਤਰੀ ਤੌਰ 'ਤੇ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਨਵੀਂ ਚੁਣੀ ਜਾਣ ਵਾਲੀ ਕਮੇਟੀ ਨੂੰ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ।ਨਵੀਂ ਚੁਣੀ ਗਈ ਕਮੇਟੀ ਵਿੱਚ ਪ੍ਰਧਾਨ ਵਜੋਂ ਮਲਕੀਅਤ ਸਿੰਘ ਸੈਂਸਰਾ, ਮੀਤ ਪ੍ਰਧਾਨ ਵਜੋਂ ਬਲਜੀਤ ਸਿੰਘ ਚਿਤੌੜਗੜ੍ਹ, ਸਕੱਤਰ ਵਜੋਂ ਸੁਖਪਾਲ ਸਿੰਘ ਮਜੀਠਾ, ਸਹਾਇਕ ਸਕੱਤਰ ਵਜੋਂ ਰਘਬੀਰ ਸਿੰਘ ਮਜੀਠਾ ਅਤੇ ਖਜ਼ਾਨਚੀ ਵਜੋਂ ਕੁੰਦਨ ਲਾਲ ਹਰੀਆਂ ਨੂੰ ਚੁਣਿਆ ਗਿਆ। ਨਵੀਂ ਚੁਣੀ ਕਮੇਟੀ ਨੇ ਅਜਲਾਸ ਵਿੱਚ ਹਾਜ਼ਰ ਸਾਰੇ ਮੈਂਬਰਾਂ ਅਤੇ ਡੈਲੀਗੇਟਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਟੀ.ਐਸ.ਯੂ. ਦੀਆਂ ਨੀਤੀਆਂ ਨੂੰ ਲਾਗੂ ਕਰਨ ਅਤੇ ਜੱਥੇਬੰਦੀ ਦੀ ਮਜ਼ਬੂਤੀ ਲਈ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਅਜਲਾਸ ਜੱਥੇਬੰਦੀ ਦੀ ਮਜ਼ਬੂਤੀ ਅਤੇ ਮੁਲਾਜ਼ਮ ਮੰਗਾਂ ਸੰਬੰਧੀ ਨਾਅਰੇਬਾਜ਼ੀ ਨਾਲ ਸਫਲਤਾਪੂਰਵਕ ਸੰਪੰਨ ਹੋਇਆ।

# ਐੱਨ ਸੀ ਸੀ ਨੇ ਰਾਸ਼ਟਰੀ ਪ੍ਰਦੂਸ਼ਣ ਕੰਟਰੋਲ ਦਿਵਸ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਏਅਰ ਸਕੁਐਡਰਨ ਐਨ.ਸੀ.ਸੀ., ਅੰਮ੍ਰਿਤਸਰ ਵੱਲੋਂ ਡੀ.ਏ.ਵੀ. ਸਕੂਲ ਵਿਖੇ ਰਾਸ਼ਟਰੀ ਪ੍ਰਦੂਸ਼ਣ ਕੰਟਰੋਲ ਦਿਵਸ ਦੇ ਮੌਕੇ 'ਤੇ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਐਨ.ਸੀ.ਸੀ. ਕੈਡਿਟਾਂ ਨੂੰ ਵਾਤਾਵਰਣ ਦੀ ਸੁਰੱਖਿਆ ਅਤੇ ਪ੍ਰਦੂਸ਼ਣ ਦੀ ਰੋਕਥਾਮ ਪ੍ਰਤੀ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੌਰਾਨ ਐਨ.ਸੀ.ਸੀ. ਕੈਡਿਟਾਂ ਨੇ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਉਨ੍ਹਾਂ ਨੂੰ ਹਵਾ, ਪਾਣੀ, ਮਿੱਟੀ ਅਤੇ ਧੁਨੀ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ, ਪਲਾਸਟਿਕ ਦੀ ਵਰਤੋਂ ਘਟਾਉਣ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨ, ਸਫ਼ਾਈ ਬਣਾਈ ਰੱਖਣ ਅਤੇ ਵਾਤਾਵਰਣ ਅਨੁਕੂਲ ਜੀਵਨ ਸ਼ੈਲੀ ਅਪਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਇਸ ਮੌਕੇ ਕੈਡਿਟਾਂ ਨੇ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਅਤੇ ਸਮਾਜ ਵਿੱਚ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਜਾਗਰੂਕਤਾ ਫੈਲਾਉਣ ਦਾ ਸੰਕਲਪ ਲਿਆ। ਇਸ ਪ੍ਰੋਗਰਾਮ ਰਾਹੀਂ 02 ਪੰਜਾਬ ਏਅਰ ਸਕੁਐਡਰਨ ਐਨ.ਸੀ.ਸੀ., ਅੰਮ੍ਰਿਤਸਰ ਨੇ ਐਨ.ਸੀ.ਸੀ. ਦੇ ਆਦਰਸ਼ ਵਾਕ "ਏਕਤਾ ਅਤੇ ਅਨੁਸ਼ਾਸਨ" ਦੇ ਅਨੁਸਾਰ ਜ਼ਿੰਮੇਵਾਰ, ਜਾਗਰੂਕ ਅਤੇ ਵਾਤਾਵਰਣ ਪ੍ਰਤੀ ਸੰਵੇਦਨਸ਼ੀਲ ਨਾਗਰਿਕਾਂ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਦਰਸਾਇਆ। ਪ੍ਰੋਗਰਾਮ ਦੀ ਸਮਾਪਤੀ ਸਾਰੇ ਨਾਗਰਿਕਾਂ ਨੂੰ ਸਾਫ਼-ਸੁਥਰੇ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਭਾਰਤ ਬਣਾਉਣ ਲਈ ਮਿਲ ਕੇ ਯਤਨ ਕਰਨ ਦੀ ਅਪੀਲ ਨਾਲ ਹੋਈ।

# ਦੁਕਾਨ ਦੇ ਬਾਹਰੋਂ ਮੋਟਰਸਾਈਕਲ ਚੋਰੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ )**- ਇੱਥੋਂ ਨਜ਼ਦੀਕ ਪਿੰਡ ਨੰਗਲੀ ਦੇ ਵਸਨੀਕ ਸਨਬੀਤ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਠਾਕੁਰ ਦੀ ਸਟੇਟ ਕਲੋਨੀ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ ਪੈਸ਼ਨ ਪਰੋ ਨੰਬਰ DL9S 18 0412 'ਤੇ ਸਵਾਰ ਹੋ ਕੇ ਰਣਜੀਤ ਐਵਨਿਊ ਵਿਖੇ ਆਪਣੇ ਕਿਸੇ ਕੰਮ ਲਈ ਗਿਆ ਸੀ ਅਤੇ ਆਪਣਾ ਮੋਟਰਸਾਈਕਲ ਇੱਕ ਦੁਕਾਨ ਦੇ ਬਾਹਰ ਖੜ੍ਹਾ ਕੀਤਾ ਅਤੇ ਕੰਮ ਨਿਪਟਾਉਣ ਲਈ ਚਲਾ ਗਿਆ ਪਰ ਜਦੋਂ ਉਹ ਕੁਝ ਸਮੇਂ ਬਾਅਦ ਵਾਪਸ ਆਇਆ ਤਾਂ ਮੌਕੇ ਤੋਂ ਉਸ ਦਾ ਮੋਟਰਸਾਈਕਲ ਗਾਇਬ ਸੀ।ਉਸ ਨੇ ਆਲੇ-ਦੁਆਲੇ ਕਾਫ਼ੀ ਭਾਲ ਕੀਤੀ ਅਤੇ ਲੋਕਾਂ ਤੋਂ ਵੀ ਪੁੱਛਗਿੱਛ ਕੀਤੀ, ਪਰ ਮੋਟਰਸਾਈਕਲ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ। ਸਨਬੀਤ ਸਿੰਘ ਨੇ ਅੱਗੇ ਦੱਸਿਆ ਕਿ ਉਕਤ ਮੋਟਰਸਾਈਕਲ ਉਸ ਦੀ ਮਾਤਾ ਲਖਵਿੰਦਰ ਕੌਰ ਦੇ ਨਾਂਅ 'ਤੇ ਰਜਿਸਟਰਡ ਸੀ।ਮੋਟਰਸਾਈਕਲ ਚੋਰੀ ਹੋਣ ਤੋਂ ਬਾਅਦ ਉਸ ਵੱਲੋਂ ਇਸ ਸਬੰਧੀ ਰਣਜੀਤ ਐਵਨਿਊ ਪੁਲਸ ਥਾਣਾ ਅੰਮ੍ਰਿਤਸਰ ਵਿਖੇ ਰਿਪੋਰਟ ਦਰਜ ਕਰਵਾ ਦਿੱਤੀ ਗਈ ਹੈ।ਉਸ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰੀ ਹੋਏ ਮੋਟਰਸਾਈਕਲ ਦੀ ਭਾਲ ਕਰਕੇ ਉਸ ਨੂੰ ਜਲਦ ਤੋਂ ਜਲਦ ਬਰਾਮਦ ਕਰਵਾਇਆ ਜਾਵੇ ਅਤੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਅਣਪਛਾਤੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜ਼ਿਕਰ ਯੋਗ ਹੈ ਕਿ ਸ਼ਹਿਰ ਵਿੱਚ ਵਾਹਨ ਚੋਰੀ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ।



# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਪੰਜਾਬ ਪੱਧਰੀ ਕਰਾਟੇ ਚੈਂਪੀਅਨਸ਼ਿਪ 'ਚ ਜਿੱਤੇ 31 ਤਗਮੇ




**ਗੋਇੰਦਵਾਲ ਸਾਹਿਬ ( ਕਾਬਲ ਸਿੰਘ ਮੱਲੀ)** ਬੀਤੇ ਦਿਨੀਂ ਪੰਜਾਬ ਰਾਜ ਕਰਾਟੇ ਚੈਂਪੀਅਨਸ਼ਿਪ ਸੂਦ ਭਵਨ, ਹੁਸ਼ਿਆਰਪੁਰ ਵਿਖੇ ਸੀਸ਼ਿਨਕਾਈ ਸ਼ਿਤੋ-ਰਿਊ ਕਰਾਟੇ-ਡੋ ਐਸੋਸੀਏਸ਼ਨ, ਹੁਸ਼ਿਆਰਪੁਰ ਵੱਲੋਂ ਕਰਵਾਈ ਗਈ। ਜਿਸ ਵਿੱਚ 40 ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਕਰਾਟੇ ਚੈਂਪੀਅਨਸ਼ਿਪ ਦਾ ਮਕਸਦ ਵਿਦਿਆਰਥੀਆਂ ਨੂੰ ਸਵੈ-ਰੱਖਿਆ ਦੇ ਕਾਬਲ ਬਣਾ ਕੇ ਉਨ੍ਹਾਂ ਨੂੰ ਸਰੀਰਕ ਅਤੇ ਮਾਨਸਿਕ ਪੱਖੋਂ ਮਜ਼ਬੂਤ ਬਣਾਉਣਾ ਸੀ।ਇੱਥੇ ਜ਼ਿਕਰਯੋਗ ਹੈ ਕਿ ਇਸ ਮੌਕੇ ਵਰਲਡ ਕਰਾਟੇ ਅਲੈਕਜ਼ੈਂਡਰ ਸਟੋਲਰੋਵਜ਼ ਉਚੇਚੇ ਤੌਰ 'ਤੇ ਇਸ ਚੈਂਪੀਅਨਸ਼ਿਪ ਵਿੱਚ ਆਏ।

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਕੋਚ ਗੁਰਪ੍ਰੀਤ ਰੋਜ਼ੀ ਦੀ ਯੋਗ ਅਗਵਾਈ ਸਦਕਾ 2 ਸੋਨੇ ਦੇ ਤਗਮੇ, 7 ਚਾਂਦੀ ਦੇ ਤਗਮੇ ਅਤੇ 22 ਕਾਂਸੇ ਦੇ ਤਗਮੇ ਜਿੱਤ ਕੇ ਆਪਣੇ ਸਕੂਲ ਦਾ ਨਾਂਅ ਬੁਲੰਦੀਆਂ 'ਤੇ ਪਹੁੰਚਾਇਆ।ਇਸ ਮੌਕੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮਨੀਸ਼ਾ ਸੂਦ ਨੇ ਦੱਸਿਆ ਇਹ ਜੇਤੂ ਵਿਦਿਆਰਥੀ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ ਜੋ ਕਿ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਇਸ ਮੌਕੇ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਅਗਲੇ ਮੁਕਾਬਲੇ ਲਈ ਮਿਹਨਤ ਕਰਕੇ ਸਫ਼ਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਸ਼ੈਰੀ ਕਲਸੀ ਦੀ ਅਗਵਾਈ ਹੇਠ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਬਟਾਲਾ ਤੋਂ ਮਥੁਰਾ ਤੇ ਵ੍ਰਿੰਦਾਵਨ ਲਈ ਬੱਸ ਰਵਾਨਾ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਸ਼ਰਧਾਲੂਆਂ ਨੂੰ ਵੱਖ ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਜਿਸ ਦੇ ਚੱਲਦਿਆਂ ਵਾਰਡ ਨੰਬਰ 41 ਤੋਂ ਮਥੁਰਾ ਅਤੇ ਵ੍ਰਿੰਦਾਵਨ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਮੇਅਰ ਨਗਰ ਨਿਗਮ ਬਟਾਲਾ ਭੁਪਿੰਦਰ ਸਿੰਘ ਬਾਜਵਾ, ਸੀਨੀਅਰ ਆਗੂ ਸੁਭਾਸ਼ ਮਹਿਤਾ ਅਤੇ ਚੇਅਰਮੈਨ ਮਾਨਿਕ ਮਹਿਤਾ ਵਲੋਂ ਸ਼ਰਧਾਲੂਆਂ ਨੂੰ ਮਿਲ ਕੇ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਤੀਰਥ ਯਾਤਰਾ ਸਕੀਮ ਵਿੱਚ ਵਿਸਥਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਪਹਿਲੀ ਅਗਸਤ ਤੋਂ ਤਿੰਨ ਹੋਰ ਰੂਟ ਸ਼ੁਰੂ ਕੀਤੇ ਗਏ ਹਨ। ਖਾਟੂ ਸ਼ਿਆਮ ਜੀ ਅਤੇ ਸਾਲਾਸਰ ਜੀ , ਹਰਿਦੁਆਰ ਅਤੇ ਰਿਸੀਕੇਸ਼ ਲਈ ਅਤੇ ਮਥੁਰਾ ਅਤੇ ਵ੍ਰਿੰਦਾਵਨ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।

ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਅਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ।



# ਰੇਹੜੀਆਂ ਤੇ ਫੇਰੀ ਵਾਲਿਆਂ ਦੇ ਲਾਊਡ ਸਪੀਕਰਾਂ ਤੋਂ ਲੋਕ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਰੇਹੜੀਆਂ ਅਤੇ ਫੇਰੀ ਵਾਲਿਆਂ ਦੁਆਰਾ ਉਚੀ ਉਚੀ ਆਵਾਜ਼ਾਂ ਵਿਚ ਸਮਾਨ ਵੇਚਣ ਲਈ ਲਗਾਏ ਲਾਊਡ ਸਪੀਕਰਾਂ ਦੀਆਂ ਆਵਾਜਾਂ ਤੋਂ ਲੋਕ ਡਾਢੇ ਪ੍ਰੇਸ਼ਾਨ ਨਜ਼ਰ ਆ ਰਹੇ ਹਨ ਕਿਉਂ ਜੋ ਇਨ੍ਹਾਂ ਦੀਆਂ ਆਵਾਜ਼ਾਂ ਨਾਲ ਬੱਚੇ, ਬਜ਼ੁਰਗ ਕਾਫ਼ੀ ਦੁਖੀ ਹੋਏ ਪਏ। ਜ਼ਿਆਦਾਤਰ ਲਾਇਬ੍ਰੇਰੀ ਚੌਕ ਤੋਂ ਲੈ ਕੇ ਹਨੂੰਮਾਨ ਚੌਕ ਵਿਚਕਾਰ ਪੈਂਦੇ ਬਾਟਾ ਸ਼ੋਅ ਰੂਮ ਨਜਦੀਕ ਕੁਝ ਰੇਹੜੀਆਂ ਵਾਲੇ ਉਚੀ ਉਚੀ ਆਵਾਜ਼ ਵਿਚ ਸਪੀਕਰ ਲਗਾਤਾਰ ਹੀ ਚਲਾਈ ਰੱਖਦੇ ਹਨ ਜਿਸ ਨਾਲ ਰਾਹਗੀਰਾਂ ਤੋਂ ਇਲਾਵਾ ਨੇੜੇ ਤੇੜੇ ਦੇ ਲੋਕ ਵੀ ਕਾਫ਼ੀ ਪ੍ਰੇਸ਼ਾਨ ਹਨ। ਇਸ ਪਾਸੇ ਥਾਣਾ ਸਿਟੀ ਦੀ ਪੁਲਸ ਅਤੇ ਨਾ ਹੀ ਪੀ.ਸੀ.ਆਰ. ਵਾਲੇ ਜੋ ਇਸ ਇਲਾਕੇ ਵਿਚ ਡਿਊਟੀ ਦਿੰਦੇ ਹਨ, ਉਹ ਕੋਈ ਧਿਆਨ ਦਿੰਦੇ ਹਨ। ਲੋਕਾਂ ਦੀ ਮੰਗ ਹੈ ਕਿ ਪੁਲਸ ਵਾਲੇ ਇਨ੍ਹਾਂ ਗੈਰ ਕਾਨੂੰਨੀ ਵਜਦੇ ਰੇਹੜੀਆਂ 'ਤੇ ਸਪੀਕਰ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ। ਖ਼ਾਸ ਕਰਕੇ ਇਨ੍ਹਾਂ ਦਿਨਾਂ ਵਿਚ ਵਿਦਿਆਰਥੀ ਤਬਕਾ ਜੋ ਘਰਾਂ ਵਿਚ ਬੈਠ ਕੇ ਆਪਣੀ ਪੜ੍ਹਾਈ ਸ਼ਾਂਤਮਈ ਮਾਹੌਲ ਵਿਚ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਇਨ੍ਹਾਂ ਸਪੀਕਰਾਂ ਦੀਟਾਂ ਆਵਾਜ਼ਾਂ ਕਾਰਨ ਉਹ ਠੀਕ ਢੰਗ ਨਾਲ ਪੜ੍ਹ ਨਹੀਂ ਪਾ ਰਹੇ ਅਤੇ ਬਜ਼ੁਰਗ ਲੋਕ ਇਹੋ ਜਿਹੀਆਂ ਆਵਾਜ਼ਾਂ ਕਾਰਨ ਅਸਹਿਜ ਮਹਿਸੂਸ ਕਰ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਸ਼ਹਿਰਾਂ ਵਿਚ ਕਈ ਸਾਮਾਨ ਵੇਚਣ ਵਾਲੇ ਜਿਵੇਂ ਸਬਜ਼ੀ, ਫਰੂਟ ਵਾਲੇ ਆਪਣਾ ਖ਼ੁਦ ਦਾ ਲਾਊਡ ਸਪੀਕਰ ਉੱਚੀ ਆਵਾਜ਼ ਵਿਚ ਲਗਾ ਕੇ ਕਈ ਚੱਕਰ ਲਗਾਉਂਦੇ ਹਨ ਜਿਸ ਨਾਲ ਆਵਾਜ਼ ਪ੍ਰਦੂਸ਼ਣ ਤਾਂ ਵੱਧ ਹੀ ਰਿਹਾ ਹੈ ਅਤੇ ਉਸ ਦੇ ਨਾਲ-ਨਾਲ ਵਿਦਿਆਰਥੀਆਂ 'ਚ ਸਾਰਾ ਦਿਨ ਇਨ੍ਹਾਂ ਦਾ ਕੰਨ ਪਾੜ ਰੋਲਾ ਉਨ੍ਹਾਂ ਦੀ ਪੜ੍ਹਾਈ ਵਿਚ ਵਿਘਨ ਪਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਫੇਰੀ ਵਾਲਿਆਂ ਨੂੰ ਇੰਨੇ ਵੱਡੇ ਪੱਧਰ 'ਤੇ ਲਾਊਡ ਸਪੀਕਰਾਂ ਦੀ ਇਜਾਜ਼ਤ ਕਿਸ ਥਾਣੇ, ਉਪ ਮੰਡਲ ਅਧਿਕਾਰੀਆਂ ਜਾਂ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵਲੋਂ ਨਹੀਂ ਦਿੱਤੀ ਗਈ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਆਪਣੀ ਕੁੰਭਕਰਨੀ ਨੀਂਦ ਤੋਂ ਜਾਗ ਕੇ ਇਲਾਕੇ ਦੀ ਇਸ ਵੱਡੀ ਸਮੱਸਿਆ ਦੇ ਹੱਲ ਲਈ ਜਲਦੀ ਕੋਈ ਠੋਸ ਕਦਮ ਚੁੱਕੇਗਾ ਜਾਂ ਫਿਰ ਇਹ ਸਭ ਕੁੱਝ ਇਸੇ ਤਰ੍ਹਾਂ ਚੱਲਦਾ ਰਹੇਗਾ? ਲੋਕਾਂ ਦੀ ਮੰਗ ਹੈ ਕਿ ਸ਼ਹਿਰਾਂ ਵਿਚ ਅਜਿਹੇ ਫੇਰੀ ਲਾਉਣ ਵਾਲਿਆਂ ਨੂੰ ਲਾਊਡ ਸਪੀਕਰਾਂ ਦੀ ਦੁਰਵਰਤੋਂ ਕਰਨ ਤੋਂ ਰੋਕਿਆ ਜਾਵੇ।




# ਹਲਕਾ ਭੋਆ ਦੀਆਂ 50 ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 2 ਕਰੋੜ 56 ਲੱਖ ਰੁਪਏ ਦੀਆਂ ਗਰਾਂਟਾਂ ਵੰਡੀਆਂ

**ਪਠਾਨਕੋਟ (ਦਵਿੰਦਰ ਸਿੰਘ)** ਵਿਧਾਨ ਸਭਾ ਹਲਕਾ ਭੋਆ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਦੇ ਮਕਸਦ ਨਾਲ ਪਿੰਡ ਕੋਟਲੀ ਮੁਗਲਾਂ ਵਿਖੇ ਇੱਕ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਹਲਕਾ ਭੋਆ ਦੀਆਂ ਕਰੀਬ 50 ਪੰਚਾਇਤਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ 2 ਕਰੋੜ 56 ਲੱਖ ਰੁਪਏ ਦੀਆਂ ਗਰਾਂਟਾਂ ਵੰਡੀਆਂ ਗਈਆਂ।ਇਸ ਤੋਂ ਇਲਾਵਾ ਪਿੰਡ ਕੋਟਲੀ ਮੁਗਲਾਂ ਵਿਖੇ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਕਮਿਊਨਿਟੀ ਹਾਲ ਦਾ ਉਦਘਾਟਨ ਕਰਕੇ ਇਸ ਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਆਪਣੇ ਪਿਆਰੇ ਲੋਕਾਂ ਵਿੱਚ ਆ ਕੇ ਉਨ੍ਹਾਂ ਨੂੰ ਹਮੇਸ਼ਾ ਖੁਸ਼ੀ ਮਹਿਸੂਸ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪਿੰਡ ਕੋਟਲੀ ਮੁਗਲਾਂ ਵਿਖੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹਲਕਾ ਭੋਆ ਦੀਆਂ ਲਗਭਗ 50 ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 2 ਕਰੋੜ 56 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਗਰਾਂਟਾਂ ਦੀ ਵਰਤੋਂ ਕਮਿਊਨਿਟੀ ਹਾਲਾਂ ਦੀ ਉਸਾਰੀ, ਸ਼ਮਸ਼ਾਨਘਾਟਾਂ ਦੇ ਵਿਕਾਸ, ਗਲੀਆਂ ਅਤੇ ਨਾਲੀਆਂ ਦੇ ਨਿਰਮਾਣ, ਗੰਦੇ ਪਾਣੀ ਦੀ ਨਿਕਾਸੀ, ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ, ਖੇਡ ਮੈਦਾਨਾਂ ਦੇ ਵਿਕਾਸ ਅਤੇ ਇਨਡੋਰ ਸਟੇਡੀਅਮਾਂ ਲਈ ਖੇਡ ਸਮੱਗਰੀ ਮੁਹੱਈਆ ਕਰਵਾਉਣ ਵਰਗੇ ਕੰਮਾਂ ਲਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ਅਤੇ ਪੇਂਡੂ ਖੇਤਰਾਂ ਦਾ ਬੁਨਿਆਦੀ ਢਾਂਚਾ ਹੋਰ ਮਜ਼ਬੂਤ ਹੋਵੇਗਾ।

ਉਨ੍ਹਾਂ ਭਰੋਸਾ ਦਿੱਤਾ ਕਿ ਜਾਰੀ ਕੀਤੀ ਗਈ ਗਰਾਂਟ ਦੀ ਰਾਸ਼ੀ ਨੂੰ ਜਲਦ ਹੀ ਵਿਕਾਸ ਕਾਰਜਾਂ 'ਤੇ ਖਰਚ ਕੀਤਾ ਜਾਵੇਗਾ, ਤਾਂ ਜੋ ਲੋਕਾਂ ਨੂੰ ਇਨ੍ਹਾਂ ਸਹੂਲਤਾਂ ਦਾ ਲਾਭ ਜਲਦੀ ਮਿਲ ਸਕੇ। ਪਿੰਡ ਕੋਟਲੀ ਮੁਗਲਾਂ ਵਿਖੇ ਕਮਿਊਨਿਟੀ ਹਾਲ ਦਾ ਉਦਘਾਟਨ ਕਰਨ ਉਪਰੰਤ ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਹਲਕਾ ਭੋਆ ਦੇ ਵੱਖ-ਵੱਖ ਪਿੰਡਾਂ ਨੂੰ ਲੱਖਾਂ ਅਤੇ ਕਰੋੜਾਂ ਰੁਪਏ ਦੀਆਂ ਗਰਾਂਟਾਂ ਵਿਕਾਸ ਕਾਰਜਾਂ ਲਈ ਦਿੱਤੀਆਂ ਗਈਆਂ ਹਨ।ਪਿੰਡ ਕੋਟਲੀ ਮੁਗਲਾਂ ਦੇ ਕਮਿਊਨਿਟੀ ਹਾਲ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਕੁਝ ਮਹੀਨੇ ਪਹਿਲਾਂ ਜਦੋਂ ਉਹ ਪਿੰਡ ਆਏ ਸਨ ਤਾਂ ਪਿੰਡ ਵਾਸੀਆਂ ਅਤੇ ਗ੍ਰਾਮ ਪੰਚਾਇਤ ਵੱਲੋਂ ਕਮਿਊਨਿਟੀ ਹਾਲ ਬਣਾਉਣ ਦੀ ਮੰਗ ਰੱਖੀ ਗਈ ਸੀ। ਇਸ ਮੰਗ ਨੂੰ ਪੂਰਾ ਕਰਦਿਆਂ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਇਹ ਹਾਲ ਤਿਆਰ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਕੋਟਲੀ-ਭੋਆ ਸੜਕ ਦਾ ਨਿਰਮਾਣ ਅਤੇ ਚੌੜਾ ਕਰਨ ਦਾ ਕੰਮ ਵੀ ਮੁਕੰਮਲ ਕੀਤਾ ਗਿਆ ਹੈ, ਜੋ ਇਲਾਕੇ ਦੇ ਲੋਕਾਂ ਲਈ ਆਵਾਜਾਈ ਦੀ ਸਹੂਲਤ ਵਿੱਚ ਵਾਧਾ ਕਰੇਗਾ।

ਉਨ੍ਹਾਂ ਕਮਿਊਨਿਟੀ ਹਾਲ ਦੀ ਉਸਾਰੀ ਲਈ ਸਮੁੱਚੀ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਲੋਕਾਂ ਦੀਆਂ ਮੰਗਾਂ ਅਤੇ ਲੋੜਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਸ਼ਦੀਪ ਸਿੰਘ ਲੁਬਾਣਾ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸ੍ਰੀਮਤੀ ਗੁਰਪ੍ਰੀਤ ਕੌਰ ਚੇਅਰਪਰਸਨ ਜ਼ਿਲ੍ਹਾ ਪਰਿਸ਼ਦ ਪਠਾਨਕੋਟ, ਪਵਨ ਭਾਰਦਵਾਜ ਚੇਅਰਮੈਨ ਬਲਾਕ ਸੰਮਤੀ ਘਰੋਟਾ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਸੁਰਜੀਤ ਲਵਲੀ ਸਰਪੰਚ ਮਜੀਰੀ, ਸੋਹਨ ਲਾਲ ਸ਼ਾਹਪੁਰਕੰਡੀ, ਸੋਹਨ ਲਾਲ ਸਰਪੰਚ ਕੋਟਲੀ ਮੁਗਲਾਂ, ਟੋਨੀ ਕੋਟਲੀ, ਬਲਾਕ ਪ੍ਰਧਾਨ ਬਲਵੀਰ ਫੌਜੀ, ਬਲਾਕ ਪ੍ਰਧਾਨ ਰਾਜੇਸ਼ ਕੋਟ ਭੱਟੀਆਂ, ਬਲਾਕ ਪ੍ਰਧਾਨ ਪ੍ਰਵੀਨ ਕੁਮਾਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ, ਵਰਕਰ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚਾਇਤ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ।



# ਡੀ ਈ ਓ ਦਫਤਰ (ਸੈਕੰ.) ਬਣਿਆ ਭ੍ਰਿਸ਼ਟਾਚਾਰ ਦਾ ਅੱਡਾ

**ਵੇਰਕਾ (ਰਾਣਾ)** ਜ਼ਿਲ੍ਹਾ ਸਿੱਖਿਆ ਦਫ਼ਤਰ (ਸੈ.) ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਸਿਖਰਾਂ 'ਤੇ ਹੈ।ਇਸ ਬਾਬਤ ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਦੀ ਅਗਵਾਈ ਹੇਠ ਜਥੇਬੰਦਕ ਜ਼ਿਲ੍ਹਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਕਤ ਦਫ਼ਤਰ ਵਿੱਚ ਭ੍ਰਿਸ਼ਟਾਚਾਰ ਚੱਲਣ ਦੇ ਗੰਭੀਰ ਦੋਸ਼ ਲਗਾਉਂਦੇ ਹੋਏ ਦੱਸਿਆ ਹੈ ਕਿ ਦਫਤਰੀ ਬਾਊਆਂ ਵੱਲੋਂ ਮ੍ਰਿਤਕ ਕ੍ਰਮਚਾਰੀਆਂ ਦੇ ਵਾਰਿਸਾਂ ਨੂੰ ਤਰਸ ਦੇ ਆਧਾਰ 'ਤੇ ਨੌਕਰੀ ਲੈਣ ਮੌਕੇ ਭਾਰੀ ਖੱਜਲ-ਖੁਅਰੀ ਅਤੇ ਬੇਹੱਦ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਜਦੋਂ ਤੱਕ ਦਫਤਰ ਦੇ ਬਾਊਆਂ ਨਾਲ ਮਜਬੂਰੀਵੱਸ ਲੈਣ-ਦੇਣ ਤੈਅ ਨਹੀਂ ਹੁੰਦਾ, ਓਨੀ ਦੇਰ ਤੱਕ ਉਮੀਦਵਾਰ ਦੀ ਨੌਕਰੀ ਲੈਣ ਲਈ ਆਈ ਫਾਈਲ ਵੇਖੀ ਵੀ ਨਹੀਂ ਜਾਂਦੀ ਹੈ। ਉਪਰੋਕਤ ਜਥੇਬੰਦਕ ਕੁਲਜੀਤ ਸਿੰਘ ਵੇਰਕਾ ਨੇ ਦੱਸਿਆ ਹੈ ਕਿ ਪੀੜਤ ਵਿਧਵਾ ਕੰਵਲਜੀਤ ਕੌਰ ਪਤਨੀ ਮਰਹੂਮ ਸੇਵਾਦਾਰ ਰਿੱਕੀ ਕੁਮਾਰ ਸਰਕਾਰੀ ਸੀਨੀ: ਸੈਕੰ: ਸਕੂਲ ਹੇਰ ਵੱਲੋਂ ਤਰਸ ਦੇ ਅਧਾਰ 'ਤੇ ਬਤੌਰ ਸੇਵਾਦਾਰ ਨੌਕਰੀ ਲੈਣ ਲਈ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈਕੰ:) ਅੰਮ੍ਰਿਤਸਰ ਆਪਣੀ ਮੁਕੰਮਲ ਫਾਈਲ ਦਿੱਤੀ ਹੋਈ ਹੈ।ਪ੍ਰੰਤੂ ਸਬੰਧਤ ਕਲਰਕ ਡੀਲਿੰਗਹੈਂਡ ਨੇ ਲੱਗਭਗ ਇੱਕ ਸਾਲ ਦਾ ਸਮਾਂ ਲੰਘਣ ਉਪਰੰਤ ਵੀ ਉਸਦਾ ਕੇਸ ਵਿਭਾਗ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਨਹੀਂ ਲਿਆਂਦਾ ਹੈ।ਜਿਸ ਕਾਰਨ ਹੁਣ ਨਿਕਟ ਭਵਿੱਖ ਵਿੱਚ ਸਰਕਾਰ ਵੱਲੋਂ ਨੌਕਰੀਆਂ ਦੇਣ ਵਾਸਤੇ ਲੱਗਣ ਵਾਲੇ ਕੈਂਪ ਦੌਰਾਨ ਨੌਕਰੀ ਹਾਸਲ ਕਰਨ ਤੋਂ ਵਾਂਝਿਆ ਕਰ ਦਿੱਤਾ ਹੈ।ਇਸ ਸੰਬੰਧੀ ਜਥੇਬੰਦਕ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਮੁੱਖ ਸਕੱਤਰ ਪੰਜਾਬ ਸਰਕਾਰ, ਸਿੱਖਿਆ ਸਕੱਤਰ ਪੰਜਾਬ ਸਰਕਾਰ, ਮਾਨਯੋਗ ਰਾਜਪਾਲ ਸਾਹਿਬ ਪੰਜਾਬ ਪਾਸੋਂ ਇਨ੍ਹਾਂ ਉਕਤ ਭ੍ਰਿਸ਼ਟ ਅਧਿਕਾਰੀਆਂ ਤੇ ਕਲਰਕਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਗੁਹਾਰ ਲਗਵਾਈ ਹੈ।

# ਦਿਲਰਾਜ ਕੌਰ ਸੋਹਲ ਦੇ ਅੰਤਮ ਸੰਸਕਾਰ ਮੌਕੇ ਹਰਮੀਤ ਸੰਧੂ ਤੇ ਹੋਰਨਾਂ ਨੇ ਪ੍ਰਗਟਾਇਆ ਦੁੱਖ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਦਿਲਰਾਜ ਕੌਰ ਸੋਹਲ ਧਰਮ ਪਤਨੀ ਡਾ. ਗੁਰਨੇਕ ਸਿੰਘ ਸੋਹਲ ਜੋ ਬੀਤੇ 31 ਅਕਤੂਬਰ ਦਿਨ ਸ਼ਨੀਵਾਰ ਨੂੰ ਅਚਾਨਕ ਪਰਿਵਾਰ ਨੂੰ ਸਦੀਵੀਂ ਵਿਛੋੜਾ ਦਿੰਦਿਆਂ ਗੁਰ ਚਰਨਾਂ ਵਿਚ ਜਾ ਬਿਰਾਜੇ ਸਨ।ਜਿਨ੍ਹਾ ਦਾ ਅੰਤਿਮ ਸੰਸਕਾਰ ਸੋਮਵਾਰ ਪਿੰਡ ਸੋਹਲ ਦੇ ਸ਼ਮਸ਼ਾਨਘਾਟ ਵਿਖੇ ਸੈਂਕੜੇ ਸੇਜਲ ਅੱਖਾਂ ਨਾਲ ਕਰ ਦਿੱਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਅੰਗਦਦੀਪ ਸਿੰਘ ਸੋਹਲ, ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਕਰਨ ਬੁਰਜ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾ. ਬਲਜਿੰਦਰ ਸਿੰਘ ਬੱਬਾ, ਮੀਤ ਪ੍ਰਧਾਨ ਡਾ. ਬਲਜੀਤ ਸਿੰਘ ਛਾਪਾ, ਡਾ. ਪ੍ਰਦੀਪ ਸਿੰਘ ਪੰਡੋਰੀ, ਡਾ. ਦਲਬੀਰ ਸਿੰਘ ਪੰਜਵੜ੍ਹ ਸਮੇਤ ਸਮੂਹ ਐਸੋਸੀਏਸ਼ਨ ਮੈਂਬਰ ਸਹਿਬਾਨ ਅਤੇ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਤੇ ਪਿੰਡ ਸੋਹਲ ਦੇ ਸਰਪੰਚ, ਪੰਚ ਅਤੇ ਮੋਹਤਬਰ ਵਿਅਕਤੀਆਂ ਵੱਲੋਂ ਗੁਰਦਿਆਲ ਸਿੰਘ ਸੋਹਲ, ਜਸਵੰਤ ਸਿੰਘ ਸੋਹਲ, ਡਾ. ਗੁਰਨਾਮ ਸਿੰਘ ਸੋਹਲ, ਗੁਰਭਾਲ ਸਿੰਘ ਸੋਹਲ, ਸਤਨਾਮ ਸਿੰਘ ਸੋਹਲ, ਡਾ. ਗੁਰਨੇਕ ਸਿੰਘ ਸੋਹਲ ਸਮੇਤ ਸਮੂਹ ਸੋਹਲ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨੂੰ ਕਦੇ ਵੀ ਨਾ ਪੈਣ ਵਾਲਾ ਘਾਟਾ ਦੱਸਿਆ।

ਨਵਾਂ ਜ਼ਮਾਨਾ
ਬੁੱਧਵਾਰ, 4 ਨਵੰਬਰ 2026

# ਪੇਂਡੂ ਮਜ਼ਦੂਰਾਂ ਨਾਲ ਧ੍ਰੋਹ

*ਮਹਾਤਮਾ ਗਾਂਧੀ ਰਾਸ਼ਟਰੀ ਰੋਜ਼ਗਾਰ ਗਰੰਟੀ ਐਕਟ (ਮਨਰੇਗਾ) ਦੀ ਥਾਂ ਲੈਣ ਵਾਲੇ ਵਿਕਸਿਤ ਭਾਰਤ-ਗਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਐਕਟ ਦੇ ਤਹਿਤ ਕੇਂਦਰ ਵੱਲੋਂ ਸੋਮਵਾਰ ਨੋਟੀਫਾਈ ਕੀਤੇ ਗਏ ਅੰਤਮ ਸ਼ਿਕਾਇਤ ਨਿਵਾਰਣ ਨਿਯਮਾਂ ਨੇ ਕਈ ਵਰਕਰ-ਅਨੁਕੂਲ ਪ੍ਰਬੰਧਾਂ ਨੂੰ ਕਮਜ਼ੋਰ ਕਰ ਦਿੱਤਾ ਹੈ, ਜਿਸ ਵਿੱਚ ਸ਼ਿਕਾਇਤਾਂ ਦਾ ਹੱਲ ਕਰਨ ਵਿੱਚ ਅਸਫਲ ਰਹਿਣ ਵਾਲੇ ਅਧਿਕਾਰੀਆਂ ਵਿਰੁੱਧ ਕਾਰਵਾਈ ਸ਼ਾਮਲ ਹੈ, ਜੋ ਕਿ ਪੇਂਡੂ ਜੌਬ ਯੋਜਨਾ ਦੇ ਡਰਾਫਟ ਨਿਯਮਾਂ ਵਿੱਚ ਸ਼ਾਮਲ ਕੀਤੇ ਗਏ ਸਨ। ਪੇਂਡੂ ਵਿਕਾਸ ਮੰਤਰਾਲੇ ਨੇ ਜਨਤਕ ਸਲਾਹ-ਮਸ਼ਵਰੇ ਅਤੇ ਫੀਡਬੈਕ ਲਈ ਜਾਰੀ ਡਰਾਫਟ ਨਿਯਮਾਂ ਤੋਂ ਪੰਜ ਮਹੀਨੇ ਬਾਅਦ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਨਵਾਂ ਕਾਨੂੰਨ, ਹਰੇਕ ਪੇਂਡੂ ਘਰ ਨੂੰ ਸਾਲ ਵਿੱਚ 125 ਦਿਨਾਂ ਤੱਕ ਦੇ ਗੈਰਹੁਨਰਮੰਦ ਰੋਜ਼ਗਾਰ ਦੀ ਵਿਵਸਥਾ ਕਰਦਾ ਹੈ।*

*ਅੰਤਮ ਨਿਯਮਾਂ ਮੁਤਾਬਕ ਰਾਜ ਸਰਕਾਰਾਂ ਨੂੰ ਗ੍ਰਾਮ ਪੰਚਾਇਤ, ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਇੱਕ ਬਹੁ-ਪੱਧਰੀ ਸ਼ਿਕਾਇਤ ਨਿਵਾਰਣ ਵਿਧੀ ਸਥਾਪਤ ਕਰਨ ਦੀ ਲੋੜ ਹੈ। ਯੋਜਨਾ ਲਾਗੂ ਕਰਨ ਬਾਰੇ ਸ਼ਿਕਾਇਤਾਂ ਟੈਲੀਫੋਨ, ਸਪੀਡ ਪੋਸਟ ਜਾਂ ਕੇਂਦਰ ਦੁਆਰਾ ਨਿਰਧਾਰਤ ਸ਼ਿਕਾਇਤਾਂ ਦੇ ਨਿਵਾਰਣ ਲਈ ਡਿਜੀਟਲ ਪਬਲਿਕ ਇਨਫਰਾਸਟ੍ਰਕਚਰ (ਡੀ ਪੀ ਆਈ) ਰਾਹੀਂ ਸ਼ਿਕਾਇਤ ਨਿਵਾਰਣ ਅਧਿਕਾਰੀ ਕੋਲ ਉਠਾਈਆਂ ਜਾ ਸਕਦੀਆਂ ਹਨ। ਨਿਯਮਾਂ ਵਿੱਚ ਕਿਹਾ ਗਿਆ ਹੈ ਕਿ ਭੌਤਿਕ ਰੂਪ (ਫਿਜ਼ੀਕਲ ਫੌਰਮ) ਵਿੱਚ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਡੀ ਪੀ ਆਈ ਵਿੱਚ ਇੰਦਰਾਜ਼ ਕਰਨ ਦੀ ਲੋੜ ਹੋਵੇਗੀ, ਜੋ ਰਜਿਸਟ੍ਰੇਸ਼ਨ ਤੋਂ ਲੈ ਕੇ ਅੰਤਮ ਨਿਪਟਾਰੇ ਤੱਕ ਸ਼ਿਕਾਇਤਾਂ ਨੂੰ ਟਰੈਕ ਕਰਨ ਦੀ ਸਹੂਲਤ ਦੇਵੇਗਾ। ਸ਼ਿਕਾਇਤ ਨਿਵਾਰਣ ਅਧਿਕਾਰੀ ਨੂੰ ਹਰੇਕ ਰਜਿਸਟਰਡ ਸ਼ਿਕਾਇਤ ਦੀ ਜਾਂਚ ਕਰਨੀ ਹੋਵੇਗੀ ਅਤੇ ਉਹ ਸੰਬੰਧਤ ਅਧਿਕਾਰੀਆਂ ਤੋਂ ਸੰਬੰਧਤ ਰਿਕਾਰਡ, ਡੈਟਾ ਜਾਂ ਹੋਰ ਜਾਣਕਾਰੀ ਮੰਗ ਕੇ ਜਾਂਚ ਕਰੇਗਾ। ਸ਼ਿਕਾਇਤ ਪ੍ਰਾਪਤੀ ਦੀ ਮਿਤੀ ਤੋਂ ਸੱਤ ਕਾਰਜਕਾਰੀ ਦਿਨਾਂ ਦੇ ਅੰਦਰ ਜਾਂਚ ਪੂਰੀ ਕੀਤੀ ਜਾਣੀ ਚਾਹੀਦੀ ਹੈ। ਅਧਿਕਾਰੀ ਨੂੰ ਨਤੀਜਿਆਂ ਨੂੰ ਰਿਕਾਰਡ ਕਰਨਾ ਹੋਵੇਗਾ ਅਤੇ ਸੁਧਾਰਾਤਮਕ ਜਾਂ ਉਪਚਾਰਕ ਕਾਰਵਾਈ ਕਰਨੀ ਹੋਵੇਗੀ। ਨਿਯਮਾਂ ਵਿੱਚ ਕਿਹਾ ਗਿਆ ਹੈ ਕਿ ਕਿਸੇ ਵੀ ਸ਼ਿਕਾਇਤ ਦਾ ਹੱਲ ਪ੍ਰਾਪਤੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਕਰਨਾ ਹੋਵੇਗਾ।*

*22 ਮਈ ਨੂੰ ਪ੍ਰਕਾਸ਼ਤ ਡਰਾਫਟ ਨਿਯਮਾਂ ਦੇ ਤਾਜ਼ਾ ਨੋਟੀਫਿਕੇਸ਼ਨ ਨਾਲ ਤੁਲਨਾ ਕਰਨ ਤੋਂ ਪਤਾ ਚੱਲਦਾ ਹੈ ਕਿ ਕਈ ਮਹੱਤਵਪੂਰਨ ਪ੍ਰਬੰਧਾਂ ਨੂੰ ਛੱਡ ਦਿੱਤਾ ਗਿਆ ਹੈ। ਡਰਾਫਟ ਨਿਯਮਾਂ ਵਿੱਚ ਸ਼ਿਕਾਇਤਾਂ ਪ੍ਰਾਪਤ ਕਰਨ ਲਈ ਵਾਰਡ, ਗ੍ਰਾਮ ਪੰਚਾਇਤ, ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਅਧਿਕਾਰੀਆਂ ਦੇ ਮੌਜੂਦ ਰਹਿਣ ਲਈ ਹਰ ਹਫਤੇ ਇੱਕ ਨਿਰਧਾਰਤ ਦਿਨ ਦੀ ਤਜਵੀਜ਼ ਰੱਖੀ ਗਈ ਸੀ। ਇਸ ਵਿੱਚ ਸੱਤ ਕੰਮਕਾਜੀ ਦਿਨਾਂ ਦੇ ਅੰਦਰ ਸ਼ਿਕਾਇਤਾਂ ਦਾ ਨਿਪਟਾਰਾ ਨਾ ਕਰਨ 'ਤੇ ਕਾਰਵਾਈ ਦੀ ਵੀ ਵਿਵਸਥਾ ਕੀਤੀ ਗਈ ਸੀ। ਅੰਤਮ ਨਿਯਮਾਂ ਵਿੱਚੋਂ ਦੋਵੇਂ ਉਪਬੰਧਾਂ ਨੂੰ ਹਟਾ ਦਿੱਤਾ ਗਿਆ ਹੈ। ਡਰਾਫਟ ਨਿਯਮਾਂ ਵਿੱਚ ਜ਼ਿਲ੍ਹਾ ਪ੍ਰੋਗਰਾਮ ਕੋਆਰਡੀਨੇਟਰ ਨੂੰ ਇਹ ਵੀ ਯਕੀਨੀ ਬਣਾਉਣ ਦੀ ਲੋੜ ਸੀ ਕਿ ਜਿੱਥੇ ਮੁੱਢਲੀ ਪੁੱਛਗਿੱਛ ਜਾਂ ਸਮਾਜਿਕ ਆਡਿਟ ਦੇ ਨਤੀਜਿਆਂ ਵਿੱਚ ਵਿੱਤੀ ਬੇਨੇਮੀਆਂ ਦੇ ਪਹਿਲੀ ਨਜ਼ਰੇ ਸਬੂਤ ਸਾਹਮਣੇ ਆਉਂਦੇ ਹਨ, ਉੱਥੇ ਐੱਫ ਆਈ ਆਰ ਦਰਜ ਕੀਤੀ ਜਾਵੇ। ਇਸ ਵਿਵਸਥਾ ਨੂੰ ਵੀ ਹਟਾ ਦਿੱਤਾ ਗਿਆ ਹੈ।*

*ਬਲਾਕ ਅਤੇ ਜ਼ਿਲ੍ਹਾ ਪੱਧਰ 'ਤੇ ਸ਼ਿਕਾਇਤ ਡੈਸਕ, ਸ਼ਿਕਾਇਤਾਂ 'ਤੇ ਕੀਤੀ ਗਈ ਕਾਰਵਾਈ ਦੀ ਵਿਚਕਾਰਲੀ ਅਤੇ ਜ਼ਿਲ੍ਹਾ ਪੰਚਾਇਤਾਂ ਦੁਆਰਾ ਲਾਜ਼ਮੀ ਸਮੀਖਿਆ ਅਤੇ ਰਾਜ ਸਰਕਾਰ ਨੂੰ ਤਿਮਾਹੀ ਰਿਪੋਰਟਿੰਗ ਨੂੰ ਵੀ ਛੱਡ ਦਿੱਤਾ ਗਿਆ ਹੈ। ਅੰਤਮ ਨਿਯਮਾਂ ਨੇ ਕਈ ਵਰਕਰ-ਅਨੁਕੂਲ ਪ੍ਰਬੰਧਾਂ ਨੂੰ ਕਮਜ਼ੋਰ ਕਰ ਦਿੱਤਾ ਹੈ। ਡਰਾਫਟ ਨਿਯਮਾਂ 'ਚ ਇਹ ਮੰਨਿਆ ਗਿਆ ਸੀ ਕਿ ਸ਼ਿਕਾਇਤ ਪ੍ਰਣਾਲੀ ਨੂੰ ਸ਼ਿਕਾਇਤਾਂ ਦਰਜ ਕਰਨ ਦੇ ਤਰੀਕੇ ਤੋਂ ਵੱਧ ਦੀ ਲੋੜ ਹੁੰਦੀ ਹੈ। ਲੋਕਾਂ ਨੂੰ ਅਧਿਕਾਰੀਆਂ ਤੱਕ ਪਹੁੰਚ ਦੀ ਲੋੜ ਹੁੰਦੀ ਹੈ ਅਤੇ ਅਧਿਕਾਰੀਆਂ ਨੂੰ ਦੇਰੀ ਅਤੇ ਅਸਫਲਤਾਵਾਂ ਲਈ ਜਵਾਬਦੇਹ ਠਹਿਰਾਉਣ ਦੀ ਲੋੜ ਹੁੰਦੀ ਹੈ। ਹਫਤਾਵਾਰੀ ਸ਼ਿਕਾਇਤ ਦਿਨਾਂ, ਸ਼ਿਕਾਇਤ ਡੈਸਕਾਂ, ਦੇਰੀ ਨਾਲ ਨਿਪਟਾਰੇ ਲਈ ਕਾਰਵਾਈ ਅਤੇ ਪੰਚਾਇਤ ਸਮੀਖਿਆ ਲਈ ਪ੍ਰਬੰਧਾਂ ਨੂੰ ਛੱਡ ਕੇ, ਅੰਤਮ ਨਿਯਮ ਇਨ੍ਹਾਂ ਸੁਰੱਖਿਆ ਉਪਾਵਾਂ ਨੂੰ ਕਮਜ਼ੋਰ ਕਰਦੇ ਹਨ। ਡਿਜੀਟਲ ਟਰੈਕਿੰਗ ਲਾਭਦਾਇਕ ਹੈ, ਪਰ ਇਹ ਆਪਣੇ ਆਪ ਇਹ ਯਕੀਨੀ ਨਹੀਂ ਬਣਾ ਸਕਦੀ ਕਿ ਵਰਕਰਾਂ ਦੀਆਂ ਸਮੱਸਿਆਵਾਂ ਅਸਲ ਵਿੱਚ ਹੱਲ ਹੋ ਗਈਆਂ ਹਨ। ਸ਼ਿਕਾਇਤ ਨਿਵਾਰਣ ਵਿੱਚ ਇੱਕ ਵਿਧੀ ਹੋਣੀ ਚਾਹੀਦੀ ਹੈ, ਜੋ ਇਹ ਸਥਾਪਤ ਕਰੇ ਕਿ ਕੀ ਸਮੱਸਿਆ ਅਸਲ ਵਿੱਚ ਹੱਲ ਹੋ ਗਈ ਹੈ। ਨਵੇਂ ਨਿਯਮਾਂ ਵਿੱਚ ਸ਼ਿਕਾਇਤ ਬੰਦ ਕਰਨ ਤੋਂ ਪਹਿਲਾਂ ਸ਼ਿਕਾਇਤਕਰਤਾ ਤੋਂ ਫੀਡਬੈਕ ਲੈਣ ਦੀ ਲੋੜ ਖਤਮ ਕਰ ਦਿੱਤੀ ਗਈ ਹੈ। ਕਾਮਿਆਂ ਦੀਆਂ ਸ਼ਿਕਾਇਤਾਂ ਵਿੱਚ ਕੰਮ ਦੀਆਂ ਮੰਗਾਂ ਨੂੰ ਸਵੀਕਾਰ ਕਰਨ ਤੋਂ ਇਨਕਾਰ, ਦੇਰੀ ਨਾਲ ਉਜਰਤ ਭੁਗਤਾਨ, ਬੇਰੋਜ਼ਗਾਰੀ ਭੱਤੇ ਤੋਂ ਇਨਕਾਰ ਅਤੇ ਜੌਬ ਕਾਰਡ ਮਿਟਾਉਣਾ ਸ਼ਾਮਲ ਹਨ। ਨਵੇਂ ਨਿਯਮਾਂ ਮੁਤਾਬਕ ਸ਼ਿਕਾਇਤਾਂ ਦਾ ਨਿਪਟਾਰਾ ਕਰਨਾ ਜ਼ਰੂਰੀ ਹੈ, ਪਰ ਕਿਵੇਂ ਪਤਾ ਲੱਗੇਗਾ ਕਿ ਕਾਮਿਆਂ ਨੂੰ ਅਸਲ ਵਿੱਚ ਉਨ੍ਹਾਂ ਦੀ ਉਜਰਤ ਮਿਲੀ ਹੈ, ਕੰਮ ਮਿਲਿਆ ਹੈ ਜਾਂ ਗਲਤ ਢੰਗ ਨਾਲ ਮਿਟਾਇਆ ਗਿਆ ਜੌਬ ਕਾਰਡ ਬਹਾਲ ਕੀਤਾ ਗਿਆ ਹੈ? ਡਿਜੀਟਲ ਟਰੈਕਿੰਗ ਨੂੰ ਇਹ ਦਿਖਾਉਣਾ ਚਾਹੀਦਾ ਹੈ ਕਿ ਕੀ ਹੱਕਦਾਰੀ ਪ੍ਰਦਾਨ ਕੀਤੀ ਗਈ ਸੀ ਅਤੇ ਕਾਮਿਆਂ ਕੋਲ ਸ਼ਿਕਾਇਤ ਨੂੰ ਹੱਲ ਕਰ ਦਿੱਤੇ ਜਾਣ ਦੇ ਦਾਅਵੇ ਨੂੰ ਚੁਣੌਤੀ ਦੇਣ ਦਾ ਇੱਕ ਤਰੀਕਾ ਹੋਣਾ ਚਾਹੀਦਾ ਹੈ। ਦੇਰੀ ਨਾਲ ਨਿਪਟਾਰੇ ਲਈ ਕਾਰਵਾਈ ਲਈ ਡਰਾਫਟ ਦੇ ਸਪੱਸ਼ਟ ਪ੍ਰਬੰਧ ਨੂੰ ਛੱਡਣਾ ਖਾਸ ਤੌਰ 'ਤੇ ਚਿੰਤਾਜਨਕ ਹੈ। ਸ਼ਿਕਾਇਤ ਨਿਵਾਰਣ ਨਿਯਮਾਂ ਵਿੱਚ ਸ਼ਿਕਾਇਤਾਂ ਦਰਜ ਕਰਨ ਵਾਲੇ ਕਾਮਿਆਂ ਦੀ ਸੁਰੱਖਿਆ ਲਈ ਇੱਕ ਪ੍ਰਬੰਧ ਹੋਣਾ ਚਾਹੀਦਾ ਹੈ। ਇਹ ਨਿਯਮ ਕਾਮਿਆਂ ਨੂੰ ਸ਼ਿਕਾਇਤਾਂ ਦਰਜ ਕਰਨ ਲਈ ਉਤਸ਼ਾਹਤ ਨਹੀਂ ਕਰਨਗੇ, ਕਿਉਂਕਿ ਉਨ੍ਹਾਂ ਦੀ ਸੁਰੱਖਿਆ ਲਈ ਕੋਈ ਪ੍ਰਬੰਧ ਨਹੀਂ ਹੈ।*

# ਡਾਵਾਂਡੋਲ ਸਿੰਘਾਸਨ—ਵਿਰੋਧ ਦਾ ਮੌਸਮ



ਗੁਰਮੀਤ ਸਿੰਘ ਪਲਾਹੀ

ਛੇ ਮਹੀਨਿਆਂ ਦੇ ਅੰਦਰ-ਅੰਦਰ ਹੰਗਰੀ, ਸਰਬੀਆ ਅਤੇ ਸਵੀਡਨ ਦੀ ਸੱਤਾ ਦੇ ਸਮੀਕਰਨ ਪੂਰੀ ਤਰ੍ਹਾਂ ਬਦਲ ਗਏ ਹਨ । ਸਰਬੀਆ ਵਿੱਚ 25 ਅਕਤੂਬਰ ਨੂੰ 14 ਸਾਲ ਪੁਰਾਣਾ ਰਾਜਨੀਤਕ ਕਿਲ੍ਹਾ ਤੋੜ ਦਿੱਤਾ ਗਿਆ। ਇੱਧਰ ਇਜ਼ਰਾਈਲ ਵਿੱਚ 27 ਅਕਤੂਬਰ ਨੂੰ ਹੋਈਆਂ ਚੋਣਾਂ ਵਿੱਚ ਸ਼ਕਤੀਸ਼ਾਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਨਾ ਤਾਂ ਪੂਰੀ ਜਿੱਤ ਮਿਲੀ ਅਤੇ ਨਾ ਹੀ ਪੂਰੀ ਹਾਰ। ਫਿਰ ਵੀ ਦੁਨੀਆ ਦੇ ਇਨ੍ਹਾਂ ਵੱਖ-ਵੱਖ ਦੇਸ਼ਾਂ ਦੇ ਵੋਟਰਾਂ ਨੇ ਰਾਜ ਨੇਤਾਵਾਂ ਅੱਗੇ ਲਗਭਗ ਇੱਕੋ ਜਿਹਾ ਸਿੱਧਾ ਸਵਾਲ ਖੜ੍ਹਾ ਕੀਤਾ ਹੈ- ਜਿਹੜੇ ਸਾਡੇ ਨਾਂਅ ਉੱਤੇ ਰਾਜ ਕਰਦੇ ਹਨ, ਕੀ ਉਹ ਸਾਡੇ ਲਈ ਕੁਝ ਕਰਦੇ ਵੀ ਹਨ?

ਹੰਗਰੀ ਵਿੱਚ ਆਰਥਿਕ ਠਹਿਰਾਅ, ਵਿਗਾੜ ਅਤੇ ਲਗਾਤਾਰ ਵਧ ਰਹੀ ਮਹਿੰਗਾਈ ਸੱਤਾ ਬਦਲੀ ਦਾ ਮੁੱਖ ਕਾਰਨ ਬਣੀ। ਅਰਜਨਟੀਨਾ ਜਿਹੇ ਦੇਸ਼ ਵਿੱਚ ਛੇ ਵਿੱਚੋਂ ਲਗਭਗ ਛੇ ਲੋਕ ਰਾਸ਼ਟਰਪਤੀ ਨੂੰ ਨਾਪਸੰਦ ਕਰਦੇ ਸਨ ਅਤੇ ਰਾਸ਼ਟਰਪਤੀ ਨੂੰ ਗੱਦੀ ਤੋਂ ਲਾਹੁਣ ਦਾ ਮੁੱਖ ਕਾਰਨ ਵੀ ਬੇਲਗਾਮ ਮਹਿੰਗਾਈ ਹੀ ਬਣੀ। ਭ੍ਰਿਸ਼ਟਾਚਾਰ ਅਤੇ ਜਵਾਬਦੇਹੀ ਦੀ ਘਾਟ ਨੇ ਨੇਪਾਲ ਵਿੱਚ ਅੰਦੋਲਨ ਭੜਕਾਇਆ, ਜਦੋਂ ਕਿ ਸੋਸ਼ਲ ਮੀਡੀਆ ਉਤੇ ਲਗਾਈਆਂ ਗਈਆਂ ਪਾਬੰਦੀਆਂ ਨੇ ਜਨਤਾ ਦਾ ਗੁੱਸਾ ਹੋਰ ਭੜਕਾ ਦਿੱਤਾ। ਉਥੇ ਸਵਾਲ ਉਠਿਆ ਕਿ ਆਖ਼ਰ ਕੌਣ ਜ਼ਿੰਮੇਵਾਰ ਹੈ ਦੇਸ਼ ਦੇ ਇਸ ਤਰ੍ਹਾਂ ਦੇ ਮਾੜੇ ਅਤੇ ਨਿਘਾਰ ਵੱਲ ਜਾ ਰਹੇ ਹਾਲਾਤ ਲਈ? ਗੁੱਸੇ 'ਚ ਆਈ ਜਨਤਾ ਦੇ ਰੋਸ ਨੇ ਪੂਰੀ ਰਾਜਨੀਤੀ ਦਾ ਪਾਸਾ ਹੀ ਪਲਟ ਕੇ ਰੱਖ ਦਿੱਤਾ ਹੈ।

ਸਰਬੀਆ ਦੇ ਵਿਦਿਆਰਥੀ, ਨੇਪਾਲ ਦੀ ਨਵੀਂ ਪੀੜ੍ਹੀ ਅਤੇ ਹੰਗਰੀ ਵਿੱਚ ਰਿਕਾਰਡ ਤੋੜ ਮੱਤਦਾਨ- ਇਹ ਸਭ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹਨ ਕਿ ਹਰ ਥਾਂ ਉਹ ਲੋਕ ਫੈਸਲਾਕੁੰਨ ਸਥਿਤੀ ਵਿੱਚ ਸਾਹਮਣੇ ਆਏ ਹਨ, ਜਿਨ੍ਹਾਂ ਨੂੰ ਪੁਰਾਣੀ ਰਾਜਨੀਤੀ ਕਦੇ ਆਪਣਾ ਪੱਕਾ ਵੋਟ ਬੈਂਕ ਹੀ ਨਹੀਂ ਮੰਨਦੀ ਸੀ।

ਯੂਰਪੀ ਮਹਾਂਦੀਪ ਦੇ ਪ੍ਰਮੁੱਖ ਦੇਸ਼ਾਂ- ਫਰਾਂਸ ਅਤੇ ਜਰਮਨੀ ਦੇ ਹਾਲਾਤ ਵੀ ਇਸ ਜਨ-ਰੋਸ ਤੋਂ ਬਚੇ ਨਹੀਂ ਰਹੇ। ਫਰਾਂਸ ਵਿੱਚ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੀਆਂ ਅਸਮਾਨ ਛੂਹਦੀਆਂ ਕੀਮਤਾਂ, ਆਰਥਿਕ ਅਸਥਿਰਤਾ, ਪ੍ਰਸ਼ਾਸਨਿਕ ਨਾਕਾਮੀਆਂ ਅਤੇ ਵਧਦੀ ਬੇਰੁਜ਼ਗਾਰੀ ਕਾਰਨ ਆਮ ਲੋਕਾਂ ਦਾ ਸਬਰ ਟੁੱਟ ਚੁੱਕਾ ਹੈ। ਰਿਪੋਰਟਾਂ ਅਨੁਸਾਰ ਉੱਥੇ 70,000 ਤੋਂ ਵੱਧ ਪ੍ਰਦਰਸ਼ਨਕਾਰੀ ਸੜਕਾਂ 'ਤੇ ਉੱਤਰ ਕੇ ਸਰਕਾਰ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਠੱਲ੍ਹ ਪਾਉਣ ਲਈ ਵਿਸ਼ਾਲ ਪੁਲਸ ਬਲ ਦੀ ਤੈਨਾਤੀ ਕਰਨੀ ਪੈ ਰਹੀ ਹੈ। ਇਸੇ ਤਰ੍ਹਾਂ ਜਰਮਨੀ ਵਿੱਚ ਵੀ ਆਰਥਿਕ ਮੰਦਹਾਲੀ, ਲਗਾਤਾਰ ਵਧ ਰਹੀ ਮਹਿੰਗਾਈ ਅਤੇ ਸਰਕਾਰੀ ਨੀਤੀਆਂ ਪ੍ਰਤੀ ਅਸੰਤੋਸ਼ ਕਾਰਨ ਜਨ-ਰੋਸ ਦਾ ਇਹੋ ਜਿਹਾ ਹੀ ਰੁਝਾਨ ਤੇਜ਼ੀ ਨਾਲ ਵਧ ਰਿਹਾ ਹੈ, ਜਿੱਥੇ ਲੱਖਾਂ ਲੋਕ ਆਪਣੇ ਭਵਿੱਖ ਅਤੇ ਅਧਿਕਾਰਾਂ ਦੀ ਰਾਖੀ ਲਈ ਸੜਕਾਂ 'ਤੇ ਉਤਰ ਰਹੇ ਹਨ।

ਇੱਕ ਹੋਰ ਅਹਿਮ ਪੱਖ ਇਹ ਰਿਹਾ ਹੈ ਕਿ ਇਨ੍ਹਾਂ ਦੇਸ਼ਾਂ ਵਿੱਚ ਸੱਤਾ ਤਬਦੀਲੀ ਪਿੱਛੇ ਬਾਹਰੀ ਦਖ਼ਲਅੰਦਾਜ਼ੀ ਵੀ ਸਾਫ਼ ਦੇਖੀ ਗਈ ਹੈ। ਜਿੱਥੇ-ਜਿੱਥੇ ਵੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਖ਼ਲ ਦਿੱਤਾ, ਉਥੇ ਦੀ ਟਰੰਪ-ਪੱਖੀ ਸੱਤਾ ਮੂਧੇ ਮੂੰਹ ਡਿੱਗ ਪਈ। ਹੰਗਰੀ ਵਿੱਚ ਅਮਰੀਕੀ ਉਪ ਰਾਸ਼ਟਰਪਤੀ ਵੇਂਸ ਦੀ ਰੈਲੀ ਯਾਤਰਾ ਖ਼ੁਦ ਉਨ੍ਹਾ ਦੇ ਆਪਣੇ ਹੀ ਖ਼ਿਲਾਫ਼ ਉਲਟੀ ਪੈ ਗਈ। ਇਸੇ ਤਰ੍ਹਾਂ ਬ੍ਰਾਜ਼ੀਲ ਵਿੱਚ ਅਮਰੀਕੀ ਪਾਬੰਦੀਆਂ ਅਤੇ ਟੈਕਸਾਂ ਨੇ ਉੱਥੋਂ ਦੇ ਨੇਤਾ ਲੂਲਾ ਦੇ ਹੱਕ ਵਿੱਚ ਵੋਟਾਂ ਭੁਗਤਾਉਣ ਦਾ ਕੰਮ ਕੀਤਾ।

ਇਨ੍ਹਾਂ ਸਾਰੀਆਂ ਅੰਤਰਰਾਸ਼ਟਰੀ ਘਟਨਾਵਾਂ ਦੇ ਨਾਲ-ਨਾਲ ਅਮਰੀਕਾ ਦੇ ਅੰਦਰੂਨੀ ਹਾਲਾਤ ਵਿੱਚ ਵੀ ਇਸ ਸਮੇਂ ਕਈ ਤਰ੍ਹਾਂ ਦੀਆਂ ਸਮਾਨਾਂਤਰ ਚੁਣੌਤੀਆਂ ਵੇਖਣ ਨੂੰ ਮਿਲ ਰਹੀਆਂ ਹਨ। ਅਮਰੀਕਾ ਵਿੱਚ ਹੋ ਰਹੀਆਂ ਨਵੰਬਰ ਦੀਆਂ ਮੱਧ-ਕਾਲੀ ਚੋਣਾਂ ਨੇ ਡੋਨਾਲਡ ਟਰੰਪ ਲਈ ਕਈ ਵੱਡੀਆਂ ਮੁਸ਼ਕਲਾਂ ਅਤੇ ਸਿਆਸੀ ਚੁਣੌਤੀਆਂ ਪੈਦਾ ਕਰ ਦਿੱਤੀਆਂ ਹਨ। ਇਨ੍ਹਾਂ ਚੋਣਾਂ ਵਿੱਚ ਕਈ ਸੂਬਿਆਂ ਦੇ ਗਵਰਨਰ ਅਤੇ ਸੈਨੇਟਰ ਚੁਣੇ ਜਾਣੇ ਹਨ। ਟਰੰਪ ਦੀਆਂ ਸਖ਼ਤ ਰਾਸ਼ਟਰਵਾਦੀ ਨੀਤੀਆਂ, ਆਰਥਿਕ ਅਸਥਿਰਤਾ ਅਤੇ ਲਗਾਤਾਰ ਵਧ ਰਹੀ ਮਹਿੰਗਾਈ ਕਾਰਨ ਆਮ ਲੋਕਾਂ ਵਿੱਚ ਬਹੁਤ ਵੱਡਾ ਰੋਸ ਪਾਇਆ ਜਾ ਰਿਹਾ ਹੈ। ਰਿਪਬਲਿਕਨ ਪਾਰਟੀ ਅਤੇ ਖ਼ੁਦ ਟਰੰਪ ਖ਼ਿਲਾਫ਼ ਦੇਸ਼ ਅੰਦਰ ਵਿਰੋਧ ਦਾ ਮੌਸਮ ਭਖਿਆ ਹੋਇਆ ਹੈ। ਜੇਕਰ ਇਹ ਵਿਰੋਧ ਵੋਟਰਾਂ ਦੀ ਅਸਲ ਤਾਕਤ ਬਣ ਕੇ ਉਭਰਦਾ ਹੈ, ਤਾਂ ਟਰੰਪ ਲਈ ਆਉਣ ਵਾਲਾ ਸਮਾਂ ਅਤਿਅੰਤ ਚੁਣੌਤੀਆਂ ਭਰਪੂਰ ਹੋਵੇਗਾ।

ਰੂੜ੍ਹੀਵਾਦੀ ਨੇਤਾਵਾਂ ਦੇ ਉਲਟ ਨਵੇਂ ਵਿਚਾਰਾਂ ਵਾਲੇ ਨੌਜਵਾਨਾਂ, ਵਿਦਿਆਰਥੀਆਂ ਅਤੇ ਭਰੋਸੇਮੰਦ ਬਦਲਾਂ ਨੇ ਇੱਕ ਨਵੀਂ ਰੁੱਤ ਦੇ ਆਉਣ ਦਾ ਪ੍ਰਤੀਬਿੰਬ ਸਿਰਜ ਦਿੱਤਾ ਹੈ। ਸਿਆਸੀ ਵਿਸ਼ਲੇਸ਼ਕ ਇਸ ਅੰਤਰਰਾਸ਼ਟਰੀ ਉਥਲ-ਪੁੱਥਲ ਨੂੰ ਭਾਵੇਂ ਕੋਈ ਲਹਿਰ ਕਹਿਣ ਜਾਂ ਮਹਿਜ਼ ਇੱਕ ਸੰਜੋਗ, ਪਰ ਵੋਟਰਾਂ ਦਾ ਸੰਦੇਸ਼ ਹਰ ਪਾਸੇ ਇੱਕੋ ਹੀ ਦਿਸ਼ਾ ਵੱਲ ਜਾਂਦਾ ਦਿਸਦਾ ਹੈ ਅਤੇ ਉਹ ਹੈ ਲੋਕਤੰਤਰ ਲਈ ਇੱਕ ਅੱਛੀ ਖ਼ਬਰ ਅਤੇ ਲੋਕਤੰਤਰ ਦੇ ਪਾਠ ਦਾ ਇੱਕ ਬਿਲਕੁਲ ਨਵਾਂ ਅਧਿਆਏ।

ਸਾਡਾ ਦੇਸ਼ ਭਾਰਤ ਵੀ ਇਸ ਬਦਲਾਅ ਅਤੇ ਸੱਤਾ-ਪਰਿਵਰਤਨ ਦੀ ਹਵਾ ਤੋਂ ਅਛੂਤਾ ਨਹੀਂ। ਦੇਸ਼ ਦੇ ਆਮ ਲੋਕ ਹੁਣ ਵੱਡੇ ਬਦਲਾਅ ਦੀ ਮੰਗ ਖੁੱਲ੍ਹ ਕੇ ਕਰਨ ਲੱਗੇ ਹਨ। ਦੇਸ਼ ਦੀ ਜੋ ਵਿਰੋਧੀ ਧਿਰ ਕਾਫ਼ੀ ਸਮੇਂ ਤੋਂ ਬੇਜਾਨ ਜਿਹੀ ਹੋ ਚੁੱਕੀ ਸੀ, ਉਹ ਹੁਣ ਨਵੀਂ ਊਰਜਾ ਨਾਲ ਸੜਕਾਂ 'ਤੇ ਉਤਰੀ ਹੈ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸੁਪਰੀਮ ਕੋਰਟ ਸਾਹਮਣੇ ਆਪਣਾ ਸ਼ਕਤੀ ਪ੍ਰਦਰਸ਼ਨ ਕੀਤਾ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਸੜਕਾਂ ਉਤੇ ਉੱਤਰੇ। ਰਾਮਲੀਲ੍ਹਾ ਮੈਦਾਨ ਵਿੱਚ ਜਨਤਾ ਦੀ ਭਾਰੀ ਭੀੜ ਇਸ ਰੋਸ ਦਾ ਸਭ ਤੋਂ ਵੱਡਾ ਪ੍ਰਤੀਕ ਬਣੀ ਹੈ। ਲੋਕਾਂ ਨੂੰ ਹੁਣ ਲੋਕਤੰਤਰ ਵਿੱਚ ਬਦਲਾਅ ਲਈ ਇੱਕ ਨਵੀਂ ਉਮੀਦ ਦੀ ਕਿਰਨ ਦਿਖਾਈ ਦੇ ਰਹੀ ਹੈ। ਦੇਸ਼ ਦੇ ਲੋਕ ਮੌਜੂਦਾ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਤੰਗ ਆ ਚੁੱਕੇ ਹਨ। ਜਿਸ ਤਰ੍ਹਾਂ ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਜੰਤਰ-ਮੰਤਰ ਉੱਤੇ ਡਟ ਕੇ ਆਪਣੀ ਹੋਂਦ ਨੂੰ ਦਰਸਾਇਆ ਹੈ ਅਤੇ ਲੋਕਾਂ ਦੇ ਮਨਾਂ ਵਿੱਚੋਂ ਡਰ ਦੀ ਭਾਵਨਾ ਨੂੰ ਖ਼ਤਮ ਕੀਤਾ ਹੈ, ਉਹ ਅਸਲ ਵਿੱਚ ਮੋਦੀ ਦੇ ਵਿਰੋਧ ਦਾ ਹੀ ਪ੍ਰਗਟਾਵਾ ਹੈ। ਜਦੋਂ ਲੋਕ ਸੜਕਾਂ 'ਤੇ ਉਤਰਦੇ ਹਨ, ਤਾਂ ਉਹ ਅਸਲ ਅਰਥਾਂ ਵਿੱਚ ਸੱਤਾਧਾਰੀਆਂ ਵਿਰੁੱਧ ਆਪਣੀ ਅਸੰਤੁਸ਼ਟੀ ਦਾ ਖੁੱਲ੍ਹਾ ਪ੍ਰਗਟਾਵਾ ਕਰ ਰਹੇ ਹੁੰਦੇ ਹਨ।

ਸਤੰਬਰ 2025 ਵਿੱਚ ਨੇਪਾਲ ਵਿੱਚ ਸੋਸ਼ਲ ਮੀਡੀਆ ਉੱਤੇ ਪਾਬੰਦੀ, ਵਧ ਰਹੇ ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਤੋਂ ਅੱਕੀ ਹੋਈ 'ਜੈਨ-ਜ਼ੀ' ਪੀੜ੍ਹੀ ਸੜਕਾਂ ਉੱਤੇ ਉੱਤਰੀ ਅਤੇ ਸਰਕਾਰ ਨੂੰ ਹਿਲਾ ਕੇ ਰੱਖ ਦਿੱਤਾ। ਇਨ੍ਹਾਂ ਵਿਸ਼ਾਲ ਪ੍ਰਦਰਸ਼ਨਾਂ ਵਿੱਚ ਘੱਟੋ-ਘੱਟ 70 ਲੋਕ ਮਾਰੇ ਗਏ, ਜਿਸ ਕਾਰਨ ਪ੍ਰਧਾਨ ਮੰਤਰੀ ਕੇ ਪੀ ਸ਼ਰਮਾ ਓਲੀ ਨੂੰ ਆਖ਼ਰਕਾਰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣਾ ਪਿਆ। ਇਸ ਤੋਂ ਬਾਅਦ 5 ਮਾਰਚ 2026 ਨੂੰ ਹੋਈਆਂ ਚੋਣਾਂ ਵਿੱਚ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਉੱਤੇ ਲਗਾਮ ਅਤੇ ਬਿਹਤਰ ਪ੍ਰਸ਼ਾਸਨ ਦੇ ਮੁੱਦੇ ਸਭ ਤੋਂ ਅੱਗੇ ਰਹੇ, ਜੋ ਸਤੰਬਰ 2025 ਦੇ ਅੰਦੋਲਨ ਦੌਰਾਨ ਉਠਾਏ ਗਏ ਸਨ। ਨੇਪਾਲ ਵਾਂਗ ਸਰਬੀਆ ਵਿੱਚ ਵੀ ਇਹੋ ਕੁਝ ਦੇਖਣ ਨੂੰ ਮਿਲਿਆ, ਜਿੱਥੇ ਵਿਦਿਆਰਥੀਆਂ ਨੇ ਖ਼ੁਦ ਮੋਰਚਾ ਸੰਭਾਲਿਆ ਅਤੇ ਸੱਤਾ ਦੀਆਂ ਬੁਨਿਆਦਾਂ ਹਿਲਾ ਦਿੱਤੀਆਂ।

ਕੀ ਭਾਰਤ ਵਿੱਚ ਵੀ ਸੱਤਾਧਾਰੀਆਂ ਦਾ ਸਿੰਘਾਸਨ ਡੋਲ ਰਿਹਾ ਹੈ? ਕੀ ਸੱਤਾ ਧਿਰ ਅੰਦਰਖਾਤੇ ਕਿਸੇ ਵੱਡੀ ਘਬਰਾਹਟ ਵਿੱਚ ਹੈ? ਕੀ ਨੌਜਵਾਨਾਂ ਦੀਆਂ ਨਵੀਆਂ ਪਾਰਟੀਆਂ ਅਤੇ ਧਿਰਾਂ ਹਾਕਮਾਂ ਲਈ ਵੱਡਾ ਚੈਲੰਜ ਬਣ ਕੇ ਉੱਭਰ ਰਹੀਆਂ ਹਨ? ਕੀ ਵਿਰੋਧੀ ਧਿਰ ਦਾ 'ਇੰਡੀਆ' ਗੱਠਜੋੜ ਇਸ ਸਭ ਦਾ ਮੁਕਾਬਲਾ ਕਰਨ ਵਿੱਚ ਪੂਰੀ ਤਰ੍ਹਾਂ ਸਮਰੱਥ ਹੋ ਗਿਆ ਹੈ? ਕੀ ਭਾਰਤ ਵਿੱਚ ਵੀ ਲੰਮੇ ਸਮੇਂ ਦੇ ਸੰਘਰਸ਼ ਤੋਂ ਬਾਅਦ ਸੜਕਾਂ ਤੋਂ ਸ਼ੁਰੂ ਹੋਇਆ ਰੋਸ ਵੋਟਾਂ ਦੇ ਫੈਸਲੇ ਤੱਕ ਪਹੁੰਚਣ ਦਾ ਸਫ਼ਰ ਤੇਜ਼ੀ ਨਾਲ ਤੈਅ ਕਰ ਰਿਹਾ ਹੈ?

ਸੰਕੇਤ ਤਾਂ ਕੁਝ ਇਸੇ ਤਰ੍ਹਾਂ ਦੇ ਮਿਲ ਰਹੇ ਹਨ, ਕਿਉਂਕਿ ਦੇਸ਼ ਵਿੱਚ ਵਧ ਰਹੀ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਮਹਿੰਗਾਈ ਨੇ ਆਮ ਬੰਦੇ ਦਾ ਜੀਣਾ ਦੁੱਭਰ ਕਰ ਦਿੱਤਾ ਹੈ। ਦੇਸ਼ ਦਾ ਸਿੰਘਾਸਨ ਹਿਲਦਾ ਸਾਫ਼ ਨਜ਼ਰ ਆ ਰਿਹਾ ਹੈ, ਨਹੀਂ ਤਾਂ ਸੱਤਾਧਾਰੀ ਭਾਜਪਾ ਦੇ ਆਪਣੇ ਹੀ ਵਰਕਰਾਂ ਨੂੰ ਲੋਕਤੰਤਰ ਦੀ ਬਹਾਲੀ ਅਤੇ ਅਰਾਜਕਤਾ ਨੂੰ ਖ਼ਤਮ ਕਰਨ ਦੀ ਮੰਗ ਨੂੰ ਲੈ ਕੇ ਸੜਕਾਂ ਉਤੇ ਨਾ ਉਤਰਨਾ ਪੈਂਦਾ।

ਇਸੇ ਤਰ੍ਹਾਂ ਅਫ਼ਰੀਕੀ ਦੇਸ਼ਾਂ ਵਿੱਚ ਵੀ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਨਿਰਾਸ਼ਾ ਤੋਂ ਤੰਗ ਆ ਚੁੱਕੇ ਨੌਜਵਾਨਾਂ ਦੀ ਆਵਾਜ਼ ਹੁਣ ਉੱਥੋਂ ਦੇ ਪ੍ਰਭਾਵਸ਼ਾਲੀ ਕਲਾਕਾਰ ਅਤੇ ਗਾਇਕ ਬਣ ਰਹੇ ਹਨ। ਜਿਵੇਂ ਭਾਰਤ ਵਿੱਚ ਕਲਾਕਾਰ ਸੱਤਾ ਨੂੰ ਆਪਣੇ ਗੀਤਾਂ ਅਤੇ ਵਿਅੰਗ ਰਾਹੀਂ ਲਲਕਾਰ ਰਹੇ ਹਨ (ਜਿਵੇਂ ਨੇਹਾ ਸਿੰਘ ਰਾਠੌਰ ਅਤੇ ਹੋਰ ਕਲਾਕਾਰ), ਉਸੇ ਤਰ੍ਹਾਂ ਇਥੋਪੀਆ ਅਤੇ ਕੀਨੀਆ ਵਿੱਚ ਵੀ ਕਲਾਕਾਰ ਆਪਣੇ ਗੀਤਾਂ ਦੇ ਜ਼ਰੀਏ ਆਮ ਲੋਕਾਂ ਨੂੰ ਸਰਕਾਰਾਂ ਵਿਰੁੱਧ ਅੰਦੋਲਨ ਨਾਲ ਜੋੜ ਰਹੇ ਹਨ। ਇਥੋਪੀਆ ਦਾ ਮਸ਼ਹੂਰ ਗਾਇਕ ਟੈਡੀ ਐਫ਼ਰੋ ਅਤੇ ਯੂਗਾਂਡਾ ਦਾ ਗਾਇਕ ਬੌਬੀ ਵਾਇਨ ਆਪਣੀ ਬੁਲੰਦ ਆਵਾਜ਼ ਨਾਲ ਸੱਤਾ ਦੇ ਸਿੰਘਾਸਨ ਨੂੰ ਹਿਲਾ ਰਹੇ ਹਨ । ਮੋਜ਼ੰਮਬੀਕ ਦੇ ਮਰਹੂਮ ਰੈਪਰ ਆਜ਼ਾ ਗਾਈਆ ਦਾ 2023 ਦਾ ਗੀਤ 'ਪੋਵੋ ਨੋ ਪੂਡਰ' ਵੀ ਉੱਥੋਂ ਦੇ ਵੱਡੇ ਜਨ-ਵਿਰੋਧ ਦਾ ਸਭ ਤੋਂ ਵੱਡਾ ਪ੍ਰੇਰਕ ਬਣਿਆ।

ਇਹ ਸਭ ਘਟਨਾਵਾਂ ਇਸ ਗੱਲ ਦਾ ਸਪੱਸ਼ਟ ਅਤੇ ਮਜ਼ਬੂਤ ਪ੍ਰਮਾਣ ਹਨ ਕਿ ਇਸ ਕਿਸਮ ਦਾ ਵਿਰੋਧ ਸਿਰਫ਼ ਕਿਸੇ ਇੱਕ ਦੇਸ਼ ਜਾਂ ਖੇਤਰ ਤੱਕ ਸੀਮਤ ਨਹੀਂ, ਸਗੋਂ ਅੰਤਰਰਾਸ਼ਟਰੀ ਪੱਧਰ ਉੱਤੇ ਇੱਕ ਵੱਡੀ ਲਹਿਰ ਵਜੋਂ ਵਾਪਰ ਰਿਹਾ ਹੈ। ਅੱਜ ਦੁਨੀਆ ਭਰ ਵਿੱਚ ਆਰਥਿਕ ਮੰਦਹਾਲੀ, ਬੇਰੁਜ਼ਗਾਰੀ, ਹਾਕਮਾਂ ਦੇ ਤਾਨਾਸ਼ਾਹੀ ਰਵੱਈਏ ਅਤੇ ਭ੍ਰਿਸ਼ਟਾਚਾਰ ਵਿਰੁੱਧ 'ਵਿਰੋਧ ਦਾ ਮੌਸਮ' ਨਿਰੰਤਰ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ ਅਤੇ ਸੱਤਾਧਾਰੀਆਂ ਦੇ ਸਿੰਘਾਸਨ ਡਾਵਾਂਡੋਲ ਹੋ ਰਹੇ ਹਨ।

**# ਸੰਪਰਕ : 98158-02070**

# ਅਧਿਆਪਕ-ਵਿਦਿਆਰਥੀ ਦਾ ਰਿਸ਼ਤਾ ਸਿਰ.ਫ ਕਲਾਸਰੂਮ ਤੱਕ ਸੀਮਿਤ ਨਹੀਂ



ਡਾ. ਸਤਿੰਦਰ ਸਿੰਘ

ਸਿੱਖਿਆ ਸੰਸਾਰ ਦਾ ਕੇਂਦਰ ਬਿੰਦੂ ਅਧਿਆਪਕ ਹੈ । ਅਧਿਆਪਕ ਤੇ ਵਿਦਿਆਰਥੀ ਦਾ ਰਿਸ਼ਤਾ ਸਭ ਤੋਂ ਪਵਿੱਤਰ, ਪ੍ਰਭਾਵਸ਼ਾਲੀ ਅਤੇ ਮਹੱਤਵਪੂਰਨ ਹੈ। ਇਹ ਸਬੰਧ ਸਿਰਫ ਕਿਤਾਬੀ ਗਿਆਨ ਲੈਣ ਤੱਕ ਹੀ ਸੀਮਤ ਨਹੀਂ, ਬਲਕਿ ਵਿਦਿਆਰਥੀ ਦੀ ਸ਼ਖਸੀਅਤ, ਚਰਿੱਤਰ ਅਤੇ ਨੈਤਿਕ ਗੁਣਾਂ ਦਾ ਨਿਰਮਾਣ ਕਰਨ ਦਾ ਸਰੋਤ ਹਨ। ਭਾਰਤ ਦੀ ਪ੍ਰਾਚੀਨ ਸੱਭਿਅਤਾ ਵਿੱਚ ਅਧਿਆਪਕ ਨੂੰ ਗੁਰੂ ਦਾ ਦਰਜਾ ਦਿੱਤਾ ਗਿਆ ਹੈ। ਉਹ ਵਿਦਿਆਰਥੀ ਨੂੰ ਆਗਿਆਨਤਾ ਦੇ ਹਨੇਰੇ ਵਿੱਚੋਂ ਕੱਢ ਕੇ ਗਿਆਨ ਦੇ ਚਾਨਣ ਵੱਲ ਲੈ ਕੇ ਜਾਂਦਾ ਹੈ। ਪੁਰਾਤਨ ਕਾਲ ਵਿੱਚ ਗੁਰੂ-ਚੇਲੇ ਦੀ ਪਰੰਪਰਾ ਸੀ। ਬੱਚੇ ਘਰ ਛੱਡ ਕੇ ਗੁਰੂਕੁਲ ਵਿੱਚ ਰਹਿੰਦੇ ਸਨ, ਉਹ ਗੁਰੂ ਦੀ ਸੇਵਾ ਕਰਦੇ ਸਨ ਅਤੇ ਉਹ ਵਿਦਿਆਰਥੀ ਨੂੰ ਆਗਿਆਨਤਾ ਦੇ ਹਨੇਰੇ ਵਿੱਚੋਂ ਕੱਢ ਕੇ ਗਿਆਨ ਦੇ ਚਾਨਣ ਵੱਲ ਲੈ ਕੇ ਜਾਂਦਾ ਸੀ। ਅਧਿਆਪਕ ਦਾ ਰਿਸ਼ਤਾ ਸਤਿਕਾਰ ਅਤੇ ਸਨਮਾਨ ਦਾ ਸਬੰਧ ਹੈ, ਤਾਂ ਹੀ ਤਾਂ ਕਿਹਾ ਜਾਂਦਾ ਹੈ ਕਿ -'ਗੁਰ ਬਿਨਾ ਗਿਆਨ ਨਹੀਂ ਤੇ ਗਿਆਨ ਬਿਨਾਂ ਜੀਵਨ ਨਹੀਂ।'

ਅਧਿਆਪਕ ਨੂੰ ਉਸਾਰੂ ਸਮਾਜ ਅਤੇ ਰਾਸ਼ਟਰ ਦਾ ਨਿਰਮਾਤਾ ਕਿਹਾ ਜਾਂਦਾ ਹੈ। ਅਧਿਆਪਕ ਵੱਲੋਂ ਹੀ ਦੁਨੀਆਂ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਵਾਲੀ ਪੀੜ੍ਹੀ ਤਿਆਰ ਕੀਤੀ ਜਾਂਦੀ ਹੈ। ਚੰਗੇ ਅਧਿਆਪਕ ਦਾ ਕੰਮ ਸਿਰਫ਼ ਸਾਖਰਤਾ ਦਰ ਵਧਾਉਣੀ, ਕਿਤਾਬੀ ਗਿਆਨ ਦੇਣਾ, ਵੱਧ ਤੋਂ ਵੱਧ ਬੱਚਿਆਂ ਨੂੰ ਪਾਸ ਕਰਵਾਉਣਾ ਜਾਂ ਮੈਰਿਟ ਵਿੱਚ ਲਿਆਉਣ ਤੱਕ ਸੀਮਤ ਨਹੀਂ, ਬਲਕਿ ਇੱਕ ਮਿੱਤਰ, ਦਾਰਸ਼ਨਿਕ ਅਤੇ ਨਿਰਦੇਸ਼ਕ ਦੇ ਰੂਪ ਵਿੱਚ ਵਿਦਿਆਰਥੀ ਦਾ ਸਰੀਰਕ, ਮਾਨਸਿਕ, ਸਮਾਜਿਕ, ਭਾਵਨਾਤਮਕ ਅਤੇ ਨੈਤਿਕ ਵਿਕਾਸ ਕਰਕੇ ਉਸ ਨੂੰ ਮੰਜ਼ਲ ਤੱਕ ਪਹੁੰਚਾਉਣ ਵਿੱਚ ਮਦਦ ਕਰਨਾ ਵੀ ਹੁੰਦਾ ਹੈ। ਇਸ ਮਹੱਤਤਾ ਨੂੰ ਦੇਖਦੇ ਹੋਏ ਭਗਤ ਕਬੀਰ ਜੀ ਨੇ ਗੁਰੂ ਦੀ ਮਹੱਤਤਾ ਦਰਸਾਉਂਦੇ ਕਿਹਾ-

*ਗੁਰੂ ਗੋਬਿੰਦ ਦੋਊ ਖੜੇ ਕਾਕੇ ਲਾਗੂ ਪਾਏ,*
*ਬਲਿਹਾਰੀ ਗੁਰ ਆਪਣੇ ਗੋਬਿੰਦ ਦੀਓ ਮਿਲਾਏ।*

ਅਰਥਾਤ ਸੰਸਾਰ ਵਿੱਚ ਈਸ਼ਵਰ ਤੋਂ ਵੀ ਉੱਚਾ ਦਰਜਾ ਗੁਰੂ ਨੂੰ ਦਿੱਤਾ ਗਿਆ ਹੈ।ਭਾਰਤ ਦੇ ਗੌਰਵਮਈ ਇਤਿਹਾਸ ਵਿੱਚ ਅਧਿਆਪਕ/ ਗੁਰੂ -ਚੇਲੇ ਦੇ ਰਿਸ਼ਤੇ ਦੀ ਮਹਾਨਤਾ ਨੂੰ ਦਰਸਾਉਣ ਲਈ ਅੱਜ ਵੀ ਦਰੋਣਾਚਾਰੀਆ ਤੇ ਚਾਣਕਿਆ ਵਰਗੇ ਗੁਰੂ ਦੀ ਸਿੱਖਿਆ ਦੀਆਂ ਉਦਾਹਰਨਾਂ ਬੜੇ ਮਾਣ ਨਾਲ ਦਿੱਤੀਆਂ ਜਾਂਦੀਆਂ ਹਨ। ਆਧੁਨਿਕ ਯੁੱਗ ਵਿੱਚ ਡਾ ਏ. ਪੀ. ਜੇ ਅਬਦੁਲ ਕਲਾਮ, ਪ੍ਰੋਫ਼ੈਸਰ ਯਸ਼ਪਾਲ ਅਤੇ ਡਾ.ਸਰਵਪੱਲੀ ਰਾਧਾ ਕ੍ਰਿਸ਼ਨਨ ਵਰਗੀਆਂ ਉੱਚ ਕੋਟੀ ਦੀਆਂ ਸ਼ਖ਼ਸੀਅਤਾਂ ਨੂੰ ਵੀ ਇੱਕ ਆਦਰਸ਼ ਅਧਿਆਪਕ ਵਜੋਂ ਯਾਦ ਕੀਤਾ ਜਾਂਦਾ ਹੈ। ਮਾਤਾ-ਪਿਤਾ ਬੱਚੇ ਨੂੰ ਜਨਮ ਦਿੰਦੇ ਹਨ। ਪਰੰਤੂ ਅਧਿਆਪਕ ਬੱਚੇ ਨੂੰ ਚੰਗਾ ਇਨਸਾਨ ਬਣਾਉਣ ਅਤੇ ਉਸਦੇ ਉਜਵੱਲ ਭਵਿੱਖ ਲਈ ਵਡਮੁੱਲਾ ਯੋਗਦਾਨ ਪਾਉਂਦੇ ਹਨ । ਅਰਥਾਤ ਅਧਿਆਪਕ ਇਨਸਾਨ ਦੀ ਜ਼ਿੰਦਗੀ ਰੂਪੀ ਵਿਸ਼ਾਲ ਇਮਾਰਤ ਦੀ ਨੀਂਹ ਦਾ ਪੱਥਰ ਰੱਖਣ ਦਾ ਕੰਮ ਕਰਦਾ ਹੈ।

ਚੰਗੇ ਅਧਿਆਪਕ ਦੀ ਅਨਹੋਂਦ ਨਾਲ ਬੇਹਤਰੀਨ ਸਿੱਖਿਆ ਵਿਧੀਆਂ ਵੀ ਅਸਫ਼ਲ ਹੋ ਜਾਂਦੀਆਂ ਹਨ, ਜਦ ਕਿ ਚੰਗੇ ਅਧਿਆਪਕ ਦੀ ਹੋਂਦ ਸਿੱਖਿਆ ਪ੍ਰਣਾਲੀ ਦੇ ਸਭ ਦੋਸ਼ਾਂ ਨੂੰ ਵੀ ਬਹੁਤ ਹੱਦ ਤੱਕ ਦੂਰ ਕਰ ਦਿੰਦੇ ਹਨ।

ਅਧਿਆਪਕ ਅਤੇ ਵਿਦਿਆਰਥੀ ਦੇ ਸੰਬੰਧਾਂ ਦੀ ਏਨੀ ਮਹੱਤਤਾ ਹੋਣ ਦੇ ਬਾਵਜੂਦ ਅਜੋਕੇ ਪਦਾਰਥਵਾਦੀ ਯੁੱਗ ਵਿੱਚ ਅਧਿਆਪਕ ਦੇ ਸਤਿਕਾਰ ਵਿੱਚ ਕਮੀ ਆਈ ਹੈ। ਇਸ ਪਵਿੱਤਰ ਰਿਸ਼ਤੇ ਵਿੱਚ ਤਰੇੜ ਪੈਦਾ ਹੁੰਦੀ ਨਜ਼ਰ ਆ ਰਹੀ ਹੈ। ਸਿੱਖਿਆ ਦੇ ਵਪਾਰੀਕਰਨ ਦੇ ਦੌਰ ਵਿੱਚ ਅਧਿਆਪਕ ਅਤੇ ਵਿਦਿਆਰਥੀ ਦਾ ਰਿਸ਼ਤਾ ਸਿਰਫ ਫੀਸ -ਲੈਕਚਰ -ਨੋਟਿਸ ਤੱਕ ਸੀਮਤ ਹੋ ਕੇ ਰਹਿ ਜਾਂਦਾ ਹੈ।

ਸੋਸ਼ਲ ਮੀਡੀਆ, ਆਨਲਾਈਨ ਸਿੱਖਿਆ ਅਤੇ ਵਧਦੇ ਪੱਛਮੀ ਪ੍ਰਭਾਵ ਦੇ ਕਾਰਨ ਅਨੇਕਾਂ ਵਾਰ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਅਨੁਸ਼ਾਸਨ ਦੀ ਕਮੀ ਆਮ ਦੇਖੀ ਜਾਂਦੀ ਹੈ । ਇਸ ਦੌਰ ਵਿੱਚ ਸਿੱਖਿਆ ਦੇ ਮੰਦਰਾਂ ਵਿੱਚ ਅਨੁਸ਼ਾਸ਼ਨਹੀਣਤਾ ਵਧੀ ਹੈ, ਮਨੁੱਖੀ ਕਦਰਾਂ-ਕੀਮਤਾਂ ਵਿੱਚ ਭਾਰੀ ਕਮੀ ਆਈ ਹੈ, ਇਨਸਾਨੀ ਸ਼ਖਸੀਅਤ ਦਾ ਮਿਆਰ ਵੀ ਨੀਵਾਂ ਹੋਇਆ ਹੈ।

ਅੱਜ ਸਿੱਖਿਆ ਦਾ ਮੁੱਖ ਉਦੇਸ਼ ਨੀਟ ਅਤੇ ਜੇ ਈ ਈ ਵਰਗੇ ਟੈਸਟ ਚੰਗੇ ਰੈਂਕ ਨਾਲ ਪਾਸ ਕਰਨਾ ਅਤੇ ਡਾਕਟਰ ਜ™ ਆਈ.ਆਈ.ਟੀ ਪਾਸ ਇੰਜੀਨੀਅਰ ਬਣਨਾ ਹੈ। ਇਸ ਤੋਂ ਇਲਾਵਾ ਸਿਵਲ ਸੇਵਾਵਾਂ ਅਤੇ ਹੋਰ ਮਹੱਤਵਪੂਰਨ ਸਰਕਾਰੀ ਮਹਿਕਮੇ ਵਿੱਚ ਭਰਤੀ ਹੋਣਾ ਅਤੇ ਵੱਧ ਤੋਂ ਵੱਧ ਪੈਸੇ ਕਮਾਉਣ ਦੀ ਅੰਨ੍ਹੀ ਦੌੜ ਵਿੱਚ ਸ਼ਾਮਲ ਹੋਣਾ ਹੈ । ਵਧਦੇ ਮੁਕਾਬਲੇ ਦੀ ਇਸ ਅੰਨ੍ਹੀ ਦੌੜ ਨੇ ਵਿਦਿਆਰਥੀ ਵਰਗ ਵਿੱਚ ਤਣਾਓ ਦੀ ਫਸਲ ਬੀਜ ਦਿੱਤੀ ਹੈ । ਜਿਸ ਸਿੱਖਿਆ ਨੇ ਸ਼ਖਸ਼ੀਅਤ ਦਾ ਨਿਰਮਾਣ ਕਰਨਾ ਸੀ , ਚੰਗਾ ਵਿਹਾਰ ਪੈਦਾ ਕਰਨ ਵਿੱਚ ਮਦਦ ਕਰਨੀ ਸੀ, ਉਸੇ ਸਿੱਖਿਆ ਦੇ ਕਾਰਨ ਵਿਦਿਆਰਥੀ ਵਿੱਚ ਤਣਾਅ ਆਇਆ ਅਤੇ ਆਤਮ ਹੱਤਿਆ ਵਰਗੇ ਗੰਭੀਰ ਕਦਮ ਵੀ ਚੁੱਕਣ ਲੱਗਿਆ ।ਅਜਿਹੇ ਹਾਲਾਤ ਵਿੱਚ ਅਧਿਆਪਕ ਵਿਦਿਆਰਥੀ ਦੇ ਸੰਬੰਧਾਂ ਵਿੱਚ ਤਰੇੜ ਆਉਣਾ ਸੁਭਾਵਿਕ ਹੈ।

ਮੌਜੂਦਾ ਦੌਰ ਵਿੱਚ ਅਧਿਆਪਕ ਦਾ ਬਦਲ ਲੱਭਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰੰਤੂ ਕੋਈ ਕਿਤਾਬ, ਕੰਪਿਊਟਰ, ਦਸਤਾਵੇਜ਼, ਯੂ ਟਿਊਬ ਜਾਂ ਮੋਬਾਈਲ ਐਪ ਅਧਿਆਪਕ ਦਾ ਬਦਲ ਨਹੀਂ ਹੋ ਸਕਦਾ । ਇੰਟਰਨੈਟ, ਸਮਾਰਟਫੋਨ, ਗੂਗਲ, ਸਮਾਰਟ ਕਲਾਸ ਰੂਮ ਜਾਣਕਾਰੀ ਦੇਣ ਦੇ ਪੱਖੋਂ ਤਾਂ ਕੁਝ ਹੱਦ ਤੱਕ ਬਿਹਤਰ ਹੋ ਸਕਦੇ ਹਨ, ਇਹ ਥੋੜ੍ਹੇ ਸਮੇਂ ਦੀ ਸਿੱਖਿਆ ਲਈ ਤਾਂ ਸਹਾਈ ਹੋ ਸਕਦੇ ਹਨ। ਪਰੰਤੂ ਲੰਮੇ ਸਮੇਂ ਲਈ ਇਹ ਲਾਹੇਵੰਦ ਨਹੀਂ, ਇਹ ਸਭ ਮਸ਼ੀਨਾਂ ਹਨ। ਬੱਚੇ ਦੇ ਪੱਖੀ ਸਰਬਪੱਖੀ ਲਈ ਲੋੜੀਦੀਆਂ ਕਦਰਾਂ ਕੀਮਤਾਂ ਜਿਵੇਂ ਕਿ ਪਿਆਰ, ਸਨੇਹ, ਲਗਾਅ, ਹਮਦਰਦੀ ਅਤੇ ਤਿਆਗ ਸਿਰਫ ਅਧਿਆਪਕ ਤੋਂ ਹੀ ਮਿਲ ਸਕਦਾ ਹੈ। ਜੇ ਅਧਿਆਪਕ ਬਚੇਗਾ ਤਾਂ ਦੇਸ਼ ਬਚੇਗਾ।

ਗੁਰੂ ਅੰਗਦ ਦੇਵ ਜੀ ਫਰਮਾਉਂਦੇ ਹਨ-
ਜੇ ਸੌ ਚੰਦਾ ਉਗਵੈ ਸੂਰਜ ਚੜੇ ਹਜਾਰ ॥
ਏਤੇ ਚਾਨਣ ਹੁੰਦਿਆ ਗੁਰ ਬਿਨ ਘੋਰ ਅੰਧਾਰ ॥

ਅਧਿਆਪਕ ਅਤੇ ਵਿਦਿਆਰਥੀ ਦਾ ਰਿਸ਼ਤਾ ਗਿਆਨ ਦੇਣ ਅਤੇ ਲੈਣ ਤੋਂ ਕਿਤੇ ਵੱਧ ਹੈ, ਇਹ ਵਿਸ਼ਵਾਸ, ਸਤਿਕਾਰ ਅਤੇ ਪ੍ਰੇਰਣਾ ਰਾਹੀਂ ਇੱਕ ਬਿਹਤਰ ਭਵਿੱਖ ਦੀ ਸਿਰਜਣਾ ਦਾ ਰਿਸ਼ਤਾ ਹੈ।

**# ਸੰਪਰਕ : 98154-27554**

# ਇੱਕ ਪੱਤਰਕਾਰ ਦੀ ਆਵਾਜ਼ ਨੇ ਡਿਜੀਟਲ ਮੀਡੀਆ ਲਈ ਬਣਾਈ ਨਵੀਂ ਥਾਂ



ਐੱਮ ਐੱਸ ਭਾਟੀਆ

ਅੱਜ ਦੇ ਡਿਜੀਟਲ ਯੁੱਗ ਵਿੱਚ ਯੂਟਿਊਬ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਰਿਹਾ, ਸਗੋਂ ਖ਼ਬਰਾਂ, ਵਿਚਾਰਾਂ, ਸੱਤਾ ਨੂੰ ਸਵਾਲ ਕਰਨ ਅਤੇ ਲੋਕਾਂ ਦੇ ਮਸਲਿਆਂ ਨੂੰ ਉਭਾਰਨ ਦਾ ਇੱਕ ਮਹੱਤਵਪੂਰਨ ਮੰਚ ਬਣ ਗਿਆ ਹੈ। ਭਾਰਤ ਵਿੱਚ ਸੁਤੰਤਰ ਡਿਜੀਟਲ ਪੱਤਰਕਾਰੀ ਦੇ ਇਸ ਉਭਾਰ ਪਿੱਛੇ ਕਈ ਪੱਤਰਕਾਰਾਂ, ਲੇਖਕਾਂ ਅਤੇ ਸਮਾਜਿਕ ਕਾਰਕੁਨਾਂ ਦਾ ਯੋਗਦਾਨ ਹੈ, ਪਰ ਇਸ ਤਬਦੀਲੀ ਦੀ ਚਰਚਾ ਕਰਦਿਆਂ ਸੀਨੀਅਰ ਪੱਤਰਕਾਰ ਰਵੀਸ਼ ਕੁਮਾਰ ਦੇ ਯੋਗਦਾਨ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਰਵੀਸ਼ ਕੁਮਾਰ ਨੇ ਲੰਮਾ ਸਮਾਂ ਐੱਨ ਡੀ ਟੀ ਵੀ ਵਿੱਚ ਕੰਮ ਕੀਤਾ। ਆਪਣੇ ਪ੍ਰੋਗਰਾਮਾਂ ਰਾਹੀਂ ਉਹ ਆਮ ਲੋਕਾਂ ਦੇ ਜੀਵਨ ਨਾਲ ਜੁੜੇ ਮਸਲੇ ਉਠਾਉਂਦੇ ਰਹੇ। ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ, ਸਿਹਤ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੀ ਪੱਤਰਕਾਰੀ ਦੇ ਅਹਿਮ ਵਿਸ਼ੇ ਰਹੇ। ਉਨ੍ਹਾ ਦੀ ਪਛਾਣ ਅਜਿਹੇ ਪੱਤਰਕਾਰ ਵਜੋਂ ਬਣੀ, ਜਿਹੜਾ ਸੱਤਾ ਦੇ ਗਲਿਆਰਿਆਂ ਦੀਆਂ ਸਰਗਰਮੀਆਂ ਦੇ ਨਾਲ-ਨਾਲ ਆਮ ਨਾਗਰਿਕ ਦੀ ਜ਼ਿੰਦਗੀ ਨੂੰ ਵੀ ਖ਼ਬਰਾਂ ਦਾ ਕੇਂਦਰ ਬਣਾਉਣ ਦੀ ਕੋਸ਼ਿਸ਼ ਕਰਦਾ ਸੀ।

ਇਸੇ ਮਾਹੌਲ ਵਿੱਚ 'ਗੋਦੀ ਮੀਡੀਆ' ਸ਼ਬਦ ਖ਼ਾਸ ਤੌਰ 'ਤੇ ਪ੍ਰਚੱਲਤ ਹੋਇਆ। ਇਸ ਸ਼ਬਦ ਨੂੰ ਰਵੀਸ਼ ਕੁਮਾਰ ਨੇ ਆਪਣੀ ਪੱਤਰਕਾਰੀ ਰਾਹੀਂ ਵਿਆਪਕ ਪਛਾਣ ਦਿਵਾਈ। ਇਸ ਦਾ ਭਾਵ ਅਜਿਹੇ ਮੀਡੀਆ ਤੋਂ ਲਿਆ ਜਾਂਦਾ ਹੈ, ਜਿਹੜਾ ਸੱਤਾ ਤੋਂ ਸਵਾਲ ਪੁੱਛਣ ਦੀ ਬਜਾਏ ਉਸ ਦੇ ਪੱਖ ਵਿੱਚ ਖੜ੍ਹਾ ਦਿਖਾਈ ਦਿੰਦਾ ਹੈ। ਇਹ ਸ਼ਬਦ ਸਿਰਫ਼ ਇੱਕ ਵਿਅੰਗਾਤਮਕ ਟਿੱਪਣੀ ਨਹੀਂ ਰਿਹਾ। ਇਸ ਨੇ ਮੀਡੀਆ ਦੀ ਆਜ਼ਾਦੀ, ਸੰਪਾਦਕੀ ਨਿਰਪੱਖਤਾ, ਮਾਲਕੀ ਦੇ ਪ੍ਰਭਾਵ ਅਤੇ ਪੱਤਰਕਾਰਾਂ ਦੀ ਜਵਾਬਦੇਹੀ ਬਾਰੇ ਆਮ ਲੋਕਾਂ ਵਿੱਚ ਚਰਚਾ ਛੇੜ ਦਿੱਤੀ। ਪਹਿਲਾਂ ਜਿਹੜੇ ਦਰਸ਼ਕ ਟੈਲੀਵਿਜ਼ਨ 'ਤੇ ਚੱਲ ਰਹੀਆਂ ਬਹਿਸਾਂ ਨੂੰ ਹੀ ਖ਼ਬਰਾਂ ਦਾ ਅੰਤਮ ਸੱਚ ਮੰਨ ਲੈਂਦੇ ਸਨ, ਉਨ੍ਹਾਂ ਵਿੱਚੋਂ ਬਹੁਤ ਸਾਰੇ ਲੋਕ ਖ਼ਬਰਾਂ ਦੀ ਭਰੋਸੇਯੋਗਤਾ ਬਾਰੇ ਸਵਾਲ ਕਰਨ ਲੱਗੇ। ਇਸ ਤਰ੍ਹਾਂ ਰਵੀਸ਼ ਕੁਮਾਰ ਨੇ ਇੱਕ ਅਜਿਹੀ ਸ਼ਬਦਾਵਲੀ ਨੂੰ ਲੋਕਪ੍ਰਿਯ ਬਣਾਉਣ ਵਿੱਚ ਭੂਮਿਕਾ ਨਿਭਾਈ, ਜਿਸ ਰਾਹੀਂ ਲੋਕ ਮੁੱਖ ਧਾਰਾ ਦੇ ਮੀਡੀਆ ਦੀ ਕਾਰਗੁਜ਼ਾਰੀ ਬਾਰੇ ਆਪਣੀ ਅਸਹਿਮਤੀ ਪ੍ਰਗਟ ਕਰ ਸਕਦੇ ਸਨ।

**ਐੱਨ ਡੀ ਟੀ ਵੀ ਤੋਂ ਯੂਟਿਊਬ ਤੱਕ ਦਾ ਸਫ਼ਰ**

ਨਵੰਬਰ 2022 ਵਿੱਚ ਐੱਨ ਡੀ ਟੀ ਵੀ ਤੋਂ ਅਸਤੀਫ਼ਾ ਦੇਣ ਤੋਂ ਬਾਅਦ ਰਵੀਸ਼ ਕੁਮਾਰ ਨੇ ਆਪਣਾ ਯੂਟਿਊਬ ਚੈਨਲ ਸ਼ੁਰੂ ਕੀਤਾ। ਇਹ ਕਦਮ ਉਸ ਸਮੇਂ ਚੁੱਕਿਆ ਗਿਆ, ਜਦੋਂ ਐੱਨ ਡੀ ਟੀ ਵੀ ਦੀ ਮਾਲਕੀ ਵਿੱਚ ਵੱਡੀ ਤਬਦੀਲੀ ਆ ਰਹੀ ਸੀ । ਉਨ੍ਹਾ ਦੇ ਇਸ ਫ਼ੈਸਲੇ ਨੇ ਇਹ ਸਵਾਲ ਵੀ ਖੜ੍ਹਾ ਕੀਤਾ ਕਿ ਕੀ ਇੱਕ ਤਜਰਬੇਕਾਰ ਪੱਤਰਕਾਰ ਵੱਡੇ ਟੈਲੀਵਿਜ਼ਨ ਅਦਾਰੇ ਤੋਂ ਬਾਹਰ ਰਹਿ ਕੇ ਵੀ ਵੱਡੀ ਗਿਣਤੀ ਵਿੱਚ ਲੋਕਾਂ ਤੱਕ ਪਹੁੰਚ ਸਕਦਾ ਹੈ।

ਉਨ੍ਹਾ ਦੇ ਚੈਨਲ ਨੂੰ ਸ਼ੁਰੂਆਤੀ ਦੌਰ ਵਿੱਚ ਹੀ ਮਿਲਿਆ ਹੁੰਗਾਰਾ ਇਸ ਸਵਾਲ ਦਾ ਇੱਕ ਮਹੱਤਵਪੂਰਨ ਜਵਾਬ ਸੀ। ਇੰਡੈਕਸ ਆਨ ਸੈਂਸਰਸ਼ਿਪ ਵਿੱਚ ਅਕਤੂਬਰ 2024 ਨੂੰ ਪ੍ਰਕਾਸ਼ਤ ਇੱਕ ਲੇਖ ਅਨੁਸਾਰ ਚੈਨਲ ਦੇ ਪਹਿਲੇ ਮਹੀਨੇ ਵਿੱਚ ਹੀ 27.5 ਲੱਖ ਤੋਂ ਵੱਧ ਲੋਕ ਇਸ ਨਾਲ ਜੁੜ ਗਏ ਸਨ। ਮਈ 2024 ਵਿੱਚ ਉਨ੍ਹਾ ਦੇ ਚੈਨਲ ਨੇ ਇੱਕ ਕਰੋੜ ਸਬਸਕ੍ਰਾਈਬਰਾਂ ਦਾ ਅੰਕੜਾ ਵੀ ਪਾਰ ਕਰ ਲਿਆ ।

ਇਹ ਸਫ਼ਲਤਾ ਸਿਰਫ਼ ਇੱਕ ਮਸ਼ਹੂਰ ਪੱਤਰਕਾਰ ਦੀ ਲੋਕਪ੍ਰਿਯਤਾ ਦਾ ਨਤੀਜਾ ਨਹੀਂ ਸੀ, ਇਸ ਵਿੱਚ ਉਨ੍ਹਾਂ ਦਰਸ਼ਕਾਂ ਦੀ ਭੂਮਿਕਾ ਵੀ ਸੀ, ਜਿਹੜੇ ਖ਼ਬਰਾਂ ਵਿੱਚ ਆਪਣੇ ਰੋਜ਼ਾਨਾ ਦੇ ਮਸਲਿਆਂ ਨੂੰ ਥਾਂ ਮਿਲਦੀ ਦੇਖਣਾ ਚਾਹੁੰਦੇ ਸਨ। ਉਹ ਅਜਿਹੀ ਪੱਤਰਕਾਰੀ ਦੀ ਭਾਲ ਵਿੱਚ ਸਨ, ਜਿਹੜੀ ਸਰਕਾਰ ਦੀਆਂ ਨੀਤੀਆਂ, ਸੱਤਾ ਦੇ ਦਾਅਵਿਆਂ ਅਤੇ ਜਨਤਕ ਜੀਵਨ ਨਾਲ ਜੁੜੇ ਮੁੱਦਿਆਂ ਦੀ ਪੜਤਾਲ ਕਰੇ।

ਰਵੀਸ਼ ਕੁਮਾਰ ਦੇ ਚੈਨਲ ਨੇ ਇਹ ਵੀ ਦਿਖਾਇਆ ਕਿ ਟੈਲੀਵਿਜ਼ਨ ਸਟੂਡੀਓ, ਵੱਡੇ ਕੈਮਰੇ ਅਤੇ ਵੱਡੀ ਪੂੰਜੀ ਤੋਂ ਬਿਨਾਂ ਵੀ ਇੱਕ ਪੱਤਰਕਾਰ ਆਪਣੀ ਪਛਾਣ ਕਾਇਮ ਰੱਖ ਸਕਦਾ ਹੈ। ਬੇਸ਼ੱਕ, ਇਸ ਲਈ ਤਜਰਬਾ, ਖੋਜ, ਭਰੋਸੇਯੋਗਤਾ ਅਤੇ ਦਰਸ਼ਕਾਂ ਨਾਲ ਲਗਾਤਾਰ ਸੰਵਾਦ ਜ਼ਰੂਰੀ ਹਨ।

**ਦੂਜੇ ਯੂਟਿਊਬਰਾਂ ਲਈ ਰਾਹ ਕਿਵੇਂ ਖੁੱਲ੍ਹਿਆ ?**

ਰਵੀਸ਼ ਕੁਮਾਰ ਦੀ ਯੂਟਿਊਬ ਉੱਤੇ ਸਫ਼ਲਤਾ ਦਾ ਇੱਕ ਵੱਡਾ ਪ੍ਰਭਾਵ ਇਹ ਸੀ ਕਿ ਇਸ ਨੇ ਸੁਤੰਤਰ ਪੱਤਰਕਾਰੀ ਦੇ ਮਾਡਲ ਨੂੰ ਵਧੇਰੇ ਭਰੋਸੇਯੋਗਤਾ ਦਿੱਤੀ। ਇਸ ਤੋਂ ਪਹਿਲਾਂ ਵੀ ਡਿਜੀਟਲ ਪੱਤਰਕਾਰੀ ਦੇ ਮੰਚ ਮੌਜੂਦ ਸਨ ਅਤੇ ਕਈ ਪੱਤਰਕਾਰ ਸੁਤੰਤਰ ਤੌਰ 'ਤੇ ਕੰਮ ਕਰ ਰਹੇ ਸਨ, ਪਰ ਇੱਕ ਸਥਾਪਤ ਟੈਲੀਵਿਜ਼ਨ ਪੱਤਰਕਾਰ ਦਾ ਵੱਡੀ ਗਿਣਤੀ ਵਿੱਚ ਦਰਸ਼ਕਾਂ ਨੂੰ ਆਪਣੇ ਨਾਲ ਜੋੜ ਲੈਣਾ ਇਸ ਗੱਲ ਦੀ ਮਿਸਾਲ ਬਣਿਆ ਕਿ ਦਰਸ਼ਕ ਕਿਸੇ ਵਿਅਕਤੀ ਦੀ ਪੱਤਰਕਾਰੀ ਉੱਤੇ ਭਰੋਸਾ ਕਰਕੇ ਉਸ ਦੇ ਨਵੇਂ ਮੰਚ ਤੱਕ ਵੀ ਪਹੁੰਚ ਸਕਦੇ ਹਨ।ਇਸ ਨਾਲ ਨਵੇਂ ਅਤੇ ਸੁਤੰਤਰ ਪੱਤਰਕਾਰਾਂ ਲਈ ਵੀ ਸੰਭਾਵਨਾਵਾਂ ਵਧੀਆਂ। ਉਨ੍ਹਾਂ ਨੂੰ ਇਹ ਵਿਸ਼ਵਾਸ ਮਿਲਿਆ ਕਿ ਆਪਣਾ ਯੂਟਿਊਬ ਚੈਨਲ ਬਣਾ ਕੇ ਉਹ ਸਥਾਨਕ ਸਮੱਸਿਆਵਾਂ, ਮਜ਼ਦੂਰਾਂ ਦੀਆਂ ਮੁਸ਼ਕਲਾਂ, ਕਿਸਾਨਾਂ ਦੇ ਸੰਘਰਸ਼ਾਂ, ਸਿੱਖਿਆ, ਸਿਹਤ, ਬੇਰੁਜ਼ਗਾਰੀ ਅਤੇ ਸਮਾਜਿਕ ਨਿਆਂ ਵਰਗੇ ਮੁੱਦਿਆਂ ਨੂੰ ਉਠਾ ਸਕਦੇ ਹਨ।ਇਸ ਮਾਡਲ ਦੀ ਇੱਕ ਹੋਰ ਵਿਸ਼ੇਸ਼ਤਾ ਇਹ ਹੈ ਕਿ ਪੱਤਰਕਾਰ ਅਤੇ ਦਰਸ਼ਕ ਵਿਚਕਾਰ ਸੰਵਾਦ ਲਈ ਰਵਾਇਤੀ ਮੀਡੀਆ ਦੇ ਸੰਪਾਦਕੀ ਢਾਂਚੇ ਤੋਂ ਇਲਾਵਾ ਇੱਕ ਨਵਾਂ ਰਸਤਾ ਖੁੱਲ੍ਹਦਾ ਹੈ। ਦਰਸ਼ਕ ਟਿੱਪਣੀਆਂ, ਸੁਝਾਵਾਂ ਅਤੇ ਜਾਣਕਾਰੀ ਰਾਹੀਂ ਪੱਤਰਕਾਰੀ ਦੀ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਦੇ ਹਨ। ਰਵੀਸ਼ ਕੁਮਾਰ ਨੇ ਆਪਣੇ ਦਰਸ਼ਕਾਂ ਦੇ ਇਸ ਸਹਿਯੋਗ ਦਾ ਜ਼ਿਕਰ ਵੀ ਕੀਤਾ ਹੈ। ਹਾਲਾਂਕਿ ਇਹ ਕਹਿਣਾ ਠੀਕ ਨਹੀਂ ਹੋਵੇਗਾ ਕਿ ਯੂਟਿਊਬ 'ਤੇ ਸੁਤੰਤਰ ਪੱਤਰਕਾਰੀ ਦੀ ਸਾਰੀ ਸਫ਼ਲਤਾ ਦਾ ਸਿਹਰਾ ਇਕੱਲੇ ਰਵੀਸ਼ ਕੁਮਾਰ ਨੂੰ ਜਾਂਦਾ ਹੈ। ਇਸ ਖੇਤਰ ਵਿੱਚ ਹੋਰ ਪੱਤਰਕਾਰਾਂ, ਛੋਟੇ ਡਿਜੀਟਲ ਮੀਡੀਆ ਅਦਾਰਿਆਂ ਅਤੇ ਬਦਲਵੇਂ ਮੀਡੀਆ ਮੰਚਾਂ ਨੇ ਵੀ ਆਪਣਾ ਯੋਗਦਾਨ ਪਾਇਆ ਹੈ, ਪਰ ਰਵੀਸ਼ ਕੁਮਾਰ ਦੀ ਸਫ਼ਲਤਾ ਨੇ ਇਸ ਰੁਝਾਨ ਨੂੰ ਵਧੇਰੇ ਦਿੱਖ ਅਤੇ ਜਨਤਕ ਚਰਚਾ ਜ਼ਰੂਰ ਦਿੱਤੀ।

ਸੰਵਿਧਾਨ, ਲੋਕਤੰਤਰ ਅਤੇ ਨਫ਼ਰਤ ਦੀ ਰਾਜਨੀਤੀ

ਇਸ ਸਾਰੇ ਵਰਤਾਰੇ ਦਾ ਇੱਕ ਅਹਿਮ ਪੱਖ ਭਾਰਤੀ ਸੰਵਿਧਾਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨਾਲ ਵੀ ਜੁੜਿਆ ਹੋਇਆ ਹੈ। ਜਿਹੜੇ ਲੋਕ ਧਰਮ ਨਿਰਪੱਖਤਾ, ਸਮਾਨਤਾ, ਸਮਾਜਿਕ ਨਿਆਂ ਅਤੇ ਨਾਗਰਿਕ ਅਧਿਕਾਰਾਂ ਵਿੱਚ ਵਿਸ਼ਵਾਸ ਰੱਖਦੇ ਹਨ, ਉਨ੍ਹਾਂ ਵਿੱਚੋਂ ਕਈ ਲੋਕ ਮੀਡੀਆ ਦੀ ਉਸ ਪੇਸ਼ਕਾਰੀ ਤੋਂ ਅਸੰਤੁਸ਼ਟ ਰਹੇ ਹਨ, ਜਿਸ ਵਿੱਚ ਧਰਮ ਅਤੇ ਜਾਤ ਦੇ ਆਧਾਰ 'ਤੇ ਵੰਡੀਆਂ ਪਾਉਣ ਵਾਲੇ ਵਿਸ਼ਿਆਂ ਨੂੰ ਵਧੇਰੇ ਥਾਂ ਮਿਲਦੀ ਦਿਖਾਈ ਦਿੰਦੀ ਹੈ।

ਰਵੀਸ਼ ਕੁਮਾਰ ਦੀ ਪੱਤਰਕਾਰੀ ਨੇ ਅਜਿਹੇ ਸਵਾਲਾਂ ਨੂੰ ਕੇਂਦਰ ਵਿੱਚ ਰੱਖਣ ਦੀ ਕੋਸ਼ਿਸ਼ ਕੀਤੀ ਹੈ । ਉਨ੍ਹਾ ਦੀ ਸਫ਼ਲਤਾ ਤੋਂ ਇਹ ਸਮਝ ਆਉਂਦੀ ਹੈ ਕਿ ਹਰ ਦਰਸ਼ਕ ਸਿਰਫ਼ ਸਨਸਨੀਖੇਜ ਖ਼ਬਰਾਂ ਜਾਂ ਉਚੀ ਆਵਾਜ਼ ਵਿੱਚ ਹੋਣ ਵਾਲੀਆਂ ਬਹਿਸਾਂ ਹੀ ਨਹੀਂ ਦੇਖਣਾ ਚਾਹੁੰਦਾ। ਲੋਕਾਂ ਦਾ ਇੱਕ ਹਿੱਸਾ ਤੱਥਾਂ, ਤਰਕ, ਸਵਾਲਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ 'ਤੇ ਆਧਾਰਿਤ ਪੱਤਰਕਾਰੀ ਨੂੰ ਵੀ ਮਹੱਤਵ ਦਿੰਦਾ ਹੈ।ਇਸ ਦੇ ਨਾਲ ਹੀ ਇਹ ਵੀ ਜ਼ਰੂਰੀ ਹੈ ਕਿ ਵਿਕਲਪਕ ਮੀਡੀਆ ਨੂੰ ਆਪਣੇ ਆਪ ਵਿੱਚ ਨਿਰਪੱਖਤਾ ਦਾ ਪ੍ਰਮਾਣ ਪੱਤਰ ਨਾ ਮੰਨ ਲਿਆ ਜਾਵੇ। ਯੂਟਿਊਬ 'ਤੇ ਵੀ ਗ਼ਲਤ ਜਾਣਕਾਰੀ, ਅਧੂਰੇ ਤੱਥ, ਪੱਖਪਾਤ ਅਤੇ ਸਨਸਨੀ ਫੈਲਾਉਣ ਦੀਆਂ ਸੰਭਾਵਨਾਵਾਂ ਮੌਜੂਦ ਹਨ। ਇਸ ਲਈ ਦਰਸ਼ਕਾਂ ਨੂੰ ਹਰ ਮੰਚ ਦੀ ਸਮੱਗਰੀ ਨੂੰ ਤੱਥਾਂ, ਸਬੂਤਾਂ ਅਤੇ ਵੱਖ-ਵੱਖ ਭਰੋਸੇਯੋਗ ਸਰੋਤਾਂ ਦੀ ਮਦਦ ਨਾਲ ਪਰਖਣਾ ਚਾਹੀਦਾ ਹੈ।ਰਵੀਸ਼ ਕੁਮਾਰ ਦੇ ਯੋਗਦਾਨ ਨੂੰ ਸਿਰਫ਼ ਇੱਕ ਸਫ਼ਲ ਯੂਟਿਊਬ ਚੈਨਲ ਦੇ ਅੰਕੜਿਆਂ ਨਾਲ ਨਹੀਂ ਮਾਪਿਆ ਜਾ ਸਕਦਾ। ਉਨ੍ਹਾਂ ਦੇ ਕੰਮ ਦਾ ਇੱਕ ਮਹੱਤਵਪੂਰਨ ਪੱਖ ਇਹ ਹੈ ਕਿ ਉਨ੍ਹਾਂ ਨੇ ਮੁੱਖ ਧਾਰਾ ਦੇ ਮੀਡੀਆ ਦੀ ਭੂਮਿਕਾ ਬਾਰੇ ਇੱਕ ਵੱਡੀ ਜਨਤਕ ਬਹਿਸ ਨੂੰ ਜਨਮ ਦੇਣ ਅਤੇ ਉਸ ਨੂੰ ਅੱਗੇ ਵਧਾਉਣ ਵਿੱਚ ਹਿੱਸਾ ਪਾਇਆ। 'ਗੋਦੀ ਮੀਡੀਆ' ਵਰਗੇ ਸ਼ਬਦ ਦੀ ਲੋਕਪ੍ਰਿਯਤਾ ਅਤੇ ਐੱਨ ਡੀ ਟੀ ਵੀ ਤੋਂ ਬਾਅਦ ਉਨ੍ਹਾਂ ਦੇ ਚੈਨਲ ਨੂੰ ਮਿਲਿਆ ਹੁੰਗਾਰਾ ਇਸ ਬਦਲਾਅ ਦੇ ਦੋ ਮਹੱਤਵਪੂਰਨ ਪੱਖ ਹਨ।

ਉਨ੍ਹਾ ਦੀ ਸਫ਼ਲਤਾ ਨੇ ਦੂਜੇ ਪੱਤਰਕਾਰਾਂ ਲਈ ਇਹ ਸੰਭਾਵਨਾ ਵੀ ਉਜਾਗਰ ਕੀਤੀ ਕਿ ਵੱਡੇ ਮੀਡੀਆ ਅਦਾਰਿਆਂ ਤੋਂ ਬਾਹਰ ਰਹਿ ਕੇ ਆਪਣੇ ਦਰਸ਼ਕਾਂ ਨਾਲ ਸਿੱਧਾ ਸੰਵਾਦ ਕੀਤਾ ਜਾ ਸਕਦਾ ਹੈ। ਇਸ ਤਰ੍ਹਾਂ ਡਿਜੀਟਲ ਮੀਡੀਆ ਨੇ ਪੱਤਰਕਾਰੀ ਦੇ ਖੇਤਰ ਵਿੱਚ ਨਵੇਂ ਰਸਤੇ ਖੋਲ੍ਹੇ ਹਨ, ਭਾਵੇਂ ਇਨ੍ਹਾਂ ਰਸਤਿਆਂ ਉੱਤੇ ਆਰਥਿਕ ਨਿਰਭਰਤਾ, ਪਲੇਟਫ਼ਾਰਮ ਦੇ ਐਲਗੋਰਿਦਮ ਅਤੇ ਭਰੋਸੇਯੋਗਤਾ ਵਰਗੀਆਂ ਚੁਣੌਤੀਆਂ ਵੀ ਮੌਜੂਦ ਹਨ।

**ਅੰਤ ਵਿੱਚ:** ਲੋਕਤੰਤਰ ਲਈ ਸਭ ਤੋਂ ਜ਼ਰੂਰੀ ਗੱਲ ਇਹ ਨਹੀਂ ਕਿ ਖ਼ਬਰ ਕਿਹੜੇ ਮੰਚ ਤੋਂ ਆ ਰਹੀ ਹੈ, ਸਗੋਂ ਇਹ ਹੈ ਕਿ ਕੀ ਉਹ ਤੱਥਾਂ 'ਤੇ ਆਧਾਰਤ ਹੈ, ਕੀ ਉਹ ਸੱਤਾ ਨੂੰ ਸਵਾਲ ਕਰਦੀ ਹੈ, ਕੀ ਉਹ ਆਮ ਲੋਕਾਂ ਦੀ ਆਵਾਜ਼ ਬਣਦੀ ਹੈ ਅਤੇ ਕੀ ਉਹ ਸਮਾਜ ਨੂੰ ਵੰਡਣ ਦੀ ਬਜਾਏ ਲੋਕਾਂ ਨੂੰ ਆਪਣੇ ਹੱਕਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਦੀ ਹੈ।

ਇਸੇ ਕਸੌਟੀ 'ਤੇ ਰਵੀਸ਼ ਕੁਮਾਰ ਦੀ ਪੱਤਰਕਾਰੀ ਅਤੇ ਯੂਟਿਊਬ 'ਤੇ ਉਭਰ ਰਹੇ ਹੋਰ ਸੁਤੰਤਰ ਪੱਤਰਕਾਰੀ ਮੰਚਾਂ ਦੇ ਯੋਗਦਾਨ ਨੂੰ ਸਮਝਣਾ ਚਾਹੀਦਾ ਹੈ।

**# ਸੰਪਰਕ : 99884-91002**

# ਗੁਰਦੁਆਰਾ ਮੰਜੀ ਸਾਹਿਬ ਗੋਲੀ ਕਾਂਡ ਦੇ ਮੁੱਖ ਮੁਲਜ਼ਮ ਦੀ ਪੁਲਸ ਹਿਰਾਸਤ 'ਚ ਮੌਤ

■ ਪਰਵਾਰ ਨੇ ਲਾਏ ਤਸ਼ੱਦਦ ਦੇ ਦੋਸ਼, ਪੁਲਸ ਨੇ ਦੋਸ਼ ਨਕਾਰੇ ■ ਮੈਜਿਸਟ੍ਰੇਟ ਦੀ ਨਿਗਰਾਨੀ ਹੇਠ ਡਾਕਟਰਾਂ ਦੇ ਬੋਰਡ ਵੱਲੋਂ ਪੋਸਟਮਾਰਟਮ


ਮ੍ਰਿਤਕ ਰਾਜੂ ਦੇ ਪਰਿਵਾਰਕ ਮੈਂਬਰ ਹਸਪਤਾਲ 'ਚ ਜਾਣਕਾਰੀ ਦਿੰਦੇ ਹੋਏ।

**ਰਾਏਕੋਟ (ਸੰਤੋਖ ਗਿੱਲ, ਇਕਬਾਲ ਸਿੰਘ)**-ਥਾਣਾ ਸੁਧਾਰ ਅਧੀਨ ਪਿੰਡ ਰਾਜੋਆਣਾ ਕਲਾਂ ਦੇ ਇਤਿਹਾਸਕ ਗੁਰਦੁਆਰਾ ਸ਼੍ਰੀ ਮੰਜੀ ਸਾਹਿਬ ਵਿੱਚ 28 ਅਕਤੂਬਰ ਤੜਕਸਾਰ ਹੋਏ ਗੋਲੀਕਾਂਡ ਦੇ ਮੁੱਖ ਮੁਲਜ਼ਮ ਰਾਜ ਸਿੰਘ ਉਰਫ਼ ਰਾਜੂ ਦੀ ਪੁਲੀਸ ਹਿਰਾਸਤ ਵਿੱਚ ਮੌਤ ਹੋਣ ਬਾਅਦ ਵਿਵਾਦ ਵਧ ਗਿਆ। ਫ਼ਿਰੋਜ਼ਪੁਰ ਦੇ ਪਿੰਡ ਨੂਰਪੁਰ ਮਾਛੀਵਾੜਾ ਦਾ ਰਹਿਣ ਵਾਲਾ ਰਾਜੂ ਲੁਧਿਆਣਾ (ਦਿਹਾਤੀ) ਪੁਲਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਸੀ ਤੇ ਸੋਮਵਾਰ ਬਾਅਦ ਦੁਪਹਿਰ ਜ਼ਿਲ੍ਹਾ ਪੁਲਸ ਮੁਖੀ ਡਾ. ਅੰਕੁਰ ਗੁਪਤਾ ਵੱਲੋਂ ਇਸ ਬਾਰੇ ਪ੍ਰੈੱਸ ਕਾਨਫ਼ਰੰਸ ਕਰ ਕੇ ਜਾਣਕਾਰੀ ਦਿੱਤੀ ਗਈ ਸੀ।ਪੁਲਸ ਅਨੁਸਾਰ ਸੋਮਵਾਰ ਰਾਤ ਰਾਜੂ ਦਾ ਬਲੱਡ ਪ੍ਰੈਸ਼ਰ ਘੱਟ ਹੋਣ ਤੇ ਸਾਹ ਲੈਣ ਵਿੱਚ ਤਕਲੀਫ਼ ਕਾਰਨ ਉਸ ਨੂੰ ਪਹਿਲਾਂ ਸੁਧਾਰ ਦੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਲਿਜਾਇਆ ਗਿਆ।ਹਾਲਤ ਗੰਭੀਰ ਹੋਣ 'ਤੇ ਉਸ ਨੂੰ ਲੁਧਿਆਣਾ ਦੇ ਨਿੱਜੀ ਹਸਪਤਾਲ ਰੈਫ਼ਰ ਕੀਤਾ ਗਿਆ, ਜਿੱਥੇ ਉਸ ਦੀ ਮੌਤ ਹੋ ਗਈ।ਜਾਣਕਾਰੀ ਅਨੁਸਾਰ ਰਾਜੂ ਨੂੰ ਦੇਰ ਸ਼ਾਮ ਥਾਣਾ ਸੁਧਾਰ ਲਿਆਂਦਾ ਗਿਆ ਸੀ।ਹਵਾਲਾਤ ਵਿੱਚ ਬੰਦ ਕਰਨ ਤੋਂ ਬਾਅਦ ਉਸ ਨੇ ਘਬਰਾਹਟ ਤੇ ਸਾਹ ਲੈਣ ਵਿੱਚ ਦਿੱਕਤ ਦੀ ਸ਼ਿਕਾਇਤ ਕੀਤੀ।ਇਸ ਤੋਂ ਬਾਅਦ ਪੁਲਸ ਉਸ ਨੂੰ ਤੁਰੰਤ ਹਸਪਤਾਲ ਲੈ ਗਈ, ਪਰ ਉਸ ਦੀ ਹਾਲਤ ਲਗਾਤਾਰ ਵਿਗੜਦੀ ਗਈ ਤੇ ਲੁਧਿਆਣਾ ਲਿਜਾਂਦੇ ਸਮੇਂ ਉਸ ਨੇ ਦਮ ਤੋੜ ਦਿੱਤਾ।ਕਾਬਲੇ-ਗ਼ੌਰ ਹੈ ਕਿ ਮੁੱਖ ਸੇਵਾਦਾਰ ਬਾਬਾ ਬਲਦੇਵ ਸਿੰਘ ਦੇ ਰਿਹਾਇਸ਼ੀ ਕਮਰੇ 'ਤੇ ਗੋਲੀਆਂ ਚਲਾਈਆਂ ਸਨ।ਰਾਜੂ ਦੀ ਮੌਤ ਤੋਂ ਬਾਅਦ ਉਸ ਦੇ ਪਰਿਵਾਰਕ ਮੈਂਬਰਾਂ ਨੇ ਪੁਲਸ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਤਸ਼ੱਦਦ ਕਾਰਨ ਉਸ ਦੀ ਜਾਨ ਗਈ ਹੈ।ਮ੍ਰਿਤਕ ਦੀ ਪਤਨੀ ਪਰਮਜੀਤ ਕੌਰ ਤੇ ਭਤੀਜੇ ਨਵਦੀਪ ਸਿੰਘ ਨੇ ਦਾਅਵਾ ਕੀਤਾ ਕਿ ਪੁਲਸ ਰਾਜੂ ਨੂੰ ਜ਼ੀਰਾ ਨੇੜਲੇ ਪਿੰਡ ਸੇਖਵਾਂ ਸਥਿਤ ਪਰਾਲੀ ਦੇ ਡੰਪ ਤੋਂ ਚੁੱਕ ਕੇ ਲੈ ਗਈ ਸੀ।ਉਨ੍ਹਾਂ ਅਨੁਸਾਰ ਪੁਲਸ ਨੇ ਘਰ ਦੀ ਤਲਾਸ਼ੀ ਵੀ ਲਈ, ਪਰ ਉੱਥੋਂ ਕੋਈ ਹਥਿਆਰ ਜਾਂ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ। ਪਰਵਾਰ ਨੇ ਰਾਜੂ ਦੇ ਗੰਭੀਰ ਬਿਮਾਰ ਹੋਣ ਦੇ ਪੁਲਸ ਦੇ ਦਾਅਵੇ ਨੂੰ ਵੀ ਨਕਾਰਿਆ।ਉਨ੍ਹਾਂ ਕਿਹਾ ਕਿ ਸਾਲ 2014 ਵਿੱਚ ਉਸ ਦਾ ਇਲਾਜ ਜ਼ਰੂਰ ਹੋਇਆ ਸੀ, ਪਰ ਇਸ ਤੋਂ ਬਾਅਦ ਉਹ ਪੂਰੀ ਤਰ੍ਹਾਂ ਠੀਕ ਸੀ ਤੇ ਰੋਜ਼ਾਨਾ ਆਪਣੇ ਕੰਮ 'ਤੇ ਜਾਂਦਾ ਸੀ।ਪਰਵਾਰ ਨੇ ਸਰਕਾਰ ਤੇ ਪੁਲਸ ਪ੍ਰਸ਼ਾਸਨ ਤੋਂ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਇਨਸਾਫ਼ ਦੇਣ ਦੀ ਮੰਗ ਕੀਤੀ ਹੈ।

ਦੂਜੇ ਪਾਸੇ, ਲੁਧਿਆਣਾ (ਦਿਹਾਤੀ) ਪੁਲਸ ਦੇ ਐੱਸ ਪੀ (ਡੀ) ਰਾਜਨ ਸ਼ਰਮਾ ਨੇ ਤਸ਼ੱਦਦ ਦੇ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੰਦਿਆਂ ਕਿਹਾ ਕਿ ਰਾਜੂ ਬਿਮਾਰ ਸੀ ਤੇ ਇਲਾਜ ਦੌਰਾਨ ਉਸ ਦੀ ਮੌਤ ਹੋਈ ਹੈ। ਉਨ੍ਹਾਂ ਦੱਸਿਆ ਕਿ ਇਲਾਜ ਸਬੰਧੀ ਸਾਰਾ ਰਿਕਾਰਡ ਮੌਜੂਦ ਹੈ ਤੇ ਮੈਜਿਸਟ੍ਰੇਟ ਦੀ ਨਿਗਰਾਨੀ ਹੇਠ ਡਾਕਟਰਾਂ ਦੇ ਬੋਰਡ ਵੱਲੋਂ ਮ੍ਰਿਤਕ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ। ਐੱਸ.ਪੀ ਸ਼ਰਮਾ ਨੇ ਭਰੋਸਾ ਦਿੱਤਾ ਕਿ ਜੇਕਰ ਪੋਸਟਮਾਰਟਮ ਕੋਈ ਵੀ ਤੱਥ ਸਾਹਮਣੇ ਆਉਂਦਾ ਹੈ ਤਾਂ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

# ਘੱਗਰ ਦੀ ਸਫਾਈ ਲਈ ਲਾਗੂ ਹੋਵੇ ਜਸਟਿਸ ਪ੍ਰੀਤਮ ਪਾਲ ਕਮੇਟੀ ਦੀ ਰਿਪੋਰਟ : ਵਿਰਕ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਸਿਰਸਾ ਜ਼ਿਲ੍ਹੇ ਦੀ ਲੋਕ ਪੰਚਾਇਤ ਵੱਲੋਂ ਘੱਗਰ ਨਦੀ ਦੇ ਪਾਣੀ ਨੂੰ ਯੋਜਨਾਬੱਧ ਢੰਗ ਨਾਲ ਇਸਤੇਮਾਲ ਕਰਨ ਤੇ ਦਰਿਆ ਵਿੱਚ ਪ੍ਰਦੂਸ਼ਣ ਨੂੰ ਰੋਕਣ ਅਤੇ ਪਾਣੀ ਦੇ ਵਹਾਅ ਨੂੰ ਬਣਾਈ ਰੱਖਣ ਲਈ ਠੋਸ ਕਦਮ ਚੁੱਕੇ ਜਾਣ ਦੀ ਮੰਗ ਕੀਤੀ ਗਈ ਹੈ। ਲੋਕ ਪੰਚਾਇਤ ਨੇ ਕੇਂਦਰ ਤੇ ਰਾਜ ਸਰਕਾਰਾਂ ਤੋਂ ਇਸ ਦਿਸ਼ਾ ਵਿੱਚ ਠੋਸ ਕਦਮ ਚੁੱਕਣ ਦੀ ਮੰਗ ਕਰਦੇ ਕਿਹਾ ਕਿ ਘੱਗਰ ਇਸ ਖੇਤਰ ਦੀ ਜੀਵਨ ਰੇਖਾ ਹੈ। ਹਾਲਾਂਕਿ ਪ੍ਰਦੂਸ਼ਣ ਤੇ ਸਹੀ ਪਾਣੀ ਪ੍ਰਬੰਧਨ ਦੀ ਘਾਟ ਕਾਰਨ ਨਦੀ ਦੀ ਹਾਲਤ ਚਿੰਤਾਜਨਕ ਬਣੀ ਹੋਈ ਹੈ। ਇਸ ਨੂੰ ਸਾਫ਼ ਤੇ ਸਦੀਵੀ ਬਣਾਉਣਾ ਬਹੁਤ ਜ਼ਰੂਰੀ ਹੈ। ਕਾ: ਸਤਨਾਮ ਚੰਦ ਰਾਣੀਆਂ ਨੇ ਘੱਗਰ ਨਦੀ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਪ੍ਰਭਾਵਸ਼ਾਲੀ ਯੋਜਨਾ ਲਾਗੂ ਕਰਨ ਦੀ ਮੰਗ ਕਰਦਿਆ ਜਸਟਿਸ ਪ੍ਰੀਤਮ ਪਾਲ ਕਮੇਟੀ ਦੀ ਰਿਪੋਰਟ 'ਤੇ ਤੁਰੰਤ ਕਾਰਵਾਈ ਕਰਨ 'ਤੇ ਜ਼ੋਰ ਦਿੱਤਾ। ਲੋਕ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਸਿਰਫ਼ ਐਲਾਨ ਹੀ ਕਾਫ਼ੀ ਨਹੀਂ ਹਨ। ਸਰਕਾਰ ਨੂੰ ਦਰਿਆ ਵਿੱਚ ਪ੍ਰਦੂਸ਼ਣ ਨੂੰ ਰੋਕਣ ਤੇ ਪਾਣੀ ਦੇ ਵਹਾਅ ਨੂੰ ਬਣਾਈ ਰੱਖਣ ਲਈ ਠੋਸ ਕਦਮ ਚੁੱਕੇ ਜਾਣੇ ਚਾਹੀਦੇ ਹਨ। ਇਸ ਮੀਟਿੰਗ ਵਿਚ ਰਾਣੀਆ ਦੇ ਸੀਵਰੇਜ ਟਰੀਟਮੈਂਟ ਪਲਾਂਟ ਨੂੰ ਬੰਦ ਕਰਨ ਦੀ ਨਖੇਧੀ ਕੀਤੀ ਗਈ। ਇਸ ਮੌਕੇ ਕਾ: ਸਵਰਨ ਸਿੰਘ ਵਿਰਕ, ਗੁਰਦੀਪ ਸਿੰਘ ਤੇ ਨਿਰਮਲ ਸਿੰਘ ਨੇ ਕਿਹਾ ਕਿ ਸ਼ਹਿਰ ਦਾ ਸੀਵਰੇਜ ਟਰੀਟਮੈਂਟ ਪਲਾਂਟ ਲੰਬੇ ਸਮੇਂ ਤੋਂ ਬੰਦ ਹੈ। ਉਨ੍ਹਾਂ ਪਲਾਂਟ ਨੂੰ ਤੁਰੰਤ ਮੁੜ ਚਾਲੂ ਕਰਨ ਦੀ ਮੰਗ ਕੀਤੀ। ਉਨ੍ਹਾਂ ਉੱਤਰੀ ਘੱਗਰ ਚੈਨਲ ਵਿੱਚ ਸਿਰਫ਼ ਟਰੀਟ ਕੀਤਾ ਪਾਣੀ ਛੱਡਣ ਦੀ ਲੋੜ 'ਤੇ ਜ਼ੋਰ ਦਿੱਤਾ।

# ਨਗਰ ਕੌਂਸਲ ਵੱਲੋਂ 111 ਮੁਲਾਜ਼ਮਾਂ ਨੂੰ ਇਨਸੋਰਸ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ

## 111 ਮੁਲਾਜ਼ਮ ਪਰਵਾਰਾਂ ਲਈ ਖੁਸ਼ੀਆਂ ਤੇ ਘਿਓ ਦੇ ਦੀਵਿਆਂ ਵਾਲੀ ਹੋਵੇਗੀ ਦੀਵਾਲੀ : ਅਮਨ ਅਰੋੜਾ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਨਗਰ ਕੌਂਸਲ ਸੁਨਾਮ ਨੇ ਮੁਲਾਜ਼ਮ ਭਲਾਈ ਵੱਲ ਅਹਿਮ ਕਦਮ ਚੁੱਕਦਿਆਂ 111 ਆਊਟਸੋਰਸ ਮੁਲਾਜ਼ਮਾਂ ਨੂੰ ਇਨਸੋਰਸ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਹੈ।ਸਬੰਧਤ ਮੁਲਾਜ਼ਮਾਂ ਦੀ ਹਾਜ਼ਰੀ ਵਿੱਚ ਕਰਵਾਏ ਗਏ ਵਿਸ਼ੇਸ਼ ਖੁੱਲ੍ਹੇ ਇਜਲਾਸ ਦੌਰਾਨ ਨਗਰ ਕੌਂਸਲ ਦੇ ਸਾਰੇ 23 ਕੌਂਸਲਰਾਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਇਸ ਮਤੇ ਨੂੰ ਆਪਣੀ ਸਹਿਮਤੀ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਤੇ ਮੁਲਾਜ਼ਮਾਂ ਦੀਆਂ ਮੁਸ਼ਕਲਾਂ ਨੂੰ ਸਮਝ ਕੇ ਉਨ੍ਹਾਂ ਦੇ ਹੱਲ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਮਸਲੇ ਉਨ੍ਹਾਂ ਵਿਚਕਾਰ ਬੈਠ ਕੇ ਸੁਣਨਾ ਤੇ ਪਾਰਦਰਸ਼ੀ ਢੰਗ ਨਾਲ ਫ਼ੈਸਲੇ ਲੈਣਾ ਸਰਕਾਰ ਦੀ ਕਾਰਜਪ੍ਰਣਾਲੀ ਦਾ ਅਹਿਮ ਹਿੱਸਾ ਹੈ।ਅੱਜ ਦਾ ਖੁੱਲ੍ਹਾ ਇਜਲਾਸ ਇਸੇ ਸੋਚ ਦਾ ਪ੍ਰਗਟਾਵਾ ਹੈ, ਜਿਸ ਵਿੱਚ ਮੁਲਾਜ਼ਮਾਂ ਨਾਲ ਸਬੰਧਤ ਅਹਿਮ ਮਤਾ ਉਨ੍ਹਾਂ ਦੀ ਮੌਜੂਦਗੀ ਵਿੱਚ ਪਾਸ ਕੀਤਾ ਗਿਆ ਹੈ।ਸ੍ਰੀ ਅਰੋੜਾ ਨੇ ਇਸ ਨੂੰ ਨਗਰ ਕੌਂਸਲ ਸੁਨਾਮ ਲਈ ਇਤਿਹਾਸਕ ਮੌਕਾ ਕਰਾਰ ਦਿੰਦਿਆਂ ਕਿਹਾ ਕਿ ਇੱਕੋ ਮਤੇ ਰਾਹੀਂ 111 ਆਊਟਸੋਰਸ ਮੁਲਾਜ਼ਮਾਂ ਨੂੰ ਇਨਸੋਰਸ ਕਰਨ ਦਾ ਫ਼ੈਸਲਾ ਲੈਣਾ ਤੇ ਖੁੱਲ੍ਹੇ ਇਜਲਾਸ ਵਿੱਚ ਸਮੂਹ ਕੌਂਸਲਰਾਂ ਵੱਲੋਂ ਇਸ ਮਤੇ ਨੂੰ ਸਰਬਸੰਮਤੀ ਨਾਲ ਪਾਸ ਕਰਨਾ ਵਿਸ਼ੇਸ਼ ਮਹੱਤਵ ਰੱਖਦਾ ਹੈ। ਉਨ੍ਹਾਂ ਇਸ ਉਪਰਾਲੇ ਲਈ ਨਗਰ ਕੌਂਸਲ ਦੇ ਪ੍ਰਧਾਨ, ਅਹੁਦੇਦਾਰਾਂ ਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕੀਤਾ।ਕੈਬਨਿਟ ਮੰਤਰੀ ਨੇ ਸਮੂਹ 111 ਮੁਲਾਜ਼ਮਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮਤਾ ਉਨ੍ਹਾਂ ਲਈ ਦੀਵਾਲੀ ਦਾ ਵੱਡਾ ਤੋਹਫ਼ਾ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਇਨ੍ਹਾਂ 111 ਪਰਵਾਰਾਂ ਦੇ ਘਰਾਂ ਵਿੱਚ ਦੀਵਾਲੀ ਖੁਸ਼ੀਆਂ-ਖੇੜਿਆਂ ਤੇ ਘਿਓ ਦੇ ਦੀਵਿਆਂ ਵਾਲੀ ਹੋਵੇਗੀ। ਮੁਲਾਜ਼ਮਾਂ ਦੀ ਮਿਹਨਤ ਦਾ ਸਤਿਕਾਰ ਕਰਨਾ ਤੇ ਉਨ੍ਹਾਂ ਦੇ ਜਾਇਜ਼ ਮਸਲਿਆਂ ਦਾ ਹੱਲ ਕਰਨਾ ਸਾਡੀ ਜ਼ਿੰਮੇਵਾਰੀ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਸਫ਼ਾਈ ਕਰਮਚਾਰੀ ਤੇ ਹੋਰ ਮੁਲਾਜ਼ਮ ਸ਼ਹਿਰ ਦੀਆਂ ਨਾਗਰਿਕ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਹੋਰ ਵੀ ਤਨਦੇਹੀ, ਇਮਾਨਦਾਰੀ ਤੇ ਸੇਵਾ ਭਾਵਨਾ ਨਾਲ ਨਿਭਾਉਣ, ਤਾਂ ਜੋ ਸ਼ਹਿਰ ਵਾਸੀਆਂ ਨੂੰ ਸਫ਼ਾਈ ਤੇ ਹੋਰ ਨਗਰ ਸੇਵਾਵਾਂ ਸਬੰਧੀ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸੁਨਾਮ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਨਗਰ ਕੌਂਸਲ, ਮੁਲਾਜ਼ਮਾਂ ਤੇ ਸ਼ਹਿਰ ਵਾਸੀਆਂ ਦਾ ਸਾਂਝਾ ਸਹਿਯੋਗ ਜ਼ਰੂਰੀ ਹੈ।ਇਸ ਦੌਰਾਨ ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨੇ ਕੁਝ ਮੁਲਾਜ਼ਮਾਂ ਦੇ ਲੰਬੇ ਸਮੇਂ ਤੋਂ ਲਟਕਦੇ ਸੇਵਾ ਮਾਮਲੇ ਵੀ ਕੈਬਨਿਟ ਮੰਤਰੀ ਦੇ ਧਿਆਨ ਵਿੱਚ ਲਿਆਂਦੇ।ਇਨ੍ਹਾਂ ਮਸਲਿਆਂ ਬਾਰੇ ਸ੍ਰੀ ਅਰੋੜਾ ਨੇ ਭਰੋਸਾ ਦਿੱਤਾ ਕਿ ਸਬੰਧਤ ਮਾਮਲਿਆਂ ਦੀ ਪ੍ਰਸ਼ਾਸਨਿਕ ਤੇ ਕਾਨੂੰਨੀ ਪੱਖੋਂ ਘੋਖ ਕਰਵਾ ਕੇ ਨਿਯਮਾਂ ਅਨੁਸਾਰ ਉਨ੍ਹਾਂ ਦੇ ਹੱਲ ਲਈ ਕਾਰਵਾਈ ਕੀਤੀ ਜਾਵੇਗੀ।ਮਤਾ ਪਾਸ ਹੋਣ ਤੋਂ ਬਾਅਦ ਮੁਲਾਜ਼ਮਾਂ ਨੇ ਲੱਡੂ ਵੰਡ ਕੇ ਖੁਸ਼ੀ ਮਨਾਈ ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਨਗਰ ਕੌਂਸਲ ਸੁਨਾਮ ਦੇ ਪ੍ਰਧਾਨ ਮਨਪ੍ਰੀਤ ਬਾਂਸਲ, ਮੀਤ ਪ੍ਰਧਾਨ ਯਾਦਵਿੰਦਰ ਨਿਰਮਾਣ, ਕੌਂਸਲਰ ਮੀਨਾ ਸਮੇਤ ਸਾਰੇ 23 ਵਾਰਡਾਂ ਦੇ ਕੌਂਸਲਰ, ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦੇ, ਮੁਲਾਜ਼ਮ ਤੇ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

# ਮਲਕਪੁਰ ਕੰਬੋਆਂ ਦੇ ਨੌਜਵਾਨ ਦੀ ਅਮਰੀਕਾ ਵਿਖੇ ਸੜਕ ਹਾਦਸੇ 'ਚ ਮੌਤ

## ਮਾਪਿਆਂ ਵੱਲੋਂ ਮ੍ਰਿਤਕ ਦੇਹ ਭਾਰਤ ਲਿਆਉਣ ਦੀ ਅਪੀਲ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਦੇਵੀਗੜ੍ਹ ਨੇੜੇ ਪਿੰਡ ਮਲਕਪੁਰ ਕੰਬੋਆਂ ਦੇ ਸਾਬਕਾ ਸਰਪੰਚ ਜਰਨੈਲ ਸਿੰਘ ਦੇ ਨੌਜਵਾਨ ਪੁੱਤਰ ਕਰਨਵੀਰ ਸਿੰਘ ਉਮਰ 24 ਸਾਲ ਦੀ ਅਮਰੀਕਾ ਵਿੱਚ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਜਾਣ ਦਾ ਸਮਾਚਾਰ ਮਿਲਿਆ ਹੈ।ਨੌਜਵਾਨ ਦੇ ਮਾਪਿਆਂ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਕਰਨਵੀਰ ਸਿੰਘ ਜੋ ਕਿ ਉਥੇ ਟਰਾਲਾ ਚਲਾਉਂਦਾ ਸੀ, 26 ਅਕਤੂਬਰ 2026 ਨੂੰ ਜਦੋਂ ਉਹ ਨਿਊਜਰਸੀ ਤੋਂ ਫਰੀਜਨੋ ਸ਼ਹਿਰ ਨੂੰ ਆਪਣੇ ਘਰ ਪਰਤ ਰਿਹਾ ਸੀ ਤਾਂ ਉਸ ਦਾ ਟਰਾਲਾ ਅਚਾਨਕ ਬੇਕਾਬੂ ਹੋ ਕੇ ਪਲਟ ਗਿਆ, ਜਿਸ ਕਾਰਨ ਕਰਨਵੀਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਹੈ।ਇਸ ਮੰਦਭਾਗੀ ਖਬਰ ਦੇ ਮਿਲਦਿਆਂ ਹੀ ਕਰਨਵੀਰ ਸਿੰਘ ਦੇ ਘਰ ਤੇ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ। ਕਰਨਵੀਰ ਸਿੰਘ 4 ਸਾਲ ਪਹਿਲਾਂ ਹੀ ਅਮਰੀਕਾ ਗਿਆ ਸੀ ਤੇ ਪੱਕਾ ਵੀ ਹੋ ਗਿਆ ਸੀ।ਮ੍ਰਿਤਕ ਦੇਹ ਭਾਰਤ ਭੇਜਣ ਲਈ ਨਿਊਯਾਰਕ ਭੇਜ ਦਿੱਤੀ ਗਈ ਹੈ।ਕਰਨਵੀਰ ਸਿੰਘ ਦੇ ਮਾਪਿਆਂ ਨੇ ਭਾਰਤ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਉਸ ਦੇ ਪੁੱਤਰ ਦੀ ਮ੍ਰਿਤਕ ਦੇਹ ਜਲਦ ਤੋਂ ਜਲਦ ਭਾਰਤ ਲਿਆਉਣ ਲਈ ਉਨ੍ਹਾਂ ਦੀ ਮਦਦ ਕੀਤੀ ਜਾਵੇ।ਇਸ ਮੌਕੇ ਜਰਨੈਲ ਸਿੰਘ ਤੇ ਉਸ ਦੇ ਪਰਿਵਾਰ ਨਾਲ ਹਰਿੰਦਰਪਾਲ ਸਿੰਘ ਹੈਰੀਮਾਨ, ਜੋਗਿੰਦਰ ਸਿੰਘ ਕਾਕੜਾ, ਜਰਨੈਲ ਸਿੰਘ ਚੂੰਹਟ, ਗੁਰਨਾਮ ਸਿੰਘ ਮਸੀਂਗਣ, ਗੁਰਦੇਵ ਸਿੰਘ ਦੇਬਣ ਹਾਜੀਪੁਰ, ਹਰਬੀਰ ਸਿੰਘ ਥਿੰਦ, ਜੀਤ ਸਿੰਘ ਮੀਰਾਂਪੁਰ, ਮਹਿਕ ਗਰੇਵਾਲ ਨੈਣਾ ਆਦਿ ਤੋਂ ਇਲਾਵਾ ਪੰਚਾਂ, ਸਰਪੰਚਾਂ, ਇਲਾਕਾ ਨਿਵਾਸੀਆਂ ਤੇ ਪਿੰਡ ਵਾਸੀਆਂ ਨੇ ਦੁੱਖ ਸਾਂਝਾ ਕੀਤਾ।

# ਹੱਕੀ ਮੰਗਾਂ ਮਨਾਉਣ ਲਈ ਦ੍ਰਿੜ੍ਹ ਇਰਾਦੇ ਤੇ ਜੁਝਾਰੂ ਸਾਥੀਆਂ ਨੂੰ ਮਿਲ ਕੇ ਚੱਲਣ ਦੀ ਲੋੜ : ਆਤਮਾ ਸਿੰਘ



**ਜ਼ੀਰਾ (ਨਰਿੰਦਰ ਅਨੇਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾ. ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਚੋਪੜਾ ਲੈਮਨ ਸੋਡਾ ਰੈਸਟੋਰੈਂਟ ਜ਼ੀਰਾ ਵਿੱਚ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਸਟੇਜ ਸਕੱਤਰ ਧਰਮਿੰਦਰ ਸਿੰਘ, ਬਲਾਕ ਮੱਖੂ ਦਿਹਾਤੀ ਦੇ ਪ੍ਰਧਾਨ ਪਰਮਜੀਤ ਸਿੰਘ ਖਾਲਸਾ ਤੇ ਕੈਸ਼ੀਅਰ ਰਾਜਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਆਗੂ ਧਰਮਿੰਦਰ ਤੇ ਪ੍ਰਧਾਨ ਆਤਮਾ ਸਿੰਘ ਨੇ ਯੂਨੀਅਨ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਕਾਰ ਤੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਦ੍ਰਿੜ੍ਹ ਇਰਾਦੇ ਨਾਲ ਜੁਝਾਰੂ ਸਾਥੀਆਂ ਨੂੰ ਮਿਲ ਕੇ ਚੱਲਣ ਦੀ ਲੋੜ ਹੈ। ਬਲਾਕ ਮੱਖੂ ਦੇ ਪ੍ਰਧਾਨ ਪਰਮਜੀਤ ਸਿੰਘ ਖਾਲਸਾ ਤੇ ਜ਼ੀਰਾ ਚੇਅਰਮੈਨ ਜਰਨੈਲ ਸਿੰਘ ਨੇ ਕਿਹਾ ਕਿ ਸਾਰੇ ਸਾਥੀ ਯੂਨੀਅਨ ਨੂੰ ਵੱਧ ਤੋਂ ਵੱਧ ਟਾਈਮ ਦਿਆ ਕਰੋ ਤੇ ਹਰ ਮੀਟਿੰਗ ਵਿੱਚ ਹਰ ਆਵਾਜ਼ 'ਤੇ ਸਾਰੇ ਸਾਥੀ ਜਿੱਥੋਂ ਤੱਕ ਸੰਭਵ ਹੋ ਸਕੇ ਯੂਨੀਅਨ ਪ੍ਰਤੀ ਵਫਾਦਾਰ ਰਹਿ ਕੇ ਦ੍ਰਿੜ੍ਹ ਇਰਾਦੇ ਨਾਲ ਕੰਮ ਕਰੋ ਤਾਂ ਕਿ ਅਸੀਂ ਸਰਕਾਰ ਤੋਂ ਕੋਈ ਸ਼ਾਰਟ ਟਰਮ ਕੋਰਸ ਜਾਂ ਟ੍ਰੇਨਿੰਗ ਵਗੈਰਾ ਪ੍ਰਾਪਤ ਕਰਕੇ ਆਪਣੇ ਕੰਮ ਕਿੱਤੇ ਨੂੰ ਜਾਰੀ ਰੱਖ ਸਕੀਏ।ਜੇਕਰ ਅਸੀਂ ਯੂਨੀਅਨ ਨੂੰ ਆਪਣਾ ਟਾਈਮ ਦੇਵਾਂਗੇ ਤੇ ਵੱਧ ਤੋਂ ਵੱਧ ਇਕੱਠ ਕਰਕੇ ਸਰਕਾਰ ਕੋਲ ਆਪਣਾ ਪੱਖ 'ਚ ਫੈਸਲਾ ਲੈ ਸਕਦੇ ਹਾਂ।ਜਨਰਲ ਸਕੱਤਰ ਸੁਰਜੀਤ ਸਿੰਘ ਤੇ ਬਲਾਕ ਮੱਖੂ ਦੇ ਕੈਸ਼ੀਅਰ ਰਾਜਵਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਸਾਫ ਸੁਥਰੀ ਪ੍ਰੈਕਟਿਸ ਕਰਨੀ ਚਾਹੀਦੀ ਹੈ ਤੇ ਯੂਨੀਅਨ ਦੀ ਕਾਮਯਾਬੀ ਲਈ ਹਰ ਵਕਤ ਤਿਆਰ ਰਹਿਣਾ ਚਾਹੀਦਾ ਹੈ। ਇਸ ਮੀਟਿੰਗ ਵਿੱਚ ਅਮਨਦੀਪ ਹਸਪਤਾਲ ਫਿਰੋਜ਼ਪੁਰ ਦੇ ਡਾਕਟਰ ਕੰਵਲਜੀਤ ਸਿੰਘ, ਪ੍ਰਦੀਪ ਕੁਮਾਰ ਤੇ ਉਨ੍ਹਾਂ ਦੀ ਟੀਮ ਦੇ ਪੀ.ਆਰ.ਓ. ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ।ਅਖੀਰ 'ਤੇ ਪ੍ਰਧਾਨ ਡਾਕਟਰ ਆਤਮਾ ਸਿੰਘ ਵੱਲੋਂ ਸਾਰੇ ਮੈਂਬਰਾਂ ਤੇ ਅਮਨਦੀਪ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ ਸਰਪ੍ਰਸਤ ਗੁਰਦਿੱਤ ਸਿੰਘ, ਕੈਸ਼ੀਅਰ ਗੁਰਪ੍ਰੀਤ ਸਿੰਘ, ਸੁਖਦੀਪ ਸਿੰਘ, ਪੂਰਨ ਸਿੰਘ, ਜਸਵਿੰਦਰ ਸਿੰਘ ਸੋਢੀ ਵਾਲਾ, ਗੁਰਭੇਜ ਸਿੰਘ, ਸਲਵਿੰਦਰ ਸਿੰਘ, ਮਨਪ੍ਰੀਤ ਸਿੰਘ ਜ਼ੀਰਾ, ਸ਼ਮਸ਼ੇਰ ਸਿੰਘ, ਤਰਸੇਮ ਸਿੰਘ, ਵਰਿੰਦਰ ਸਿੰਘ, ਗੁਰਮੀਤ ਸਿੰਘ, ਹਰਪ੍ਰੀਤ ਸਿੰਘ, ਲਵਲੀ ਸਿੰਘ, ਜਗਸੀਰ ਸਿੰਘ, ਸੁਰਜੀਤ ਸਿੰਘ ਲਾਹੁਕੇ ਕਲਾਂ, ਲਖਵਿੰਦਰ ਸਿੰਘ, ਹਰਦੀਪ ਸਿੰਘ, ਸੁਖਦੀਪ ਸਿੰਘ ਦੌਲਤਪੁਰਾ, ਕੁਲਵੀਰ ਸਿੰਘ, ਵਿਜੇ ਕੁਮਾਰ, ਜਗਜੀਤ ਸਿੰਘ, ਪਰਮਜੀਤ ਸਿੰਘ, ਗੁਰਪਰਸਨ ਸਿੰਘ, ਜੋਗਿੰਦਰ ਸਿੰਘ, ਸੰਦੀਪ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ ਆਦਿ ਸ਼ਾਮਲ ਹੋਏ।

# ਗੁਰਪਿੰਦਰ ਸਿੰਘ ਬਣੇ ਇੰਸਪੈਕਟਰ, ਐੱਸ ਐੱਸ ਪੀ ਨੇ ਲਗਾਏ ਸਟਾਰ



**ਨਾਭਾ (ਅਮਨ ਗਰਗ)**-ਨਾਭਾ ਕੋਤਵਾਲੀ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਸਬ-ਇੰਸਪੈਕਟਰ ਗੁਰਪਿੰਦਰ ਸਿੰਘ ਨੂੰ ਮਹਿਕਮੇ ਵੱਲੋਂ ਤਰੱਕੀ ਦੇ ਕੇ ਇੰਸਪੈਕਟਰ ਬਣਾਇਆ ਗਿਆ ਹੈ।ਇਸ ਖ਼ੁਸ਼ੀ ਦੇ ਮੌਕੇ ਪਟਿਆਲਾ ਦੇ ਸੀਨੀਅਰ ਕਪਤਾਨ ਪੁਲਸ (ਐੱਸ.ਐੱਸ.ਪੀ.) ਸ੍ਰੀ ਹਰਮਨਦੀਪ ਸਿੰਘ ਹਾਂਸ ਵੱਲੋਂ ਨਵ-ਨਿਯੁਕਤ ਇੰਸਪੈਕਟਰ ਗੁਰਪਿੰਦਰ ਸਿੰਘ ਦੀ ਵਰਦੀ 'ਤੇ ਸਟਾਰ ਲਗਾਉਣ ਦੀ ਰਸਮ ਅਦਾ ਕੀਤੀ ਗਈ।ਐੱਸ.ਐੱਸ.ਪੀ. ਹਾਂਸ ਨੇ ਗੁਰਪਿੰਦਰ ਸਿੰਘ ਨੂੰ ਇਸ ਨਵੇਂ ਅਹੁਦੇ ਦੀ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਸੁਹਿਰਦ ਤੇ ਇਮਾਨਦਾਰਾਨਾ ਕੰਮ ਦੀ ਸ਼ਲਾਘਾ ਕੀਤੀ।ਉਨ੍ਹਾਂ ਉਮੀਦ ਜਤਾਈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਤਨਦੇਹੀ, ਦ੍ਰਿੜਤਾ ਤੇ ਜ਼ਿੰਮੇਵਾਰੀ ਨਾਲ ਜਨਤਾ ਦੀ ਸੇਵਾ ਤੇ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਂਦੇ ਰਹਿਣਗੇ।ਇਸ ਮੌਕੇ ਇੰਸਪੈਕਟਰ ਗੁਰਪਿੰਦਰ ਸਿੰਘ ਨੇ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਹੋਈ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣਗੇ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਆਪਣੀ ਮੁਹਿੰਮ ਨੂੰ ਹੋਰ ਤੇਜ਼ ਕਰਨਗੇ।ਇਸ ਮੌਕੇ ਪੁਲਸ ਵਿਭਾਗ ਦੇ ਹੋਰ ਉੱਚ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਨੇ ਨਵ-ਨਿਯੁਕਤ ਇੰਸਪੈਕਟਰ ਨੂੰ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਅੱਜ ਦੀ ਇਨਸਾਫ਼ ਰੈਲੀ 'ਚ ਪਟਿਆਲਾ ਦਿਹਾਤੀ ਤੋਂ ਹਜ਼ਾਰਾਂ ਵਰਕਰ ਸ਼ਮੂਲੀਅਤ ਕਰਨਗੇ : ਸੰਜੀਵ ਕਾਲੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਅੱਜ ਸੰਗਰੂਰ ਵਿਖੇ ਕਾਂਗਰਸ ਪਾਰਟੀ ਵੱਲੋਂ ਕੀਤੀ ਜਾ ਰਹੀ ਵਿਸ਼ਾਲ ਇਨਸਾਫ਼ ਰੈਲੀ ਨੂੰ ਲੈ ਕੇ ਹਲਕਾ ਪਟਿਆਲਾ ਦਿਹਾਤੀ ਦੇ ਆਗੂ ਸੰਜੀਵ ਸ਼ਰਮਾ ਕਾਲੂ ਵੱਲੋਂ ਆਪਣੀ ਰਿਹਾਇਸ਼ ਵਿਖੇ ਕਾਂਗਰਸੀ ਸਾਥੀਆਂ ਤੇ ਪਾਰਟੀ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਰੈਲੀ ਦੀਆਂ ਤਿਆਰੀਆਂ, ਆਵਾਜਾਈ ਦੇ ਪ੍ਰਬੰਧਾਂ ਤੇ ਵੱਧ ਤੋਂ ਵੱਧ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਜੀਵ ਸ਼ਰਮਾ ਕਾਲੂ ਨੇ ਕਿਹਾ ਕਿ ਅੱਜ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਇੰਚਾਰਜ ਸ਼੍ਰੀ ਸਚਿਨ ਪਾਇਲਟ, ਪੰਜਾਬ ਕਾਂਗਰਸ ਦੇ ਪ੍ਰਧਾਨ ਸ਼੍ਰੀ ਪ੍ਰਗਟ ਸਿੰਘ ਤੇ ਸ਼੍ਰੀ ਭਾਰਤ ਭੂਸ਼ਣ ਆਸ਼ੂ ਦੀ ਰਹਿਨੁਮਾਈ ਹੇਠ ਹਲਕਾ ਪਟਿਆਲਾ ਦਿਹਾਤੀ ਤੋਂ ਹਜ਼ਾਰਾਂ ਸਾਥੀਆਂ ਸਮੇਤ ਪਹੁੰਚ ਕੇ ਭਰਵੀਂ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਹਲਕੇ ਦੇ ਕਾਂਗਰਸੀ ਆਗੂਆਂ, ਅਹੁਦੇਦਾਰਾਂ ਤੇ ਵਰਕਰਾਂ ਵਿੱਚ ਇਸ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਹਰ ਵਰਕਰ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਰੈਲੀ ਵਿੱਚ ਸ਼ਾਮਲ ਹੋਣ ਲਈ ਤਿਆਰ ਹੈ।ਹਲਕਾ ਪਟਿਆਲਾ ਦਿਹਾਤੀ ਤੋਂ ਹੋਣ ਵਾਲੀ ਵੱਡੀ ਸ਼ਮੂਲੀਅਤ ਰਾਹੀਂ ਕਾਂਗਰਸ ਪਾਰਟੀ ਦੀ ਮਜ਼ਬੂਤੀ ਤੇ ਵਰਕਰਾਂ ਦੀ ਇਕਜੁੱਟਤਾ ਦਾ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ ਜਾਵੇਗਾ। ਸੰਜੀਵ ਸ਼ਰਮਾ ਕਾਲੂ ਨੇ ਕਿਹਾ ਕਿ ਇਨਸਾਫ਼ ਰੈਲੀ ਲੋਕਾਂ ਦੇ ਹੱਕਾਂ, ਹਿੱਤਾਂ ਤੇ ਉਨ੍ਹਾਂ ਨਾਲ ਜੁੜੇ ਅਹਿਮ ਮੁੱਦਿਆਂ ਨੂੰ ਉਠਾਉਣ ਲਈ ਇੱਕ ਮਹੱਤਵਪੂਰਨ ਮੰਚ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨਾ ਤੇ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਕਰਨਾ ਰਾਜਨੀਤਕ ਪਾਰਟੀਆਂ ਦੀ ਅਹਿਮ ਜ਼ਿੰਮੇਵਾਰੀ ਹੈ।ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਦੀ ਲੜਾਈ ਲੜਦੀ ਆਈ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਪੂਰੀ ਦ੍ਰਿੜਤਾ ਨਾਲ ਉਠਾਉਂਦੀ ਰਹੇਗੀ।ਅੰਤ ਵਿੱਚ ਸੰਜੀਵ ਸ਼ਰਮਾ ਕਾਲੂ ਨੇ ਹਲਕਾ ਪਟਿਆਲਾ ਦਿਹਾਤੀ ਦੇ ਸਮੂਹ ਕਾਂਗਰਸੀ ਆਗੂਆਂ, ਅਹੁਦੇਦਾਰਾਂ, ਵਰਕਰਾਂ ਤੇ ਆਪਣੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ 4 ਨਵੰਬਰ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸੰਗਰੂਰ ਪਹੁੰਚ ਕੇ ਇਨਸਾਫ਼ ਰੈਲੀ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਸੰਤ ਬੰਗਾ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ,ਐਡਵੋਕੇਟ ਸੇਵਕ ਸਿੰਘ ਝਿੱਲੀ, ਅਮਰਪ੍ਰੀਤ ਸਿੰਘ ਬੌਬੀ, ਮਾਧਵ ਸਿੰਗਲਾ, ਰਣਜੀਤ ਪ੍ਰੋਫੈਸਰ, ਜਸਵਿੰਦਰ ਜਰਗੀਆਂ, ਰਗਵੀਰ ਸਿੰਘ ਰੋੜਾ ਸਰਪੰਚ, ਸੁਖਚੈਨ ਸਿੰਘ ਲੋਟ ਸਰਪੰਚ, ਅਮਰੀਕ ਧਨੌਰਾ, ਸੁਖਵਿੰਦਰ ਕੌਰ ਚੈਲੇਲਾ, ਸੁਰਜੀਤ ਸਿੰਘ ਜੀਤੂ, ਐਡਵੋਕੇਟ ਰੋਹਿਤ ਸ਼ਰਮਾ, ਐਡਵੋਕੇਟ ਯੁਵਰਾਜ ਸਿੰਘ, ਗੁਰਮੀਤ ਸਿੰਘ ਚੌਹਾਨ, ਕਰਮਜੀਤ ਸਰਪੰਚ, ਗੌਰਵ ਸੂਦ ਤੇ ਹੋਰ ਹਾਜ਼ਰ ਸਨ।

# ਅੰਨਦਾਤਾ ਫ਼ਸਲ ਦੇ ਨੁਕਸਾਨ ਦੀ ਭਰਪਾਈ ਵਾਸਤੇ ਸੰਘਰਸ਼ ਲਈ ਮਜਬੂਰ : ਚੰਨੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪਿੰਡ ਮਹਿਰਾਜ ਵਿਖੇ ਗੜੇਮਾਰੀ ਕਾਰਨ ਝੋਨੇ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਨਾ ਮਿਲਣ ਕਾਰਨ ਕਿਸਾਨਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਪੀੜਤ ਕਿਸਾਨਾਂ ਦੀ ਆਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਕਿਸਾਨਾਂ ਵਿਚਕਾਰ ਲੈ ਕੇ ਪਹੁੰਚੇ।ਟਿੱਬਾ ਸਾਹਿਬ ਵਿਖੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਚੰਨੀ ਨੇ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਉਨ੍ਹਾਂ ਦੀ ਲੜਾਈ ਝੂਠ ਬੋਲ ਕੇ ਸੱਤਾ ਵਿੱਚ ਆਈ ਸਰਕਾਰ ਵਿਰੁੱਧ ਹੈ।ਚੰਨੀ ਨੇ ਕਿਹਾ ਕਿ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ 'ਆਪ' ਸਰਕਾਰ ਅਸਲ ਵਿਕਾਸ ਕਰਨ ਦੀ ਬਜਾਏ ਪੋਸਟਰਾਂ ਰਾਹੀਂ ਹੀ ਵਿਕਾਸ ਦਿਖਾ ਰਹੀ ਹੈ।ਉਨ੍ਹਾਂ ਕਿਹਾ ਕਿ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਦਾ ਨੁਕਸਾਨ ਹੋਇਆ ਹੈ, ਪਰ ਸਰਕਾਰ ਅਜੇ ਤੱਕ ਪੀੜਤ ਕਿਸਾਨਾਂ ਨੂੰ ਮੁਆਵਜ਼ੇ ਦੇ ਨਾਂ 'ਤੇ ਫੁੱਟੀ ਕੌਡੀ ਵੀ ਨਹੀਂ ਦੇ ਸਕੀ। ਇਹ ਸਰਕਾਰ ਦੀ ਵੱਡੀ ਨਾਕਾਮੀ ਹੈ ਕਿ ਅੰਨਦਾਤਾ ਆਪਣੀ ਫ਼ਸਲ ਦੇ ਨੁਕਸਾਨ ਦੀ ਭਰਪਾਈ ਲਈ ਸੰਘਰਸ਼ ਕਰਨ ਵਾਸਤੇ ਮਜਬੂਰ ਹੈ।ਉਨ੍ਹਾਂ ਕਿਹਾ ਕਿ ਜਦੋਂ ਸਰਕਾਰਾਂ ਸਮੇਂ ਸਿਰ ਸਹੀ ਫ਼ੈਸਲੇ ਨਹੀਂ ਲੈਂਦੀਆਂ ਤਾਂ ਇਸ ਦਾ ਖ਼ਮਿਆਜ਼ਾ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਦੀ ਬਰਬਾਦੀ ਦੇ ਰੂਪ ਵਿੱਚ ਭੁਗਤਣਾ ਪੈਂਦਾ ਹੈ।ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਕੁਦਰਤੀ ਆਫ਼ਤਾਂ ਕਾਰਨ ਨੁਕਸਾਨੀਆਂ ਫ਼ਸਲਾਂ ਦੀ ਭਰਪਾਈ ਲਈ ਤੁਰੰਤ ਕਦਮ ਚੁੱਕੇ ਜਾਣ ਤੇ ਕਿਸਾਨਾਂ ਨੂੰ ਉਨ੍ਹਾਂ ਦਾ ਬਣਦਾ ਮੁਆਵਜ਼ਾ ਦਿੱਤਾ ਜਾਵੇ।ਉਨ੍ਹਾਂ ਕਿਸਾਨਾਂ ਨੂੰ ਹੌਸਲਾ ਦਿੰਦਿਆਂ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ 'ਤੇ ਗੜੇਮਾਰੀ ਪੀੜਤ ਕਿਸਾਨਾਂ ਨੂੰ ਪਹਿਲ ਦੇ ਆਧਾਰ 'ਤੇ ਮੁਆਵਜ਼ਾ ਦਿਵਾਇਆ ਜਾਵੇਗਾ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਨੇ ਕਿਹਾ ਕਿ ਗੜੇਮਾਰੀ ਨਾਲ ਕਿਸਾਨਾਂ ਦੀਆਂ ਫ਼ਸਲਾਂ ਤਬਾਹ ਹੋਈਆਂ ਹਨ ਤੇ ਉਹ ਆਪਣੇ ਨੁਕਸਾਨ ਦਾ ਮੁਆਵਜ਼ਾ ਮੰਗ ਰਹੇ ਹਨ, ਕੋਈ ਭੀਖ ਨਹੀਂ।ਉਨ੍ਹਾਂ ਕਿਹਾ ਕਿ ਪਿੰਡ ਮਹਿਰਾਜ ਦੇ ਪ੍ਰਭਾਵਿਤ ਕਿਸਾਨਾਂ ਦੀ ਮਦਦ ਕਰਕੇ ਉਨ੍ਹਾਂ ਕੋਈ ਨੁਕਸਾਨ ਨਹੀਂ ਕੀਤਾ, ਸਗੋਂ ਆਪਣਾ ਫਰਜ਼ ਨਿਭਾਇਆ ਹੈ।ਉਨ੍ਹਾਂ ਕਿ ਵਾਹਿਗੁਰੂ ਨੇ ਤਾਕਤ ਬਖ਼ਸ਼ੀ ਤਾਂ ਉਹ ਹਰ ਵਰਗ ਦੇ ਸਾਰੇ ਉਲਾਂਭੇ ਲਾਹ ਦੇਣਗੇ।

# ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਸੰਬੰਧੀ ਤੀਜੀ ਵਰਕਸ਼ਾਪ ਧਰਮਸ਼ਾਲਾ ਵਿਖੇ ਸ਼ੁਰੂ



**ਸਮਰਾਲਾ (ਸੁਰਜੀਤ ਸਿੰਘ)**

ਹਿਮਾਚਲ ਪ੍ਰਦੇਸ਼ ਕੇਂਦਰੀ ਯੂਨੀਵਰਸਿਟੀ ਧਰਮਸ਼ਾਲਾ ਦੇ ਪੰਜਾਬੀ, ਡੋਗਰੀ ਵਿਭਾਗ, ਹਿੰਦੀ ਤੇ ਭਾਰਤੀ ਭਾਸ਼ਾ ਵਿਭਾਗ ਵੱਲੋਂ ਕੇਂਦਰੀ ਹਿੰਦੀ ਸੰਸਥਾਨ, ਆਗਰਾ ਦੇ ਪੂਰਵੋਤਰ ਅਧਿਆਪਨ ਸਮੱਗਰੀ ਨਿਰਮਾਣ ਵਿਭਾਗ ਦੇ ਸਾਂਝੇ ਤੱਤਵਾਧਾਨ ਹੇਠ ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਨਿਰਮਾਣ ਸਬੰਧੀ ਪੰਜ ਦਿਨਾਂ ਤੀਜੀ ਵਰਕਸ਼ਾਪ ਦਾ ਆਗਾਜ਼ ਹੋਇਆ।ਵਰਕਸ਼ਾਪ ਦਾ ਮੁੱਖ ਉਦੇਸ਼ ਹਿੰਦੀ ਤੇ ਪੰਜਾਬੀ ਭਾਸ਼ਾਵਾਂ ਦੇ ਮੁਹਾਵਰਿਆਂ ਦਾ ਸੰਕਲਨ, ਵਿਸ਼ਲੇਸ਼ਣ ਤੇ ਤੁਲਨਾਤਮਕ ਅਧਿਐਨ ਕਰਦੇ ਹੋਏ ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਦੇ ਨਿਰਮਾਣ ਦੀ ਦਿਸ਼ਾ ਵਿੱਚ ਕੰਮ ਕਰਨਾ ਹੈ।ਇਸ ਵਰਕਸ਼ਾਪ ਰਾਹੀਂ ਦੋਵਾਂ ਭਾਸ਼ਾਵਾਂ ਦੇ ਮੁਹਾਵਰਿਆਂ ਦੀ ਭਾਸ਼ਾਈ ਬਣਤਰ, ਅਰਥ, ਵਰਤੋਂ ਤੇ ਸੱਭਿਆਚਾਰਕ ਪ੍ਰਸੰਗਾਂ ਨੂੰ ਸਮਝਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪੰਜਾਬੀ ਦੇ ਉੱਘੇ ਵਿਦਵਾਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਨਿਰਮਾਣ ਸਬੰਧੀ ਕੇਂਦਰੀ ਹਿੰਦੀ ਸੰਸਥਾਨ, ਆਗਰਾ ਤੇ ਪੰਜਾਬੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਦੋ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾ ਚੁੱਕਾ ਹੈ।ਮੌਜੂਦਾ ਵਰਕਸ਼ਾਪ ਇਸੇ ਲੜੀ ਦੀ ਤੀਜੀ ਵਰਕਸ਼ਾਪ ਹੈ।ਇਸ ਤਰ੍ਹਾਂ ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਨਿਰਮਾਣ ਦੀ ਪ੍ਰਕਿਰਿਆ ਨੂੰ ਪੜਾਅਵਾਰ ਤਰੀਕੇ ਨਾਲ ਅੱਗੇ ਵਧਾਇਆ ਜਾ ਰਿਹਾ ਹੈ।ਆਉਣ ਵਾਲੇ ਸਮੇਂ ਵਿੱਚ ਦੋ ਹੋਰ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਵੇਗਾ।ਇਨ੍ਹਾਂ ਪੰਜਾਂ ਵਰਕਸ਼ਾਪਾਂ ਦੇ ਸਫਲਤਾਪੂਰਵਕ ਸੰਪੰਨ ਹੋਣ ਤੋਂ ਬਾਅਦ ਹਿੰਦੀ-ਪੰਜਾਬੀ ਮੁਹਾਵਰਾ ਕੋਸ਼ ਦਾ ਪ੍ਰਕਾਸ਼ਨ ਕੀਤਾ ਜਾਵੇਗਾ।ਇਹ ਕੋਸ਼ ਦੋਵਾਂ ਭਾਸ਼ਾਵਾਂ ਦੇ ਆਪਸੀ ਸਬੰਧਾਂ, ਭਾਸ਼ਾਈ ਸਮਾਨਤਾਵਾਂ ਤੇ ਸੱਭਿਆਚਾਰਕ ਪ੍ਰਗਟਾਵਿਆਂ ਨੂੰ ਸਮਝਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਵਰਕਸ਼ਾਪ ਦੇ ਸਰਪ੍ਰਸਤ ਹਿਮਾਚਲ ਪ੍ਰਦੇਸ਼ ਕੇਂਦਰੀ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਸਤ ਪ੍ਰਕਾਸ਼ ਬੰਸਲ ਤੇ ਪ੍ਰਧਾਨ ਕੁਲਾਧਿਪਤੀ ਪਦਮਸ਼੍ਰੀ ਪ੍ਰੋ. ਹਰਮੋਹਿੰਦਰ ਸਿੰਘ ਬੇਦੀ ਹਨ।

ਵਰਕਸ਼ਾਪ ਵਿੱਚ ਮਾਹਰ ਵਜੋਂ ਪ੍ਰੋ. ਸੁਖਦੇਵ ਸਿੰਘ ਮਿਨਹਾਸ, ਪ੍ਰੋ. ਡਾ. ਰਜਨੀ, ਹਿੰਦੀ ਵਿਭਾਗ ਮੁਖੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਡਾ. ਧਰਮਪਾਲ ਸਾਹਿਲ ਅਤੇ ਪ੍ਰੋ. ਨਰੇਸ਼ ਕੁਮਾਰ ਵਿਭਾਗ ਮੁਖੀ ਪੰਜਾਬੀ ਤੇ ਡੋਗਰੀ ਵਿਭਾਗ ਅਤੇ ਡਾ. ਮਲਕੀਅਤ ਸਿੰਘ, ਹਿੰਦੀ ਤੇ ਭਾਰਤੀ ਭਾਸ਼ਾ ਵਿਭਾਗ ਸ਼ਾਮਲ ਹਨ।ਇਸ ਮੌਕੇ ਉਪ-ਕੁਲਪਤੀ ਪ੍ਰੋ. ਡਾ. ਸਤ ਪ੍ਰਕਾਸ਼ ਬੰਸਲ ਨੇ ਕਿਹਾ ਕਿ ਹਿੰਦੀ ਤੇ ਪੰਜਾਬੀ ਦੋਵੇਂ ਭਾਸ਼ਾਵਾਂ ਆਪਣੀਆਂ ਅਮੀਰ ਸਾਹਿਤਕ ਤੇ ਸੱਭਿਆਚਾਰਕ ਪ੍ਰੰਪਰਾਵਾਂ ਲਈ ਜਾਣੀਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜ ਵਰਕਸ਼ਾਪਾਂ ਰਾਹੀਂ ਇਸ ਕੋਸ਼ ਨੂੰ ਵਿਵਸਥਿਤ ਤੇ ਪ੍ਰਮਾਣਿਕ ਸਰੂਪ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਹ ਕੰਮ ਭਵਿੱਖ ਵਿੱਚ ਭਾਸ਼ਾ-ਅਧਿਐਨ, ਅਨੁਵਾਦ ਤੇ ਖੋਜ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਦੇਵੇਗਾ।

# ਬੰਦੀ ਸਿੰਘਾਂ ਦੀ ਰਿਹਾਈ ਲਈ ਚੰਡੀਗੜ੍ਹ ਵਿਖੇ ਕਰਾਂਗੇ ਰੋਸ ਵਿਖਾਵਾ : ਬਾਪੂ ਗੁਰਚਰਨ ਸਿੰਘ

## ਭਲਕੇ ਮੁੱਖ ਮੰਤਰੀ ਨਿਵਾਸ ਸਥਾਨ ਦਾ ਕੀਤਾ ਜਾਵੇਗਾ ਘੇਰਾਓ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੌਮੀ ਇਨਸਾਫ ਮੋਰਚੇ ਦੀ ਤਾਲਮੇਲ ਕਮੇਟੀ ਦੀ ਜਸਟਿਸ ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਏ ਫੈਸਲਿਆਂ ਸੰਬੰਧੀ ਪ੍ਰੈੱਸ ਕਾਨਫਰੰਸ ਮੌਕੇ ਕੌਮੀ ਇਨਸਾਫ ਮੋਰਚੇ ਦੇ ਸਰਪ੍ਰਸਤ ਬਾਪੂ ਗੁਰਚਰਨ ਸਿੰਘ, ਜਥੇਦਾਰ ਸੁਰਜੀਤ ਸਿੰਘ ਗੜ੍ਹੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰੋਫੈਸਰ ਸਤਨਾਮ ਕੌਰ ਮੁੱਖ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ ਦੇ, ਸੁਖਬੀਰ ਸਿੰਘ ਬਲਬੇੜਾ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ ਦੇ, ਸਤਵਿੰਦਰ ਸਿੰਘ ਟੌਹੜਾ, ਬਾਬਾ ਸਤਨਾਮ ਸਿੰਘ ਨਾਨਕ ਸਰ, ਜਰਨੈਲ ਸਿੰਘ ਪਟਿਆਲਾ, ਸਪਿੰਦਰਪਾਲ ਸਿੰਘ ਸੈਫਦੀਪੁਰ, ਸਤਨਾਮ ਸਿੰਘ ਸੱਤਾ, ਭੁਪਿੰਦਰ ਸਿੰਘ ਗਿੱਲ, ਨਿਰਮਲ ਸਿੰਘ ਬਲਬੇੜਾ, ਬਲਕਾਰ ਸਿੰਘ ਸੂਬਾ ਸਕੱਤਰ ਭਟੇੜੀ ਕਲਾਂ, ਲਖਵੀਰ ਸਿੰਘ ਲੌਟ, ਮਨਜੀਤ ਸਿੰਘ ਰਾਜਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਦੀ ਸਰਕਾਰ ਤੇ ਭਗਵੰਤ ਸਿੰਘ ਮਾਨ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਜੀਦਾ ਨਹੀਂ ਹਨ।

ਭਗਵੰਤ ਸਿੰਘ ਮਾਨ ਨੇ ਕੌਮੀ ਇਨਸਾਫ ਮੋਰਚੇ ਨਾਲ 12 ਅਕਤੂਬਰ ਨੂੰ ਹੋਈ ਮੀਟਿੰਗ ਵਿੱਚ ਵਿਸ਼ਵਾਸ ਦਵਾਇਆ ਕਿ ਸਰਕਾਰ ਰਿਹਾਈਆਂ ਲਈ ਕੋਈ ਕਸਰ ਨਹੀਂ ਛੱਡੇਗੀ, ਪ੍ਰੰਤੂ ਇਨ੍ਹਾਂ ਉੱਪਰ ਕੋਈ ਅਮਲ ਨਹੀਂ ਹੋ ਸਕਿਆ। ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਪੰਥ ਨੂੰ ਇਨਸਾਫ ਦੇਣ ਦੀ ਬਜਾਏ ਪੰਜਾਬ ਦੀ ਅਣਖ ਪੰਜਾਬੀਅਤ ਦੀ ਭਾਵਨਾ ਤੇ ਪੰਜਾਬ ਦੇ ਇਤਿਹਾਸ ਨੂੰ ਹੀ ਖਤਮ ਕਰਨ ਦਾ ਭਰਮ ਪਾਲ ਕੇ ਯਤਨ ਕਰ ਰਹੀਆਂ ਹਨ। 8 ਨਵੰਬਰ ਨੂੰ ਬੰਦੀ ਛੋੜ ਦਿਵਸ ਦਿਵਾਲੀ ਨੂੰ 22 ਸੈਕਟਰ ਚੰਡੀਗੜ੍ਹ ਦੇ ਗੁਰਦੁਆਰਾ ਵਿੱਚ ਸੰਕੇਤਕ ਤੌਰ 'ਤੇ 101 ਵਿਅਕਤੀਆਂ ਦਾ ਜਥਾ ਗੁਰੂ ਦੇ ਚਰਨਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕਰਕੇ ਕਾਲੇ ਚੋਲੇ ਪਾ ਕੇ ਮੁੱਖ ਮੰਤਰੀ ਨਿਵਾਸ ਵੱਲ ਰੋਸ ਮਾਰਚ ਕਰੇਗਾ। ਕੌਮੀ ਇਨਸਾਫ ਮੋਰਚੇ ਦੀ ਮੀਟਿੰਗ ਨੇ ਮਹਿਸੂਸ ਕੀਤਾ ਪੰਜਾਬ ਨੂੰ ਆਪਣੀ ਹੋਂਦ ਬਚਾਉਣ ਲਈ ਤੇ ਬੰਦੀ ਸਿੰਘਾਂ ਤੇ ਸਮੁੱਚੇ ਰਾਜਸੀ ਬੰਦਿਆਂ ਦੀ ਰਿਹਾਈ ਲਈ ਘਰ ਘਰ ਨੂੰ ਅੰਦੋਲਨ ਦਾ ਹਿੱਸਾ ਬਣਾਇਆ ਜਾਵੇਗਾ। ਮੀਟਿੰਗ ਨੇ ਪਰਮਿੰਦਰ ਸਿੰਘ ਝੋਟੇ ਦੀ ਸੰਘਰਸ਼ ਕਮੇਟੀ ਦੀ ਪੂਰਨ ਤੌਰ 'ਤੇ ਹਮਾਇਤ ਕੀਤੀ ਤੇ 5 ਨਵੰਬਰ ਨੂੰ ਮੁੱਖ ਮੰਤਰੀ ਨਿਵਾਸ ਦੇ ਘਿਰਾਓ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

# ਮਾਤਾ ਗੁਜਰੀ ਕਾਲਜ ਨੇ ਮੀਡੀਆ ਫ਼ੈਸਟ 'ਚ ਦੂਸਰੀ ਵਾਰ ਜਿੱਤੀ ਓਵਰਆਲ ਟਰਾਫ਼ੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਪੱਤਰਕਾਰੀ ਤੇ ਜਨ-ਸੰਚਾਰ ਵਿਭਾਗ ਦੇ ਵਿਦਿਆਰਥੀਆਂ ਨੇ ਆਪਣੀ ਬੇਮਿਸਾਲ ਪ੍ਰਤਿਭਾ, ਰਚਨਾਤਮਕਤਾ ਤੇ ਕਲਾ-ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵੱਲੋਂ ਆਯੋਜਿਤ ਨੈਸ਼ਨਲ ਮੀਡੀਆ ਫੈਸਟ 2026 ਵਿੱਚ ਲਗਾਤਾਰ ਦੂਸਰੀ ਵਾਰ ਓਵਰਆਲ ਟਰਾਫ਼ੀ ਜਿੱਤ ਕੇ ਸੰਸਥਾ ਦਾ ਮਾਣ ਵਧਾਇਆ।ਇਸ ਮੀਡੀਆ ਫੈਸਟ ਵਿੱਚ ਦੇਸ਼ ਭਰ ਦੀਆਂ ਨਾਮਵਰ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਮੀਡੀਆ ਦੇ ਵੱਖ-ਵੱਖ ਖੇਤਰਾਂ ਨਾਲ ਸੰਬੰਧਤ 15 ਰਚਨਾਤਮਕ ਮੁਕਾਬਲਿਆਂ ਵਿੱਚ ਉਤਸ਼ਾਹਪੂਰਵਕ ਭਾਗ ਲਿਆ।ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਗਵਰਨਿੰਗ ਕੌਂਸਲ ਦੇ ਐਡੀਸ਼ਨਲ ਸਕੱਤਰ ਸ੍ਰ. ਗੁਰਪ੍ਰੀਤ ਸਿੰਘ ਅਮਲੋਹ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਿਭਾਗ ਦੇ ਵਿਦਿਆਰਥੀਆਂ ਤੇ ਸਟਾਫ਼ ਨੂੰ ਵਧਾਈ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਗਿਆਨ ਭਰਪੂਰ ਮੁਕਾਬਲਿਆਂ ਵਿੱਚ ਭਾਗ ਲੈਣ ਤੇ ਵੱਡੇ ਮੰਚਾਂ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਨਾਲ ਜਿੱਥੇ ਵਿਦਿਆਰਥੀਆਂ ਦੇ ਵਿਹਾਰਕ ਹੁਨਰਾਂ ਵਿੱਚ ਨਿਖਾਰ ਆਉਂਦਾ ਹੈ, ਉੱਥੇ ਹੀ ਉਨ੍ਹਾਂ ਵਿੱਚ ਸਮਾਜਿਕ ਮੁੱਦਿਆਂ ਪ੍ਰਤੀ ਜਾਗਰੂਕਤਾ ਤੇ ਸਮਝ ਵੀ ਵਿਕਸਤ ਹੁੰਦੀ ਹੈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਵਿਹਾਰਕ ਹੁਨਰ, ਆਤਮ-ਵਿਸ਼ਵਾਸ, ਸਿਰਜਣਾਤਮਕਤਾ ਤੇ ਟੀਮ ਭਾਵਨਾ ਨੂੰ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਮੀਡੀਆ ਮੇਲੇ ਦੌਰਾਨ ਕੈਪਸ਼ਨ ਲਿਖਣ ਮੁਕਾਬਲੇ ਵਿੱਚ ਜਸਪਾਲ ਕੌਰ ਨੇ ਪਹਿਲਾ ਸਥਾਨ ਤੇ ਐਡ-ਮੈਡ ਮੁਕਾਬਲੇ ਵਿੱਚ ਕ੍ਰਿਸ਼ਨਾ, ਦਲਜੀਤ ਸਿੰਘ, ਜਸਲੀਨ ਕੌਰ, ਕੋਮਲਪ੍ਰੀਤ ਕੌਰ ਤੇ ਮਨਰੀਤ ਕੌਰ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਨੁਕੜ ਨਾਟਕ ਮੁਕਾਬਲੇ ਵਿੱਚ ਪਾਰਸ, ਹਰਜੱਸ ਸਿੰਘ, ਸਿਮਰਨਜੋਤ ਸਿੰਘ, ਰੱਜੀ, ਸ਼ੈਲਜਾ, ਜਸਨੂਰ ਸਿੰਘ ਤੇ ਜਸ਼ਨਪ੍ਰੀਤ ਸਿੰਘ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਸਟੋਰੀ-ਟੈਲਿੰਗ ਮੁਕਾਬਲੇ ਵਿੱਚ ਜਸਲੀਨ ਔਜਲਾ ਨੇ ਦੂਸਰਾ ਸਥਾਨ, ਵਾਇਸ ਆਫ਼ ਕਨਵਿਕਸ਼ਨ ਮੁਕਾਬਲੇ ਵਿੱਚ ਤਰਨਜੀਤ ਕੌਰ ਨੇ ਦੂਸਰਾ ਸਥਾਨ ਤੇ ਵੀਡੀਓ ਐਡਿਟਿੰਗ ਮੁਕਾਬਲੇ ਵਿੱਚ ਰਮਨਦੀਪ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਨਿਊਜ਼ਰੂਮ ਲਾਈਵ ਮੁਕਾਬਲੇ ਵਿੱਚ ਵੈਦੇਹੀ ਨੇ ਤੀਸਰਾ ਸਥਾਨ ਤੇ ਡੀਬੇਟ ਮੁਕਾਬਲੇ ਵਿੱਚ ਰਮਨਦੀਪ ਸਿੰਘ ਤੇ ਪ੍ਰਭਜੋਤ ਕੌਰ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਲਾਈਵ ਰਿਪੋਰਟਿੰਗ ਮੁਕਾਬਲੇ ਵਿੱਚ ਰਮਨਦੀਪ ਸਿੰਘ ਤੇ ਨਿਖਿਲ ਨੇ ਤੀਸਰਾ ਸਥਾਨ ਅਤੇ ਸਟੈਂਡ-ਅੱਪ ਕਾਮੇਡੀ ਵਿੱਚ ਤਰਨਜੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਪੱਤਰਕਾਰੀ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਹਰਪ੍ਰੀਤ ਕੌਰ ਤੇ ਪ੍ਰੋ. ਭਵਨੀਤ ਕੌਰ ਨੇ ਵੀ ਜੇਤੂ ਵਿਦਿਆਰਥੀਆਂ ਨੂੰ ਵਧਾਈ ਤੇ ਸ਼ੁੱਭਕਾਮਨਾਵਾਂ ਦਿੱਤੀਆਂ।

# ਪੰਜਾਬ 'ਚ ਭਾਜਪਾ ਦਾ ਸਿਆਸੀ ਆਧਾਰ ਹੋਰ ਮਜ਼ਬੂਤ ਹੋਵੇਗਾ : ਸੇਖੋਂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਡੀ ਸਿਆਸੀ ਹਲਚਲ ਦੇਖਣ ਨੂੰ ਮਿਲ ਰਹੀ ਹੈ।ਆਮ ਆਦਮੀ ਪਾਰਟੀ ਦੇ ਤਿੰਨ ਵਿਧਾਇਕਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦੇ ਫ਼ੈਸਲੇ ਨੇ ਪੰਜਾਬ ਦੇ ਸਿਆਸੀ ਸਮੀਕਰਨਾਂ ਨੂੰ ਲੈ ਕੇ ਨਵੀਂ ਚਰਚਾ ਛੇੜ ਦਿੱਤੀ ਹੈ।ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਵੀਨ ਦੇ ਅਗਵਾਈ ਵਿੱਚ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਵਿੱਚ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ, ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਅੰਮ੍ਰਿਤਸਰ ਉੱਤਰੀ ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਨਾਮ ਸ਼ਾਮਲ ਹਨ।ਇਨ੍ਹਾਂ ਤਿੰਨਾਂ ਆਗੂਆਂ ਨੇ ਨਵੀਂ ਦਿੱਲੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਮੁੱਖ ਦਫ਼ਤਰ ਵਿੱਚ ਪਾਰਟੀ ਦੀ ਮੈਂਬਰਸ਼ਿਪ ਹਾਸਲ ਕੀਤੀ।ਇਸ ਮੌਕੇ ਪੰਜਾਬ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੀ ਮੌਜੂਦ ਸਨ। ਇਸ ਸਿਆਸੀ ਘਟਨਾਕ੍ਰਮ 'ਤੇ ਪ੍ਰਤੀਕਿਰਿਆ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਸਟੇਟ ਆਈ.ਟੀ. ਵਿਭਾਗ ਦੇ ਐਗਜ਼ੈਕਟਿਵ ਮੈਂਬਰ ਹਰਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਹ ਘਟਨਾ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਮੋੜ ਸਾਬਿਤ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦਾ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਪੰਜਾਬ ਦੀ ਸਿਆਸਤ ਵਿੱਚ ਨਵੇਂ ਸਿਆਸੀ ਸਮੀਕਰਨ ਬਣ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦਾ ਸੰਗਠਨ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਵੱਡਾ ਵੋਟ ਬੈਂਕ ਜਨ ਸਮਰਥਨ ਮਿਲਣ ਦੀ ਉਮੀਦ ਹੈ।ਅੰਤ ਵਿੱਚ ਹਰਿੰਦਰ ਸਿੰਘ ਸੇਖੋਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਭਾਜਪਾ ਦੇ ਸਮੂਹ ਆਗੂਆਂ ਤੇ ਵਰਕਰਾਂ ਨੂੰ ਪੂਰੀ ਮਿਹਨਤ, ਇਕਜੁੱਟਤਾ ਤੇ ਸਮਰਪਣ ਭਾਵਨਾ ਨਾਲ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਆਉਣ ਵਾਲੇ ਸਮੇਂ ਵਿੱਚ ਇੱਕ ਮਜ਼ਬੂਤ ਸਿਆਸੀ ਤਾਕਤ ਵਜੋਂ ਉਭਰੇਗੀ।

# ਸੀਟੂ ਵਰਕਰਾਂ ਵੱਲੋਂ ਪ੍ਰਦਰਸ਼ਨ ਉਪਰੰਤ ਮੁੱਖ ਮੰਤਰੀ ਦੇ ਦਫਤਰ ਦਾ ਘਿਰਾਓ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਭਰ ਵਿੱਚੋਂ ਆਏ ਟਰੇਡ ਯੂਨੀਅਨ ਸੀਟੂ ਦੇ ਸੱਦੇ 'ਤੇ ਆਏ ਹਜ਼ਾਰਾਂ ਵਰਕਰਾਂ ਨੇ ਸਥਾਨਕ ਦਾਣਾ ਮੰਡੀ ਵਿੱਚ ਜ਼ੋਰਦਾਰ ਪ੍ਰਦਰਸ਼ਨ ਕਰਨ ਉਪਰੰਤ ਸ਼ਹਿਰ ਵਿੱਚ ਰੋਸ ਮੁਜ਼ਾਹਰਾ ਕਰਦਿਆਂ ਮੁੱਖ ਮੰਤਰੀ ਦੇ ਦਫਤਰ ਦਾ ਘਿਰਾਓ ਕੀਤਾ।ਇਸ ਮੌਕੇ ਸੰਬੋਧਨ ਕਰਦਿਆ ਸੀਟੂ ਦੇ ਸੂਬਾਈ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ ਤੇ ਸੂਬਾਈ ਜਰਨਲ ਸਕੱਤਰ ਕਾਮਰੇਡ ਮਹਾ ਸਿੰਘ ਰੌੜੀ ਨੇ ਕਿਹਾ ਕਿ ਘੱਟੋ-ਘੱਟ ਉਜਰਤਾਂ ਵਿੱਚ ਵਾਧਾ ਕਰਨ, ਸਕੀਮ ਵਰਕਰਾਂ ਦਾ ਭੱਤਾ ਦੁੱਗਣਾ ਕਰਨ, ਲੁੱਟ-ਖਸੁੱਟ ਅਧਾਰਤ ਠੇਕੇਦਾਰੀ ਮਜ਼ਦੂਰ ਪ੍ਰਬੰਧ ਨੂੰ ਖਤਮ ਕਰਕੇ ਰੈਗੂਲਰ ਰੁਜ਼ਗਾਰ ਦੇਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਜਨਤਕ ਖੇਤਰ ਤਹਿਤ ਵਧੀਆ ਸਿਹਤ ਸਹੂਲਤਾਂ ਦੇਣ ਤੇ ਫਾਲਤੂ ਖਰਚ ਘਟਾ ਕੇ ਸਰਕਾਰੀ ਆਮਦਨ ਵਧਾਉਣ ਦੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਪ ਸਰਕਾਰ ਨੇ ਪੌਣੇ ਪੰਜ ਸਾਲਾਂ ਵਿੱਚ ਕਿਰਤੀਆਂ ਦੀ ਲੁੱਟ-ਖਸੁੱਟ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਤੇ ਆਪਣੇ ਹੱਕਾਂ ਲਈ ਜੂਝਣ ਵਾਲਿਆਂ 'ਤੇ ਜਬਰ ਤੇ ਜ਼ੁਲਮ ਕਰਨ ਵਿੱਚ ਨਵੇਂ ਕੀਰਤੀਮਾਨ ਸਥਾਪਤ ਕੀਤੇ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਜੇਕਰ ਰਹਿੰਦੇ ਸਮੇਂ ਵਿੱਚ ਆਪ ਸਰਕਾਰ ਨੇ ਆਪਣੀਆਂ ਗਰੰਟੀਆਂ ਪੂਰੀਆਂ ਨਾ ਕੀਤੀਆਂ ਤਾਂ ਮੁੱਖ ਮੰਤਰੀ ਤੇ ਲੇਬਰ ਮੰਤਰੀ ਦੇ ਹਲਕਿਆਂ ਵਿੱਚ ਸੀਟੂ ਜੱਥਾ ਮਾਰਚ ਕਰਕੇ ਇਨ੍ਹਾਂ ਨੂੰ ਹਰਾਉਣ ਲਈ ਲੋਕਾਂ ਨੂੰ ਅਪੀਲ ਕਰੇਗੀ।

ਇਸ ਮੌਕੇ ਮਨਰੇਗਾ ਮਜ਼ਦੂਰ ਯੂਨੀਅਨ (ਸੀਟੂ) ਦੇ ਸੂਬਾਈ ਜਰਨਲ ਸਕੱਤਰ ਕਾਮਰੇਡ ਅਮਰ ਨਾਥ ਕੂੰਮਕਲਾਂ ਤੇ ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੇ ਸੂਬਾਈ ਪ੍ਰਧਾਨ ਹਰਜੀਤ ਕੌਰ ਪੰਜੋਲਾ ਨੇ ਕਿਹਾ ਕਿ ਸਕੀਮ ਵਰਕਰ ਤੇ ਮਨਰੇਗਾ ਮਜ਼ਦੂਰ ਵਿੱਚ ਸਰਕਾਰ ਪ੍ਰਤੀ ਸਭ ਤੋਂ ਵੱਧ ਨਰਾਜ਼ਗੀ ਹੈ, ਕਿਉਂਕਿ ਕਿ ਬਦਲਾਅ ਵਾਲੀ ਮਾਨ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਰੰਟੀਆਂ ਤਾਂ ਕੀ ਪੂਰੀਆਂ ਕਰਨੀਆਂ ਸਨ, ਬਲਕਿ ਪੌਣੇ ਪੰਜ ਸਾਲਾਂ ਵਿੱਚ ਸਕੀਮ ਵਰਕਰਾਂ ਦੇ ਮਾਨ ਭੱਤੇ ਵਿੱਚ ਇੱਕ ਰੁਪਏ ਦਾ ਵੀ ਵਾਧਾ ਨਹੀਂ ਕੀਤਾ ਤੇ ਮਨਰੇਗਾ ਸਕੀਮ ਦਾ ਭੋਗ ਪਾ ਕੇ ਰੱਖ ਦਿੱਤਾ।ਪ੍ਰਦਰਸ਼ਨਕਾਰੀਆਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੰਗ ਕੀਤੀ ਕਿ ਫੌਰੀ ਤੌਰ 'ਤੇ ਉਨ੍ਹਾਂ ਦੀਆਂ ਮੰਗਾਂ ਨੂੰ ਕੀਤਾ ਜਾਵੇ।ਰੋਸ ਰੈਲੀ ਵਿੱਚ ਨਸ਼ਿਆਂ ਵਿਰੁੱਧ ਮਤਾ ਪਾਸ ਕਰਕੇ ਮਾਨਸਾ ਮੋਰਚੇ ਦੀ ਪੁਰਜ਼ੋਰ ਹਮਾਇਤ ਕੀਤੀ ਤੇ ਐੱਸ ਆਈ ਆਰ ਵਿਰੁੱਧ ਮਤਾ ਰੱਖ ਕੇ ਕਰੋੜਾਂ ਵੋਟਾਂ ਕੱਟਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

ਆਲ ਇੰਡੀਆ ਕਿਸਾਨ ਸਭਾ ਦੇ ਕੁੱਲ ਹਿੰਦ ਸਕੱਤਰ ਕਾਮਰੇਡ ਮੇਜਰ ਸਿੰਘ ਪੁੰਨਾਵਾਲ ਨੇ ਸੀਟੂ ਪੰਜਾਬ ਦੀ ਲੀਡਰਸ਼ਿਪ ਤੇ ਵਿਸ਼ੇਸ਼ ਕਰ ਪੰਜਾਬ ਦੇ ਕੋਨੇ-ਕੋਨੇ ਤੋਂ ਆਏ ਸੀਟੂ ਵਰਕਰਾਂ ਦਾ ਧੰਨਵਾਦ ਕੀਤਾ ਤੇ ਵਰਕਰਾਂ ਦੀਆਂ ਹੱਕੀ ਮੰਗਾਂ ਦੀ ਹਮਾਇਤ ਕਰਦਿਆਂ ਸਮੇਂ ਦੇ ਹਾਕਮਾਂ ਵਿਰੁੱਧ ਚੱਲ ਰਹੇ ਸੰਘਰਸ਼ ਵਿੱਚ ਤਨੋਂ, ਮਨੋਂ ਸਾਥ ਦੇਣ ਦਾ ਐਲਾਨ ਕੀਤਾ।

## ਵਿਧਾਇਕ ਰਾਏ ਨੇ ਟਿਕਟ ਮਿਲਣ 'ਤੇ ਕੀਤੀ ਸ਼ੁਕਰਾਨਾ ਯਾਤਰਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਆਦਮੀ ਪਾਰਟੀ ਵੱਲੋਂ ਹਲਕਾ ਫਤਿਹਗੜ੍ਹ ਸਾਹਿਬ ਤੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਤੀਜੀ ਵਾਰ ਟਿਕਟ ਮਿਲਣ 'ਤੇ ਉਨ੍ਹਾਂ ਵੱਲੋਂ ਸ਼ੁਕਰਾਨਾ ਯਾਤਰਾ ਕੱਢੀ ਗਈ, ਜਿਸ ਵਿੱਚ ਵੱਡੀ ਗਿਣਤੀ ਦੇ ਵਿੱਚ ਆਪ ਵਲੰਟੀਅਰ ਤੇ ਹਲਕੇ ਭਰ ਤੋਂ ਸਮੱਰਥਕ ਸ਼ਾਮਲ ਹੋਏ।ਇਹ ਸ਼ੁਕਰਾਨਾ ਯਾਤਰਾ ਮਾਧੋਪੁਰ ਸਟੇਡੀਅਮ ਦੀ ਪਾਰਕਿੰਗ ਤੋਂ ਰਵਾਨਾ ਹੋ ਕੇ ਚਾਵਲਾ ਚੌਕ, ਨਵਾਂ ਬੱਸ ਸਟੈਂਡ ਸਰਹਿੰਦ, ਰੋਪੜ ਬੱਸ ਅੱਡਾ, ਜੋਤੀ ਸਰੂਪ ਮੋੜ ਹੁੰਦੀ ਹੋਈ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਮਾਪਤ ਹੋਈ।ਉਪਰੰਤ ਵਿਧਾਇਕ ਲਖਬੀਰ ਸਿੰਘ ਰਾਏ ਸਾਥੀਆਂ ਸਮੇਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ।ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਕਰਵਾਏ ਸਰਬੇ ਦੇ ਤਹਿਤ ਉਨ੍ਹਾਂ ਨੂੰ ਤੀਜੀ ਵਾਰ ਟਿਕਟ ਦੇ ਕੇ ਨਿਵਾਜਿਆ ਗਿਆ ਹੈ।ਉਹ ਜਿੱਥੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੇ ਧੰਨਵਾਦੀ ਹਨ, ਉੱਥੇ ਹੀ ਹਲਕਾ ਫਤਿਹਗੜ੍ਹ ਸਾਹਿਬ ਦੇ ਵੋਟਰਾਂ ਦੇ ਵੀ ਧੰਨਵਾਦੀ ਹਨ। ਜਿਨ੍ਹਾਂ ਨੇ ਸਭ ਤੋਂ ਵੱਧ ਭਰੋਸਾ ਉਨ੍ਹਾਂ ਉੱਤੇ ਪ੍ਰਗਟਾਇਆ ਹੈ।ਉਹ ਵਿਸ਼ਵਾਸ ਦਿਵਾਉਂਦੇ ਹਨ ਕਿ ਆਉਣ ਵਾਲੀ ਟਰਮ ਦੇ ਵਿੱਚ ਪਹਿਲਾ ਨਾਲੋਂ ਦੁੱਗਣੀ ਰਫਤਾਰ ਨਾਲ ਕੰਮ ਕੀਤਾ ਜਾਵੇਗਾ।ਸਾਰਿਆਂ ਨੂੰ ਨਾਲ ਲੈ ਕੇ ਚਲਾਂਗੇ, ਤਾਂ ਜੋ ਪੰਜਾਬ ਸਰਕਾਰ ਦਾ ਰੰਗਲਾ ਪੰਜਾਬ ਬਣਾਉਣ ਦਾ ਸੁਪਨਾ ਪੂਰਾ ਕੀਤਾ ਜਾ ਸਕੇ।

## ਫਤਿਹ ਕਾਲਜ ਦੇ ਐੱਮ.ਏ. ਅੰਗਰੇਜ਼ੀ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਐੱਮ.ਏ. ਅੰਗਰੇਜ਼ੀ ਸਮੈਸਟਰ ਪਹਿਲੇ (ਸੈਸ਼ਨ 2025-26) ਦੇ ਨਤੀਜਿਆਂ ਵਿੱਚ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ।ਇਸ ਪ੍ਰੀਖਿਆ ਵਿੱਚ ਸੰਸਥਾ ਦੇ ਵਿਦਿਆਰਥੀਆਂ ਨੇ ਮੋਹਰੀ ਪੁਜ਼ੀਸ਼ਨਾਂ ਹਾਸਲ ਕਰਕੇ ਆਪਣੀ ਅਕਾਦਮਿਕ ਪ੍ਰਤਿਭਾ ਦਾ ਲੋਹਾ ਮਨਵਾਇਆ।ਨਤੀਜੇ ਦੇ ਵੇਰਵੇ ਸਾਂਝੇ ਕਰਦਿਆਂ ਅੰਗਰੇਜ਼ੀ ਵਿਭਾਗ ਦੇ ਪ੍ਰੋ. ਲਵਪ੍ਰੀਤ ਸਿੰਘ ਨੇ ਦੱਸਿਆ ਕਿ ਹੋਣਹਾਰ ਵਿਦਿਆਰਥਣ ਰੁਵਨਦੀਪ ਕੌਰ ਨੇ 8.50 ਐੱਸ.ਜੀ.ਪੀ.ਏ. ਹਾਸਲ ਕਰਕੇ ਕਾਲਜ 'ਚੋਂ ਪਹਿਲਾ, ਨਵਦੀਪ ਕੌਰ ਨੇ 8.25 ਐੱਸ.ਜੀ.ਪੀ.ਏ. ਨਾਲ ਦੂਜਾ, ਜਦਕਿ ਰੋਹਿਤ ਸ਼ਰਮਾ ਨੇ 7.00 ਐੱਸ.ਜੀ.ਪੀ.ਏ. ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਚੇਅਰਮੈਨ ਐੱਸ ਐੱਸ ਚੱਠਾ ਨੇ ਵਿਦਿਆਰਥੀਆਂ ਦੀ ਇਸ ਵੱਡੀ ਸਫ਼ਲਤਾ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਕਿਸੇ ਵੀ ਵਿੱਦਿਅਕ ਅਦਾਰੇ ਦੀ ਅਸਲ ਪਛਾਣ ਤੇ ਪ੍ਰਾਪਤੀ ਉਸ ਦੇ ਵਿਦਿਆਰਥੀਆਂ ਦੀ ਅਕਾਦਮਿਕਤਾ, ਚਰਿੱਤਰ ਨਿਰਮਾਣ ਵਿੱਚ ਹੁੰਦੀ ਹੈ।ਸ਼ੁਰੂ ਤੋਂ ਹੀ ਸੰਸਥਾ ਨੌਜਵਾਨਾਂ ਨੂੰ ਮਿਆਰੀ ਉੱਚ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਰਹੀ ਹੈ।ਐੱਮ.ਏ. ਅੰਗਰੇਜ਼ੀ ਵਿਭਾਗ ਦਾ ਇਹ ਸ਼ਾਨਦਾਰ ਨਤੀਜਾ ਜਿੱਥੇ ਬਾਕੀ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣੇਗਾ, ਉੱਥੇ ਹੀ ਇਹ ਸਿੱਧ ਕਰਦਾ ਹੈ ਕਿ ਸਹੀ ਮਾਰਗਦਰਸ਼ਨ ਤੇ ਲਗਨ ਨਾਲ ਕਿਸੇ ਵੀ ਮੰਜ਼ਿਲ ਨੂੰ ਛੋਹਿਆ ਜਾ ਸਕਦਾ ਹੈ। ਮੈਂ ਸਾਰੇ ਸਫ਼ਲ ਵਿਦਿਆਰਥੀਆਂ, ਉਨ੍ਹਾਂ ਦੇ ਪਰਵਾਰਾਂ ਤੇ ਅੰਗਰੇਜ਼ੀ ਵਿਭਾਗ ਦੇ ਸਮੂਹ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਾ ਹਾਂ।

## ਚੌਕੀ ਦਿਆਲਪੁਰਾ ਦੀ ਪੁਲਸ ਨੇ ਲੁੱਟ-ਖੋਹ ਕਰਨ ਵਾਲੇ 3 ਦਬੋਚੇ



**ਬਠਿੰਡਾ (ਰਾਜੀਵ ਗੋਇਲ)**-ਥਾਣਾ ਭਗਤਾ ਅਧੀਨ ਪੈਂਦੀ ਚੌਕੀ ਦਿਆਲਪੁਰਾ ਦੀ ਪੁਲਸ ਟੀਮ ਵੱਲੋਂ ਇੰਚਾਰਜ ਗਗਨਦੀਪ ਸਿੰਘ ਦੀ ਅਗਵਾਈ ਹੇਠ ਸਲਾਬਤਪੁਰਾ ਦੇ ਨਾਲ ਲੱਗਦੇ ਪਿੰਡ ਬੁਰਜ ਰਾਜਗੜ੍ਹ ਦੇ ਤਿੰਨ ਨੌਜਵਾਨਾਂ ਨੂੰ ਲੁੱਟ-ਖੋਹ ਦੇ ਮਾਮਲੇ ਅਧੀਨ ਗ੍ਰਿਫਤਾਰ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਇੰਚਾਰਜ ਗਗਨਦੀਪ ਸਿੰਘ ਨੇ ਦੱਸਿਆ ਕਿ ਕਾਂਗੜ ਦੇ ਰਹਿਣ ਵਾਲੇ ਪਤੀ-ਪਤਨੀ ਰਾਤ ਕਰੀਬ 9 ਵਜੇ ਭਦੌੜ ਦੇ ਨਾਲ ਲੱਗਦੇ ਪਿੰਡ ਜੰਗੀਆਣਾ ਤੋਂ ਦਵਾਈ ਲੈ ਕੇ ਵਾਪਸ ਆਪਣੇ ਪਿੰਡ ਕਾਂਗੜ ਪਰਤ ਰਹੇ ਸਨ ਤਾਂ ਰਸਤੇ ਵਿੱਚ ਰਾਜਗੜ੍ਹ ਦੇ ਸੂਏ ਪਾਸ ਝਾੜੀਆਂ 'ਚ ਲੁਕੇ ਨੌਜਵਾਨਾਂ ਵੱਲੋਂ ਉਨ੍ਹਾਂ ਨੂੰ ਘੇਰ ਲਿਆ ਗਿਆ ਤੇ ਨਗਦੀ ਸਮੇਤ ਮੋਟਰਸਾਈਕਲ ਖੋਹ ਕਰਕੇ ਫਰਾਰ ਹੋ ਗਏ ਸਨ। ਤਫਤੀਸ਼ ਅਧੀਨ ਉਨ੍ਹਾਂ ਵੱਲੋਂ ਸੁਖਦੀਪ ਸਿੰਘ ਸੁੱਖਾ, ਪਾਰਸ ਬਾਲੀਆ ਤੇ ਲਵਪ੍ਰੀਤ ਸਿੰਘ ਉਰਫ ਗੱਦੂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਦੇ ਕਬਜ਼ੇ ਵਿੱਚੋਂ ਖੋਹ ਕੀਤੇ ਗਏ ਮੋਟਰਸਾਈਕਲ ਸਮੇਤ ਹੋਰ ਪੁੱਛਗਿੱਛ ਦੌਰਾਨ ਦਿਆਲਪੁਰਾ ਬੀੜ ਦੀਆਂ ਝਾੜੀਆਂ ਵਿੱਚੋਂ ਦੋ ਹੋਰ ਮੋਟਰਸਾਈਕਲ ਖੋਹ ਕੀਤੇ ਬਰਾਮਦ ਕਰਵਾਏ ਗਏ। ਪੁਲਸ ਵੱਲੋਂ ਉਕਤ ਨੌਜਵਾਨਾਂ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ।

## ਲੋੜਵੰਦ ਬਜ਼ੁਰਗਾਂ ਨੂੰ ਮੁਫ਼ਤ ਸਹਾਇਕ ਉਪਕਰਨ ਵੰਡੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਨਿਆਲ ਵਿਖੇ ਚੱਲਣ-ਫਿਰਨ ਵਿੱਚ ਅਸਮਰੱਥ 126 ਬਜ਼ੁਰਗਾਂ ਨੂੰ ਲੋੜ ਅਨੁਸਾਰ ਸਹਾਇਕ ਉਪਕਰਨ ਮੁਫ਼ਤ ਵੰਡੇ ਗਏ।ਅਹਿਰਾਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੀਤੇ ਸਮਾਗਮ ਦੌਰਾਨ ਅਮਰਜੀਤ ਸਿੰਘ ਘੱਗਾ, ਜਨਰਲ ਸਕੱਤਰ ਪੰਜਾਬ ਕਾਂਗਰਸ ਐੱਸਸੀ ਵਿਭਾਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨ ਅਮਰਜੀਤ ਸਿੰਘ ਘੱਗਾ ਨੇ ਅਜਿਹੇ ਲੋਕ ਭਲਾਈ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਜ਼ੁਰਗਾਂ, ਦਿਵਿਆਂਗ ਵਿਅਕਤੀਆਂ ਤੇ ਸਮਾਜ ਦੇ ਲੋੜਵੰਦ ਵਰਗਾਂ ਦੀ ਮਦਦ ਕਰਨਾ ਸਾਡਾ ਨੈਤਿਕ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਸਮਾਜ ਦੀ ਅਸਲ ਤਰੱਕੀ ਉਦੋਂ ਹੀ ਸੰਭਵ ਹੈ, ਜਦੋਂ ਹਰ ਲੋੜਵੰਦ ਵਿਅਕਤੀ ਨੂੰ ਬਣਦਾ ਸਹਿਯੋਗ ਤੇ ਸਨਮਾਨ ਮਿਲੇ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਦਿਲਵਰ ਖਾਨ ਬਾਦਸ਼ਾਹਪੁਰ, ਗੁਰਪਿਆਰ ਸਿੰਘ ਦਿਉਗੜ੍ਹ, ਨਿਰਮਲ ਗਿੱਲ, ਰਾਜਾ ਸਰਾਉ, ਡਾ. ਮਲਕੀਤ ਸਿੰਘ, ਅਮਰੀਕ ਸਿੰਘ, ਜਸਵੀਰ ਸਿੰਘ ਆਦਿ ਹਾਜ਼ਰ ਸਨ।

## ਸਮਾਣਾ ਤੋਂ ਵੱਡਾ ਕਾਫ਼ਲਾ ਕਾਂਗਰਸ ਦੀ ਅੱਜ ਸੰਗਰੂਰ ਰੈਲੀ ਚ ਪਹੁੰਚੇਗਾ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੀ ਸੰਗਰੂਰ ਰੈਲੀ ਵਿੱਚ ਸ਼ਾਮਲ ਹੋਣ ਲਈ ਵੱਡਾ ਕਾਫ਼ਲਾ ਕਾਂਗਰਸ ਵਰਕਰਾਂ ਦਾ ਜਾਵੇਗਾ।ਇਹ ਰੈਲੀ ਪੰਜਾਬ ਦੀ ਸਿਆਸੀ ਫ਼ਿਜ਼ਾ ਬਦਲ ਕੇ ਰੱਖ ਦੇਵੇਗੀ ਤੇ 2027 ਵਿਚ ਪੰਜਾਬ ਵਿਚ ਕਾਂਗਰਸ ਦੀ ਸਰਕਾਰ ਕਾਇਮ ਹੋਣ ਦਾ ਰਾਹ ਪੱਧਰਾ ਹੋ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਹਲਕੇ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਆਖਿਆ ਕਿ ਪੰਜਾਬ ਵਿਚ ਆਪ ਸਰਕਾਰ ਨੇ ਹਾਲਾਤ ਬਹੁਤ ਖ਼ਰਾਬ ਕਰ ਦਿੱਤੇ ਹਨ।ਨਸ਼ਾ ਰੋਕਣ ਵਾਲਿਆਂ ਨੂੰ ਧਮਕਾਇਆ ਜਾ ਰਿਹਾ ਹੈ।ਦਿੱਲੀ ਵਾਲੇ ਪੰਜਾਬ ਦਾ ਖ਼ਜ਼ਾਨਾ ਲੁੱਟ ਕੇ ਲੈ ਕੇ ਜਾ ਰਹੇ ਹਨ।ਸਾਬਕਾ ਵਿਧਾਇਕ ਨੇ ਆਖਿਆ ਕਿ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਸਰਕਾਰ ਤੋਂ ਨਿਰਾਸ਼ ਹੋ ਚੁੱਕੇ ਹਨ।ਲੋਕ ਸਮਝ ਚੁੱਕੇ ਹਨ ਕਿ ਉਨ੍ਹਾਂ ਦੀਆਂ ਪੀੜਾਂ ਕਾਂਗਰਸ ਹੀ ਦੂਰ ਕਰ ਸਕਦੀ ਹੈ।ਉਨ੍ਹਾਂ ਦੱਸਿਆ ਕਿ ਲੋਕਾਂ ਵਿਚ ਰੈਲੀ ਪ੍ਰਤੀ ਉਤਸ਼ਾਹ ਹੈ।

## 25000 ਰਿਸ਼ਵਤ ਲੈਂਦਾ ਏ ਐੱਸ ਆਈ ਵਿਜੀਲੈਂਸ ਵੱਲੋਂ ਕਾਬੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਦਿੜ੍ਹਬਾ, ਜ਼ਿਲ੍ਹਾ ਸੰਗਰੂਰ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐੱਸ.ਆਈ.) ਤਰਸੇਮ ਲਾਲ ਨੂੰ 25 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਏਐੱਸਆਈ ਨੂੰ ਅਨਾਜ ਮੰਡੀ ਭਵਾਨੀਗੜ੍ਹ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਕਿਸੇ ਹੋਰ ਮਾਮਲੇ ਵਿੱਚ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਛਾਪਾ ਨਾ ਮਾਰਨ ਬਦਲੇ ਏਐੱਸਆਈ ਤਰਸੇਮ ਲਾਲ ਨੇ ਉਸ ਕੋਲੋਂ 30 ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।ਰਿਸ਼ਵਤ ਮੰਗਣ ਸਬੰਧੀ ਹੋਈ ਗੱਲਬਾਤ ਦੀ ਰਿਕਾਰਡਿੰਗ ਵੀ ਕਰ ਲਈ ਗਈ ਸੀ।ਸ਼ਿਕਾਇਤਕਰਤਾ ਰਿਸ਼ਵਤ ਦੇਣ ਲਈ ਤਿਆਰ ਨਹੀਂ ਸੀ, ਜਿਸ ਕਾਰਨ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਕੋਲ ਸ਼ਿਕਾਇਤ ਦਰਜ ਕਰਵਾਈ, ਜਿਸ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਟੀਮ ਨੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਏਐੱਸਆਈ ਤਰਸੇਮ ਲਾਲ ਨੂੰ ਸ਼ਿਕਾਇਤਕਰਤਾ ਤੋਂ 25 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਕਾਬੂ ਕਰ ਲਿਆ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਬੇਹੱਦ ਪ੍ਰਭਾਵਸ਼ਾਲੀ ਰਿਹਾ ਮਾਲਵਾ ਲਿਖਾਰੀ ਸਭਾ ਦਾ ਸਾਲਾਨਾ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**

ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦਾ ਪੰਜਾਬੀ ਸੂਬਾ ਦਿਵਸ ਨੂੰ ਸਮਰਪਤ ਬਾਰਵਾਂ ਸਾਲਾਨਾ ਸਮਾਗਮ ਲੇਖਕ ਭਵਨ ਸੰਗਰੂਰ ਵਿਖੇ ਹੋਇਆ, ਜਿਸ ਵਿੱਚ ਸਭਾ ਵੱਲੋਂ ਹਰ ਸਾਲ ਦਿੱਤਾ ਜਾਣ ਵਾਲਾ ਡਾ. ਪ੍ਰੀਤਮ ਸੈਣੀ ਵਾਰਤਕ ਪੁਰਸਕਾਰ ਸੁਖਦੇਵ ਸਿੰਘ ਔਲਖ ਨੂੰ, ਲੋਕ ਕਵੀ ਸੰਤ ਰਾਮ ਉਦਾਸੀ ਕਵਿਤਾ ਪੁਰਸਕਾਰ ਹਾਕਮ ਰੂੜੇਕੇ ਨੂੰ ਤੇ ਗੁਰਮੇਲ ਮਡਾਹੜ ਗਲਪ ਪੁਰਸਕਾਰ ਮਨਦੀਪ ਰਿੰਪੀ ਨੂੰ ਦਿੱਤਾ ਗਿਆ।

ਇਸ ਸਮਾਗਮ ਵਿੱਚ ਸਰਬੋਤਮ ਪੁਸਤਕ ਪੁਰਸਕਾਰ ਜੇਤੂ ਬਾਲ ਗ਼ਜ਼ਲਕਾਰ ਜਗਜੀਤ ਸਿੰਘ ਲੱਡਾ ਦੇ ਦੋ ਬਾਲ ਗ਼ਜ਼ਲ-ਸੰਗ੍ਰਹਿ 'ਰੰਗ ਬਿਰੰਗੇ ਫੁੱਲ' ਤੇ 'ਖੱਟੇ ਮਿੱਠੇ ਫਲ' ਲੋਕ ਅਰਪਣ ਕੀਤੇ ਗਏ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਡਾ. ਜੋਗਿੰਦਰ ਸਿੰਘ ਨਿਰਾਲਾ ਜਨਰਲ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਨੇ ਕਿਹਾ ਕਿ ਲੋਕਾਂ ਦੀ ਗੱਲ ਕਰਨ ਵਾਲੀ ਕਲਮ ਹੀ ਲੋਕਾਂ ਵਿੱਚ ਪ੍ਰਵਾਨ ਹੁੰਦੀ ਹੈ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਨੇ ਕਿਹਾ ਕੁਰਾਹੇ ਪਈ ਪੰਜਾਬ ਦੀ ਨਵੀਂ ਪੀੜ੍ਹੀ ਨੂੰ ਸਾਹਿਤ ਨਾਲ ਜੋੜਨਾ ਸਮੇਂ ਦੀ ਅਣਸਰਦੀ ਲੋੜ ਹੈ।ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਜਗਦੀਪ ਕੌਰ ਆਹੂਜਾ ਪ੍ਰਧਾਨ ਸਾਹਿਤ ਸਭਾ ਮਾਲੇਰਕੋਟਲਾ ਨੇ ਕਿਹਾ ਕਿ ਸਭਾਵਾਂ ਵੱਲੋਂ ਮਿਲਿਆ ਮਾਨ-ਸਨਮਾਨ ਲੇਖਕਾਂ ਨੂੰ ਹੋਰ ਵਧੀਆ ਸਾਹਿਤਕ ਸਿਰਜਣਾ ਲਈ ਉਤਸ਼ਾਹਤ ਕਰਦਾ ਹੈ।ਲੋਕ ਕਵੀ ਸੰਤ ਰਾਮ ਉਦਾਸੀ ਦੀ ਸਪੁੱਤਰੀ ਪ੍ਰਿੰ. ਇਕਬਾਲ ਕੌਰ ਉਦਾਸੀ ਨੇ ਕਿਹਾ ਕਿ ਲੇਖਕਾਂ ਨੂੰ ਆਪਣੀ ਲੋਕ-ਸਰੋਕਾਰਾਂ ਲਈ ਪ੍ਰਤੀਬੱਧਤਾ ਦੀ ਬਣਦੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਇਸ ਮੌਕੇ ਪ੍ਰਿੰ. ਇਕਬਾਲ ਕੌਰ ਉਦਾਸੀ ਵੱਲੋਂ ਲੋਕ ਕਵੀ ਸੰਤ ਰਾਮ ਉਦਾਸੀ ਜੀ ਦੀ ਯਾਦ ਵਿੱਚ ਲੇਖਕ ਭਵਨ ਲਈ ਇੱਕ ਅਲਮਾਰੀ ਭੇਟ ਕੀਤੀ ਗਈ।ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਇੱਕ ਮੇਜ਼ ਅਤੇ ਚਾਰ ਕੁਰਸੀਆਂ ਭੇਟ ਕੀਤੀਆਂ।

ਉਪਰੰਤ ਵਿਸ਼ਾਲ ਕਵੀ ਦਰਬਾਰ ਹੋਇਆ, ਜਿਸ ਵਿੱਚ ਬਹਾਦਰ ਸਿੰਘ ਧੌਲਾ, ਲਾਭ ਸਿੰਘ ਝੱਮਟ, ਨਿਰਮਲ ਸਿੰਘ ਫਲੌਂਡ, ਹਰਬੰਸ ਸਿੰਘ ਦੱਦ, ਧਰਮਪਾਲ ਸਿੰਘ ਦੱਦ, ਡਾ. ਪਰਮਜੀਤ ਸਿੰਘ ਦਰਦੀ, ਮਨਦੀਪ ਰਿੰਪੀ, ਹਰਸਿਮਰਤ ਕੌਰ, ਸੁਰਿੰਦਰਪਾਲ ਸਿੰਘ, ਬਲਵਿੰਦਰ ਸਿੰਘ, ਕਰਮ ਸਿੰਘ ਜ਼ਖ਼ਮੀ, ਪਵਨ ਕੁਮਾਰ ਹੋਸ਼ੀ, ਸੁਮਿਤ ਕੁਮਾਰ, ਇਕਬਾਲ ਕੌਰ ਉਦਾਸੀ, ਰਜਿੰਦਰ ਸਿੰਘ ਰਾਜਨ, ਡਾ. ਜੋਗਿੰਦਰ ਸਿੰਘ ਨਿਰਾਲਾ, ਰਣਦੀਪ ਸਿੰਘ, ਡਾ. ਗੁਲਜ਼ਾਰ ਸਿੰਘ ਪੰਧੇਰ, ਡਾ. ਜਗਦੀਪ ਕੌਰ ਆਹੂਜਾ, ਰੁਪਿੰਦਰ ਕੌਰ ਸਹਿਣਾ, ਦਰਸ਼ਨ ਸਿੰਘ ਪ੍ਰੀਤੀਮਾਨ, ਡਾ. ਮੀਤ ਖਟੜਾ, ਸੁਖਦੇਵ ਸ਼ਰਮਾ ਤੋਂ ਇਲਾਵਾ ਕਈ ਹੋਰਨਾਂ ਕਵੀਆਂ ਨੇ ਹਿੱਸਾ ਲਿਆ। ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।

# ਰੂਬਲ ਸਿੰਘ ਯਾਦਗਾਰੀ ਫੁੱਟਬਾਲ ਤੇ ਕਬੱਡੀ ਖੇਡ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਸ੍ਰੀ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਵਿਖੇ ਸਵਰਗੀ ਰੂਬਲ ਸਿੰਘ ਦੀ ਯਾਦ ਵਿੱਚ ਜਗਮੇਲ ਸਿੰਘ ਰਾਜੂ ਰਾਏਕੋਟ, ਖੇਡ ਪ੍ਰਮੋਟਰ ਬੂਟਾ ਸਿੰਘ ਛਾਪਾ ਦੀ ਅਗਵਾਈ ਹੇਠ ਕਰਵਾਇਆ ਗਿਆ ਤਿੰਨ ਰੋਜ਼ਾ ਫੁੱਟਬਾਲ ਤੇ ਇੱਕ ਰੋਜ਼ਾ ਕਬੱਡੀ ਖੇਡ ਮੇਲਾ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਿਆ।ਇਸ ਖੇਡ ਮੇਲੇ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਖੇਡ ਮੇਲੇ ਦੌਰਾਨ ਅੰਡਰ-15 ਵਰਗ ਵਿੱਚ 16 ਫੁੱਟਬਾਲ ਟੀਮਾਂ ਨੇ ਭਾਗ ਲਿਆ।ਇਨ੍ਹਾਂ ਟੀਮਾਂ ਵਿਚਕਾਰ ਹੋਏ ਫਸਵੇਂ ਤੇ ਰੋਮਾਂਚਕ ਮੁਕਾਬਲਿਆਂ ਵਿੱਚ ਕੋਠੇ ਰਾਹਲਾਂ ਦੀ ਟੀਮ ਨੇ ਲਤਾਲਾ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-40 ਵਰਗ ਦੀਆਂ 8 ਟੀਮਾਂ ਵਿਚਕਾਰ ਹੋਏ ਮੁਕਾਬਲਿਆਂ ਵਿੱਚ ਸੰਗਰੂਰ ਦੀ ਟੀਮ ਨੇ ਪਹਿਲਾ ਤੇ ਪੱਖੋਵਾਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਕਬੱਡੀ ਦੇ ਮੁਕਾਬਲਿਆਂ ਵਿੱਚ ਵੀ ਖਿਡਾਰੀਆਂ ਨੇ ਆਪਣੀ ਤਾਕਤ, ਫੁਰਤੀ ਤੇ ਖੇਡ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਕੁੱਲ 35 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਰੌਤਾ ਦੀ ਟੀਮ ਨੇ ਪਹਿਲਾ ਤੇ ਸਾਪੂ ਵਾਲਾ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।ਖੇਡ ਮੇਲੇ ਦੇ ਆਖ਼ਰੀ ਦਿਨ ਸਾਬਕਾ ਸੰਸਦੀ ਸਕੱਤਰ ਤੇ ਸਾਬਕਾ ਵਿਧਾਇਕ ਬਿਕਰਮਜੀਤ ਸਿੰਘ ਖ਼ਾਲਸਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਬਾਬਾ ਜਸਦੇਵ ਸਿੰਘ ਲੋਹਟਬੱਦੀ ਵਾਲਿਆਂ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ।ਇਸ ਮੌਕੇ ਬਿਕਰਮਜੀਤ ਸਿੰਘ ਖ਼ਾਲਸਾ ਤੇ ਬਾਬਾ ਜਸਦੇਵ ਸਿੰਘ ਨੇ ਖੇਡ ਮੇਲੇ ਦੇ ਪ੍ਰਬੰਧਕਾਂ ਰਾਜੂ ਰਾਏਕੋਟ ਤੇ ਬੂਟਾ ਸਿੰਘ ਛਾਪਾ ਨੂੰ ਇਸ ਉਪਰਾਲੇ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਖੇਡ ਮੇਲੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਤੇ ਸਮਾਜ ਵਿੱਚ ਉਸਾਰੂ ਮਾਹੌਲ ਸਿਰਜਣ ਲਈ ਬੇਹੱਦ ਸਹਾਈ ਸਿੱਧ ਹੁੰਦੇ ਹਨ।ਅਖੀਰ ਵਿੱਚ ਪ੍ਰਬੰਧਕਾਂ ਵੱਲੋਂ ਜੇਤੂ ਟੀਮਾਂ ਨੂੰ ਨਗਦ ਇਨਾਮ ਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ, ਉਨ੍ਹਾਂ ਤੋਂ ਇਲਾਵਾ ਆਈਆਂ ਸ਼ਖ਼ਸੀਅਤਾਂ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਖਿਡਾਰੀਆਂ, ਖੇਡ ਪ੍ਰੇਮੀਆਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਸ ਸਮੇਂ ਖੇਡ ਪ੍ਰਮੋਟਰ ਬੂਟਾ ਸਿੰਘ ਛਾਪਾ, ਪ੍ਰਿੰਸੀਪਲ ਚਰਨਜੀਤ ਕੌਰ, ਦਵਿੰਦਰ ਸਿੰਘ ਗਰੇਵਾਲ, ਜਗਤਾਰ ਸਿੰਘ ਸੰਤ, ਬਲਦੇਵ ਸਿੰਘ ਦੇਬੀ, ਗੁਰਵਿੰਦਰ ਸਿੰਘ ਗਰੇਵਾਲ, ਪਰਵਿੰਦਰ ਸਿੰਘ ਮਿੰਟੂ, ਜਗਦੇਵ ਸਿੰਘ ਦੇਵ, ਜਸਕਮਲ ਸਿੰਘ ਲਾਡੀ, ਨਿੱਕਾ ਗਰੇਵਾਲ, ਕੁਮੈਂਟੇਟਰ ਰਵਿੰਦਰ ਸਿੰਘ ਦੱਧਾਹੂਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।

# ਹੈਰੀਟੇਜ ਸਟਰੀਟ ਦੇ ਵਿਕਾਸ ਕਾਰਜਾਂ ਦਾ ਕੈਬਨਿਟ ਮੰਤਰੀ ਵੱਲੋਂ ਨਿਰੀਖਣ

## ਘਟੀਆ ਕੁਆਲਿਟੀ ਦਾ ਕੰਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਡਾ. ਬਲਜੀਤ ਕੌਰ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਥਾਨਕ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੇ ਹੈਰੀਟੇਜ ਸਟਰੀਟ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਨਿਰੀਖਣ ਕੀਤਾ ਗਿਆ।ਟੂਰਿਜ਼ਮ ਵਿਭਾਗ ਵੱਲੋਂ ਪਹਿਲੇ ਪੜਾਅ ਤਹਿਤ ਤਕਰੀਬਨ 10 ਕਰੋੜ ਰੁਪਏ ਦੀ ਲਾਗਤ ਨਾਲ ਇਹ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਤੇ ਕੁਆਲਿਟੀ ਨਾਲ ਕੋਈ ਸਮਝੌਤਾ ਨਾ ਕਰਨ ਦੀਆਂ ਸਖ਼ਤ ਹਦਾਇਤਾਂ ਦਿੱਤੀਆਂ।ਨਿਰੀਖਣ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਜਿਸ ਇਲਾਕੇ ਵਿੱਚ ਹੈਰੀਟੇਜ ਸਟਰੀਟ ਦਾ ਕੰਮ ਚੱਲ ਰਿਹਾ ਹੈ, ਉੱਥੇ ਸੀਵਰੇਜ ਤੇ ਪਾਣੀ ਦੀ ਕਾਫੀ ਪੁਰਾਣੀ ਸਮੱਸਿਆ ਸੀ।ਇਸ ਕਾਰਨ ਹੈਰੀਟੇਜ ਸਟਰੀਟ ਦੇ ਨਾਲ-ਨਾਲ ਸੀਵਰੇਜ ਦਾ ਕੰਮ ਵੀ ਚਲਾਉਣਾ ਪਿਆ, ਜੋ ਕਿ ਹੁਣ ਮੁਕੰਮਲ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਇੱਕੋ ਸਮੇਂ ਸਾਰਾ ਕੰਮ ਸ਼ੁਰੂ ਹੋਣ ਨਾਲ ਮੁਹੱਲਾ ਨਿਵਾਸੀਆਂ ਨੂੰ ਆਉਣ-ਜਾਣ ਵਿੱਚ ਮੁਸ਼ਕਲ ਪੇਸ਼ ਆ ਰਹੀ ਹੈ, ਪਰ ਸੀਵਰੇਜ ਦੀਆਂ ਲਾਈਨਾਂ ਆਪਸ ਵਿੱਚ ਜੁੜੀਆਂ ਹੋਣ ਕਰਕੇ ਇਹ ਕੰਮ ਪਹਿਲਾਂ ਕਰਨਾ ਜ਼ਰੂਰੀ ਸੀ ਤਾਂ ਜੋ ਅਗਲੇ 20-25 ਸਾਲਾਂ ਤੱਕ ਲੋਕਾਂ ਨੂੰ ਦੁਬਾਰਾ ਗਲੀਆਂ ਪੱਟਣ ਦੀ ਸਮੱਸਿਆ ਨਾ ਆਵੇ।ਗਲੀ ਵਿੱਚ ਰੰਗ-ਪੁਤਾਈ ਦੇ ਮਾੜੇ ਕੰਮ ਸਬੰਧੀ ਲੋਕਾਂ ਦੀਆਂ ਸ਼ਿਕਾਇਤਾਂ ਤੇ ਬੋਲਦਿਆਂ ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਇਸ ਦੀ ਉੱਚ ਅਧਿਕਾਰੀਆਂ ਨੂੰ ਰਿਪੋਰਟ ਕਰਨਗੇ ਤੇ ਲੋਕਾਂ ਦੇ ਪੈਸੇ ਦੀ ਦੁਰਵਰਤੋਂ ਜਾਂ ਘਟੀਆ ਕੁਆਲਿਟੀ ਦਾ ਕੰਮ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਦੀਵਾਲੀ ਤੋਂ ਪਹਿਲਾਂ ਪਹਿਲੀ ਗਲੀ ਸੈਂਪਲ ਵਜੋਂ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਜੋਨੀ ਗਰਗ, ਕਾਰਜ ਸਾਧਕ ਅਫਸਰ ਮੰਗਤ ਰਾਮ, ਐਕਸੀਅਨ ਬਿਜਲੀ ਬੋਰਡ ਮਨਦੀਪ ਸਿੰਘ, ਪੀ.ਏ. ਅਰਸ਼ ਸਿੱਧੂ, ਪੀ.ਏ. ਛਿੰਦਰ ਪਾਲ ਸਿੰਘ ਤੋਂ ਇਲਾਵਾ ਆਪ ਆਗੂ ਬੰਟੀ ਕੁਮਾਰ, ਕੌਂਸਲਰ ਲਾਲ ਚੰਦ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਮੌਜੂਦ ਸਨ।

# ਅਧਰੰਗ ਪੀੜਤ ਲਈ ਮਸੀਹਾ ਬਣ ਕੇ ਬਹੁੜੇ ਮਿੰਕੂ ਜਵੰਧਾ

**ਭਵਾਨੀਗੜ੍ਹ (ਰਾਜ ਖੁਰਮੀ)**

ਆਰਥਿਕ ਤੰਗੀ ਤੇ ਗੰਭੀਰ ਬਿਮਾਰੀ ਨਾਲ ਜੂਝ ਰਹੇ ਲੋੜਵੰਦ ਪਰਵਾਰਾਂ ਦੀ ਮਦਦ ਲਈ ਸਮਾਜ ਦੇ ਸਮਰੱਥ ਲੋਕਾਂ ਵੱਲੋਂ ਅੱਗੇ ਆਉਣਾ ਜਿੱਥੇ ਮਨੁੱਖਤਾ ਦੀ ਸੱਚੀ ਸੇਵਾ ਹੈ, ਉੱਥੇ ਹੀ ਅਜਿਹੇ ਉਪਰਾਲੇ ਪੀੜਤ ਪਰਿਵਾਰਾਂ ਲਈ ਉਮੀਦ ਦੀ ਨਵੀਂ ਕਿਰਨ ਵੀ ਬਣਦੇ ਹਨ।ਅਜਿਹੀ ਹੀ ਮਨੁੱਖਤਾ ਭਰਪੂਰ ਪਹਿਲ ਕਰਦਿਆਂ ਪੰਜਾਬ ਇਨਫੋਟੈਕ ਤੇ ਜਪਹਰ ਵੈੱਲਫੇਅਰ ਸੁਸਾਇਟੀ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਪਿੰਡ ਰੂਪਾਹੇੜੀ ਵਿਖੇ ਅਧਰੰਗ ਦੀ ਬਿਮਾਰੀ ਨਾਲ ਜੂਝ ਰਹੇ ਗੁਰਮੇਲ ਸਿੰਘ ਦੀ ਮਦਦ ਲਈ ਪਹੁੰਚੇ।ਉਨ੍ਹਾਂ ਨਾ ਸਿਰਫ਼ ਗੁਰਮੇਲ ਸਿੰਘ ਨੂੰ ਵ੍ਹੀਲਚੇਅਰ ਭੇਟ ਕੀਤੀ, ਸਗੋਂ ਉਨ੍ਹਾਂ ਦੇ ਇਲਾਜ ਦਾ ਪੂਰਾ ਖ਼ਰਚਾ ਚੁੱਕਣ ਦਾ ਐਲਾਨ ਕਰਦਿਆਂ ਪਰਵਾਰ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਵੀ ਦਿੱਤਾ।ਜਾਣਕਾਰੀ ਅਨੁਸਾਰ ਬਲਾਕ ਸੰਮਤੀ ਮੈਂਬਰ ਤਰਸਪਾਲ ਸਿੰਘ ਢਿੱਲੋਂ ਵੱਲੋਂ ਗੁਰਮੇਲ ਸਿੰਘ ਪੁੱਤਰ ਸੰਤ ਸਿੰਘ ਦੇ ਪਰਵਾਰ ਦੀ ਤਰਸਯੋਗ ਆਰਥਿਕ ਹਾਲਤ ਤੇ ਬਿਮਾਰੀ ਸਬੰਧੀ ਜਾਣਕਾਰੀ ਡਾ. ਮਿੰਕੂ ਜਵੰਧਾ ਦੇ ਧਿਆਨ ਵਿੱਚ ਲਿਆਂਦੀ ਗਈ ਸੀ।ਇਸ 'ਤੇ ਉਨ੍ਹਾਂ ਬਿਨਾਂ ਦੇਰੀ ਕੀਤਿਆਂ ਖ਼ੁਦ ਪਿੰਡ ਰੂਪਾਹੇੜੀ ਪਹੁੰਚ ਕੇ ਪਰਵਾਰ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਜਾਣਿਆ।ਪਰਵਾਰ ਦੀ ਮੁਸ਼ਕਲ ਨੂੰ ਸਮਝਦਿਆਂ ਡਾ. ਮਿੰਕੂ ਜਵੰਧਾ ਨੇ ਆਪਣੇ ਹੱਥੀਂ ਗੁਰਮੇਲ ਸਿੰਘ ਨੂੰ ਵ੍ਹੀਲਚੇਅਰ ਭੇਟ ਕੀਤੀ।ਇਸ ਦੇ ਨਾਲ ਹੀ ਉਨ੍ਹਾਂ ਐਲਾਨ ਕੀਤਾ ਕਿ ਗੁਰਮੇਲ ਸਿੰਘ ਦੇ ਇਲਾਜ ਲਈ ਜਿੰਨੇ ਵੀ ਖ਼ਰਚੇ ਦੀ ਲੋੜ ਪਵੇਗੀ, ਉਹ ਪੂਰਾ ਖ਼ਰਚਾ ਚੁੱਕਣਗੇ ਤੇ ਇਲਾਜ ਦੌਰਾਨ ਪਰਵਾਰ ਨੂੰ ਕਿਸੇ ਕਿਸਮ ਦੀ ਆਰਥਿਕ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਰਥਿਕ ਤੰਗੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਪਰਿਵਾਰ ਦੀ ਬਾਂਹ ਫੜਨਾ ਸਮਾਜ ਲਈ ਪ੍ਰੇਰਨਾਦਾਇਕ ਹੈ।ਇਸ ਮੌਕੇ ਗੁਰਮਨਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਹਰਮਨਦੀਪ ਸਿੰਘ, ਹਰਮਨਜੋਤ ਸਿੰਘ, ਕਾਲਾ ਢਿੱਲੋਂ, ਜਗਦੇਵ ਸਿੰਘ, ਹਰਦੀਪ ਸਿੰਘ ਹੈਪੀ, ਮਿੰਟਾ ਢਿੱਲੋਂ, ਠਾਕਰ ਸਿੰਘ, ਰਤਨ ਸਿੰਘ, ਗੁਰਦੀਪ ਸਿੰਘ ਅਤੇ ਸੋਹਣ ਸਿੰਘ ਸਮੇਤ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਤੇ ਨੌਜਵਾਨ ਹਾਜ਼ਰ ਸਨ।

**ਵ੍ਹੀਲ੍ਹਚੇਅਰ ਭੇਟ ਕਰਕੇ ਇਲਾਜ ਦਾ ਪੂਰਾ ਖ਼ਰਚਾ ਚੁੱਕਣ ਦਾ ਕੀਤਾ ਐਲਾਨ**



## ਅਮਰੀਕਾ 'ਚ ਸਮਾਗਮ ਤੇ ਨਗਰ ਕੀਰਤਨ ਦੌਰਾਨ ਹਿੰਸਾ

**ਨਿਊ ਯਾਰਕ** : ਅਮਰੀਕਾ ਦੇ ਕੈਲੀਫੋਰਨੀਆ ਸੂਬੇ ਦੇ ਯੂਬਾ ਸਿਟੀ ਵਿੱਚ 47ਵੇਂ ਸਾਲਾਨਾ ਸਿੱਖ ਸਮਾਗਮ ਅਤੇ ਨਗਰ ਕੀਰਤਨ ਦੌਰਾਨ ਹਿੰਸਾ ਦੀਆਂ ਦੋ ਘਟਨਾਵਾਂ ਵਾਪਰੀਆਂ। ਪਹਿਲੀ ਘਟਨਾ 31 ਅਕਤੂਬਰ ਨੂੰ ਗੁਰਦੁਆਰਾ ਸਾਹਿਬ ਦੇ ਸਾਹਮਣੇ ਤੀਏਰਾ ਬੁਏਨਾ ਰੋਡ 'ਤੇ ਸਥਿਤ ਪਾਰਕਿੰਗ ਲਾਟ ਵਿੱਚ ਗੋਲੀਬਾਰੀ ਦੀ ਸੀ। ਇਸ ਦੌਰਾਨ ਕਿਸੇ ਦੇ ਜ਼ਖ਼ਮੀ ਹੋਣ ਦੀ ਖ਼ਬਰ ਨਹੀਂ ਹੈ। ਇਸ ਮਾਮਲੇ ਵਿੱਚ ਇੱਕ ਸ਼ੱਕੀ ਦੀ ਪਛਾਣ ਕੀਤੀ ਗਈ ਹੈ, ਪਰ ਉਸ ਦੀ ਗ੍ਰਿਫ਼ਤਾਰੀ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ। ਦੂਜੀ ਘਟਨਾ ਪਹਿਲੀ ਨਵੰਬਰ ਨੂੰ ਨਗਰ ਕੀਰਤਨ ਦੀ ਸਮਾਪਤੀ ਨੇੜੇ ਵਾਪਰੀ, ਜਦੋਂ ਚਾਕੂਬਾਜ਼ੀ ਦੌਰਾਨ ਦੋ ਵਿਅਕਤੀ ਜ਼ਖ਼ਮੀ ਹੋ ਗਏ।


AXIS BANK LTD. | Retail Asset Centre: AXIS Bank Ltd. SCB-5, First Floor, Chotti Baradari, Patiala.147001.

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ ਅਤੇ ਪਤਾ | (1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ (3) ਕਬਜ਼ੇ ਦੀ ਮਿਤੀ | (4) 13-2 ਨੋਟਿਸ ਅਨੁਸਾਰ ਬਕਾਇਆ ਰਕਮ (ਰੁਪਏ) |
|---|---|---|---|
| 1. | (1) ਸ੍ਰੀ ਇਰਫਾਨ ਖਾਨ (ਕਰਜ਼ਦਾਰ ਤੇ ਰਹਿਣਕਾਰ) ਪੁੱਤਰ ਫਿਰੋਜ਼ ਖਾਨ (2) ਸ੍ਰੀਮਤੀ ਅਕਰਾਮੀਨ (ਸਹਿ-ਕਰਜ਼ਦਾਰ) ਪਤਨੀ ਫਿਰੋਜ਼ ਖਾਨ | (1.) 17-08-2026 (2.) 28-07-2026 (3.) 30-10-2026 | (4) ਰੁਪਏ 23,21,972/- (ਤੇਈ ਲੱਖ ਇੱਕੀ ਹਜ਼ਾਰ ਨੌਂ ਸੌ ਬਹੱਤਰ ਰੁਪਏ ਕੇਵਲ) |

ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਰਹਿਣ ਕੀਤੀ ਜਾਇਦਾਦ ਦਾ ਅਟੁੱਟ ਹਿੱਸਾ, ਰਕਬਾ 1 ਬੀ 2 ਬੀ-1 ਬੀ ਖਾਤਾ ਨੰ. 159/285, 286, ਖਸਰਾ ਨੰ. 450 (6-19) ਜਮ੍ਹਾਂਬੰਦੀ ਸਾਲ 2013-14 ਅਨੁਸਾਰ (ਖਾਤਾ ਨੰ. 180/304 ਜਮ੍ਹਾਂਬੰਦੀ ਸਾਲ 2018-19 ਅਨੁਸਾਰ) ਪਤਾ ਪਿੰਡ ਰੋਹੀੜਾ, ਤਹਿਸੀਲ ਅਹਿਮਦਗੜ੍ਹ ਤੇ ਜ਼ਿਲ੍ਹਾ ਸੰਗਰੂਰ, ਇਰਫਾਨ ਖਾਨ ਪੁੱਤਰ ਫਿਰੋਜ਼ ਖਾਨ ਦੇ ਨਾਂਅ ਰਜਿਸਟਰਡ, ਤਬਾਦਲਾ ਬੈਨਾਮਾ ਨੰ. 2018-19/130/1/71 ਮਿਤੀ 06-08-2018, ਹੱਦਬੰਦੀ ਬੈਨਾਮੇ ਅਨੁਸਾਰ : ਉੱਤਰ : ਤਾਜ ਖਾਨ ਪਾਸਾ 95', ਪੱਛਮ : ਮਾਂਟੇ ਪਾਸਾ 75', ਦੱਖਣ : ਪਹੀ ਸਰੇਆਮ ਪਾਸਾ 150', ਪੂਰਬ : ਗਲੀ ਸਰੇਆਮ ਪਾਸਾ 95

ਮਿਤੀ : 30-10-2026, ਸਥਾਨ : ਪੰਜਾਬ — ਅਧਿਕਾਰਤ ਅਫਸਰ (ਐਕਸਿਸ ਬੈਂਕ ਲਿਮਟਿਡ)



YES BANK — ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055 ਭਾਰਤ। ਨਾਲ ਹੀ :- ਪਹਿਲੀ ਮੰਜ਼ਲ, ਯੈੱਸ ਬੈਂਕ ਲਿਮਟਿਡ, ਬੀ-ਐੱਕਸ ਐੱਕਸ, 2427,928, ਗੋਬਿੰਦ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ-141001

**ਰੂਲ-8 (1) ਕਬਜ਼ਾ ਨੋਟਿਸ**

ਕਸਟਮਰ ਆਈ ਡੀ 2031150, ਖਾਤਾ ਨੰ. 1584000001566

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਵੇਦ ਕੁਮਾਰ ਸ਼ਰਮਾ ਠੇਕੇਦਾਰ ਰਾਹੀਂ ਇਸ ਦੇ ਹਿੱਸੇਦਾਰ ਪਤਾ ਮਕਾਨ ਨੰ. 210, ਹਾਊਸਿੰਗ ਬੋਰਡ, ਸੈਕਟਰ 51ਏ, ਚੰਡੀਗੜ੍ਹ-160047 ਇਹ ਵੀ ਐਸ ਸੀ ਓ ਨੰ. 37, ਚੌਥੀ ਮੰਜ਼ਲ, ਬਲਾਕ-ਬੀ, ਚੰਡੀਗੜ੍ਹ, ਸਿਟੀ ਸੈਂਟਰ (ਸੀ ਸੀ ਸੀ) ਵੀ ਆਈ ਪੀ ਰੋਡ, ਜ਼ੀਰਕਪੁਰ, ਪੰਜਾਬ-140603, ਨਾਲ ਹੀ ਮਕਾਨ ਨੰ. ਬੀ ਐੱਸ 3/27, ਬੰਸੀ ਗੇਟ, ਵਾਰਡ ਨੰ. 23 ਫਿਰੋਜ਼ਪੁਰ, ਪੰਜਾਬ-152002 ("ਕਰਜ਼ਦਾਰ") (2) ਵੇਦ ਕੁਮਾਰ ਸ਼ਰਮਾ ਪੁੱਤਰ ਹਰਬੰਸ ਲਾਲ ਸ਼ਰਮਾ ਪਤਾ ਮਕਾਨ ਨੰ. 210, ਹਾਊਸਿੰਗ ਬੋਰਡ, ਸੈਕਟਰ 51, ਚੰਡੀਗੜ੍ਹ-160047 ("ਸਹਿ-ਕਰਜ਼ਦਾਰ ਤੇ ਗਰੰਟਰ") (3) ਵਰੁਣ ਸ਼ਰਮਾ ਪੁੱਤਰ ਵੇਦ ਸ਼ਰਮਾ, ਪਤਾ ਮਕਾਨ ਨੰ.-210, ਹਾਊਸਿੰਗ ਬੋਰਡ ਸੈਕਟਰ 51 ਏ, ਚੰਡੀਗੜ੍ਹ-160047 ਇਹ ਵੀ ਮਕਾਨ ਨੰ. ਬੀ ਐਸ 3/27, ਬੰਸੀ ਗੇਟ ਵਾਰਡ ਨੰ. 23, ਫਿਰੋਜ਼ਪੁਰ, ਪੰਜਾਬ-152002 ("ਸਹਿ-ਕਰਜ਼ਦਾਰਸ਼ ਰਹਿਣਕਾਰ ਅਤੇ ਗਰੰਟਰ") (4) ਸ਼ਿਪਰਾ ਝਿੰਗਨ ਪੁੱਤਰੀ ਵਿਨੇ ਝਿੰਗਨ ਪਤਾ ਐਸ ਸੀ ਓ ਨੰ. 37, ਚੌਥੀ ਮੰਜ਼ਲ, ਬਲਾਕ-ਬੀ, ਚੰਡੀਗੜ੍ਹ, ਸਿਟੀ ਸੈਂਟਰ (ਸੀ ਸੀ ਸੀ) ਵੀ ਆਈ ਪੀ ਰੋਡ, ਜ਼ੀਰਕਪੁਰ, ਪੰਜਾਬ-140603 ਇਹ ਵੀ ਮਕਾਨ ਨੰ. 210, ਹਾਊਸਿੰਗ ਬੋਰਡ, ਸੈਕਟਰ 51 ਏ, ਚੰਡੀਗੜ੍ਹ-160047 ("ਸਹਿ-ਕਰਜ਼ਦਾਰ, ਰਹਿਣਕਾਰ ਤੇ ਗਰੰਟਰ) (5) ਤ੍ਰਿਪਤਾ ਸ਼ਰਮਾ ਪਤਨੀ ਵੇਦ ਕੁਮਾਰ ਸ਼ਰਮਾ ਪਤਾ ਮਕਾਨ ਨੰ. ਬੀ ਐਸ 3/27 ਬੰਸੀ ਗੇਟ, ਵਾਰਡ ਨੰ. 23, ਫਿਰੋਜ਼ਪੁਰ ਸਿਟੀ, ਫਿਰੋਜ਼ਪੁਰ, ਪੰਜਾਬ 152002 ("ਸਹਿ-ਕਰਜ਼ਦਾਰ, ਰਹਿਣਕਾਰ ਤੇ ਗਰੰਟਰ") ਰੁਪਏ 42,19,384.86/- (ਰੁਪਏ ਬਤਾਲੀ ਲੱਖ ਉੱਨੀ ਹਜ਼ਾਰ ਤਿੰਨ ਸੌ ਚੁਰਾਸੀ ਰੁਪਏ ਛਿਆਸੀ ਪੈਸੇ ਕੇਵਲ) 6 ਫਰਵਰੀ 25 ਨੂੰ ਕ੍ਰਮਵਾਰ ਰੁਪਏ 3,60,05,756.42/-(ਰੁਪਏ ਤਿੰਨ ਕਰੋੜ ਸੱਠ ਲੱਖ ਪੰਜ ਹਜ਼ਾਰ ਸੱਤ ਸੌ ਛਪਿੰਜਾ ਰੁਪਏ ਅਤੇ ਬਤਾਲੀ ਪੈਸੇ ਕੇਵਲ) 22 ਜੂਨ 2025 ਨੂੰ, ਸਮੇਤ ਹੋਰ ਵਿਆਜ ਤੇ ਹੋਰ ਖਰਚੇ ਜੋ ਵੀ ਹੋਣ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 22 ਜੂਨ 2025 ਨੂੰ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 2 ਨਵੰਬਰ 2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 22 ਜੂਨ 2025 ਨੂੰ ਕ੍ਰਮਵਾਰ ਬਕਾਇਆ ਰਕਮ 3,60,05,756.42/-(ਰੁਪਏ ਤਿੰਨ ਕਰੋੜ ਸੱਠ ਲੱਖ ਪੰਜ ਹਜ਼ਾਰ ਸੱਤ ਸੌ ਛਪਿੰਜਾ ਰੁਪਏ) ਅਤੇ ਬਤਾਲੀ ਪੈਸੇ ਕੇਵਲ) ਅਤੇ ਇਸ ਉਪਰ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਸਭ ਕੁੱਝ ਗੈਰ-ਖੇਤੀਬਾੜੀ ਜਾਇਦਾਦ ਦਾ ਹਿੱਸਾ ਜੋ ਕਿ ਐਸ ਸੀ ਓ ਨੰ. 37, ਚੌਥੀ ਮੰਜ਼ਲ, ਬਲਾਕ ਬੀ, ਚੰਡੀਗੜ੍ਹ ਸਿਟੀ ਸੈਂਟਰ (ਸੀ ਸੀ ਸੀ) ਰਕਬਾ 5 1/2 ਬਿਸਵਾਸੀ (13.5 ਵਰਗ ਗਜ਼, ਕਾਰਪੈਟ ਏਰੀਆ 734.470 ਵਰਗ ਗਜ਼ ਪੀ ਟੀ) 5 1/2/14400 ਹਿੱਸਾ ਜ਼ਮੀਨ ਰਕਬਾ 36 ਬਿਘੇ ਖਾਤਾ ਨੰ. 80/123, ਖਸਰਾ ਨੰ. 274 (4-0), 734/275 (2-12), 735/275(1-8), 276(4-0), 277/1(1-18), 277/2(2-2), 278(6-0), 736/279 (2-5), 737/279(1-10), 738/280(1-8), 739/280(2-12), 281(4-0), 282/1(2-2), 282/2(0-3) ਕਿੱਤੇ 14 ਜਮ੍ਹਾਂਬੰਦੀ (2014-15), ਬਿਸ਼ਨਪੁਰਾ (ਹੱਦਬਸਤ ਨੰ. 44) ਐਮ ਸੀ ਤੇ ਸਬ-ਤਹਿਸੀਲ ਜ਼ੀਰਕਪੁਰ ਜ਼ਿਲ੍ਹਾ ਐਸ ਏ ਐੱਸ ਨਗਰ, ਪੰਜਾਬ। ਹੱਦਬੰਦੀ ਹੇਠਾਂ ਅਨੁਸਾਰ- ਉੱਤਰ : ਪ੍ਰਵੇਸ਼, ਪੱਛਮ : ਹੋਰ, ਉੱਤਰ : ਐਸ ਸੀ ਓ ਨੰ. 38, ਦੱਖਣ : ਐਸ ਸੀ ਓ ਨੰ. 36, ਰਹਿਣਕਾਰ ਸ਼ਿਪਰਾ ਝਿੰਗਨ ਪੁੱਤਰੀ ਵਿਨੇ ਝਿੰਗਨ

ਮਿਤੀ : 04.11.2026 — ਯੈੱਸ ਬੈਂਕ ਲਿਮਟਿਡ

ਸਥਾਨ : ਜ਼ੀਰਕਪੁਰ, ਐਸ ਏ ਐਸ ਨਗਰ, ਪੰਜਾਬ — (ਅਧਿਕਾਰਤ ਅਫਸਰ)


## ਮਾਨਵ ਸੇਵਾ ਉੱਤਮ ਸੇਵਾ ਸੰਸਥਾ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਤਪਰ : ਵਿਕਾਸ ਮਿੱਤਲ



**ਨਾਭਾ (ਅਮਨ ਗਰਗ)**-ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਪ੍ਰਧਾਨ ਤੇ ਪ੍ਰਮੁੱਖ ਸਮਾਜ ਸੇਵਕ ਵਿਕਾਸ ਮਿੱਤਲ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਨੂੰ ਰੋਸ਼ਨੀ ਦੇ ਤਿਉਹਾਰ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ ਹਨ।ਵਿਕਾਸ ਮਿੱਤਲ ਨੇ ਸਮੂਹ ਨਿਵਾਸੀਆਂ ਦੇ ਜੀਵਨ ਵਿੱਚ ਖੁਸ਼ਹਾਲੀ, ਅਮਨ-ਸ਼ਾਂਤੀ ਤੇ ਤਰੱਕੀ ਦੀ ਕਾਮਨਾ ਕੀਤੀ ਹੈ।ਇਸ ਮੁਬਾਰਕ ਮੌਕੇ 'ਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਦੁਹਰਾਉਂਦੇ ਹੋਏ ਸੰਸਥਾ ਦੇ ਪ੍ਰਧਾਨ ਵਿਕਾਸ ਮਿੱਤਲ ਨੇ ਇੱਕ ਵਿਸ਼ੇਸ਼ ਸੰਦੇਸ਼ ਸਾਂਝਾ ਕੀਤਾ।ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਮਨੋਰਥ ਮਨੁੱਖਤਾ ਦੀ ਸੇਵਾ ਕਰਨਾ ਹੈ।ਤਿਉਹਾਰਾਂ ਦੇ ਇਸ ਦਿਨਾਂ ਵਿੱਚ ਵੀ ਜੇਕਰ ਕਿਸੇ ਵੀ ਲੋੜਵੰਦ ਵਿਅਕਤੀ ਨੂੰ ਐਮਰਜੈਂਸੀ ਦੌਰਾਨ ਲੋੜੀਂਦੀਆਂ ਦਵਾਈਆਂ, ਵ੍ਹੀਲਚੇਅਰ ਜਾਂ ਖੂਨ (ਬਲੱਡ) ਦੀ ਜ਼ਰੂਰਤ ਪੈਂਦੀ ਹੈ, ਤਾਂ ਉਹ ਬਿਨਾਂ ਕਿਸੇ ਝਿਜਕ ਦੇ ਉਨ੍ਹਾਂ ਦੀ ਟੀਮ ਨਾਲ ਸੰਪਰਕ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵੀ ਯੋਗਦਾਨ ਪਾਇਆ ਜਾ ਰਿਹਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ ਤੇ ਲੋੜਵੰਦਾਂ ਦਾ ਪੂਰਾ ਸਾਥ ਦਿੱਤਾ ਜਾਵੇਗਾ।ਇਸ ਮੌਕੇ ਉਨ੍ਹਾਂ ਦੀ ਟੀਮ ਦੇ ਹੋਰ ਮੈਂਬਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਮਾਜ ਸੇਵਾ ਦੇ ਇਸ ਕਾਰਜ ਨੂੰ ਨਿਰੰਤਰ ਜਾਰੀ ਰੱਖਣ ਦਾ ਪ੍ਰਣ ਲਿਆ।


AXIS BANK LTD. — ਰਿਟੇਲ ਐਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਐਸ ਸੀ ਬੀ-5, ਪਹਿਲੀ ਮੰਜ਼ਲ, ਛੋਟੀ ਬਾਰਾਂਦਰੀ, ਪਟਿਆਲਾ-147001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ / ਸਹਿ-ਕਰਜ਼ਦਾਰ ਅਤੇ ਗਾਰੰਟਰ/ਪਤਾ | (1) ਡਿਮਾਂਡ ਨੋਟਿਸ ਦੀ ਮਿਤੀ (2) ਐਨ ਪੀ ਏ ਮਿਤੀ (3) ਕਬਜ਼ਾ ਲੈਣ ਦੀ ਮਿਤੀ | (4) ਬਕਾਇਆ ਰਕਮ 13-2 ਨੋਟਿਸ ਅਨੁਸਾਰ (ਰੁਪਏ) |
|---|---|---|---|
| 1. | (1.) ਮੈਸਰਜ਼ ਕੁਬੇਰ ਇੰਡਸਟਰੀਜ਼ ਇੰਡੀਆ ਮਾਲਕ ਸ੍ਰੀ ਵਰੁਣ ਸੇਠੀ ਰਾਹੀਂ (2.) ਵਰੁਣ ਸੇਠੀ ਪੁੱਤਰ ਸ੍ਰੀ ਰੋਸ਼ਨ ਲਾਲ (3.) ਰਮਨ ਰਾਣੀ ਪਤਨੀ ਰੋਸ਼ਨ ਲਾਲ | (1.) 09-07-2026 (2.) 05-06-2026 (3.) 29-10-2026 | (4.) 1,00,17,367.00 ਰੁਪਏ (ਇੱਕ ਕਰੋੜ ਸਤਾਰਾਂ ਹਜ਼ਾਰ ਤਿੰਨ ਸੌ ਸਤਾਹਠ ਰੁਪਏ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਨੰ.1 ਸਭ ਕੁਝ ਰਹਿਣ ਕੀਤੀ/ਜਾਇਦਾਦ/ਪਲਾਟ ਦਾ ਅਟੁੱਟ ਹਿੱਸਾ, ਰਕਬਾ 2 ਬਿਸਵੇ 10 ਬਿਸਵਾਸੀ ਪਲਾਟ ਖਾਤਾ ਨੰ. 584/817 ਖਸਰਾ ਨੰ. 1036/898/215 (4-8), 1038/904/734/216 ਮਿਨ (0-12) ਹਿੱਸਾ ਰਕਬਾ 50/2000, 2 ਬਿਸਵਾ 10 ਬਿਸਵਾਸੀ ਵਿੱਚੋਂ ਕੁੱਲ 5 ਵਿਘੇ ਜਮ੍ਹਾਂਬੰਦੀ ਸਾਲ 2011-2012 ਪਤਾ ਵਾਕਿਆ ਕੁਕਰਮਾਜਰਾ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ, ਵਸੀਕਾ ਨੰ. ਬੈਨਾਮਾ ਨੰ. 2018-19/24/230 ਮਿਤੀ 04.05.2018, ਜਾਇਦਾਦ ਨੰ. 2 ਸਭ ਕੁਝ ਰਹਿਣ ਕੀਤੀ ਜਾਇਦਾਦ/ਪਲਾਟ ਦਾ ਅਟੁੱਟ ਹਿੱਸਾ ਰਕਬਾ 2 ਬਿਸਵੇ 10 ਬਿਸਵਾਸੀ ਪਲਾਟ ਖਾਤਾ ਨੰ. 584/817 ਖਸਰਾ ਨੰ. 1036/898/215(4-8), 1038/904/734/216 ਮਿਨ (0-12) ਹਿੱਸਾ ਰਕਬਾ 50/2000, 2 ਬਿਸਵਾ 10 ਬਿਸਵਾਸੀ ਵਿੱਚੋਂ ਕੁੱਲ 5 ਵਿਘੇ ਜਮ੍ਹਾਂਬੰਦੀ ਸਾਲ 2011-2012 ਪਤਾ ਵਾਕਿਆ ਕੁਕਰਮਾਜਰਾ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ, ਵਸੀਕਾ ਨੰ. ਬੈਨਾਮਾ ਨੰ. 2017-18/24-01-7304 ਮਿਤੀ 20.02.2018, ਜਾਇਦਾਦ ਨੰ. 3 ਸਮੁੱਚੀ ਰਹਿਣ ਕੀਤੀ ਜਾਇਦਾਦ/ਮਕਾਨ ਦਾ ਅਟੁੱਟ ਹਿੱਸਾ ਰਕਬਾ 2-1/2 ਬਿਸਵੇ ਖਾਤਾ ਨੰ. 567/799 ਖਸਰਾ ਨੰ. 1036/898/265(4-8), 1038/904/734/216 ਮਿਨ (0-12) ਹਿੱਸਾ ਰਕਬਾ 50/2000, 0 ਵਿਘਾ 2 ਬਿਸਵਾ 10 ਬਿਸਵਾਸੀ, ਵਿੱਚੋਂ ਕੁੱਲ 5 ਵਿਘੇ, ਜਮ੍ਹਾਂਬੰਦੀ ਸਾਲ 1996-97 ਅਨੁਸਾਰ ਪਤਾ ਵਾਕਿਆ ਕੁਕਰ ਮਾਜਰਾ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ ਵਸੀਕਾ ਨੰ. 1116 ਮਿਤੀ 25.10.2001 ਹੱਦਬੰਦੀ (ਬੈਨਾਮਾ ਅਨੁਸਾਰ) ਪੂਰਬ : ਗਲੀ, ਪੱਛਮ : ਪ੍ਰੀਤਮ ਸਿੰਘ, ਉੱਤਰ : ਜਸਵੀਰ ਚੰਦ, ਦੱਖਣ : ਰਾਜ ਕੁਮਾਰ | | |
| 2. | (1.) ਮੈਸਰਜ਼ ਵੈਸ਼ਨਵੀ ਟਰੇਡਰਜ਼ ਰਾਹੀਂ ਇਸ ਦੇ ਮਾਲਕ ਸ੍ਰੀ ਗਿਆਨ ਚੰਦਰ ਰਾਹੀਂ (2.) ਗਿਆਨ ਚੰਦਰਾ ਪੁੱਤਰ ਸ੍ਰੀ ਅੰਬਿਕਾ ਪ੍ਰਸ਼ਾਦ (3.) ਸ੍ਰੀਮਤੀ ਸੀਮਾ ਪਤਨੀ ਸ੍ਰੀ ਗਿਆਨ ਚੰਦਰਾ | (1.) 07-07-2026 (2.) 05-05-2026 (3.) 30-10-2026 | (4.) 23,82,252/- ਰੁਪਏ (ਤੇਈ ਲੱਖ ਬਿਆਸੀ ਹਜ਼ਾਰ ਦੋ ਸੌ ਬਵੰਜਾ ਰੁਪਏ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ/ਰਿਹਾਇਸ਼ੀ ਮਕਾਨ ਦਾ ਹਿੱਸਾ, ਰਕਬਾ 60 ਵਰਗ ਗਜ਼, ਮਿਊਂਸੀਪਲ ਜਾਇਦਾਦ ਟੈਕਸ ਯੂਨੀਕ ਆਈ ਡੀ ਨੰ. ਐਮ ਸੀ ਬੀ ਜ਼ੈਡ 6/13545, ਖਸਰਾ ਨੰ. 4927, ਮਿਨ (0-3 1/2), ਵਿੱਚੋਂ ਹਿੱਸਾ ਕੁੱਲ ਜ਼ਮੀਨ 0 ਵਿਘਾ 1.1 ਬਿਸਵੇ 1 ਈ 1.1/5/ 3/1/2, ਵਿੱਚੋਂ ਹਿੱਸਾ ਕੁੱਲ ਜ਼ਮੀਨ 00 ਵਿਘੇ 3/1/2 ਬਿਸਵਾ, ਵਾਕਿਆ ਰਕਬਾ ਗਲੀ ਨੰ. 10/5, ਪਰਸ ਰਾਮ ਨਗਰ, ਪੱਤੀ ਮਹਿਣਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਜਮ੍ਹਾਂਬੰਦੀ ਸਾਲ 2007-08 ਅਨੁਸਾਰ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਸੀਮਾ ਪਤਨੀ ਗਿਆਨ ਚੰਦਰ ਬੈਨਾਮਾ ਨੰ. 6990 ਮਿਤੀ 03.10.2016 | | |
| 3. | (1.) ਮੈਸਰਜ਼ ਰਮਨ ਐਂਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਰਮਨਪ੍ਰੀਤ ਕੌਰ (2.) ਸ੍ਰੀਮਤੀ ਰਮਨਪ੍ਰੀਤ ਕੌਰ ਪਤਨੀ ਦਰਸ਼ਨ ਸਿੰਘ (3.) ਸ੍ਰੀ ਅਕਾਸ਼ਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ | (1.) 06-05-2026 (2.) 19-03-2026 (3.) 30-10-2026 | (4.) 20,61,724/- ਰੁਪਏ (ਵੀਹ ਲੱਖ ਇਕਾਹਠ ਹਜ਼ਾਰ ਸੱਤ ਸੌ ਚੌਵੀ ਰੁਪਏ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ 1.ਈ ਜ਼ਮੀਨ ਦਾ ਅਟੁੱਟ ਹਿੱਸਾ, ਰਕਬਾ 49 ਵਰਗ ਗਜ਼, ਐਮ ਸੀ ਨੰ. ਬੀ-06/00124, ਪਤਾ ਨਿਊ ਭਗਤ ਸਿੰਘ ਕਾਲੋਨੀ, ਰਾਮਪੁਰਾ ਫੂਲ, ਰਾਮਪੁਰਾ ਫੂਲ ਐਮ ਸੀ ਹੱਦਾਂ ਅੰਦਰ ਜ਼ਿਲ੍ਹਾ ਬਠਿੰਡਾ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀ ਅਕਾਸ਼ਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ ਬੈਨਾਮਾ ਨੰ. 4020 ਮਿਤੀ 30.11.2025 | | |
| 4. | (1.) ਮਹਾਦੇਵ ਫੈਬਰੀਕੇਸ਼ਨ ਵਰਕਸ ਰਾਹੀਂ ਇਸ ਦੇ ਇਸ ਦੇ ਮਾਲਕ ਸ੍ਰੀ ਗੁਰਤੇਜ ਸਿੰਘ ਦੁਆਰਾ ਕੰਮ ਕਰਦਾ ਹੈ (2.) ਸ੍ਰੀ ਗੁਰਤੇਜ ਸਿੰਘ ਪੁੱਤਰ ਸ੍ਰੀ ਸੋਹਨ ਲਾਲ (3.) ਸ੍ਰੀ ਸ਼ੇਰ ਸਿੰਘ ਪੁੱਤਰ ਸ੍ਰੀ ਸੋਹਨ ਲਾਲ | (1.) 18-07-2026 (2.) 21-04-2026 (3.) 29-10-2026 | (4.) 28,56,545.17/- ਰੁਪਏ (ਅਠਾਈ ਲੱਖ ਛਪੰਜਾ ਹਜ਼ਾਰ ਪੰਜ ਸੌ ਪੰਜਤਾਲੀ ਰੁਪਏ ਅਤੇ ਸਤਾਰਾਂ ਪੈਸੇ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ ਦਾ ਅਟੁੱਟ ਹਿੱਸਾ ਰਕਬਾ 76 ਵਿਘੇ 4 ਬਿਸਵੇ 10, ਵਿੱਚੋਂ ਕੁੱਲ ਜ਼ਮੀਨ ਰਕਬਾ 588/76225, ਹਿੱਸਾ ਬਕਦਰ 588 ਵਰਗ ਗਜ, ਖੇਵਟ/ਖਤੌਨੀ ਨੰ. 69/96, ਖਸਰਾ ਨੰ. 221(5-14) 222(4-0) 233(4-0) 234(4-0) 235(6-4) 237(4-0) 238(4- 0) 239(4-0) 255(4-0) 256(4-0) 263(4-0) 264(4-0) 265(4-0) 266(4-0) 268(4-0) 254(4-0) 1658/262(2-16- 10) 1674/1048(2-14) 1535/1047(2-16) ਕਿਤੇ 19, ਜਮ੍ਹਾਂਬੰਦੀ ਸਾਲ 2017-18 ਅਨੁਸਾਰ ਪਤਾ ਪਿੰਡ ਸੰਧਾਰਸੀ, ਘਨੌਰ, ਹਦਬਸਤ ਨੰ. 378, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਪੰਜਾਬ, ਸ਼ੇਰ ਸਿੰਘ ਤੇ ਸ੍ਰੀ ਗੁਰਤੇਜ ਸਿੰਘ ਪੁੱਤਰ ਸੋਹਨ ਲਾਲ ਦੇ ਨਾਂਅ ਰਜਿਸਟਰਡ ਬੈਨਾਮਾ/ਦਸਤਾਵੇਜ਼ ਨੰ. 2021-22/81/1/980 ਮਿਤੀ 14.02.2022 ਹੱਦਬੰਦੀ (ਬੈਨਾਮਾ ਅਨੁਸਾਰ) ਪੂਰਬ : ਗਲੀ 126', ਪੱਛਮ : ਸੜਕ ਵਾਲਾ ਪਾਸਾ 131", ਉੱਤਰ : ਕਾਕਾ ਸਿੰਘ ਵਾਲੀ ਸਾਈਡ 41', ਦੱਖਣ : ਗਲੀ 41.5' | | |
| 5. | (1.) ਘੁੰਮਣ ਏਜੰਸੀ ਰਾਹੀਂ ਇਸ ਦੇ ਮਾਲਕ ਸ੍ਰੀ ਦਲਵਾਰਾ ਸਿੰਘ (2.) ਸ੍ਰੀ ਦਲਵਾਰਾ ਸਿੰਘ ਪੁੱਤਰ ਸ੍ਰੀ ਜਾਗਰ ਸਿੰਘ (3.) ਸ੍ਰੀ ਭਗਵਾਨ ਸਿੰਘ ਪੁੱਤਰ ਸ੍ਰੀ ਜਾਗਰ ਸਿੰਘ | (1.) 8-06-2026 (2.) 05-05-2026 (3.) 29-10-2026 | (4.) 46,40,251/- (ਰੁਪਏ ਛਿਆਲੀ ਲੱਖ ਚਾਲੀ ਹਜ਼ਾਰ ਦੋ ਸੌ ਇਕਵੰਜਾ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ ਦਾ ਹਿੱਸਾ ਰਕਬਾ 2 ਬਿਸਵੇ 7 ਬਿਸਵਾਸੀ (ਰਕਬਾ 1 ਵਿਘਾ 8 ਬਿਸਵੇ, ਵਿੱਚੋਂ 47/560 ਹਿੱਸਾ ਬਕਦਰ), ਖੇਵਟ ਖਤੌਨੀ ਨੰ. 339/522,ਖਸਰਾ ਨੰ. 871/1-8 ਕਿਤੇ, ਜਮ੍ਹਾਂਬੰਦੀ ਸਾਲ 2017-18 ਅਨੁਸਾਰ ਪਤਾ ਪਿੰਡ ਫੱਗੂਵਾਲਾ, ਤਹਿਸੀਲ ਤੇ ਜ਼ਿਲ੍ਹਾ, ਸੰਗਰੂਰ, ਪੰਜਾਬ, ਸ੍ਰੀ ਭਗਵਾਨ ਸਿੰਘ ਪੁੱਤਰ ਸ੍ਰੀ ਜਾਗਰ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ/ਦਸਤਾਵੇਜ਼ ਨੰ 2021-22/124/1/1714 ਮਿਤੀ 21.01.2002 II), ਸਭ ਕੁਝ ਜਾਇਦਾਦ ਦਾ ਹਿੱਸਾ, ਰਕਬਾ 0-4 ਬਿਸਵਾ, 13 ਬਿਸਵਾਸੀ (ਰਕਬਾ 1 ਵਿਘਾ 8 ਬਿਸਵੇ, ਵਿੱਚੋਂ 1/6 ਹਿੱਸਾ ਬਕਦਰ) ਖਾਤਾ ਨੰ. 339/522, ਖਸਰਾ ਨੰ. 871/1-8 ਕਿਤੇ 1, ਜਮ੍ਹਾਂਬੰਦੀ ਸਾਲ 2017-18 ਅਨੁਸਾਰ ਪਤਾ ਪਿੰਡ ਫੱਗੂਵਾਲਾ, ਤਹਿਸੀਲ ਤੇ ਜ਼ਿਲ੍ਹਾ ਸੰਗਰੂਰ, ਪੰਜਾਬ, ਸ੍ਰੀ ਭਗਵਾਨ ਸਿੰਘ ਪੁੱਤਰ ਸ੍ਰੀ ਜਾਗਰ ਸਿੰਘ ਦੇ ਨਾਂਅ ਰਜਿਸਟਰਡ ਵਸੀਕਾ/ਦਸਤਾਵੇਜ਼ ਨੰ. 2020-21/124/1/561/ ਮਿਤੀ 28.07.2020 | | |
| 6. | (1.) ਨਛੱਤਰ ਸਿੰਘ ਐਂਡ ਸੰਨਜ਼ ਰਾਹੀਂ ਇਸ ਦੇ ਮਾਲਕ ਰਣਜੀਤ ਸਿੰਘ (2.) ਸ੍ਰੀ ਰਣਜੀਤ ਸਿੰਘ ਪੁੱਤਰ ਸ੍ਰੀ ਨਛੱਤਰ ਸਿੰਘ (3.) ਸ੍ਰੀਮਤੀ ਕਰਮਜੀਤ ਕੌਰ ਪੁੱਤਰੀ ਸ੍ਰੀ ਰਣਜੀਤ ਸਿੰਘ (4.) ਮੈਸਰਜ਼ ਅਗਰਵਾਲ ਕੰਪਨੀ ਰਾਹੀਂ ਇਸ ਦੇ ਭਾਈਵਾਲ ਰਣਜੀਤ ਸਿੰਘ ਅਤੇ ਸ੍ਰੀ ਗੁਰਮੁਖ ਸਿੰਘ | (1.) 06-07-2026 (2.) 08-04-2026 (3.) 29-10-2026 | (4.) ਰੁਪਏ 34,48,498.11/- (ਚੌਤੀ ਲੱਖ ਅਠਤਾਲੀ ਹਜ਼ਾਰ ਚਾਰ ਸੌ ਅਠਾਨਵੇਂ ਰੁਪਏ ਅਤੇ ਗਿਆਰਾਂ ਪੈਸੇ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ ਦਾ ਅਟੁੱਟ ਹਿੱਸਾ 954 ਵਰਗ ਗਜ਼, ਰਕਬਾ 19 ਬਿਸਵਾ 2 ਬਿਸਵਾ ਆਈ ਈ 382/52920 ਦਾ ਹਿੱਸਾ 132 ਬਿਘਾ 6 ਬਿਸਵਾ ਵਿੱਚ ਸ਼ਾਮਲ 147 / 236 ਤੋਂ 271 ਖਸਰਾ ਨੰ. 106/6-5, 501/6-6, 682/1-10, 688/9-8, 806/196/2-19, 588/1/0-11, 689 ਮਿਨ/5-2, 689 ਮਿਨ/1-3, 107/1/3- 3, 502/3/0-4, 502/6/0-12, 531/1-0, 532/1-4, 588/1/0-11, 689 ਮਿਨ/5-2, 689ਮਿਨ/1-3, 107/1/3-3, 502/3/0-4, 502/6/0-12, 531/1-0, 532/1-4, 235/4-1, 273/3-2, 314/0-12, 796/260/1-7, 7/4-4, 64/0-13, 98/3-10, 105/0-9, 213/0-15, 223/4-11, 232/0-16, 248/4-0, 317/9-1, 533/8-11, 563/452/6-14, 593/9-12, 679/3-11, 692/11-13, 700/0-2, 749/0-2 761/6-17, 860/331/0-5, 861/1-12, 926/419/0-6, 927/419/3-12, 712/0-1, 709/0-1, 711/0- 1, 759/0-1, 618/1/0-1, 716/0-1, 502/8/0-5, 742/0-1, 730/0-1, 502/4/0-4, 736/0-1, 617/1/0-1, 502/7/0-4, 738/0-1, 732/0-1, 735/0-1, 758/0-1, 714/0-1, 708/0-1, 756/0-1, 753/0-1, 502/5/0-4, 737/0-1, 757/0-1, 713/0-1, 731/0-1, 710/0-1, 502/2/0-5, 739/0-1, 754/0-1, 502/0-4, 740/0-1, 760/0-2, 720/0-1, 502/1/0-4, 741/0-1, 715/0-1, ਜਮ੍ਹਾਂਬੰਦੀ ਸਾਲ 2014-2015 ਅਨੁਸਾਰ ਪਤਾ ਰਕਬਾ ਨੂਰਪੁਰਾ ਤਹਿਸੀਲ ਭਿਵਾਨੀਗੜ੍ਹ ਤੇ ਜ਼ਿਲ੍ਹਾ ਸੰਗਰੂਰ ਪੰਜਾਬ ਸ੍ਰੀਮਤੀ ਕਰਮਜੀਤ ਕੌਰ ਪਤਨੀ ਸ੍ਰੀ ਰਣਜੀਤ ਸਿੰਘ ਤਬਾਦਲ ਬੈਨਾਮਾ/ਦਸਤਾਵੇਜ ਨੰ. 2019-20/124/1/1994 ਮਿਤੀ 16.01.2020 | | |
| 7. | (1.) ਖੱਟੜਾ ਟਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀ ਦਵਿੰਦਰ ਸਿੰਘ (2.) ਸ੍ਰੀ ਦਵਿੰਦਰ ਸਿੰਘ ਪੁੱਤਰ ਸ੍ਰੀ ਕੁਲਵੰਤ ਸਿੰਘ | (1.) 12-06-2026 (2.) 26-02-2026 (3.) 29-10-2026 | (4.) 25,49,281.74 ਰੁਪਏ (ਪੱਚੀ ਲੱਖ ਉਨੰਜਾ ਹਜ਼ਾਰ ਦੋ ਸੌ ਇਕਾਸੀ ਰੁਪਏ ਅਤੇ ਚੌਹੱਤਰ ਪੈਸੇ ਸਿਰਫ਼) |
| | ਅਚੱਲ ਜਾਇਦਾਦ ਦਾ ਵੇਰਵਾ : ਸਭ ਕੁਝ ਜਾਇਦਾਦ ਦਾ ਅਟੁੱਟ ਹਿੱਸਾ, ਰਕਬਾ 2 ਬੀ-0 ਬਿਸਵਾ ਕੁੱਲ ਖੇਤਰ ਰਕਬਾ 6 ਬੀ-17 ਬਿਸਵਾ ਵਿੱਚੋਂ 40/137 ਹਿੱਸਾ ਖੇਤਰ, ਖੇਵਟ ਨੰ. 198/188, ਖਤੌਨੀ ਨੰ. 261 ਖਸਰਾ ਨੰ. 1369/120 (2-16), 1498/121 (4-1) ਕਿਤੇ 2, ਜਮ੍ਹਾਂਬੰਦੀ ਸਾਲ 2018-19 ਅਨੁਸਾਰ ਪਤਾ ਪਿੰਡ ਸੋਜਾ ਨਾਭਾ ਤਹਿਸੀਲ ਤੇ ਜ਼ਿਲ੍ਹਾ ਨਾਭਾ, ਪੰਜਾਬ, ਦਵਿੰਦਰ ਸਿੰਘ ਪੁੱਤਰ ਸ੍ਰੀ ਕੁਲਵੰਤ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ/ਦਸਤਾਵੇਜ਼ ਨੰ. 2020-21/77-01-2087 ਮਿਤੀ 10.11.2020 ਹੱਦਬੰਦੀ ਬੈਨਾਮਾ ਅਨੁਸਾਰ, ਪੂਰਬ : ਸੜਕ, ਪੱਛਮ : ਖੇਤੀਬਾੜੀ ਜ਼ਮੀਨ, ਉੱਤਰ : ਤੇਲ ਪੰਪ, ਦੱਖਣ : ਖੇਤੀਬਾੜੀ ਜ਼ਮੀਨ ਤੇ ਸਕੂਲ | | |
| 8. | (1.) ਮੈਸਰਜ਼ ਗਮਦੂਰ ਸਿੰਘ ਐਂਡ ਸੰਨਜ਼ ਰਾਹੀਂ ਇਸ ਦੇ ਮਾਲਕ ਸ੍ਰੀ ਹਰਪਿੰਦਰ ਸਿੰਘ ਰਾਹੀਂ (2.) ਸ੍ਰੀ ਹਰਪਿੰਦਰ ਸਿੰਘ, ਪੁੱਤਰ ਸ੍ਰੀ ਗਮਦੂਰ ਸਿੰਘ | (1.) 23-07-2026 (2.) 30-04-2026 (3.) 29-10-2026 | (4.) ਰੁਪਏ 20,85,844/- (ਵੀਹ ਲੱਖ ਪਚਾਸੀ ਹਜ਼ਾਰ ਅੱਠ ਸੌ ਚਾਲੀ ਰੁਪਏ ਸਿਰਫ਼) |
1. ਇਕਬਾਲ ਸਿੰਘ ਪੁੱਤਰ ਕਾਬਲ ਸਿੰਘ ਪੁੱਤਰ ਹਰਨਾਮ ਸਿੰਘ 2. ਬਲਵੀਰ ਕੌਰ ਵਿਧਵਾ ਵਾ ਜੋਤੀ ਪੁੱਤਰੀ ਸਵਰਨ ਸਿੰਘ 3. ਜੋਤੀ ਪੁੱਤਰੀ ਸਵਰਨ ਸਿੰਘ 4. ਰਜਿੰਦਰ ਸਿੰਘ, ਪੁੱਤਰ ਦਿਲਬਾਗ ਸਿੰਘ 5. ਨਿਰਮਲ ਕੌਰ ਪੁੱਤਰੀ ਮਿਲਖਾ ਸਿੰਘ 6. ਬਲਵੀਰ ਸਿੰਘ ਪੁੱਤਰ ਲਸ਼ਕਰ ਸਿੰਘ 7. ਰਜਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ 8. ਬਲਜੀਤ ਸਿੰਘ ਪੁੱਤਰ ਦਿਲਬਾਗ ਸਿੰਘ 9. ਨਛੱਤਰ ਕੌਰ ਪੁੱਤਰੀ ਦਿਲਬਾਗ ਸਿੰਘ 10. ਸੁਰਜੀਤ ਕੌਰ ਵਿਧਵਾ ਗੁਰਦੀਪ ਸਿੰਘ 11. ਸਵਰਨ ਸਿੰਘ ਪੁੱਤਰ ਨੰਦ ਰਾਮ 12. ਸਵਰਨ ਕੌਰ ਪੁੱਤਰੀ ਕਾਬਲ ਸਿੰਘ 3. ਸੁਰਿੰਦਰ ਸਿੰਘ ਪੁੱਤਰ ਕਾਬਲ ਸਿੰਘ 14. ਪਰੇਮ ਸਿੰਘ ਪੁੱਤਰ ਹਰਬੰਸ ਸਿੰਘ 15. ਪ੍ਰੀਤਮ ਕੌਰ ਵਿਧਵਾ ਕਾਬਲ ਸਿੰਘ 16. ਸਰਵਨ ਸਿੰਘ ਪੁੱਤਰ ਕਾਬਲ ਸਿੰਘ 17. ਨਿਰਮਲ ਕੌਰ ਪੁੱਤਰੀ ਤਰਸੇਮ ਸਿੰਘ 18. ਸੁਰਜੀਤ ਕੌਰ ਵਿਧਵਾ ਗੁਰਦੀਪ ਸਿੰਘ 19. ਇਕਬਾਲ ਸਿੰਘ ਪੁੱਤਰ ਫਤਹ ਸਿੰਘ 20. ਸੁਰਜੀਤ ਕੌਰ ਪਤਨੀ ਰਾਮ ਲਾਲ 21. ਜੋਗਾ ਸਿੰਘ ਪੁੱਤਰ ਬਿਸ਼ਨ ਸਿੰਘ 22. ਮਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ 23. ਸੁਰਜੀਤ ਕੌਰ ਪਤਨੀ ਹਰਬੰਸ ਸਿੰਘ 24. ਹਰਬੰਸ ਸਿੰਘ ਪੁੱਤਰ ਬਾਬੂ ਰਾਮ 25. ਸਤਨਾਮ ਸਿੰਘ ਪੁੱਤਰ ਤਰਸੇਮ ਸਿੰਘ 26. ਪਰਮਜੀਤ ਕੌਰ ਪੁੱਤਰੀ ਕਾਬਲ ਸਿੰਘ 27. ਭੁਪਿੰਦਰ ਕੌਰ ਪਤਨੀ ਦੀਦਾਰ ਸਿੰਘ ਭੁੱਲਰ 28. ਸੋਹਣ ਸਿੰਘ ਪੁੱਤਰ ਹਰਨਾਮ ਸਿੰਘ। ਉਕਤ ਸਾਰੇ ਵਾਸੀਆਨ ਪਿੰਡ ਸੋਤਲਾ, ਹਦਬਸਤ ਨੰ. 525, ਸਬ-ਤਹਿਸੀਲ ਭੂੰਗਾ ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ 29. ਪ੍ਰਾਇਮਰੀ ਕੋਆਪ. ਐਗਰ. ਡਿਵੈਲਪਮੈਂਟ ਬੈਂਕ ਲਿਮਟਿਡ, ਹੁਸ਼ਿਆਰਪੁਰ।

ਸਹੀ/-ਜ਼ਿਲ੍ਹਾ ਮਾਲ ਅਫਸਰ-ਕਮ, ਸਹਾਇਕ ਕੁਲੈਕਟਰ, ਦਰਜਾ ਅੱਵਲ, ਹੁਸ਼ਿਆਰਪੁਰ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਰਾਮ ਨਰੈਣ ਬਨਾਮ ਸਾਧੂ ਰਾਮ

ਖੇਵਟ ਨੰਬਰ 226/211, 227/211, 224/209, 235/219, 228/204, ਖਤੌਨੀ ਨੰਬਰ 297 ਤੋਂ 301, 303 ਤੋਂ 312,319, ਜਮ੍ਹਾਂਬੰਦੀ ਸਾਲ 2023-2024 ਵਾਕਿਆ ਖਾਈ, ਤਹਿ. ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 11.11.2026 ਹੈ ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ. ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ।ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

(1) ਸਾਧੂ ਰਾਮ ਪੁੱਤਰ (2) ਦੁਰਗੀ ਪੁੱਤਰੀ ਲੱਭੂ ਰਾਮ ਪੁੱਤਰ ਰਾਧਾ ਰਾਮ (3) ਬਲਦੇਵ ਰਾਜ (4) ਸੁਖਰਾਮ ਪੁੱਤਰਾਨ ਲਾਲ ਚੰਦ ਪੁੱਤਰ ਲੱਭੂ ਰਾਮ (5) ਮੰਦਰ ਸਿੰਘ ਪੁੱਤਰ (6) ਮੁਰਤੀ ਦੇਵੀ ਪੁੱਤਰੀ (7) ਬਿਮਲਾ ਦੇਵੀ ਪੁੱਤਰੀ ਦੇਵ ਰਾਜ ਪੁੱਤਰ ਲੱਭੂ ਰਾਮ (8) ਰਾਮ ਸਰਨ ਪੁੱਤਰ ਭਗਤ ਰਾਮ ਪੁੱਤਰ ਲੱਭੂ ਰਾਮ (9) ਹਰਬੀਰ ਸਿੰਘ (10) ਗੁਰਵਿੰਦਰ ਸਿੰਘ (11) ਅੰਮ੍ਰਿਤ ਸਿੰਘ ਪੁੱਤਰਾਨ ਬਲਵੀਰ ਸਿੰਘ ਪੁੱਤਰ ਪ੍ਰਤਾਪ ਸਿੰਘ (12) ਬਲਵੀਰ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਹਰਦਿਤ ਸਿੰਘ (13) ਪ੍ਰੇਮ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਗੁਰਮੁੱਖ ਸਿੰਘ (14) ਗੁਲਜਾਰ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਕਾਹਨ ਸਿੰਘ (15) ਗੁਰਪਿਆਰ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਬਖਤੌਰ ਸਿੰਘ (16) ਪ੍ਰਿਥੀ ਪਾਲ ਪੁੱਤਰ ਲਾਲ ਚੰਦ ਪੁੱਤਰ ਲੱਭੂ ਰਾਮ (17) ਗਗਨਦੀਪ ਸਿੰਘ ਪੁੱਤਰ ਪਰਮਜੀਤ ਸਿੰਘ ਪੁੱਤਰ ਦੇਵ ਸਿੰਘ (18) ਕ੍ਰਿਸ਼ਨਾ ਦੇਵੀ ਵਿਧਵਾ (19) ਹਰਜਿੰਦਰ ਕੌਰ ਪੁੱਤਰੀ ਭਗਤ ਰਾਮ ਪੁੱਤਰ ਲੱਭੂ ਰਾਮ (20) ਗਗਨਦੀਪ ਕੌਰ ਪੁੱਤਰੀ ਗੁਰਮੇਲ ਚੰਦ ਪੁੱਤਰ ਸੁਖਚੈਨ ਸਿੰਘ (21) ਜਸਵੀਰ ਸਿੰਘ ਸੰਧੂ (22) ਲਖਵੀਰ ਸਿੰਘ ਸੰਧੂ ਪੁੱਤਰਾਨ ਦਵਿੰਦਰ ਸਿੰਘ ਪੁੱਤਰ ਹਰਚੰਦ ਸਿੰਘ (23) ਗੁਰਦੀਪ ਸਿੰਘ (24) ਮਲਕੀਤ ਸਿੰਘ ਪੁੱਤਰ ਬਖਤੌਰ ਸਿੰਘ ਪੁੱਤਰ ਸੋਹਣ ਸਿੰਘ (25) ਕੁਲਦੀਪ ਸਿੰਘ (26) ਸੁਖਦੀਪ ਸਿੰਘ ਪੁੱਤਰਾਨ (27) ਬਲਜੀਤ ਕੌਰ ਵਿਧਵਾ ਮੁਖਤਿਆਰ ਸਿੰਘ ਪੁੱਤਰ ਗੁਲਜਾਰਾ ਸਿੰਘ (28) ਰਾਮ ਨਰਾਇਣ ਪੁੱਤਰ ਕਰਤਾਰ ਸਿੰਘ ਪੁੱਤਰ ਗੁਲਜਾਰਾ ਸਿੰਘ (29) ਸੁਰਜੀਤ ਸਿੰਘ (30) ਹਰਮੇਲ ਸਿੰਘ ਪੁੱਤਰਾਨ ਗੁਰਦੇਵ ਸਿੰਘ ਪੁੱਤਰ ਗੁਲਜਾਰਾ ਸਿੰਘ (31) ਗੁਰਤੇਜ ਸਿੰਘ (32) ਹਰਮੇਲ ਸਿੰਘ ਪੁੱਤਰਾਨ ਗੁਰਦੀਪ ਸਿੰਘ ਪੁੱਤਰ ਬਿੱਕਰ ਸਿੰਘ (33) ਗੁਰਦੇਵ ਸਿੰਘ ਪੁੱਤਰ ਗੁਲਜਾਰਾ ਸਿੰਘ ਪੁੱਤਰ ਹਾਕਮ ਸਿੰਘ (34) ਮੰਗਲ ਰਾਮ ਪੁੱਤਰ ਸਾਧੂ ਰਾਮ ਪੁੱਤਰ ਲੱਭੂ ਰਾਮ (35) ਕੇਸਵਾ ਨੰਦ ਪੁੱਤਰ ਪ੍ਰਮਾ ਨੰਦ ਪੁੱਤਰ ਲੱਭੂ ਰਾਮ (36) ਬਖਸ਼ੀ ਰਾਮ ਪੁੱਤਰ ਪ੍ਰਮਾ ਨੰਦ ਪੁੱਤਰ ਲੱਭੂ ਰਾਮ (37) ਸਰਬਜੀਤ ਕੌਰ ਪਤਨੀ ਗਗਨਦੀਪ ਸਿੰਘ ਪੁੱਤਰ ਪਰਮਜੀਤ ਸਿੰਘ (38) ਗੁਰਜੰਟ ਸਿੰਘ (39) ਗੁਰਦੇਵ ਕੌਰ ਵਿਧਵਾ ਮਲਕੀਤ ਸਿੰਘ ਪੁੱਤਰ ਗੁਰਦਿਆਲ ਸਿੰਘ (40) ਜਸਵੀਰ ਕੌਰ ਵਿਧਵਾ (41) ਅਮਰਜੀਤ ਕੌਰ (42) ਅਮਨਦੀਪ ਕੌਰ ਪੁੱਤਰੀਆਂ (43) ਬਲਜਿੰਦਰ ਸਿੰਘ ਪੁੱਤਰ ਭੋਲਾ ਸਿੰਘ ਪੁੱਤਰ ਮਲਕੀਤ ਸਿੰਘ (44) ਬਲਵੀਰ ਸਿੰਘ ਪੁੱਤਰ ਪ੍ਰਤਾਪ ਸਿੰਘ ਪੁੱਤਰ ਹਰਦਿਤ ਸਿੰਘ (45) ਡੇਰਾ ਬਾਬਾ ਬੁਧ ਦਾਸ ਪਿੰਡ ਖਾਈ ਸਾਰੇ ਵਾਸੀਆਨ ਪਿੰਡ ਖਾਈ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਿਹਾਲ ਸਿੰਘ ਵਾਲਾ (ਮੋਗਾ)

# ਚੀਮਾ ਵੱਲੋਂ ਚੰਨੀ ਨੂੰ 'ਆਪ' ਦੇ ਵਿੱਤੀ ਪ੍ਰਬੰਧਨ 'ਤੇ ਸਵਾਲ ਚੁੱਕਣ ਤੋਂ ਪਹਿਲਾਂ ਤੱਥਾਂ ਦੀ ਜਾਂਚ ਕਰਨ ਦੀ ਨਸੀਹਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਥੇ ਸੂਬੇ ਦੇ ਲਾਟਰੀ ਸੰਚਾਲਨ ਸਬੰਧੀ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਦੇ ਤਾਜ਼ਾ ਬਿਆਨਾਂ ਦਾ ਸਖ਼ਤ ਖੰਡਨ ਕਰਦਿਆਂ ਉਨ੍ਹਾਂ ਦੇ ਦਾਅਵਿਆਂ ਨੂੰ 'ਬੇਬੁਨਿਆਦ, ਗੁੰਮਰਾਹਕੁੰਨ ਅਤੇ ਸਿਆਸੀ ਤੌਰ 'ਤੇ ਢੁਕਵੇਂ ਬਣੇ ਰਹਿਣ ਦੀ ਇੱਕ ਹਤਾਸ਼ ਕੋਸ਼ਿਸ਼' ਕਰਾਰ ਦਿੱਤਾ। ਵਿਸਤ੍ਰਿਤ ਤੱਥ ਅਤੇ ਅੰਕੜੇ ਜਾਰੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਇਹ ਅੰਕੜੇ ਪਿਛਲੀ ਕਾਂਗਰਸ ਸਰਕਾਰ ਅਧੀਨ ਹੋਏ ਘੋਰ ਵਿੱਤੀ ਕੁਪ੍ਰਬੰਧਨ ਨੂੰ ਬੇਨਕਾਬ ਕਰਦੇ ਹਨ, ਜਦਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਅਧੀਨ ਪ੍ਰਾਪਤ ਕੀਤੀ ਬੇਮਿਸਾਲ ਪਾਰਦਰਸ਼ਤਾ ਅਤੇ ਮਾਲੀਏ ਦੇ ਵਾਧੇ ਨੂੰ ਉਜਾਗਰ ਕਰਦੇ ਹਨ। ' ਪੰਜਾਬ ਵਿੱਚ ਕਾਂਗਰਸ ਅਤੇ 'ਆਪ' ਸਰਕਾਰਾਂ ਵਿਚਕਾਰ ਸਪੱਸ਼ਟ ਅੰਤਰ ਪੇਸ਼ ਕਰਦਿਆਂ ਉਨ੍ਹਾਂ ਅੱਗੇ ਕਿਹਾ, ਚਰਨਜੀਤ ਸਿੰਘ ਚੰਨੀ ਦੇ ਕਾਰਜਕਾਲ ਦੌਰਾਨ ਵਿੱਤੀ ਸਾਲ 2021-22 ਵਿੱਚ, ਰਾਜ ਦੀਆਂ ਲਾਟਰੀਆਂ ਤੋਂ ਸ਼ੁੱਧ ਪ੍ਰਾਪਤੀਆਂ ਮਹਿਜ਼ 19.33 ਕਰੋੜ ਰੁਪਏ ਸਨ, ਜਦੋਂ ਕਿ ਵਸਤੂ ਅਤੇ ਸੇਵਾ ਕਰ (ਜੀ.ਐਸ.ਟੀ.) ਕੁਲੈਕਸ਼ਨ 32.77 ਕਰੋੜ ਰੁਪਏ



'ਤੇ ਖੜੋਤ ਦਾ ਸ਼ਿਕਾਰ ਰਹੀ। ਭਗਵੰਤ ਮਾਨ ਸਰਕਾਰ ਦੇ ਅਧੀਨ, ਵਿੱਤੀ ਸਾਲ 2025-26 ਵਿੱਚ ਸ਼ੁੱਧ ਪ੍ਰਾਪਤੀਆਂ ਵੱਧ ਕੇ ਰਿਕਾਰਡ 70.59 ਕਰੋੜ ਰੁਪਏ ਹੋ ਗਈਆਂ ਹਨ। ਮੌਜੂਦਾ ਵਿੱਤੀ ਸਾਲ 2026-27 ਵਿੱਚ ਵੀ, 31 ਅਕਤੂਬਰ ਤੱਕ, ਸੂਬੇ ਨੇ ਪਹਿਲਾਂ ਹੀ 54.21 ਕਰੋੜ ਰੁਪਏ ਦੀਆਂ ਸ਼ੁੱਧ ਪ੍ਰਾਪਤੀਆਂ ਹਾਸਲ ਕਰ ਲਈਆਂ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, ਇਸ ਤੋਂ ਇਲਾਵਾ, ਸੂਬੇ ਨੇ ਲਾਟਰੀਆਂ ਤੋਂ ਇਤਿਹਾਸਕ ਜੀਐਸਟੀ ਪ੍ਰਾਪਤੀ ਦਰਜ ਕੀਤੀ ਹੈ, ਜੋ ਮੌਜੂਦਾ ਸਰਕਾਰ ਦੇ ਅਧੀਨ ਲਗਭਗ ਤਿੰਨ ਗੁਣਾ ਹੋ ਗਈ ਹੈ। ਇਹ ਪ੍ਰਾਪਤੀ 2021-22 ਦੇ 32.77 ਕਰੋੜ ਰੁਪਏ ਤੋਂ ਛਾਲ ਮਾਰ ਕੇ 2025-26 ਵਿੱਚ ਹੈਰਾਨੀਜਨਕ 93.09 ਕਰੋੜ ਰੁਪਏ ਤੱਕ ਪਹੁੰਚ ਗਈ। ਮੌਜੂਦਾ ਵਿੱਤੀ ਸਾਲ ਲਈ, ਅਕਤੂਬਰ 2026 ਤੱਕ ਜੀਐਸਟੀ ਕੁਲੈਕਸ਼ਨ 59.43 ਕਰੋੜ ਰੁਪਏ ਹੈ।

# ਪਲਾਨਿੰਗ ਬੋਰਡ ਦੇ ਚੇਅਰਮੈਨ ਵੱਲੋਂ 10 ਵਿਕਾਸ ਗ੍ਰਾਂਟਾਂ ਜਾਰੀ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**- ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਪਲਾਨਿੰਗ ਬੋਰਡ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਵੱਲੋਂ ਇੱਕੋ ਸਮੇਂ 10 ਵਿਕਾਸ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ। ਸ਼ਹਿਰ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਵਾਰਡਾਂ ਤੋਂ ਲੈ ਕੇ ਪੇਂਡੂ ਖੇਤਰਾਂ ਤੱਕ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਇਨ੍ਹਾਂ ਗ੍ਰਾਂਟਾਂ ਦੇ ਮਾਧਿਅਮ ਨਾਲ ਸੜਕ ਨਿਰਮਾਣ, ਬਿਜਲੀ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਸਿਹਤ ਅਤੇ ਫਿਟਨੈਸ ਸੁਵਿਧਾਵਾਂ ਦਾ ਵਿਸਥਾਰ ਕੀਤਾ ਜਾਵੇਗਾ। ਇਸ ਪਹਿਲਕਦਮੀ ਤਹਿਤ ਵੱਖ-ਵੱਖ ਵਿਭਾਗਾਂ ਨੂੰ ਫੰਡ ਉਪਲਬਧ ਕਰਵਾਏ ਗਏ ਹਨ, ਤਾਂ ਜੋ ਸਥਾਨਕ ਪੱਧਰ 'ਤੇ ਲੋਕਾਂ ਦੀਆਂ ਲੋੜਾਂ ਮੁਤਾਬਕ ਵਿਕਾਸ ਕਾਰਜ ਕਰਵਾਏ ਜਾ ਸਕਣ। ਅੰਮ੍ਰਿਤਪਾਲ ਸਿੰਘ ਵੱਲੋਂ ਜਾਰੀ ਇਨ੍ਹਾਂ ਗ੍ਰਾਂਟਾਂ ਵਿੱਚ ਸੜਕ ਨਿਰਮਾਣ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਜਮਸ਼ੇਰ ਰੋਡ, ਜੋ ਗੁਰਵਿੰਦਰ ਸਿੰਘ ਸ਼ੇਰਗਿੱਲ ਦੇ ਘਰ ਵੱਲ ਜਾਂਦੀ ਹੈ, ਦੇ ਨਿਰਮਾਣ ਲਈ ਪੀਡਬਲਯੂਡੀ ਵਿਭਾਗ ਨੂੰ 10 ਲੱਖ ਰੁਪਏ ਦਿੱਤੇ ਗਏ ਹਨ। ਇਸ ਦੇ ਨਾਲ ਹੀ ਪਿੰਡ ਅਲੀਪੁਰ ਵਿੱਚ ਸੜਕਾਂ ਦੇ ਨਿਰਮਾਣ ਲਈ 6.50 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ। ਇਨ੍ਹਾਂ ਦੋਵਾਂ ਕਾਰਜਾਂ ਨਾਲ ਸੰਬੰਧਿਤ ਖੇਤਰਾਂ ਵਿੱਚ ਆਵਾਜਾਈ ਬਿਹਤਰ ਹੋਣ ਦੇ ਨਾਲ ਸਥਾਨਕ ਨਿਵਾਸੀਆਂ ਨੂੰ ਰਾਹਤ ਮਿਲਣ ਦੀ ਉਮੀਦ ਹੈ। ਸ਼ਹਿਰ ਦੀ ਬਿਜਲੀ ਵਿਵਸਥਾ ਲਈ ਵੀ ਕਈ ਵਾਰਡਾਂ ਨੂੰ ਗ੍ਰਾਂਟ ਦਿੱਤੀ ਗਈ ਹੈ। ਜਲੰਧਰ ਨਾਰਥ ਦੇ ਵਾਰਡ ਨੰਬਰ 68, ਜਲੰਧਰ ਸੈਂਟਰਲ ਦੇ ਵਾਰਡ ਨੰਬਰ 19, ਜਲੰਧਰ ਵੈਸਟ ਦੇ ਵਾਰਡ ਨੰਬਰ 40 ਅਤੇ 43, ਆਬਾਦਪੁਰਾ ਦੇ ਵਾਰਡ ਨੰਬਰ 34, ਵਾਰਡ ਨੰਬਰ 44 ਅਤੇ ਦਿਲਬਾਗ ਨਗਰ ਦੇ ਵਾਰਡ ਨੰਬਰ 56 ਵਿੱਚ ਪੀ ਐਸ ਪੀ ਸੀ ਐਲ ਦੇ ਮਾਧਿਅਮ ਨਾਲ ਵੱਖ-ਵੱਖ ਬਿਜਲੀ ਸੰਬੰਧੀ ਕਾਰਜ ਕਰਵਾਏ ਜਾਣਗੇ। ਇਨ੍ਹਾਂ ਵਿੱਚ ਟਰਾਂਸਫਾਰਮਰ ਲਗਾਉਣ ਅਤੇ ਅਪਗ੍ਰੇਡ ਕਰਨ ਵਰਗੇ ਕੰਮ ਵੀ ਸ਼ਾਮਲ ਹਨ। ਇਨ੍ਹਾਂ ਕਾਰਜਾਂ ਦੇ ਪੂਰਾ ਹੋਣ ਨਾਲ ਸੰਬੰਧਿਤ ਇਲਾਕਿਆਂ ਵਿੱਚ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਮਿਲਣ ਦੀ ਉਮੀਦ ਹੈ। ਪੇਂਡੂ ਖੇਤਰ ਦੇ ਵਿਕਾਸ ਨੂੰ ਵੀ ਇਸ ਪਹਿਲਕਦਮੀ ਵਿੱਚ ਜਗ੍ਹਾ ਦਿੱਤੀ ਗਈ ਹੈ। ਪਿੰਡ ਰਾਮੂਵਾਲ ਵਿੱਚ ਜਿਮ ਦਾ ਸਾਮਾਨ ਖਰੀਦਣ ਲਈ 2 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ। ਇਸ ਨਾਲ ਪਿੰਡ ਦੇ ਨੌਜਵਾਨਾਂ ਨੂੰ ਕਸਰਤ ਅਤੇ ਸਰੀਰਕ ਫਿਟਨੈਸ ਲਈ ਸੁਵਿਧਾਵਾਂ ਉਪਲਬਧ ਹੋਣਗੀਆਂ। ਇਹ ਕਦਮ ਪੇਂਡੂ ਪੱਧਰ 'ਤੇ ਸਿਹਤ ਅਤੇ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਸਾਬਤ ਹੋ ਸਕਦਾ ਹੈ।



# ਰਣਜੀਤ ਸਿੰਘ ਨੇ ਸੰਗਰੂਰ ਰੈਲੀ ਲਈ ਕੀਤੀ ਲਾਮਬੰਦੀ

**ਚੰਡੀਗੜ੍ਹ (ਸੁਰਜੀਤ ਸੁਮਨ)**- 'ਪੰਜਾਬ ਵਿੱਚ ਨਸ਼ਿਆਂ ਦੀ ਭਰਮਾਰ ਨੇ ਪੰਜਾਬ ਵਾਸੀਆਂ ਨੂੰ ਕੱਖੋਂ ਹੌਲੇ ਕਰਕੇ ਰੱਖ ਦਿੱਤਾ ਹੈ। ਨੌਜਵਾਨਾਂ ਨੂੰ ਰੁਜ਼ਗਾਰ ਨਾ ਮਿਲਣ ਕਾਰਨ ਬਹੁਤੇ ਨੌਜਵਾਨ ਵਿਦੇਸ਼ਾਂ ਵੱਲ ਨੂੰ ਰੁੱਖ ਕਰ ਰਹੇ ਹਨ। ਕਾਂਗਰਸ ਪਾਰਟੀ ਲੋਕਾਂ ਨੂੰ



ਇਨਸਾਫ ਦਿਵਾਉਣ ਲਈ ਲੜ ਰਹੀ ਹੈ।' ਇਹ ਸ਼ਬਦ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਨੌਜਵਾਨ ਆਗੂ, ਸਾਬਕਾ ਪ੍ਰਧਾਨ, ਜ਼ਿਲ੍ਹਾ ਕਾਂਗਰਸ ਕਾਂਗਰਸ ਕਮੇਟੀ, ਮੋਹਾਲੀ ਤੇ ਸਾਬਕਾ ਪ੍ਰਧਾਨ ਨਗਰ ਕੌਂਸਲ, ਕੁਰਾਲੀ ਰਣਜੀਤ ਸਿੰਘ (ਜੀਤੀ ਪਡਿਆਲਾ) ਨੇ ਕਹੇ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਵੱਲੋਂ ਸੰਗਰੂਰ ਵਿਖੇ 4 ਨਵੰਬਰ ਨੂੰ ਹੋਣ ਜਾ ਰਹੀ 'ਇਨਸਾਫ ਰੈਲੀ' ਵਿੱਚ ਇੰਡੀਅਨ ਕਾਂਗਰਸ ਕਮੇਟੀ ਦੇ ਸਿਰਮੌਰ ਆਗੂ ਰਾਹੁਲ ਗਾਂਧੀ ਸ਼ਿਰਕਤ ਕਰ ਰਹੇ ਹਨ, ਜਿਸ ਵਿੱਚ ਪੁੱਜਣ ਲਈ ਪੰਜਾਬ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਪੂਰਾ ਜੋਸ਼ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਹਲਕਾ ਖਰੜ ਵਿੱਚੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਲੀਡਰ ਤੇ ਵਰਕਰ ਇਸ ਇਨਸਾਫ ਰੈਲੀ ਵਿੱਚ ਪੁੱਜ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਕਾਂਗਰਸੀ ਆਗੂ ਤੇ ਬਹੁਤ ਸਾਰੇ ਵਰਕਰ ਹਾਜ਼ਰ ਸਨ, ਜਿਨ੍ਹਾਂ ਨੂੰ ਉਸ ਨੇ ਪਿੰਡ ਫੱਗੂਵਾਲਾ, ਨੇੜੇ ਭਵਾਨੀਗੜ੍ਹ (ਸੰਗਰੂਰ) ਵਿਖੇ ਪਹੁੰਚ ਕੇ ਇਸ ਇਨਸਾਫ ਦੀ ਆਵਾਜ਼ ਨੂੰ ਹੋਰ ਬੁਲੰਦ ਕਰਨ ਦੀ ਅਪੀਲ ਕੀਤੀ।

# ਜਲੰਧਰ ਪ੍ਰੋਫ਼ੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦਾ ਕੈਲੰਡਰ ਰਿਲੀਜ਼



**ਜਲੰਧਰ (ਕਮਲਜੀਤ ਪਵਾਰ)**- ਦੀਵਾਲੀ ਦੇ ਸ਼ੁਭ ਮੌਕੇ 'ਤੇ ਜਲੰਧਰ ਪ੍ਰੋਫ਼ੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦਾ ਕੈਲੰਡਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਪੰਜਾਬ ਕੇਸਰੀ ਦੇ ਡਾਇਰੈਕਟਰ ਅਭਿਨਵ ਚੋਪੜਾ ਵੱਲੋਂ ਕੈਲੰਡਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਅਭਿਨਵ ਚੋਪੜਾ ਨੇ ਕਿਹਾ ਕਿ ਜਲੰਧਰ ਪ੍ਰੋਫ਼ੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਫੋਟੋਗ੍ਰਾਫਰਾਂ ਦੀ ਸਭ ਤੋਂ ਪੁਰਾਣੀ ਸੰਸਥਾ ਹੈ। ਐਸੋਸੀਏਸ਼ਨ ਵੱਲੋਂ ਹਰ ਸਾਲ ਦੀਵਾਲੀ ਦੇ ਸ਼ੁਭ ਮੌਕੇ 'ਤੇ ਨਵੇਂ ਸਾਲ ਦਾ ਕੈਲੰਡਰ ਰਿਲੀਜ਼ ਕਰਨ ਦਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਨੇ ਇਸ ਮੌਕੇ ਸਮੂਹ ਫੋਟੋਗ੍ਰਾਫਰਾਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ ਅਤੇ ਉਨ੍ਹਾਂ ਦੀ ਖ਼ੁਸ਼ਹਾਲੀ ਤੇ ਤਰੱਕੀ ਦੀ ਕਾਮਨਾ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਥਾਪਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੀਵਾਲੀ ਦੇ ਸ਼ੁਭ ਮੌਕੇ 'ਤੇ ਨਵੇਂ ਸਾਲ ਦਾ ਕੈਲੰਡਰ ਰਿਲੀਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਫੋਟੋਗ੍ਰਾਫਰ ਭਾਈਚਾਰੇ ਨਾਲ ਆਪਸੀ ਸਾਂਝ ਅਤੇ ਤਿਉਹਾਰਾਂ ਦੀਆਂ ਖ਼ੁਸ਼ੀਆਂ ਸਾਂਝੀਆਂ ਕਰਨ ਦੇ ਉਦੇਸ਼ ਨਾਲ ਕੀਤਾ ਜਾਂਦਾ ਹੈ। ਇਸ ਮੌਕੇ ਜਲੰਧਰ ਪ੍ਰੋਫ਼ੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਥਾਪਾ, ਜਨਰਲ ਸਕੱਤਰ ਰਮੇਸ਼ ਗਾਬਾ, ਸੀਨੀਅਰ ਮੀਤ ਪ੍ਰਧਾਨ ਰਿਸ਼ੀ ਸ਼ਰਮਾ, ਵਾਈਸ ਪ੍ਰਧਾਨ ਤਰਲੋਕ ਚੁੱਘ, ਸੁਨੀਲ ਢੀਂਗਰਾ, ਸਾਹਿਲ ਉਂਕਾਰ, ਸੰਜੀਵ ਹੈਪੀ, ਸਤੀਸ਼ ਕੁਮਾਰ, ਰਾਜੀਵ ਧਾਮੀ ਆਦਿ ਹਾਜ਼ਰ ਸਨ।

# 'ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ' ਨੇ ਪੱਤਰਕਾਰਾਂ ਦੀ ਸੁਰੱਖਿਆ, ਹੱਕਾਂ 'ਤੇ ਦਿੱਤਾ ਜ਼ੋਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 'ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ.) ਪੰਜਾਬ' ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ 2 ਨਵੰਬਰ 'ਅੰਤਰਰਾਸ਼ਟਰੀ ਪੱਤਰਕਾਰ ਸੁਰੱਖਿਆ ਦਿਵਸ' ਦੇ ਮੌਕੇ 'ਤੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਨਿੱਘੀ ਵਧਾਈ ਦਿੱਤੀ ਹੈ ਅਤੇ ਪੱਤਰਕਾਰਾਂ ਦੀ ਸੁਰੱਖਿਆ, ਹੱਕਾਂ ਅਤੇ ਆਜ਼ਾਦੀ 'ਤੇ ਜ਼ੋਰ ਦਿੱਤਾ ਹੈ। ਇਸ ਮੌਕੇ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਮੀਡੀਆ ਜਗਤ ਲਈ ਵਿਸ਼ੇਸ਼ ਸੁਨੇਹੇ ਨੂੰ ਸਾਂਝਾ ਕਰਦਿਆਂ ਕਿਹਾ ਕਿ 'ਸੱਚਾਈ ਦੀ ਆਵਾਜ਼ ਕਦੇ ਦਬਣੀ ਨਹੀਂ ਚਾਹੀਦੀ, ਕਿਉਂਕਿ ਸੁਤੰਤਰ ਪੱਤਰਕਾਰਤਾ ਹੀ ਲੋਕੰਤਰ ਦੀ ਅਸਲੀ ਤਾਕਤ ਹੈ।' ਉਨ੍ਹਾਂ ਕਿਹਾ ਕਿ ਪੱਤਰਕਾਰ ਸਮਾਜ ਦਾ ਉਹ ਅਹਿਮ ਥੰਮ੍ਹ ਹਨ ਜੋ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਦਿਨ-ਰਾਤ ਮਿਹਨਤ ਕਰਕੇ ਸੱਚਾਈ ਨੂੰ ਜਨਤਾ ਦੇ ਸਾਹਮਣੇ ਲਿਆਉਂਦੇ ਹਨ। ਸੈਣੀ ਨੇ ਅੱਗੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਮੈਦਾਨ ਵਿੱਚ ਕੰਮ ਕਰ ਰਹੇ ਪੱਤਰਕਾਰਾਂ ਨੂੰ ਕਈ ਤਰ੍ਹਾਂ ਦੀਆਂ ਚੁਣੌਤੀਆਂ ਅਤੇ ਖ਼ਤਰਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਸਰਕਾਰਾਂ ਅਤੇ ਪ੍ਰਸ਼ਾਸਨ ਦਾ ਇਹ ਮੁੱਖ ਫਰਜ਼ ਬਣਦਾ ਹੈ ਕਿ ਉਹ ਪੱਤਰਕਾਰਾਂ ਨੂੰ ਪੂਰੀ ਸੁਰੱਖਿਆ ਪ੍ਰਦਾਨ ਕਰਨ ਤਾਂ ਜੋ ਉਹ ਬਿਨਾਂ ਕਿਸੇ ਡਰ, ਭੈਅ ਜਾਂ ਦਬਾਅ ਦੇ ਆਪਣੀ ਪੇਸ਼ੇਵਰ ਡਿਊਟੀ ਨਿਰਪੱਖ ਹੋ ਕੇ ਨਿਭਾ ਸਕਣ।



# ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਸ਼੍ਰੋਮਣੀ ਅਕਾਲੀ ਦਲ ਦੇ ਗੜ੍ਹਸ਼ੰਕਰ ਸਥਿਤ ਮੁੱਖ ਦਫਤਰ ਵਿਖੇ ਹਲਕਾ ਇੰਚਾਰਜ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੀ ਅਗਵਾਈ ਹੇਠ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਮਕਸਦ ਪਾਰਟੀ ਦੀਆਂ ਚੱਲ ਰਹੀਆਂ ਗਤੀਵਿਧੀਆਂ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਵੱਲੋਂ ਪਾਰਟੀ ਹਾਈ ਕਮਾਂਡ ਵੱਲੋਂ ਆਗੂਆਂ ਨੂੰ ਦਿੱਤੇ ਗਏ ਨਵੇਂ ਅਹੁਦਿਆਂ ਸਬੰਧੀ ਸਰਟੀਫਿਕੇਟ ਦਿੱਤੇ ਗਏ ਅਤੇ ਆਗੂਆਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਨਵ-ਨਿਯੁਕਤ ਅਹੁਦੇਦਾਰਾਂ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨਗੇ।ਨਵ-ਨਿਯੁਕਤ ਅਹੁਦੇਦਾਰ ਜਥੇਦਾਰ ਜੋਗਾ ਸਿੰਘ ਬਗਵਾਈ ਅਤੇ ਹਰਜੀਤ ਸਿੰਘ ਭਾਤਪੁਰੀ ਨੂੰ ਕੌਮੀ ਵਾਈਸ ਪ੍ਰਧਾਨ ਅਤੇ ਹਰਜਿੰਦਰ ਸਿੰਘ ਨੂੰ ਜੋਨ ਸਕੱਤਰ ਅਤੇ ਨੰਬਰਦਾਰ ਸੁਖਵਿੰਦਰ ਸਿੰਘ ਨੂੰ ਜ਼ਿਲ੍ਹਾ ਵਾਈਸ ਪ੍ਰਧਾਨ ਲਗਾਇਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਨੇ ਦਾਅਵਾ ਕੀਤਾ ਕਿ ਆਉਣ ਵਾਲੇ 2027 ਦੇ ਸਮੇਂ ਵਿੱਚ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਹੀ ਇੱਕੋ-ਇੱਕ ਵਿਕਲਪ ਵਜੋਂ ਦੇਖ ਰਹੇ ਹਨ ਅਤੇ ਪੰਜਾਬ ਦੇ ਲੋਕ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਵਜੋਂ ਦੇਖਣਾ ਚਾਹੁੰਦੇ ਹਨ। ਇਸ ਮੌਕੇ ਸਰਦਾਰ ਰਜਿੰਦਰ ਸਿੰਘ ਸੂਕਾ, ਕੁਲਵੀਰ ਸਿੰਘ ਡੋਗਰਪੁਰ, ਮਾਸਟਰ ਬਲਵੀਰ ਸਿੰਘ ਕਹਾਰਪੁਰੀ, ਨਿਸ਼ਾਨ ਸਿੰਘ ਸੰਮਤੀ ਮੈਂਬਰ, ਜਗਤਾਰ ਸਿੰਘ ਚੱਕ ਗੁਰੂ, ਕੈਪਟਨ ਧਰਮਪਾਲ ਬਿੰਜੋ, ਸਤਨਾਮ ਸਿੰਘ ਕਿਤਣਾ, ਨਵਨੀਤ ਸਿੰਘ ਲੱਲੀਆ, ਸੁਖਮਨਦੀਪ ਸਿੰਘ ਲੱਲੀਆਂ, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਬਲਕਾਰ ਸਿੰਘ, ਜਸਵਿੰਦਰ ਸਿੰਘ ਅਤੇ ਹੋਰ ਵਰਕਰ ਹਾਜ਼ਰ ਸਨ।



# ਅਜੈ ਤਨਵੀਰ ਦੀ ਵਾਰਤਕ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਨੂੰ ਮਿਲਿਆ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਸ਼ਾ ਵਿਭਾਗ ਪੰਜਾਬ ਪੰਜਾਬੀ ਭਾਸ਼ਾ ਤੇ ਸਭਿਆਚਾਰ ਦੇ ਪ੍ਰਸਾਰ ਤੇ ਪ੍ਰਚਾਰ ਲਈ ਲਗਾਤਾਰ ਤਰੱਦਦ ਕਰ ਰਿਹਾ ਹੈ। ਇਸੇ ਮੁਹਿੰਮ ਵਜੋਂ ਪੰਜਾਬ ਦਿਵਸ 'ਤੇ ਭਾਸ਼ਾ ਵਿਭਾਗ ਪੰਜਾਬ ਦੇ ਮੁਖ ਦਫ਼ਤਰ ਪਟਿਆਲਾ ਵਿਖੇ ਰਚਾਏ ਸਮਾਗਮ ਜਿਸ ਦੇ ਮੁਖ ਮਹਿਮਾਨ ਮਾਣਯੋਗ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾ, ਪ੍ਰਧਾਨਗੀ ਡਾ. ਜਗਦੀਪ ਸਿੰਘ ਉਪ ਕੁਲਪਤੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਅਗਵਾਈ ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਨੇ ਕੀਤੀ ਵਿੱਚ ਪੰਜਾਬੀ ਭਾਸ਼ਾ ਦੀਆਂ ਵੱਖ-ਵੱਖ ਵਿਧਾਵਾਂ ਵਿੱਚ ਲਿਖੀਆਂ ਦਸ ਸਰਵੋਤਮ ਪੁਸਤਕਾਂ ਨੂੰ ਇਕੱਤੀ ਇਕੱਤੀ ਹਜ਼ਾਰ ਰੁਪਏ ਨਾ ਪੁਰਸਕ੍ਰਿਤ ਕੀਤਾ ਗਿਆ। ਇਨ੍ਹਾਂ ਸਨਮਾਨਿਤ ਪੁਸਤਕਾਂ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਸ਼ਾਇਰ ਅਜੈ ਤਨਵੀਰ ਦੀ ਵਾਰਤਕ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਵੀ ਸ਼ਾਮਿਲ ਹੈ। ਅਜੈ ਤਨਵੀਰ ਇਸ ਵਕਤ ਵਿਦੇਸ਼ ਵਿਚ ਹੋਣ ਕਾਰਨ ਉਨ੍ਹਾਂ ਦੇ ਭਰਾਤਾ ਰਜਨੀਸ਼ ਕੁਮਾਰ ਨੂੰ ਸਨਮਾਨਤ ਕਰਦਿਆਂ ਤੇ ਵਧਾਈ ਦਿੰਦਿਆਂ ਮੈਡਮ ਓਇਸ਼ੀ ਮੰਡਲ ਓ ਐਸ ਡੀ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਪ੍ਰਸਿੱਧ ਵਾਰਤਕਕਾਰ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦੇ ਨਾਂਅ 'ਤੇ ਨਾਮਜ਼ਦ ਪੁਰਸਕਾਰ ਦਾ ਅਜੈ ਤਨਵੀਰ ਦੀ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਦੀ ਹੋਈ ਚੋਣ ਨਾਲ਼ ਹੁਸ਼ਿਆਰਪੁਰ ਜ਼ਿਲ੍ਹੇ ਦਾ ਮਾਣ ਵਧਿਆ ਹੈ। ਸਮੇਂ ਸਮੇਂ 'ਤੇ ਮਿਲਦੇ ਅਜਿਹੇ ਸਨਮਾਨ ਲੇਖਕ ਦੀ ਭੂਮਿਕਾ ਨੂੰ ਹੋਰ ਸਾਰਥਕ ਬਣਾਉਂਦੇ ਹਨ। ਸਨਮਾਨਤ ਸ਼ਖ਼ਸੀਅਤ ਬਾਰੇ ਵਿਸਤਾਰ ਨਾਲ ਗੱਲ ਕਰਦਿਆਂ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਅਜੈ ਤਨਵੀਰ ਇੱਕੋ ਜਿੰਨੀ ਸ਼ਿੱਦਤ ਨਾਲ ਵਾਰਤਕ ਅਤੇ ਸ਼ਾਇਰੀ ਜ਼ਰੀਏ ਪੰਜਾਬੀ ਸਾਹਿਤ ਵਿੱਚ ਗੂਹੜੇ ਰੰਗ ਭਰ ਰਿਹਾ ਹੈ।ਕਦੇ ਪੀਟਾ ਚੰਦੇਲੀ ਨਾਲ ਮਸ਼ਹੂਰ ਇਸ ਸ਼ਾਇਰ ਦੀ ਕਲਮ ਨੇ ਸੈਂਕੜੇ ਗੀਤ ਰਚੇ ਸਨ ਜਿਨ੍ਹਾਂ ਨੂੰ ਪੰਜਾਬ ਦੇ ਨਾਮਵਰ ਗਾਇਕਾਂ ਨੇ ਗਾ ਕੇ ਸ਼ੋਹਰਤ ਖੱਟੀ। ਇਸ ਵਾਰਤਕ ਪੁਸਤਕ ਤੋਂ ਪਹਿਲਾਂ ਤਨਵੀਰ ਦੇ ਗ਼ਜ਼ਲ ਸੰਗ੍ਰਹਿ 'ਫ਼ਤਵਿਆਂ ਦੇ ਦੌਰ ਵਿੱਚ' ਨੇ ਵੀ ਪਾਠਕਾਂ, ਵਿਦਵਾਨਾਂ, ਅਲੋਚਕਾਂ ਅਤੇ ਅਦੀਬਾਂ ਦਾ ਧਿਆਨ ਖਿੱਚਿਆ ਸੀ। ਇਸ ਸਮੇਂ ਦਫ਼ਤਰ ਭਾਸ਼ਾ ਵਿਭਾਗ ਹੁਸ਼ਿਆਰਪੁਰ ਵਲੋਂ ਰਜਨੀਸ਼ ਦਾ ਪੁਸਤਕਾਂ ਦੇ ਸੈਟ ਨਾਲ ਵੀ ਸਨਮਾਨ ਕੀਤਾ ਗਿਆ। ਸਨਮਾਨ ਸਮੇਂ ਰਾਹੁਲ ਸੀਨੀਅਰ ਸਹਾਇਕ ਅਤੇ ਲਾਲ ਸਿੰਘ ਕਲਰਕ ਵੀ ਨਾਲ ਹਾਜ਼ਰ ਸਨ।




# ਸਾਲਾਨਾ ਧਾਰਮਿਕ ਪ੍ਰੀਖਿਆ ਕਰਵਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਿੱਖ ਗੁਰੂਆਂ ਅਤੇ ਸਿੱਖ ਧਰਮ ਦੀਆਂ ਇਤਿਹਾਸਕ ਅਤੇ ਪ੍ਰਾਚੀਨ ਪਰੰਪਰਾਵਾਂ ਤੋਂ ਮੌਜੂਦਾ ਪੀੜ੍ਹੀ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੀ ਅਗਵਾਈ ਹੇਠ ਮੁਬਾਰਕਪੁਰ ਸਥਿਤ ਸਰਸਵਤੀ ਵਿਦਿਆ ਮੰਦਰ ਹਾਈ ਸਕੂਲ ਵਿਖੇ ਸਾਲਾਨਾ ਧਾਰਮਿਕ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਸਕੂਲ ਦੇ 50 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਸਕੂਲ ਪ੍ਰਬੰਧਕ ਮਾਸਟਰ ਹਰਬੰਸ ਲਾਲ ਸ਼ਰਮਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਨਿਰਮੇਲ ਸਿੰਘ ਜੌਲਾਕਲਾਂ ਨੇ ਕਿਹਾ ਕਿ ਮੌਜੂਦਾ ਪੀੜ੍ਹੀ ਨੂੰ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ। ਸਿੱਖ ਮਿਸ਼ਨਰੀ ਕਾਲਜ ਇਸ ਦਿਸ਼ਾ ਵਿੱਚ ਸ਼ਲਾਘਾਯੋਗ ਕੰਮ ਕਰ ਰਿਹਾ ਹੈ। ਸਕੂਲ ਪ੍ਰਿੰਸੀਪਲ ਅੰਜੂ ਸ਼ਰਮਾ ਨੇ ਦੱਸਿਆ ਕਿ ਇਹ ਪ੍ਰੀਖਿਆ ਪਿਛਲੇ ਅੱਠ ਸਾਲਾਂ ਤੋਂ ਮੁਬਾਰਕਪੁਰ ਵਿੱਚ ਆਯੋਜਿਤ ਕੀਤੀ ਜਾ ਰਹੀ ਹੈ। ਇਹ ਪ੍ਰੀਖਿਆ ਸਿੱਖ ਮਿਸ਼ਨਰੀ ਕਾਲਜ ਦੇ ਸੁਪਰਵਾਈਜ਼ਰ ਗਗਨਦੀਪ ਸਿੰਘ ਅਤੇ ਸੁਪਰਡੈਂਟ ਤਲਵਿੰਦਰ ਸਿੰਘ ਦੀ ਨਿਗਰਾਨੀ ਹੇਠ ਕਰਵਾਈ ਗਈ, ਜਿਸ ਦੌਰਾਨ ਵਿਦਿਆਰਥੀਆਂ ਨੂੰ ਪਿਛਲੀਆਂ ਪ੍ਰੀਖਿਆਵਾਂ ਦੇ ਸਰਟੀਫਿਕੇਟ ਵੀ ਦਿੱਤੇ ਗਏ। ਇਸ ਮੌਕੇ ਸਕੂਲ ਅਧਿਆਪਕ ਬਲਜੀਤ ਕੌਰ, ਨੀਰਜ ਪਾਲ, ਪ੍ਰਿਅੰਕਾ, ਸੰਤੋਸ਼ ਕੁਮਾਰੀ, ਪੂਜਾ ਸਮੇਤ ਕਈ ਪਤਵੰਤੇ ਹਾਜ਼ਰ ਸਨ।



# ਉਰਦੂ ਆਮੋਜ਼ ਦੇ ਕੋਰਸ 'ਚ ਬਲਵਿੰਦਰ ਸਿੰਘ ਨੇ ਹਾਸਲ ਕੀਤਾ ਦੂਜਾ ਸਥਾਨ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**- ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਕਰਵਾਏ ਜਾ ਰਹੇ ਛੇ ਮਹੀਨੇ ਦੇ ਉਰਦੂ ਆਮੋਜ਼ ਕੋਰਸ ਦੇ ਬੈਚ ਜਨਵਰੀ-ਜੂਨ 2026 ਦੇ ਵਿਦਿਆਰਥੀਆਂ ਵਿਚੋਂ ਹੁਸ਼ਿਆਰਪੁਰ ਦੇ ਬਲਵਿੰਦਰ ਸਿੰਘ ਨੇ ਪੰਜਾਬ 'ਚੋਂ ਦੂਜਾ ਸਥਾਨ ਹਾਸਲ ਕੀਤਾ। ਇਸ ਸਬੰਧੀ ਕਰਵਾਏ ਸਰਟੀਫਿਕੇਟ ਵੰਡ ਸਮਾਗਮ ਦੌਰਾਨ ਦਫ਼ਤਰ ਭਾਸ਼ਾ ਵਿਭਾਗ ਵਿਖੇ ਆਈਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਸ਼ਬਦ ਆਖਦਿਆਂ ਜ਼ਿਲ੍ਹਾ ਖੋਜ ਅਫ਼ਸਰ ਡਾ ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾ ਰਹੇ ਉਰਦੂ ਆਮੋਜ਼ ਕੋਰਸ ਅਤੇ ਭਾਸ਼ਾ ਵਿਭਾਗ ਦੀਆਂ ਬਾਕੀ ਸਾਹਿਤਕ ਅਤੇ ਸਿਰਜਣਾਤਮਕ ਗਤੀਵਿਧੀਆਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ। ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਭਾਰਤ ਦੀ ਪ੍ਰਾਚੀਨ ਬਹੁਤ ਖ਼ੂਬਸੂਰਤ ਜ਼ੁਬਾਨ ਹੈ। ਉਨ੍ਹਾਂ ਉਰਦੂ ਆਮੋਜ਼ ਦਾ ਇਮਤਿਹਾਨ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਕੇ ਵਧਾਈ ਦਿੱਤੀ। ਇਸ ਸਮੇਂ ਲਾਲ ਸਿੰਘ, ਡਾ. ਬ੍ਰਿਜ ਭੂਸ਼ਨ ਉਰਦੂ ਅਧਿਆਪਕ, ਸੰਜੀਵ ਰਤਨ, ਸੰਦੀਪ ਕੁਮਾਰ, ਗੁਰਬਚਨ ਸਿੰਘ ਸੰਗਰ, ਧਰਮਪਾਲ ਸ਼ਰਮਾ, ਨਿਤੇਸ਼, ਬਲਵਿੰਦਰ ਸਿੰਘ, ਰਾਜ ਕੁਮਾਰ, ਰਾਜ ਕੁਮਾਰ ਸ਼ਰਮਾ, ਸੀਮਾ ਅਤੇ ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

# ਵਿਸ਼ਵ ਬੱਚਤ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ 119 ਵਲੋਂ 'ਵਿਸ਼ਵ ਬਚਤ ਦਿਵਸ' ਦੇ ਮੌਕੇ ਤੇ ਸਥਾਨਕ ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ, ਅਲਾਇੰਸ ਕਲੱਬ ਹੁਸ਼ਿਆਰਪੁਰ ਪ੍ਰਿੰਸ




ਵਲੋਂ ਸਰਕਾਰੀ ਹਾਈ ਸਕੂਲ ਆਦਮਵਾਲ ਅਤੇ ਅਲਾਇੰਸ ਕਲੱਬ ਹੁਸ਼ਿਆਰਪੁਰ ਹੀਰੋ ਵਲੋਂ ਕਰਵਾਇਆ ਗਿਆ।

'ਵਿਸ਼ਵ ਬਚਤ ਦਿਵਸ' ਦੇ ਮੌਕੇ ਤੇ ਸਥਾਨਕ ਰੇਲਵੇ ਮੰਡੀ ਸਕੂਲ ਦੇ ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰਿੰਸੀਪਲ ਰਾਜਨ ਅਰੋੜਾ, ਪੰਜਾਬ ਨੈਸ਼ਨਲ ਬੈਂਕ ਚੀਫ ਮੈਨੇਜਰ ਸੁਰਿੰਦਰ ਬਿਸ਼ਨੋਈ ਅਤੇ ਐਲੀ ਅਜੈ ਸ਼ਾਰਦਾ ਨੇ ਕੀਤੀ।ਪ੍ਰੋਗਰਾਮ ਦੇ ਮੁੱਖ ਮਹਿਮਾਨ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਸੈਕੰਡ ਵਾਈਸ ਪ੍ਰੈਜ਼ੀਡੈਂਟ ਐਲੀ ਅਸ਼ੋਕ ਪੁਰੀ ਸਨ।ਆਦਮਵਾਲ ਵਿਖੇ ਕੀਤੇ ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਦੀ ਮੁੱਖ ਅਧਿਆਪਿਕਾ ਸ਼ਰੂਤੀ ਸ਼ਰਮਾ, ਅਲਾਇੰਸ ਕਲੱਬ ਹੁਸ਼ਿਆਰਪੁਰ ਪ੍ਰਿੰਸ ਦੇ ਸ਼ਸ਼ੀ ਕੁਮਾਰ ਅਤੇ ਐਚ ਡੀ ਐਫ ਸੀ ਬੈਂਕ ਆਦਮਵਾਲ ਬ੍ਰਾਂਚ ਦੇ ਮੁੱਖੀ ਦਵਿੰਦਰ ਕੁਮਾਰ ਨੇ ਕੀਤੀ। ਇਸ ਦੇ ਵਿਸ਼ੇਸ਼ ਮਹਿਮਾਨ ਐਲੀ ਅਸ਼ੋਕ ਪੁਰੀ ਸਨ। ਇਸ ਮੌਕੇ ਤੇ ਸਾਰੇ ਪ੍ਰੋਗਰਾਮਾਂ ਵਿੱਚ ਬੁਲਾਰਿਆਂ ਵਲੋਂ ਪੁਰਾਤਨ ਸਮਿਆਂ ਤੋਂ ਮਾਵਾਂ, ਦਾਦੀਆਂ ਅਤੇ ਘਰ ਦੀਆਂ ਮਹਿਲਾਵਾਂ ਵਲੋਂ ਛੋਟੀ-ਛੋਟੀ ਬੱਚਤ ਕਰਕੇ ਮੁਸ਼ਕਿਲ ਦੇ ਸਮੇਂ ਵਿੱਚ ਅੱਗੇ ਆਉਣ ਨਾਲ ਕੀਤੇ ਜਾਂਦੇ ਸਮਾਧਾਨ ਦੀ ਅਹਿਮੀਅਤ ਨੂੰ ਮਹਿਸੂਸ ਕੀਤਾ ਗਿਆ।ਇਸ ਮੌਕੇ ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਵਾਈਸ ਪ੍ਰੈਜ਼ੀਡੈਂਟ ਐਲੀ ਅਸ਼ੋਕ ਪੁਰੀ ਨੇ ਦੱਸਿਆ ਕਿ ਇਹ ਭਾਰਤੀ ਪੁਰਾਤਨ ਪਰੰਪਰਾ ਨੂੰ ਹਮੇਸ਼ਾ ਯਾਦ ਰੱਖਣ ਦੀ ਜ਼ਰੂਰਤ ਹੈ। ਇਸ ਮੌਕੇ ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਵਲੋਂ ਵਿਚਾਰ ਚਰਚਾ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ, ਬੈਂਕ ਦੇ ਸੁਰਿੰਦਰ ਬਿਸ਼ਨੋਈ ਅਤੇ ਦਵਿੰਦਰ ਕੁਮਾਰ, ਰਾਜਨ ਅਰੋੜਾ ਅਤੇ ਸ਼ਰੂਤੀ ਸ਼ਰਮਾ ਨੂੰ ਆਯੋਜਕਾ ਨੇ ਸਨਮਾਨਤ ਕੀਤਾ।


# ਸਰਦਾਰ ਮੁਹੰਮਦ, ਗੁਲਜ਼ਾਰ ਮੁਹੰਮਦ ਸੰਗੀਤ ਮੇਲਾ ਕਰਵਾਇਆ

**ਬੰਗਾ (ਅਵਤਾਰ ਕਲੇਰ)**- ਸਰਦਾਰ ਮੁਹੰਮਦ ਅਤੇ ਗੁਲਜਾਰ ਮੁਹੰਮਦ ਦੀ ਯਾਦ 'ਚ ਸਰਦਾਰ ਮੁਹੰਮਦ ਟਰੱਸਟ ਨੂਰਪੁਰ ਵੱਲੋਂ 35ਵਾਂ ਸੰਗੀਤ ਮੇਲਾ ਕਰਵਾਇਆ ਗਿਆ। ਮੇਲੇ ਦੇ ਮੁੱਖ ਮਹਿਮਾਨ ਮਲਵਿੰਦਰ ਸਿੰਘ ਕੰਗ ਮੈਂਬਰ



ਪਾਰਲੀਮੈਂਟ ਹਲਕਾ ਸ੍ਰੀ ਅਨੰਦਪੁਰ ਸਾਹਿਬ ਨੇ ਆਖਿਆ ਕਿ ਸੱਭਿਆਚਾਰ ਅਤੇ ਸੰਗੀਤ ਮੇਲੇ ਸਾਨੂੰ ਆਪਣੇ ਸੱਭਿਆਚਾਰ ਅਤੇ ਵਿਰਾਸਤ ਨਾਲ ਜੋੜਦੇ ਹਨ।ਸਰਦਾਰ ਮੁਹੰਮਦ ਟਰੱਸਟ ਵਲੋਂ ਸੰਗੀਤ ਮੇਲਾ ਕਰਵਾਇਆ ਜਾ ਰਿਹਾ ਹੈ ਇਸ ਨਾਲ ਨਵੇਂ ਕਲਾਕਾਰਾਂ ਨੂੰ ਵੀ ਸੰਗੀਤ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਨਾਮੀ ਸੰਗੀਤਕਾਰ ਜਿੱਥੇ ਇਸ ਮੇਲੇ 'ਚ ਹਾਜ਼ਰੀ ਭਰਦੇ ਹਨ, ਉੱਥੇ ਲੋਕਾਂ ਨੂੰ ਸੰਗੀਤ ਨਾਲ ਜੁੜਨ ਦਾ ਵੀ ਮੌਕਾ ਪ੍ਰਦਾਨ ਹੁੰਦਾ ਹੈ। ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਹਲਕਾ ਬੰਗਾ ਨੇ ਆਖਿਆ ਕਿ ਸਰਦਾਰ ਮੁਹੰਮਦ ਅਤੇ ਗੁਲਜਾਰ ਮੁਹੰਮਦ ਫਨਕਾਰ ਸੰਗੀਤਕਾਰਾਂ ਦਾ ਸੰਗੀਤ ਦੇ ਖੇਤਰ ਚ ਵੱਡਾ ਯੋਗਦਾਨ ਹੈ, ਜਿਨਾਂ ਦੀ ਯਾਦ ਤਾਜ਼ਾ ਕਰਕੇ ਟਰੱਸਟ ਵੱਲੋਂ ਬਹੁਤ ਵੱਡਾ ਉਪਰਾਲਾ ਕੀਤਾ ਜਾਂਦਾ ਹੈ। ਕੁਲਜੀਤ ਸਿੰਘ ਸਰਹਾਲ ਚੇਅਰਮੈਨ ਜਲ ਸਰੋਤ ਵਿਭਾਗ ਪੰਜਾਬ ਨੇ ਆਖਿਆ ਕਿ ਜੋ ਸੰਗੀਤ ਮੇਲਾ 35 ਸਾਲ ਤੋਂ ਲਗਾਤਾਰ ਚੱਲ ਰਿਹਾ ਹੈ ਇਹ ਸੰਗੀਤ ਫਨਕਾਰਾਂ ਦੀ ਯਾਦ ਨੂੰ ਤਾਜ਼ਾ ਕਰਦਾ ਹੈ ।ਮੇਲੇ ਦੌਰਾਨ ਪ੍ਰਸਿੱਧ ਕਲਾਕਾਰ ਮੁਹੰਮਦ ਸਦੀਕ, ਸਤਵਿੰਦਰ ਬੁੱਗਾ, ਫਿਰੋਜ਼ ਖਾਨ, ਰੂਬੀ ਖਾਨ, ਨਛੱਤਰ ਗਿੱਲ, ਕੁਲਵਿੰਦਰ ਕੈਲੀ, ਗਗਨ ਕੋਕਰੀ, ਰਾਜ ਜੁਝਾਰ ,ਕੌਰ ਸਿਸਟਰ, ਰਣਜੀਤ ਰਾਣਾ, ਕਮਲ ਕਟਾਣੀਆਂ ਨੇ ਆਪਣੇ ਗੀਤ ਪੇਸ਼ ਕੀਤੇ। ਮੰਚ ਸੰਚਾਲਨ ਆਸ਼ੂ ਚੋਪੜਾ ਅਤੇ ਜਸਬੀਰ ਸਿੰਘ ਨੂਰਪੁਰ ਨੇ ਕੀਤਾ। ਕਲਾਕਾਰਾਂ ਦਾ ਪ੍ਰਧਾਨ ਬੂਟਾ ਮੁਹੰਮਦ ਅਤੇ ਪ੍ਰਬੰਧਕੀ ਮੰਡਲ ਨੇ ਸਨਮਾਨ ਕੀਤਾ।ਇਸ ਮੌਕੇ ਸਾਈ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ ਮੰਢਾਲੀ , ਜਸਪ੍ਰੀਤ ਸਿੰਘ ਰੋਬੀ ਕੰਗ ਹਲਕਾ ਇੰਚਾਰਜ ਨਵਾਂਸ਼ਹਿਰ, ਸਤਿੰਦਰ ਕੌਰ ਨੂਰਪੁਰ ਚੇਅਰਪਰਸਨ ਪੰਚਾਇਤ ਸੰਮਤੀ ਬੰਗਾ ,ਪਵਨਜੀਤ ਸਿੰਘ ਸਿੱਧੂ ਸੰਗਠਨ ਹਲਕਾ ਇੰਚਾਰਜ, ਡਾ ਕਮਲਜੀਤ ਨਵਾਂ ਸ਼ਹਿਰ, ਪ੍ਰਵੀਨ ਬੰਗਾ,ਸ਼ਿਵਰਾਮ ਕੈਂਥ ,ਸਾਈ ਪੱਪਲ ਸ਼ਾਹ ਭਰੋਮਜਾਰਾ ,ਸਰਬਜੀਤ ਸਿੰਘ ਰਾਏ, ਕੁਲਵੰਤ ਸਿੰਘ ਹੀਰ ਸਾਬਕਾ ਜ਼ਿਲ੍ਹਾ ਪੁਲਿਸ ਮੁਖੀ, ਅਜਮੇਰ ਸਹੋਤਾ, ਨਰਿੰਦਰ ਬੰਗਾ, ਰਣਜੀਤ ਰਾਣਾ, ਸੁਲਤਾਨ ਮੁਹੰਮਦ, ਗੁਰਸੇਵ ਸਿੰਘ ਧਾਲੀਵਾਲ, ਲਖਵਿੰਦਰ ਸਾਬੀ, ਵਰਿੰਦਰ ਮਾਨ, ਦੇਸ ਰਾਜ ਬੰਗਾ, ਮਨਿੰਦਰ ਕੌਰ ਸਰਪੰਚ, ਮਨਜੀਤ ਕੌਰ, ਬਲਵੀਰ ਕੌਰ ਪੰਚ, ਅਜਮੇਰ ਚਾਨਾ ਆਦਿ ਹਾਜ਼ਰ ਸਨ।

# ਬਸਪਾ ਦੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਸਫਲ ਬਣਾਉਣ ਦੀ ਅਪੀਲ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਰਮਨ ਰੱਲ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਸ ਸਮੇਂ ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਅਤੇ ਥਾਂ ਥਾਂ ਰੋਸ ਧਰਨੇ,ਵਿਖਾਵੇ ਸੜਕਾਂ ਤੇ ਲੱਗ ਰਹੇ ਵੱਡੇ ਵੱਡੇ ਜਾਮ ਕਰਕੇ ਜਨਤਾ ਬੇਹਾਲ ਹੋਈ ਪਈ ਹੈ। ਬਸਪਾ ਆਗੂਆਂ ਨੇ ਕਿਹਾ ਇਸ ਸਮੇਂ ਘਰੇਲੂ ਵਸਤਾਂ ਸਰੋਂ ਦਾ ਤੇਲ 220 ਰੁਪਏ ਲੀਟਰ, ਖੰਡ 75 ਰੁਪਏ ਕਿਲੋ ਵਿਕ ਰਹੀ ਹੈ ਅਤੇ ਚਾਹ ਪਤੀ, ਦਾਲਾਂ, ਸਰਫ,ਸਬਜ਼ੀਆਂ ਅਤੇ ਹੋਰ ਰੋਜ਼ਾਨਾ ਵਰਤੋਂ ਦੀਆਂ ਚੀਜਾਂ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ।ਬਸਪਾ ਆਗੂਆਂ ਨੇ ਕਿਹਾ ਪੰਜਾਬ ਅੰਦਰ ਸਿੱਖਿਆ ਨੀਤੀ ਦਾ ਬੁਰਾ ਹਾਲ ਹੈ ਸਕੂਲਾਂ ਅੰਦਰ ਅਧਿਆਪਕ ਹੀ ਨਹੀਂ ਹਨ ਅਤੇ ਦੂਸਰੇ ਪਾਸੇ ਬੇਰੁਜ਼ਗਾਰੀ ਤੇ ਮਹਿੰਗਾਈ ਨੇ ਲੋਕਾਂ ਕਚੂਮਰ ਕੱਢ ਦਿੱਤਾ ਹੈ। ਬਸਪਾ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਚੁਣਨ ਲਈ ਉਤਾਵਲੇ ਹਨ।ਉਨ੍ਹਾਂ ਬਸਪਾ ਆਗੂਆਂ, ਵਰਕਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨੂੰ ਸਫਲ ਬਣਾਉਣ ਤਾਂ ਕੇ ਮਹਿੰਗਾਈ, ਬੇਰੁਜ਼ਗਾਰੀ ਅਤੇ ਨਸ਼ਿਆਂ ਨੂੰ ਕਾਬੂ ਕਰਕੇ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ ਤੇ ਤੋਰਿਆ ਜਾ ਸਕੇ।

# ਸਾਬਕਾ ਕੈਬਨਿਟ ਮੰਤਰੀ ਦੇ ਸਮਰਥਕ ਸੰਗਰੂਰ ਰੈਲੀ ਵਿੱਚ ਪੁੱਜਣਗੇ

**ਚੰਡੀਗੜ੍ਹ (ਸੁਰਜੀਤ ਸੁਮਨ)**- 'ਪੰਜਾਬ ਕਾਂਗਰਸ ਵੱਲੋਂ ਸੰਗਰੂਰ ਵਿਖੇ 4 ਨਵੰਬਰ ਨੂੰ ਕਰਵਾਈ ਜਾ ਰਹੀ 'ਇਨਸਾਫ ਰੈਲੀ' ਵਿੱਚ ਇੰਡੀਅਨ ਕਾਂਗਰਸ ਕਮੇਟੀ ਦੇ ਸਿਰਮੌਰ ਆਗੂ ਰਾਹੁਲ ਗਾਂਧੀ ਸ਼ਿਰਕਤ ਕਰ ਰਹੇ ਹਨ। ਇਸ 'ਇਨਸਾਫ ਰੈਲੀ' ਵਿੱਚ ਪੁੱਜਣ ਲਈ ਪੰਜਾਬ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।' ਵਿਧਾਨ ਸਭਾ ਹਲਕਾ ਖਰੜ ਦੇ ਸੀਨੀਅਰ ਕਾਂਗਰਸੀ ਲੀਡਰ ਤੇ ਸਾਬਕਾ ਕੈਬਨਿਟ ਮੰਤਰੀ ਜਗਮੋਹਨ ਸਿੰਘ ਵੱਲੋਂ ਹਲਕੇ ਦੇ ਸਿਰਕੱਢ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਉਕਤ ਰੈਲੀ ਵਿੱਚ ਸ਼ਿਰਕਤ ਕਰਨ ਲਈ ਲਾਮਬੰਦ ਵੇਲੇ ਸੰਬੋਧਨ ਕਰਦਿਆਂ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੀਤਾ ਗਿਆ। ਸਾਬਕਾ ਕੈਬਨਿਟ ਮੰਤਰੀ ਜਗਮੋਹਨ ਸਿੰਘ ਕੰਗ ਨੇ ਕਿਹਾ ਕਿ ਮੇਰੇ ਹਲਕਾ ਖਰੜ ਵਿੱਚੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਲੀਡਰ ਤੇ ਵਰਕਰ ਇਸ ਇਨਸਾਫ ਰੈਲੀ ਵਿੱਚ ਪੂਰੇ ਉਤਸ਼ਾਹ ਤੇ ਜੋਸ਼ ਨਾਲ ਪੁੱਜ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਅਮਰਿੰਦਰ ਸਿੰਘ ਕੰਗ, ਰਮਨ ਦੱਤਾ, ਜਗਰੂਪ ਸਿੰਘ ਗਿੱਲ, ਸ਼ਿੰਗਾਰਾ ਸਿੰਘ, ਬਿੰਦ ਅਤੇ ਹਰਬੰਸ ਸਿੰਘ ਤੋਂ ਇਲਾਵਾ ਹੋਰ ਕਾਂਗਰਸੀ ਆਗੂ ਅਤੇ ਵਰਕਰ ਵੀ ਹਾਜ਼ਰ ਸਨ।



# ਦੀਵਾਲੀ ਮੇਲਾ ਉਤਸ਼ਾਹ ਨਾਲ ਮਨਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ (ਆਰ ਬੀ ਆਈ ਐਸ) ਵੱਲੋਂ ਦੀਵਾਲੀ ਦੇ ਤਿਉਹਾਰ ਮੌਕੇ ਰੰਗਾਰੰਗ ਦੀਵਾਲੀ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਮਾਹੌਲ ਤਿਉਹਾਰੀ ਰੰਗ



ਵਿੱਚ ਰੰਗਿਆ ਨਜ਼ਰ ਆਇਆ। ਮੇਲੇ ਦੌਰਾਨ ਸੱਭਿਆਚਾਰਕ ਪੇਸ਼ਕਾਰੀਆਂ, ਕਲਾ ਪ੍ਰਦਰਸ਼ਨੀਆਂ ਅਤੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਸਮਾਗਮ ਵਿੱਚ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ, ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਅਤੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਗਣੇਸ਼ ਵੰਦਨਾ ਨਾਲ ਹੋਈ, ਜਿਸ ਤੋਂ ਬਾਅਦ ਰਵਾਇਤੀ ਢੰਗ ਨਾਲ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਸੁਰੀਲੀ ਸੰਗੀਤਕ ਪੇਸ਼ਕਾਰੀ, ਮਨਮੋਹਕ ਅਰਧ-ਸ਼ਾਸਤਰੀ ਨਾਚ ਅਤੇ ਰਾਮਾਇਣ ਦੇ ਵੱਖ-ਵੱਖ ਪ੍ਰਸੰਗਾਂ ਨੂੰ ਦਰਸਾਉਂਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਤਿਉਹਾਰਾਂ ਨੂੰ ਮਨਾਉਣ ਅਤੇ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਤੇ ਰਵਾਇਤਾਂ ਨੂੰ ਸੰਭਾਲ ਕੇ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਕੂਲ ਦੀ ਡਾਇਰੈਕਟਰ-ਪ੍ਰਿੰਸੀਪਲ ਡਾ. ਅਭਿਲਾਸ਼ਾ ਸਿੰਘ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਵੱਲੋਂ ਕੀਤੇ ਗਏ ਸਮੂਹਿਕ ਯਤਨਾਂ ਦੀ ਸ਼ਲਾਘਾ ਕੀਤੀ।

ਇਹ ਦੀਵਾਲੀ ਮੇਲਾ ਖੁਸ਼ੀ, ਉਤਸ਼ਾਹ ਅਤੇ ਉਤਸਵਮਈ ਮਾਹੌਲ ਵਿੱਚ ਸੰਪੰਨ ਹੋਇਆ ਅਤੇ ਸਾਰਿਆਂ ਨੂੰ ਸ਼ਾਂਤੀ, ਖੁਸ਼ਹਾਲੀ, ਭਾਈਚਾਰਕ ਸਾਂਝ ਅਤੇ ਸਦਭਾਵਨਾ ਦਾ ਸੰਦੇਸ਼ ਦੇ ਗਿਆ।


# ਦੋ ਰੋਜ਼ਾ ਬਲਾਕ ਪੱਧਰੀ ਮੇਲਾ ਲਗਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੀ ਐਮ ਸ੍ਰੀ ਸਰਕਾਰੀ ਹਾਈ ਸਕੂਲ ਬੀਰਮਪੁਰ ਵਿਖੇ ਦੋ ਰੋਜ਼ਾ ਬਲਾਕ ਪੱਧਰੀ ਮੇਲੇ ਦਾ ਆਯੋਜਨ ਕੀਤਾ ਗਿਆ। ਇਹ ਮੇਲਾ ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਕੌਰ ਅਤੇ ਬਲਾਕ ਨੋਡਲ ਅਫ਼ਸਰ ਇੰਦਰਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਇਆ ਗਿਆ।ਇਸ ਮੇਲੇ ਵਿੱਚ ਬਲਾਕ ਗੜ੍ਹਸ਼ੰਕਰ-1 ਅਤੇ ਗੜ੍ਹਸ਼ੰਕਰ-2 ਦੇ ਵੱਖ-ਵੱਖ ਸਕੂਲਾਂ ਦੇ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਤਿੰਨ ਮੁੱਖ ਵਿਸ਼ਿਆਂ ਅਧੀਨ ਆਪਣੇ ਵਿਸ਼ੇ ਨਾਲ ਸਬੰਧਤ ਮਾਡਲ ਤਿਆਰ ਕਰਕੇ ਸ਼ਾਨਦਾਰ ਪ੍ਰਦਰਸ਼ਨੀ ਲਗਾਈ। ਹਰੇਕ ਵਿਸ਼ੇ ਵਿੱਚੋਂ ਦੋ ਵਿਦਿਆਰਥੀਆਂ ਅਤੇ ਇੱਕ ਗਾਈਡ ਅਧਿਆਪਕ ਨੇ ਆਪਣੀ ਭਾਗੀਦਾਰੀ ਯਕੀਨੀ ਬਣਾਈ। ਇਸ ਦੋ ਰੋਜ਼ਾ ਬਲਾਕ ਪੱਧਰੀ ਮੇਲੇ ਵਿੱਚ ਵੱਖ-ਵੱਖ ਸਕੂਲਾਂ ਦੀਆਂ ਕੁੱਲ 31 ਟੀਮਾਂ ਨੇ ਤਿੰਨਾਂ ਵਿਸ਼ਿਆਂ ਅਧੀਨ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਮਾਡਲਾਂ ਤੇ ਰਚਨਾਤਮਕ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੇਲੇ ਦੌਰਾਨ ਵੱਖ-ਵੱਖ ਵਿਸ਼ਿਆਂ ਦੇ ਮਾਡਲਾਂ ਦਾ ਮੁਲਾਂਕਣ ਕਰਨ ਲਈ ਛੇ ਜੱਜ ਅਧਿਆਪਕਾਂ ਨੇ ਆਪਣੀ ਭੂਮਿਕਾ ਨਿਭਾਈ। ਇਨ੍ਹਾਂ ਵਿੱਚ ਸ਼੍ਰੀ ਜਸਪਾਲ ਧੰਜਲ ਲੈਕਚਰਾਰ ਫਿਜ਼ਿਕਸ, ਸ ਸ ਸ ਸ ਗੁਰਬਿਸ਼ਨਪੁਰੀ, ਵਿਜੇ ਕੁਮਾਰ ਭੱਟੀ, ਲੈਕਚਰਾਰ ਪੰਜਾਬੀ, ਸਸਸਸ ਫਤਿਹਪੁਰ ਖੁਰਦ; ਸ਼੍ਰੀ ਹਰਿੰਦਰ ਕੁਮਾਰ, ਸਾਇੰਸ ਮਾਸਟਰ, ਸਸਸਸ ਦੋਨੋਵਾਲ ਕਲਾਂ; ਸ਼੍ਰੀ ਜਸਵਿੰਦਰ ਕੁਮਾਰ, ਸਾਇੰਸ ਮਾਸਟਰ, ਸਸਸਸ ਪੱਖੋਵਾਲ ਬੀਹੜਾਂ, ਸ਼ਸ਼ੀ ਕਟਾਰੀਆ, ਸਮਾਜਿਕ ਸਿੱਖਿਆ ਮਾਸਟਰ, ਸ ਸ ਸ ਸ ਹੈਬੋਵਾਲ ਤੇ ਇੰਦਰਜੀਤ ਕੌਰ, ਪੰਜਾਬੀ ਮਿਸਟ੍ਰੈਸ, ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਬੀਰਮਪੁਰ ਸ਼ਾਮਲ ਸਨ। ਇਸ ਮੌਕੇ ਵੱਖ-ਵੱਖ ਵਿਸ਼ਿਆਂ ਦੇ ਬੀਆਰਸੀ ਸਾਹਿਬਾਨ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਗਣਿਤ ਵਿਸ਼ੇ ਦੇ ਬੀਆਰਸੀ ਸ਼੍ਰੀ ਰਾਮ ਸਰੂਪ, ਸਾਇੰਸ ਵਿਸ਼ੇ ਦੇ ਬੀਆਰਸੀ ਸ਼੍ਰੀ ਹਰਿਕਿਸ਼ਨ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਵਿਸ਼ਿਆਂ ਦੇ ਬੀਆਰਸੀ ਸ਼੍ਰੀ ਰਾਮ ਕਿਸ਼ਨ ਅਤੇ ਬਲਾਕ ਗੜ੍ਹਸ਼ੰਕਰ-1 ਤੋਂ ਸ਼੍ਰੀ ਭਾਗ ਸਿੰਘ ਅਤੇ ਸ਼੍ਰੀ ਹਰਪਾਲ ਸਹੋਤਾ ਸ਼ਾਮਲ ਸਨ। ਮੇਲੇ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਆਰਟ ਇੰਟੀਗ੍ਰੇਟਿਡ ਲਰਨਿੰਗ ਵਿਸ਼ੇ ਵਿੱਚ ਪਹਿਲਾ ਸਥਾਨ ਪੀਐਮ ਸ਼੍ਰੀ ਸਰਕਾਰੀ ਹਾਈ ਸਕੂਲ ਬੀਰਮਪੁਰ ਦੀਆਂ ਵਿਦਿਆਰਥਣਾਂ ਵੰਸ਼ਿਕਾ ਅਤੇ ਲਲਿਤਾ ਕੁਮਾਰੀ ਨੇ ਗਾਈਡ ਅਧਿਆਪਕਾ ਸ਼੍ਰੀਮਤੀ ਇੰਦਰਜੀਤ ਕੌਰ ਦੀ ਅਗਵਾਈ ਹੇਠ ਪ੍ਰਾਪਤ ਕੀਤਾ। ਦੂਜਾ ਸਥਾਨ ਸਰਕਾਰੀ ਹਾਈ ਸਕੂਲ ਬਸਿਆਲਾ ਦੀ ਵਿਦਿਆਰਥਣ ਮੁਸਕਾਨ ਅਤੇ ਪ੍ਰਿਆ ਨੇ ਗਾਈਡ ਅਧਿਆਪਕਾ ਨਰਿੰਦਰ ਕੌਰ ਦੀ ਅਗਵਾਈ ਹੇਠ ਅਤੇ ਤੀਜਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੈਬੋਵਾਲ ਦੀਆਂ ਵਿਦਿਆਰਥਣਾਂ ਮਨਿੰਦਰ ਕੌਰ ਅਤੇ ਨਿਧੀ ਨੇ ਗਾਈਡ ਅਧਿਆਪਕਾ ਸ਼੍ਰੀਮਤੀ ਸਪਨਾ ਸੋਨੀ ਦੀ ਅਗਵਾਈ ਹੇਠ ਪ੍ਰਾਪਤ ਕੀਤਾ। ਰੀਅਲ ਲਾਈਫ ਐਪਲੀਕੇਸ਼ਨ ਵਿੱਚ ਪਹਿਲਾ ਸਥਾਨ ਸਹਸ ਬਿਸਿਆਲਾ, ਦੇ ਵਿਦਿਆਰਥਣਾਂ ਮਨੀਸ਼ਾ ਬਣਵੈਤ, ਮਨਕੀਰਤ ਕੌਰ, ਗਾਈਡ ਅਧਿਆਪਕ ਅਨੀਤਾ ਰਾਣੀ, ਦੂਸਰਾ ਸਥਾਨ ਸਮਿਸ ਚੱਕ ਫੁਲੂ ਗੁਰਸ਼ਰਨ ਸਿੰਘ ਅਤੇ ਪ੍ਰਦੀਪ ਸਿੰਘ ਗਾਈਡ ਅਧਿਆਪਕ ਚਰਨਜੀਤ ਕੌਰ, ਤੀਜਾ ਸਥਾਨ ਸਹਸ ਡਘਾਮ ਵਿਦਿਆਰਥੀ ਦਲਜੀਤ ਬੈਂਸ ਅਤੇ ਗਾਈਡ ਅਧਿਆਪਕ ਗੀਨਾ ਨੇ ਪ੍ਰਾਪਤ ਕੀਤਾ।ਇਸੇ ਤਰ੍ਹਾਂ ਇੰਡੀਅਨ ਐਥੋਸ ਵਿਸ਼ੇ ਵਿੱਚ ਪਹਿਲਾ ਸਥਾਨ ਸਰਕਾਰੀ ਹਾਈ ਸਕੂਲ ਰਾਮਪੁਰ ਬਿਲੜੋਂ ਦੀਆਂ ਵਿਦਿਆਰਥਣਾਂ ਸ਼ਿਖਾ ਠਾਕੁਰ ਅਤੇ ਨੰਦਿਨੀ ਨੇ ਗਾਈਡ ਅਧਿਆਪਕਾ ਸੀਮਾ ਕੁਮਾਰੀ ਦੀ ਅਗਵਾਈ ਹੇਠ ਪ੍ਰਾਪਤ ਕੀਤਾ।



# ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਸਬਦ ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ ਰਿਲੀਜ਼

**ਫਗਵਾੜਾ (ਜਸਵਿੰਦਰ ਢੱਡਾ)**- ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਆਈ ਬੀ ਐਸ ਰਿਕਾਰਡਜ ਕੰਪਨੀ ਦੇ ਮਾਲਕ ਸ.ਇੰਦਰਬੀਰ ਸਿੰਘ ਵਲੋਂ ਭਾਈ ਰਾਜਪਰਮਿੰਦਰ ਸਿੰਘ ਫਗਵਾੜੇ ਵਾਲਿਆ ਦਾ ਨਵਾਂ ਟਰੈਕ ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ ਸਬਦ ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ, ਜਤਿੰਦਰ ਸਿੰਘ ਖਾਲਸਾ ਉਘੇ ਸਮਾਜ ਸੇਵਕ ਅਤੇ ਪ੍ਰਧਾਨ,ਬਾਬਾ ਜ਼ੋਰਾਵਰ ਸਿੰਘ-ਬਾਬਾ ਫਤਿਹ ਸਿੰਘ ਵੈਲਫੇਅਰ ਸੁਸਾਇਟੀ (ਰਜ਼ਿ) ਫਗਵਾੜਾ, ਵਲੋਂ ਸਾਂਝੇ ਤੌਰ ਤੇ ਆਪਣੇ ਕਰ ਕਮਲਾਂ ਨਾਲ ਰਿਲੀਜ਼ ਕੀਤਾ ਗਿਆ । ਇਸ ਮੌਕੇ ਸ. ਖਾਲਸਾ ਨੇ ਕੰਪਨੀ ਦੇ ਮਾਲਕ ਇੰਦਰਬੀਰ ਸਿੰਘ ਵਲੋਂ ਭਾਈ ਰਾਜਪਰਮਿੰਦਰ ਸਿੰਘ ਫਗਵਾੜੇ ਵਾਲਿਆ ਦਾ ਨਵਾਂ ਟਰੈਕ ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ ਸਬਦ ਰਿਲੀਜ਼ ਕਰਨ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਭਾਈ ਰਾਜਪਰਮਿੰਦਰ ਸਿੰਘ ਫਗਵਾੜੇ ਵਾਲਿਆ ਨੂੰ ਪੁਰਜ਼ੋਰ ਸਬਦਾਂ ਵਿੱਚ ਵਧਾਈ ਦਿੱਤੀ ।ਇਸ ਮੌਕੇ ਖਾਲਸਾ ਨੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਭਾਈ ਰਾਜਪਰਮਿੰਦਰ ਸਿੰਘ ਨੂੰ ਤੰਦਰੁਸਤੀ ਅਤੇ ਲੰਮੀ ਉਮਰ ਬਖ਼ਸ਼ਣ ਅਤੇ ਉਹ ਇਸੇ ਤਰ੍ਹਾਂ ਸੰਗਤਾਂ ਦੀ ਗੁਰਬਾਣੀ ਕੀਰਤਨ ਰਾਹੀ ਸੇਵਾ ਕਰਦੇ ਰਹਿਣ ।ਸੰਗਤਾਂ ਨੂੰ ਇਹ ਨਵਾਂ ਟਰੈਕ ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ ਜ਼ਰੂਰ ਪਸੰਦ ਆਵੇਗਾ ।ਇਸ ਮੌਕੇ ਬੀਬੀ ਏਕਮਜੋਤ ਕੌਰ, ਬੀਬੀ ਹਰਵਿੰਦਰ ਕੌਰ, ਭਾਈ ਹਰਦੇਵ ਸਿੰਘ, ਭਾਈ ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 15ਵਾਂ ਮਹਾਨ ਕੀਰਤਨ ਦਰਬਾਰ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ (ਜ਼ਿਲ੍ਹਾ ਜਲੰਧਰ) ਵਿਖੇ ਐਨ ਆਰ ਆਈ ਵੀਰਾਂ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸਾਹ ਨਾਲ ਕਰਵਾਇਆ ਗਿਆ ਹੈ।ਆਦਮਪੁਰ ਭੋਗਪੁਰ ਮੁੱਖ ਮਾਰਗ 'ਤੇ ਸਥਿਤ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਾਮ 6 ਵਜੇ ਤੋਂ ਰਾਤ 12 ਵਜੇ ਤੱਕ ਕਰਵਾਏ ਗਏ 15 ਵੇ ਮਹਾਨ ਕੀਰਤਨ ਦਰਬਾਰ ਦੌਰਾਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਚ ਸਜਾਏ ਗਏ ਦੀਵਾਨ ਦੌਰਾਨ ਭਾਈ ਜੋਗਿੰਦਰ ਸਿੰਘ ਰਿਆੜ ਲੁਧਿਆਣੇ ਵਾਲੇ, ਭਾਈ ਜਸਵੀਰ ਸਿੰਘ ਹਜੂਰੀ ਰਾਗੀ ਜੱਥਾ, ਮੀਰੀ ਪੀਰੀ ਖਾਲਸਾ ਜੱਥਾਂ ਯਮੁਨਾ ਨਗਰ ਜਗਾਧਰੀ, ਢਾਡੀ ਜੱਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾ ਵਲੋਂ ਗੁਰਬਾਣੀ ਕੀਰਤਨ ਤੇ ਢਾਡੀ ਵਾਰਾਂ ਰਾਹੀਂ ਵੱਖ ਵੱਖ ਪਿੰਡਾਂ ਤੋਂ ਭਾਰੀ ਗਿਣਤੀ ਚ ਆਈਆਂ



ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਸਟੇਜ ਸਕੱਤਰ ਦੀ ਸੇਵਾ ਭਾਈ ਤਰਸੇਮ ਸਿੰਘ ਡੀਂਗਰੀਆਂ ਵਲੋ ਬਾਖੂਬੀ ਨਿਭਾਈ ਗਈ । ਪ੍ਰਧਾਨ ਹਰਬੰਸ ਸਿੰਘ ਨੰਬਰਦਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਉਹ ਹਰ ਸਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕੀਰਤਨ ਦਰਬਾਰ ਕਰਵਾਉਂਦੇ ਹਨ ਤੇ ਆਸ ਪਾਸ ਦੇ ਪਿੰਡਾਂ ਤੋਂ ਵੱਡੀ ਗਿਣਤੀ ਚ ਸੰਗਤਾਂ ਹਾਜ਼ਰੀ ਭਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਗੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੇ ਹਨ। ਕੀਰਤਨ ਦਰਬਾਰ ਚ ਸਹਿਯੋਗ ਕਰਨ ਵਾਲੀਆਂ ਸੰਗਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਆਈਆਂ ਸੰਗਤਾਂ 'ਚ ਗੁਰੂ ਕਾ ਅਤੁਟ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਸੰਤ ਬਾਬਾ ਜਨਕ ਸਿੰਘ ਡੇਰਾ ਸੰਤ ਬਾਬਾ ਭਾਗ ਸਿੰਘ, ਬਾਬਾ ਸਰਬਣ ਸਿੰਘ, ਹੈੱਡ ਗ੍ਰੰਥੀ ਜਸਵੀਰ ਸਿੰਘ,ਨੰਬਰਦਾਰ ਇੰਦਰਜੀਤ ਸਿੰਘ, ਸਟੇਜ਼ ਸਕੱਤਰ ਭਾਈ ਤਰਸੇਮ ਸਿੰਘ ਡੀਂਗਰੀਆਂ, ਸਾਬਕਾ ਸਰਪੰਚ ਕੇਵਲ ਸਿੰਘ, ਜਗਜੀਤ ਸਿੰਘ ਯੂ.ਐਸ.ਏ.,ਅਮਨਦੀਪ ਸਿੰਘ ਢਿੱਲੋਂ ਸਲਾਲਾ,ਸਾਧੂ ਸਿੰਘ, ਬਿੰਦਰ ਸਲਾਲਾ, ਜਗਵਿੰਦਰ ਸਿੰਘ ਸਿੱਧੂ,ਅਮਰਜੀਤ ਸਿੰਘ, ਸਮਸ਼ੇਰ ਸਿੰਘ, ਇੰਦਰਜੀਤ ਸਿੰਘ, ਸੁਰਿੰਦਰ ਸਿੰਘ, ਅਮਨਦੀਪ ਸਿੰਘ, ਰਣਜੀਤ ਸਿੰਘ, ਜਰਨੈਲ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

# ਤੀਸਰਾ ਮੀਰੀ ਪੀਰੀ ਕੱਪ 6 ਜਨਵਰੀ ਤੋਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਮੀਰੀ ਪੀਰੀ ਦੋਆਬਾ ਸਪੋਰਟਸ ਕਲੱਬ ਪੱਦੀ ਸੂਰਾ ਸਿੰਘ ਦੀ ਇੱਕ ਅਹਿਮ ਮੀਟਿੰਗ ਜਥੇਦਾਰ ਇਕਬਾਲ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਅਰਾਮਸਰ ਸਾਹਿਬ ਸਪੋਰਟਸ ਸਟੇਡੀਅਮ ਵਿਖੇ ਹੋਈ ਜਿਸ ਵਿੱਚ ਤੀਸਰਾ ਮੀਰੀ ਪੀਰੀ ਕੱਪ ਕਰਵਾਉਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਲੱਬ ਦੇ ਅਹੁਦੇਦਾਰਾਂ, ਨਗਰ ਪੰਚਾਇਤ, ਗੁਰਦੁਆਰਾ ਰਾਮਸਰ ਸਾਹਿਬ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਨੇ ਐਨ ਆਰ ਆਈ ਭਰਾਵਾਂ ਨਾਲ ਵਿਚਾਰ ਕਰਨ ਉਪਰੰਤ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਕਿ ਇਸ ਵਾਰ ਮੀਰੀ ਪੀਰੀ ਕੱਪ 6 ਜਨਵਰੀ ਤੋਂ 14 ਜਨਵਰੀ ਤੱਕ ਕਰਵਾਇਆ ਜਾਵੇਗਾ ਜਿਸ ਵਿੱਚ 12 ਕਲੱਬ ਅਤੇ 8 ਅੰਡਰ 19 ਅਕੈਡਮੀਆਂ ਭਾਗ ਲੈਣਗੀਆਂ ਕਲੱਬ ਵਰਗ ਵਿੱਚ ਚੈਂਪੀਅਨ ਟੀਮ ਨੂੰ 1 ਲੱਖ 25 ਹਜ਼ਾਰ ਤੇ ਰਨਰ ਅੱਪ ਨੂੰ 1 ਲੱਖ 1 ਹਜ਼ਾਰ ਅੰਡਰ 19 ਅਕੈਡਮੀਆਂ ਦੀ ਚੈਂਪੀਅਨ ਟੀਮ ਨੂੰ 51 ਹਜ਼ਾਰ ਤੇ ਰਨਰ ਅੱਪ ਨੂੰ 41 ਹਜ਼ਾਰ ਇਨਾਮ ਦਿੱਤਾ ਜਾਵੇਗਾ। ਇਸ ਵਾਰ ਲੜਕੀਆਂ ਦੇ ਮੈਚ ਕਰਵਾਉਣ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਉਪਰੰਤ ਜਥੇਦਾਰ ਖੇੜਾ ਨੇ ਦੱਸਿਆ ਕਿ ਸਾਡੀ ਅਗਲੀ ਮੀਟਿੰਗ 20 ਨਵੰਬਰ ਨੂੰ ਕੀਤੀ ਜਾਵੇਗੀ ਜਿਸ ਵਿੱਚ ਮੀਰੀ ਪੀਰੀ ਕੱਪ ਨੂੰ ਹੋਰ ਉਚਾਈਆਂ ਤੇ ਲੈ ਜਾਣ ਲਈ ਸਾਰਿਆਂ ਦੇ ਵਿਚਾਰ ਲਏ ਜਾਣਗੇ। ਇਸ ਮੌਕੇ ਕਲੱਬ ਪ੍ਰਧਾਨ ਮੇਜਰ ਸਿੰਘ ਸਹੋਤਾ, ਜਰਨੈਲ ਸਿੰਘ ਸਰਪੰਚ ਪੱਦੀ ਸੂਰਾ ਸਿੰਘ, ਸਰਬਜੀਤ ਸਿੰਘ ਸਹੋਤਾ, ਸੁਖਵਿੰਦਰ ਸਿੰਘ ਗਿੱਲ , ਬਾਬਾ ਹਰਜਿੰਦਰ ਸਿੰਘ ਖ਼ਾਲਸਾ, ਲਖਵੀਰ ਸਿੰਘ ਰਾਣਾ ਡਾਨਸੀਵਾਲ, ਇੰਦਰਜੀਤ ਸਿੰਘ ਸਲੇਮਪੁਰ, ਜਸਕੀਰਤ ਸਿੰਘ ਖਟਕੜ, ਸੰਦੀਪ ਸਿੰਘ ਸੋਨਾ ਪੋਸੀ , ਸਰਪੰਚ ਕੁਲਵੀਰ ਸਿੰਘ ਡਾਨਸੀਵਾਲ, ਅਸ਼ਵਨੀ ਪਦਰਾਣਾ , ਫੌਜੀ ਰਤਨ ਸਿੰਘ, ਪੰਚ ਅਮਰੀਕ ਸਿੰਘ, ਪੰਚ ਰਾਜਵਿੰਦਰ ਸਿੰਘ, ਸੁਰਜੀਤ ਸਿੰਘ ਪੂਨੀਆਂ, ਜਗਮੋਹਨ ਸਿੰਘ ਜੱਗੀ ਹਵੇਲੀ , ਰਵਿੰਦਰਪਾਲ ਸਿੰਘ ਰਾਏ , ਕੇਵਲ ਸਿੰਘ ਖ਼ਾਲਸਾ ਵੈਟਰਨ ਐਥਲੀਟ, ਮਨਵੀਰ ਸਿੰਘ , ਇਕਬਾਲ ਸਿੰਘ ਲੰਬੜਦਾਰ, ਇਕਬਾਲ ਸਿੰਘ ਸਾਂਗਰਾ , ਸੁਰਿੰਦਰ ਸਿੰਘ ਛਿੰਦਾ , ਰਛਪਾਲ ਸਿੰਘ ਪਾਲੀ , ਹਰਵਿੰਦਰ ਸਿੰਘ ਪੂਨੀਆਂ ਚਰਨ ਦਾਸ ਪੰਚ ਆਦਿ ਹਾਜ਼ਰ ਸਨ।



# ਭਗਵੰਤ ਮਾਨ ਸਰਕਾਰ ਮੁਲਾਜ਼ਮ ਭਲਾਈ ਲਈ ਵਚਨਬੱਧ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁਲਾਜ਼ਮ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 6 ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ। ਇਨ੍ਹਾਂ ਮੀਟਿੰਗਾਂ ਦੌਰਾਨ ਮੁਲਾਜ਼ਮਾਂ ਦੀਆਂ ਲੰਬਿਤ ਮੰਗਾਂ ਅਤੇ ਉਨ੍ਹਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰਤ ਚਰਚਾ ਕੀਤੀ ਗਈ, ਜਿਸ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਪ੍ਰਸ਼ਾਸਕੀ ਵਿਭਾਗਾਂ ਨੂੰ ਸਾਰੀਆਂ ਜਾਇਜ਼ ਮੰਗਾਂ ਦੀ ਬਾਰੀਕੀ ਨਾਲ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਯੂਨੀਅਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਭਗਵੰਤ ਮਾਨ ਸਰਕਾਰ ਮੁਲਾਜ਼ਮਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੇ ਮਸਲਿਆਂ ਨੂੰ ਸੁਲਝਾਉਣ ਲਈ ਸੁਹਿਰਦ ਯਤਨ ਕਰ ਰਹੀ ਹੈ। ਇਸ ਵਿਚਾਰ-ਵਟਾਂਦਰੇ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਪ੍ਰਸ਼ਾਸਕੀ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਸਾਰੀਆਂ ਜਾਇਜ਼ ਮੰਗਾਂ ਦੀ ਗੰਭੀਰਤਾ ਨਾਲ ਪੜਤਾਲ ਕਰਨ ਅਤੇ ਉਨ੍ਹਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨਾ ਯਕੀਨੀ ਬਣਾਉਣ। ਮੁਲਾਜ਼ਮ ਭਲਾਈ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ, 'ਸੂਬਾ ਸਰਕਾਰ ਤੁਹਾਡੇ ਮਸਲਿਆਂ ਦੇ ਹੱਲ ਲਈ ਪਹਿਲਾਂ ਹੀ ਹਮਦਰਦੀ ਅਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।' ਵਿੱਤ ਮੰਤਰੀ ਨੇ ਐਸੋਸੀਏਟ ਪ੍ਰੀ-ਪ੍ਰਾਇਮਰੀ ਅਧਿਆਪਕ ਯੂਨੀਅਨ ਪੰਜਾਬ, ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਅਤੇ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੇ ਵਫ਼ਦਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਮੰਗ ਪੱਤਰ ਹਾਸਲ ਕੀਤੇ।



# ਟਿਕਟ ਮਿਲਣ 'ਤੇ ਡਾ. ਇਸ਼ਾਂਕ ਕੁਮਾਰ ਨੇ ਸ਼ੁਕਰਾਨਾ ਯਾਤਰਾ ਕੱਢੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਨੂੰ ਆਮ ਆਦਮੀ ਪਾਰਟੀ ਵਲੋਂ 2027 ਦੀਆਂ ਵਿਧਾਨ ਸਭ ਚੋਣਾਂ ਲਈ ਮੁੜ ਆਪਣਾ



ਉਮੀਦਵਾਰ ਘੋਸ਼ਿਤ ਕੀਤੇ ਜਾਣ 'ਤੇ ਉਹਨਾਂ ਵਲੋਂ ਕੋਟ ਫਤੂਹੀ ਬਾਜ਼ਾਰ ਵਿੱਚ ਸ਼ੁਕਰਾਨਾ ਯਾਤਰਾ ਕੱਢੀ ਗਈ । ਇਸ ਪੈਦਲ ਮਾਰਚ ਨੂੰ ਭਰਵਾਂ ਜਨ ਸਮਰਥਨ ਠਾਠਾਂ ਮਾਰਦੇ ਇਕੱਠ ਦੇ ਰੂਪ ਵਿਚ ਮਿਲਿਆ । ਬਾਜ਼ਾਰ ਵਿੱਚ ਇਕੱਠੇ ਹੋਏ ਲੋਕਾਂ ਦੇ ਉਤਸ਼ਾਹ ਅਤੇ ਸਮਰਥਨ ਨੇ ਡਾ. ਇਸ਼ਾਂਕ ਕੁਮਾਰ ਪ੍ਰਤੀ ਲੋਕਾਂ ਦੇ ਭਰੋਸੇ ਅਤੇ ਪਿਆਰ ਨੂੰ ਦਰਸਾਇਆ। ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਆਮ ਆਦਮੀ ਪਾਰਟੀ ਦੀ ਹਾਈਕਮਾਨ ਵੱਲੋਂ ਚੱਬੇਵਾਲ ਤੋਂ ਮੁੜ ਉਮੀਦਵਾਰ ਬਣਾਏ ਜਾਣ 'ਤੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਨਿਮਰਤਾ ਅਤੇ ਲੋਕਾਂ ਦੀ ਸੇਵਾ ਲਈ ਨਵੇਂ ਜੋਸ਼ ਤੇ ਸਮਰਪਣ ਨਾਲ ਸਵੀਕਾਰ ਕਰਦੇ ਹਨ। ਉਨ੍ਹਾਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਪਾਰਟੀ ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਸਮੁੱਚੀ ਲੀਡਰਸ਼ਿਪ ਦਾ ਉਨ੍ਹਾਂ ਵਿੱਚ ਮੁੜ ਭਰੋਸਾ ਜਤਾਉਣ ਲਈ ਧੰਨਵਾਦ ਕੀਤਾ। ਡਾ ਇਸ਼ਾਂਕ ਨੇ ਆਪਣੇ ਹਲਕਾ ਵਾਸੀਆਂ, ਆਪਣੀ ਟੀਮ ਦੇ ਮੈਂਬਰਾਂ ਅਤੇ ਸਮਰਥਕਾਂ ਦਾ ਵੀ ਧੰਨਵਾਦ ਕੀਤਾ, ਜੋ ਹਰ ਸਮੇਂ ਉਨ੍ਹਾਂ ਦੇ ਨਾਲ ਖੜ੍ਹੇ ਰਹੇ ਹਨ। ਉਹਨਾਂ ਕਿਹਾ ਕਿ ਇਹ ਮੇਰਾ ਹਲਕਾ ਰੂਪੀ ਪਰਿਵਾਰ ਹੈ ਜਿਸ ਨੇ ਮੈਨੂੰ ਹਮੇਸ਼ਾ ਬਹੁਤ ਪਿਆਰ ਅਤੇ ਵਿਸ਼ਵਾਸ ਦਿੱਤਾ ਹੈ ਅਤੇ ਇਹਨਾਂ ਸਾਰਿਆਂ ਦਾ ਸਾਥ-ਸਮਰਥਨ ਹੀ ਹਮੇਸ਼ਾ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਰਿਹਾ ਹੈ । ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਬੰਧੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀ ਕਚਹਿਰੀ ਵਿੱਚ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਦਾ ਰਿਪੋਰਟ ਕਾਰਡ ਲੈ ਕੇ ਜਾਣਗੇ।

ਇਸ ਸ਼ੁਕਰਾਨਾਂ ਯਾਤਰਾ ਵਿਚ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੀ ਖਾਸ ਤੌਰ 'ਤੇ ਸ਼ਾਮਿਲ ਹੋਏ ਅਤੇ ਉਹਨਾਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ, ਤੁਸੀਂ ਪਹਿਲਾਂ ਆਪਣੀ ਸੇਵਾ ਕਰਨ ਦਾ ਮੌਕਾ ਮੈਨੂੰ ਦਿੱਤਾ ਅਤੇ ਉਸ ਤੋਂ ਬਾਅਦ ਡਾ. ਇਸ਼ਾਂਕ ਕੁਮਾਰ ਨੂੰ ਹਲਕੇ ਦੀ ਨੁਮਾਇੰਦਗੀ ਅਤੇ ਸੇਵਾ ਕਰਨ ਦੀ ਜ਼ਿੰਮੇਵਾਰੀ ਸੌਂਪੀ, ਜਿਸ ਲਈ ਅਸੀਂ ਹਮੇਸ਼ਾ ਧੰਨਵਾਦੀ ਹਾਂ ਅਤੇ ਅਸੀਂ ਵੀ ਹਲਕੇ ਦੀ ਸੇਵਾ ਨਿਭਾਉਣ ਲਈ ਤਨਦੇਹੀ ਨਾਲ ਕੰਮ ਕੀਤਾ ਹੈ ।

# ਏਸ਼ੀਅਨ ਹਾਕੀ ਚੈਂਪੀਅਨਜ਼ ਮੁਕਾਬਲਿਆਂ ਨੂੰ ਦਿੱਤੀ ਯਾਦਗਾਰੀ ਵਿਦਾਇਗੀ

ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)- ਜਲੰਧਰ ਦੇ ਬਰਲਟਨ ਪਾਰਕ ਸਥਿਤ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿਖੇ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਦੇ ਆਖਰੀ ਮੈਚ ਦੌਰਾਨ ਪ੍ਰਸ਼ੰਸਕਾਂ ਦਾ ਭਾਰੀ ਇਕੱਠ ਦੇਖਣ



ਨੂੰ ਮਿਲਿਆ। ਇੱਥੇ ਖੇਡੇ ਗਏ ਮੁਕਾਬਲਿਆਂ ਨੂੰ ਯਾਦਗਾਰੀ ਵਿਦਾਇਗੀ ਦੇਣ ਲਈ ਸਥਾਨਕ ਵਸਨੀਕਾਂ ਅਤੇ ਹਾਕੀ ਪ੍ਰੇਮੀਆਂ ਨੇ ਰਿਕਾਰਡ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਖੇਡ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਗਏ ਸੁਚਾਰੂ ਪ੍ਰਬੰਧਾਂ ਅਤੇ ਦਰਸ਼ਕਾਂ ਲਈ ਵਿਆਪਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਾਜ਼ਰ ਲੋਕਾਂ ਨੇ ਭਰਪੂਰ ਸ਼ਲਾਘਾ ਕੀਤੀ।

ਇਥੋਂ ਨੇੜਲੇ ਗਾਂਧੀ ਕੈਂਪ ਦੇ ਵਸਨੀਕ ਸੌਰਵ, ਜਿਨ੍ਹਾਂ ਨੇ ਟੂਰਨਾਮੈਂਟ ਦੌਰਾਨ ਕਈ ਮੈਚ ਦੇਖੇ, ਨੇ ਸੂਬਾ ਸਰਕਾਰ ਦੀ ਯੋਜਨਾਬੰਦੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਟੇਡੀਅਮ ਦੇ ਐਂਟਰੀ ਗੇਟਾਂ ਤੋਂ ਲੈ ਕੇ ਬਾਹਰ ਜਾਣ ਦੇ ਰਸਤਿਆਂ ਤੱਕ ਹਰ ਪ੍ਰਬੰਧ ਬੇਹੱਦ ਸੁਚਾਰੂ ਸੀ। ਉੱਥੇ ਮੌਜੂਦ ਇੱਕ ਹੋਰ ਸਥਾਨਕ ਵਿਅਕਤੀ ਸਾਹਿਲ ਕੁਮਾਰ ਨੇ ਕਿਹਾ ਕਿ ਪਾਰਕਿੰਗ ਲਈ ਤੈਅ ਜਗ੍ਹਾ, ਸੁਚੱਜੀਆਂ ਜਨਤਕ ਸਹੂਲਤਾਂ ਅਤੇ ਖਾਣ-ਪੀਣ ਲਈ ਸਥਾਪਤ ਫੂਡ ਕੋਰਟ ਸਦਕਾ ਦਰਸ਼ਕਾਂ ਲਈ ਮਾਹੌਲ ਬੇਹੱਦ ਸੁਖਾਵਾਂ ਅਤੇ ਸੁਵਿਧਾਜਨਕ ਰਿਹਾ। ਦਰਸ਼ਕਾਂ ਦੇ ਅਨੁਭਵ ਨੂੰ ਹੋਰ ਬਿਹਤਰ ਬਣਾਉਣ ਲਈ ਸਟੇਡੀਅਮ ਦੇ ਆਲੇ-ਦੁਆਲੇ ਵੱਖ-ਵੱਖ ਥਾਈਂ ਵੱਡੀਆਂ ਐਲ ਈ ਡੀ ਸਕਰੀਨਾਂ ਵੀ ਲਗਾਈਆਂ ਗਈਆਂ ਸਨ, ਜਿਸ ਸਦਕਾ ਸਟੇਡੀਅਮ ਤੋਂ ਬਾਹਰ ਮੌਜੂਦ ਹਜ਼ਾਰਾਂ ਲੋਕਾਂ ਨੂੰ ਲਾਈਵ ਮੁਕਾਬਲੇ ਦੇਖਣ ਦਾ ਮੌਕਾ ਮਿਲਿਆ। ਬਸਤੀ ਬਾਵਾ ਖੇਲ ਦੇ ਬਲਜੀਤ ਸਿੰਘ ਨੇ ਕਿਹਾ ਕਿ ਉੱਚ-ਗੁਣਵੱਤਾ ਵਾਲੇ ਕਿਫਾਇਤੀ ਭੋਜਨ ਪਦਾਰਥਾਂ ਦੇ ਨਾਲ-ਨਾਲ ਐਲ.ਈ.ਡੀ. ਸਕਰੀਨਾਂ 'ਤੇ ਲਾਈਵ ਮੈਚ ਨੇ ਸਮੁੱਚੇ ਮਾਹੌਲ ਨੂੰ ਹੋਰ ਵੀ ਸ਼ਾਨਦਾਰ ਬਣਾ ਦਿੱਤਾ।

ਜਲੰਧਰ ਵਿੱਚ ਮੁਕਾਬਲਿਆਂ ਦੀ ਸਮਾਪਤੀ 'ਤੇ ਉਤਸ਼ਾਹ ਨਾਲ ਭਰੇ ਦਰਸ਼ਕਾਂ ਨੇ ਆਸ ਪ੍ਰਗਟ ਕੀਤੀ ਕਿ ਇਸ ਵੱਕਾਰੀ ਚੈਂਪੀਅਨਸ਼ਿਪ ਦੀ ਸਫ਼ਲ ਮੇਜ਼ਬਾਨੀ ਨਾਲ ਜਲੰਧਰ ਵਿੱਚ ਹੋਰ ਵੀ ਅੰਤਰਰਾਸ਼ਟਰੀ ਖੇਡ ਸਮਾਗਮਾਂ ਲਈ ਰਾਹ ਪੱਧਰਾ ਹੋਵੇਗਾ।

# ਐੱਸ ਕੇ ਐੱਮ ਦੀਆਂ ਕਿਸਾਨ ਜਥੇਬੰਦੀਆਂ ਨੇ ਡਿਪਟੀ ਰਜਿਸਟਰਾਰ ਨੂੰ ਦਿੱਤਾ ਮੰਗ ਪੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸੰਯੁਕਤ ਕਿਸਾਨ ਮੋਰਚੇ ਦੀਆਂ ਪੰਜਾਬ ਦੀਆਂ ਹੁਸ਼ਿਆਰਪੁਰ ਜਿਲੇ ਵਿੱਚ ਕੰਮ ਕਰਦੀਆਂ ਸਮੂਹ ਕਿਸਾਨ ਜਥੇਬੰਦੀਆਂ ਨੇ ਡਿਪਟੀ ਰਜਿਸਟਰਾਰ ਦੇ ਦਫਤਰ ਰੋਸ ਪ੍ਰਦਰਸ਼ਨ ਕਰਦੇ ਹੋਏ



ਸੀਮਾ ਰਾਣੀ ਡਿਪਟੀ ਰਜਿਸਟਰਾਰ ਹੁਸ਼ਿਆਰਪੁਰ ਨਾਲ ਮੀਟਿੰਗ ਕੀਤੀ ਅਤੇ ਮੰਗ ਪੱਤਰ ਵਿੱਚ ਸ਼ਾਮਿਲ ਮੰਗਾਂ ਤੇ ਵਿਚਾਰ ਚਰਚਾ ਹੋਈ। ਉਹਨਾਂ ਜਥੇਬੰਦੀ ਦੇ ਮੰਦ ਪੱਤਰ ਦੀ ਪਹਿਲੀ ਮੰਗ ਦੇ ਸਬੰਧ ਵਿੱਚ ਦੱਸਿਆ ਕਿ ਹੁਣ ਦੋ ਲੱਖ ਤੋਂ ਵੱਧ ਕਰਜ਼ਾ ਲੈਣ ਵਾਲੇ ਕਿਸਾਨ ਦੀ ਜਮੀਨ ਗਹਿਣੇ ਨਹੀਂ ਲਈ ਜਾਵੇਗੀ, ਹਿੱਸੇਦਾਰੀ ਦੇ ਸਬੰਧ ਵਿੱਚ ਦੱਸਿਆ ਕਿ ਜੇਕਰ ਹਿੱਸੇਦਾਰੀ ਵਧਾਈ ਗਈ ਹੈ ਤਾਂ ਉਸ ਮੁਤਾਬਕ ਕਰਜੇ ਦੀ ਹੱਦ ਵੀ ਵਧਾਈ ਗਈ ਹੈ। ਬਾਕੀ ਮੰਗਾਂ ਨਾਲ ਵੀ ਸਹਿਮਤ ਹੁੰਦੇ ਹੋਏ ਪੂਰਨ ਰੂਪ ਵਿੱਚ ਕਿਸਾਨ ਜਥੇਬੰਦੀਆਂ ਦੇ ਮੰਗ ਪੱਤਰ ਨੂੰ ਸਰਕਾਰ ਨੂੰ ਭੇਜਣ ਦਾ ਵਿਸ਼ਵਾਸ ਦਿੱਤਾ। ਇਸ ਮੰਗ ਪੱਤਰ ਤੋਂ ਇਲਾਵਾ ਜਿਹੜੀਆਂ ਸੁਸਾਇਟੀਆਂ ਬੰਦ ਹੋ ਗਈਆਂ ਹਨ ਤਾਂ ਕਿਸਾਨਾਂ ਨੂੰ ਸੁਸਾਇਟੀਆਂ ਤੋਂ ਖਾਦ ਅਤੇ ਹੋਰ ਸਹੂਲਤਾਂ ਨਹੀਂ ਮਿਲਦੀਆਂ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਤੁਸੀਂ ਲੋਕਲ ਸਮੱਸਿਆਵਾਂ ਦੀ ਅਰਜੀ ਬਣਾ ਕੇ ਲਿਆਓ ਤਾਂ ਅਸੀਂ ਇਸ ਦੇ ਵਿਚਾਰ ਕਰਕੇ ਸਮੱਸਿਆਵਾਂ ਦਾ ਹੱਲ ਕੱਢਣ ਦਾ ਯਤਨ ਕਰਾਂਗੇ। ਇਹ ਮੀਟਿੰਗ ਖੁਸ਼ਗਵਾਰ ਮਾਹੌਲ ਵਿੱਚ ਹੋਈ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ, ਕਿਸਾਨ ਯੂਨੀਅਨ ਦੁਆਬਾ, ਕੁਲ ਹਿੰਦ ਕਿਸਾਨ ਸਭਾ ਦੇ ਸਾਥੀ ਜਗਤਾਰ ਸਿੰਘ ਭਿੰਡਰ, ਦਵਿੰਦਰ ਸਿੰਘ ਕੱਕੋਂ, ਭੁਪਿੰਦਰ ਸਿੰਘ ਭੂੰਗਾ, ਹਰਮੀਤ ਸਿੰਘ ਢੇਸੀ, ਹਰਮੇਸ਼ ਸਿੰਘ ਢੇਸੀ, ਤੀਰਥ ਸਿੰਘ ਸਤੌਰ, ਸੁਖਦੇਵ ਸਿੰਘ ਢਿੱਲੋਂ, ਬਲਵਿੰਦਰ ਸਿੰਘ ਸੋਢੀ, ਜੰਗ ਬਹਾਦਰ ਸਿੰਘ, ਮਨਜੀਤ ਸਿੰਘ ਬਾਜਵਾ, ਮਲਕੀਤ ਸਿੰਘ ਬਾਹੋਵਾਲ, ਕੁਲਵਿੰਦਰ ਚਾਹਲ, ਸੰਤੋਸ਼ ਕੁਮਾਰ ਐਸ ਡੀ ਓ, ਬਲਬੀਰ ਸਿੰਘ ਸੈਣੀ ਅਤੇ ਹੋਰ ਹਾਜ਼ਰ ਸਨ।

## ਲਾਡੀ ਰਾਣਾ ਨੇ ਸੰਤੋਸ਼ ਕਟਾਰੀਆ ਨੂੰ ਦੂਜੀ ਵਾਰ ਟਿਕਟ ਮਿਲਣ 'ਤੇ ਦਿੱਤੀ ਮੁਬਾਰਕਬਾਦ

ਬਲਾਚੌਰ (ਜਸਵਿੰਦਰ ਬੈਂਸ)- ਵਿਧਾਨ ਸਭਾ ਹਲਕਾ ਬਲਾਚੌਰ ਤੋਂ ਆਮ ਆਦਮੀ ਪਾਰਟੀ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਦੂਜੀ ਵਾਰ ਪਾਰਟੀ ਦੀ ਟਿਕਟ ਦਿੱਤੇ ਜਾਣ 'ਤੇ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸੇ ਸਬੰਧ ਵਿੱਚ ਨਗਰ ਕੌਂਸਲ ਬਲਾਚੌਰ ਦੇ ਪ੍ਰਧਾਨ ਲਾਡੀ ਰਾਣਾ ਨੇ ਸੰਤੋਸ਼ ਕਟਾਰੀਆ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਉਨ੍ਹਾਂ ਨੂੰ ਦੂਜੀ ਵਾਰ ਪਾਰਟੀ ਦੀ ਟਿਕਟ ਮਿਲਣ 'ਤੇ ਵਧਾਈ ਦਿੱਤੀ ਅਤੇ ਆਪਣੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।



ਇਸ ਮੌਕੇ ਲਾਡੀ ਰਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਸੰਤੋਸ਼ ਕਟਾਰੀਆ 'ਤੇ ਮੁੜ ਭਰੋਸਾ ਪ੍ਰਗਟਾਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਸੰਤੋਸ਼ ਕਟਾਰੀਆ ਨੂੰ ਮੁੜ ਬਲਾਚੌਰ ਹਲਕੇ ਦੀ ਨੁਮਾਇੰਦਗੀ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੰਤੋਸ਼ ਕਟਾਰੀਆ ਨੂੰ ਦੂਜੀ ਵਾਰ ਟਿਕਟ ਮਿਲਣ ਨਾਲ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸੰਤੋਸ਼ ਕਟਾਰੀਆ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਉਮੀਦਾਂ ਅਨੁਸਾਰ ਆਪਣੀ ਜ਼ਿੰਮੇਵਾਰੀ ਨਿਭਾਉਣਗੇ ਅਤੇ ਹਲਕੇ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਰਹਿਣਗੇ। ਲਾਡੀ ਰਾਣਾ ਨੇ ਸੰਤੋਸ਼ ਕਟਾਰੀਆ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਆਉਣ ਵਾਲਾ ਸਮਾਂ ਉਨ੍ਹਾਂ ਲਈ ਚੰਗਾ ਰਹੇ ਅਤੇ ਉਹ ਮੁੜ ਚੋਣ ਜਿੱਤ ਕੇ ਬਲਾਚੌਰ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਪ੍ਰਾਪਤ ਕਰਨ। ਇਸ ਮੌਕੇ ਸੰਤੋਸ਼ ਕਟਾਰੀਆ ਨੇ ਵੀ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਭਰੋਸੇ ਲਈ ਧੰਨਵਾਦ ਕੀਤਾ।

# ਵਿਸ਼ੇਸ਼ ਬੱਚਿਆਂ ਦੀ ਪ੍ਰਤਿਭਾ ਦੇਖ ਕੇ ਪ੍ਰਭਾਵਿਤ ਹੋਏ ਸੰਜੀਵ ਅਰੋੜਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਵਿਸ਼ੇਸ਼ ਬੱਚਿਆਂ ਦੀ ਪ੍ਰਤਿਭਾ, ਆਤਮ-ਵਿਸ਼ਵਾਸ ਅਤੇ ਹੌਸਲੇ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਰਵਾਏ ਗਏ ਵਿਸ਼ੇਸ਼ ਖੇਡ ਮੁਕਾਬਲੇ ਭਾਗ-2 ਵਿੱਚ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਉੱਘੇ ਸਮਾਜ ਸੇਵਕ ਸੰਜੀਵ ਅਰੋੜਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਪਹੁੰਚਣ 'ਤੇ ਵਿਸ਼ੇਸ਼ ਬੱਚਿਆਂ ਅਤੇ ਸਕੂਲ ਦੇ ਸਟਾਫ਼ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸੰਜੀਵ ਅਰੋੜਾ ਦਾ ਨਿੱਘਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਵਿਸ਼ੇਸ਼ ਬੱਚਿਆਂ ਨੇ ਵੱਖ-ਵੱਖ ਖੇਡਾਂ ਅਤੇ ਹੋਰ ਮੁਕਾਬਲਿਆਂ ਵਿੱਚ ਪੂਰੇ ਉਤਸ਼ਾਹ, ਆਤਮ-ਵਿਸ਼ਵਾਸ ਅਤੇ ਸ਼ਾਨਦਾਰ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਪ੍ਰਾਪਤੀਆਂ ਨੂੰ ਦੇਖਦਿਆਂ ਉਨ੍ਹਾਂ ਨੂੰ ਮੈਡਲ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਜੀਵ ਅਰੋੜਾ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਇਨ੍ਹਾਂ ਬੱਚਿਆਂ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ। ਲੋੜ ਸਿਰਫ਼ ਇਨ੍ਹਾਂ ਨੂੰ ਢੁੱਕਵੇਂ ਮੌਕੇ, ਸਹੀ ਮਾਰਗਦਰਸ਼ਨ, ਉਤਸ਼ਾਹ ਅਤੇ ਸਹਿਯੋਗ ਦੇਣ ਦੀ ਹੈ। ਸੰਜੀਵ ਅਰੋੜਾ ਨੇ ਬੱਚਿਆਂ ਦੇ ਮਾਪਿਆਂ ਨੂੰ ਭਰੋਸਾ ਦਿਵਾਇਆ ਕਿ ਜੇਕਰ ਇਨ੍ਹਾਂ ਬੱਚਿਆਂ ਦੀ ਸਿੱਖਿਆ, ਖੇਡਾਂ, ਸਿਖਲਾਈ ਜਾਂ ਕਿਸੇ ਹੋਰ ਲੋੜ ਲਈ ਭਾਰਤ ਵਿਕਾਸ ਪਰਿਸ਼ਦ ਦੇ ਸਹਿਯੋਗ ਦੀ ਜ਼ਰੂਰਤ ਹੋਵੇਗੀ ਤਾਂ ਪਰਿਸ਼ਦ ਵੱਲੋਂ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੱਚਿਆਂ ਨੇ ਜਿਸ ਸ਼ਾਨਦਾਰ ਢੰਗ ਨਾਲ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ ਹੈ, ਉਸ ਨੂੰ ਦੇਖ ਕੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਇਹ ਬੱਚੇ ਭਵਿੱਖ ਵਿੱਚ ਨਾ ਸਿਰਫ਼ ਰਾਸ਼ਟਰੀ, ਸਗੋਂ ਅੰਤਰਰਾਸ਼ਟਰੀ ਪੱਧਰ 'ਤੇ ਵੀ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਣਗੇ ਅਤੇ ਆਪਣੇ ਮਾਪਿਆਂ, ਸਕੂਲ ਤੇ ਸ਼ਹਿਰ ਦਾ ਨਾਮ ਰੌਸ਼ਨ ਕਰਨਗੇ।

ਉਨ੍ਹਾਂ ਨੇ ਸਾਰੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਅਤੇ ਸਹਿਯੋਗ ਹਮੇਸ਼ਾ ਇਨ੍ਹਾਂ ਬੱਚਿਆਂ ਦੇ ਨਾਲ ਰਹੇਗਾ।

ਇਸ ਮੌਕੇ ਜਗਜੀਤ ਸਿੰਘ ਡੀ.ਐੱਸ.ਓ., ਜ਼ਿਲ੍ਹਾ ਕੋਆਰਡੀਨੇਟਰ ਅੰਜੂ ਸੈਣੀ, ਮਾਸਟਰ ਰਮਨ ਕੁਮਾਰ ਐਰੀ, ਮਾਸਟਰ ਮੁਕੇਸ਼ ਕੁਮਾਰ, ਪੂਨਮ ਰਾਜਪੂਤ, ਹਰਮੀਤ ਕੌਰ, ਹਰਪ੍ਰੀਤ ਕੌਰ, ਓਂਕਾਰ ਸਿੰਘ, ਮਾਸਟਰ ਸਰਬਜੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵੱਲੋਂ ਲੰਬਿਤ ਮਾਮਲਿਆਂ ਦੀ ਸਮੀਖਿਆ

ਮੁਹਾਲੀ (ਗੁਰਜੀਤ ਬਿੱਲਾ)- ਜ਼ਿਲ੍ਹੇ ਦੇ ਵਪਾਰੀਆਂ ਅਤੇ ਕਾਰੋਬਾਰੀਆਂ ਨੂੰ ਆਪਣੇ ਕਾਰੋਬਾਰ ਦੌਰਾਨ ਪੇਸ਼ ਆ ਰਹੀਆਂ ਸਮੱਸਿਆਵਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਵੱਲੋਂ ਸਹਾਇਕ ਕਮਿਸ਼ਨਰ (ਜਨਰਲ) ਡਾ. ਅੰਕਿਤਾ ਕਾਂਸਲ ਦੀ ਮੌਜੂਦਗੀ ਵਿੱਚ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ।



ਇਸ ਮੌਕੇ ਗਮਾਡਾ, ਸਥਾਨਕ ਸਰਕਾਰਾਂ ਵਿਭਾਗ ਅਤੇ ਬਿਜਲੀ ਵਿਭਾਗ ਦੇ ਅਧਿਕਾਰੀਆਂ ਨਾਲ ਵਪਾਰੀਆਂ ਅਤੇ ਕਾਰੋਬਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਗੱਲਬਾਤ ਕੀਤੀ ਗਈ। ਵਿਚਾਰ-ਵਟਾਂਦਰੇ ਦੌਰਾਨ ਕਾਰੋਬਾਰੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਕਰਨ ਸਬੰਧੀ ਚਰਚਾ ਕੀਤੀ ਗਈ। ਅੰਕਿਤਾ ਕਾਂਸਲ ਨੇ ਕਿਹਾ ਕਿ ਵਪਾਰੀ ਅਤੇ ਕਾਰੋਬਾਰੀ ਵਰਗ ਜ਼ਿਲ੍ਹੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਲਈ ਉਨ੍ਹਾਂ ਨੂੰ ਆਪਣੇ ਕਾਰੋਬਾਰ ਚਲਾਉਣ ਸਮੇਂ ਆਉਣ ਵਾਲੀਆਂ ਮੁਸ਼ਕਲਾਂ ਦਾ ਸਮੇਂ ਸਿਰ ਹੱਲ ਕਰਨਾ ਜ਼ਰੂਰੀ ਹੈ। ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਪਾਰੀਆਂ ਵੱਲੋਂ ਉਠਾਏ ਜਾਂਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਨ ਅਤੇ ਨਿਯਮਾਂ ਅਨੁਸਾਰ ਉਨ੍ਹਾਂ ਦੇ ਢੁੱਕਵੇਂ ਹੱਲ ਲਈ ਯਤਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵੱਖ-ਵੱਖ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਨਾਲ ਵਪਾਰੀਆਂ ਨੂੰ ਪੇਸ਼ ਆਉਣ ਵਾਲੀਆਂ ਪ੍ਰਸ਼ਾਸਨਿਕ ਅਤੇ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਵਿੱਚ ਮਦਦ ਮਿਲੇਗੀ। ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਅਤੇ ਕਾਰੋਬਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ਅਤੇ ਇਸ ਸਬੰਧੀ ਸਬੰਧਤ ਵਿਭਾਗਾਂ ਨਾਲ ਲਗਾਤਾਰ ਤਾਲਮੇਲ ਰੱਖਿਆ ਜਾਵੇਗਾ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਨ, ਮੋਹਾਲੀ ਦੇ ਹਲਕਾ ਚੇਅਰਮੈਨ ਅਕਵਿੰਦਰ ਸਿੰਘ ਗੋਸਲ ਅਤੇ ਹੋਰ ਵਪਾਰੀ ਨੁਮਾਇੰਦੇ ਵੀ ਹਾਜ਼ਰ ਸਨ।

## ਨਸ਼ੇ ਨਾਲ ਦੋ ਸਕੇ ਭਰਾਵਾਂ ਸਮੇਤ 3 ਦੀ ਮੌਤ

ਜਲੰਧਰ (ਸੁਰਿੰਦਰ ਕੁਮਾਰ)- ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦਾ ਵਧਦਾ ਪ੍ਰਕੋਪ ਬੇਹੱਦ ਚਿੰਤਾਜਨਕ ਅਤੇ ਦਰਦਨਾਕ ਸਥਿਤੀ ਪੈਦਾ ਕਰ ਰਿਹਾ ਹੈ। ਨਸ਼ੇ ਦੀ ਲਤ ਕਾਰਨ ਪੱਟੀ ਸ਼ਹਿਰ ਦੇ ਦੋ ਸਕੇ ਭਰਾਵਾਂ ਕੁਲਦੀਪ ਸਿੰਘ ਤੇ ਸੋਨਾ ਸਿੰਘ ਅਤੇ ਕਸਬਾ ਧਾਰੀਵਾਲ ਦੇ ਪੰਕਜ ਕੁਮਾਰ ਦੀ ਮੌਤ ਹੋ ਗਈ। ਵਿਜੇ ਸਾਂਪਲਾ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਬਚਾਉਣਾ ਸਿਆਸਤ ਨਹੀਂ, ਸਗੋਂ ਹਰ ਸਰਕਾਰ ਦੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਹੈ । ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਹੈ ਕਿ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਨ 'ਤੇ 31 ਦਸੰਬਰ 2029 ਤੱਕ ਪੰਜਾਬ ਸਮੇਤ ਪੂਰੇ ਦੇਸ਼ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ।

## ਸੁੰਦਰ ਸ਼ਾਮ ਅਰੋੜਾ ਦੇ ਘਰ ਈ ਡੀ ਦੀ ਰੇਡ ਗ਼ੈਰ ਸੰਵਿਧਾਨਿਕ ਕਾਰਵਾਈ : ਰਣਜੀਤ ਕੁਮਾਰ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਹੁਸ਼ਿਆਰਪੁਰ ਦੇ ਹਲਕਾ ਚੱਬੇਵਾਲ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਰਣਜੀਤ ਕੁਮਾਰ ਨੇ ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ ਦੇ ਘਰ ਹੋਈ ਈ ਡੀ ਦੀ ਰੇਡ 'ਤੇ ਸੰਬੰਧੀ ਮੋਦੀ ਸਰਕਾਰ 'ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਕਾਂਗਰਸ ਦੇ ਸੀਨੀਅਰ ਸੁੰਦਰ ਸ਼ਾਮ ਅਰੋੜਾ ਨੂੰ ਡਰਾਉਣ ਅਤੇ ਦਬਾਅ ਪਾਉਣ ਵਾਸਤੇ ਈ ਡੀ ਦਾ ਨਾਜਾਇਜ ਇਸਤੇਮਾਲ ਕੀਤਾ ਜਾ ਰਿਹਾ ਹੈ।ਰਾਹੁਲ ਗਾਂਧੀ ਦੀ ਅਗੁਵਾਈ ਵਿੱਚ ਰਾਮਲੀਲਾ ਮੈਦਾਨ ਦਿੱਲੀ ਹੋਈ ਕਾਮਯਾਬ ਮਹਾਰੈਲੀ ਤੋਂ ਡਰੀ ਮੋਦੀ ਸਰਕਾਰ ਗ਼ੈਰ ਸੰਵਿਧਾਨਿਕ ਹੱਥ ਕੰਡੇ ਅਪਣਾ ਰਾਹੁਲ ਗਾਂਧੀ ਦੀ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਰੁਕਾਵਟ ਪਾਉਣਾ ਚਾਹੁੰਦੀ ਹੈ।

## ਕਵੀ ਦਰਬਾਰ 10 ਨੂੰ



ਚੰਡੀਗੜ੍ਹ (ਸੁਰਜੀਤ ਸੁਮਨ)- ਪ੍ਰਗਤੀਵਾਦੀ ਕਵਿਤਾ ਕੇਂਦਰ, ਮੋਹਾਲੀ ਵੱਲੋਂ 10 ਨਵੰਬਰ ਨੂੰ ਸਵੇਰੇ 10.00 ਵਜੇ ਕਵੀ ਦਰਬਾਰ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਚਰਚਿਤ ਲੇਖਕ ਸ਼ਾਮਲ ਹੋ ਕੇ ਆਪਣੀਆਂ ਰਚਨਾਵਾਂ ਸਾਂਝੀਆਂ ਕਰਨਗੇ। ਪੰਜਾਬ ਵਿੱਤੀ ਸਕੱਤਰੇਤ, ਚੰਡੀਗੜ੍ਹ ਦੇ ਸਾਬਕਾ ਉਪ ਸਕੱਤਰ ਤੇ ਸੰਸਥਾ ਦੇ ਸੰਚਾਲਕ ਦਲਬੀਰ ਸਿੰਘ ਸਰੋਆ ਨੇ ਦੱਸਿਆ ਕਿ ਇਹ ਸਮਾਗਮ ਉਨ੍ਹਾਂ ਦੇ ਘਰ ਮਕਾਨ ਨੰ: 499, ਫੇਜ਼ 6, ਮੋਹਾਲੀ ਵਿਖੇ ਹੋਵੇਗਾ। ਇੱਕ ਰਸਮੀ ਮੁਲਾਕਾਤ ਦੌਰਾਨ ਉਨ੍ਹਾਂ ਕਿਹਾ ਕਿ ਸੇਵਾ-ਮੁਕਤੀ ਉਪਰੰਤ ਮੇਰਾ ਜੀਵਨ ਸਾਹਿਤ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਸਾਹਿਤ ਹੀ ਇੱਕ ਇਹੋ ਜਿਹੀ ਵਿਧਾ ਹੈ, ਜਿਹੜੀ ਮਨੁੱਖ ਦੇ ਆਪੇ ਨੂੰ ਬਚਾਉਣ ਵਿੱਚ ਸਹਾਈ ਹੋ ਸਕਦੀ ਹੈ।

# ਡੀ ਈ ਓ ਵੱਲੋਂ ਸਕੂਲਾਂ ਦਾ ਅਚਨਚੇਤ ਨਿਰੀਖਣ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਵਿਦਿਆਰਥੀਆਂ ਨੂੰ ਸਾਫ਼-ਸੁਥਰਾ ਤੇ ਅਨੁਕੂਲ ਵਿਦਿਅਕ ਮਾਹੌਲ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਗਰਾਨੀ ਤੇਜ਼ ਕਰ ਦਿੱਤੀ ਗਈ ਹੈ। ਇਸੇ ਲੜੀ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਹੁਸ਼ਿਆਰਪੁਰ ਹਰਜਿੰਦਰ ਕੌਰ ਨੇ ਵੱਖ-ਵੱਖ ਸਕੂਲਾਂ ਵਿੱਚ ਚੱਲ ਰਹੇ ਸਿਵਲ ਕੰਮਾਂ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਹਾਈ ਸਕੂਲ ਪੱਟੀ ਵਿੱਚ ਉਸਾਰੀ ਅਧੀਨ ਵਾਧੂ ਕਲਾਸ ਰੂਮ ਦਾ ਜਾਇਜ਼ਾ ਲਿਆ ਅਤੇ ਸਕੂਲਾਂ ਵਿੱਚ ਵ੍ਹਾਈਟ ਵਾਸ਼ ਤੇ ਨਵੀਨੀਕਰਨ ਦੇ ਕੰਮ ਨਿਰਧਾਰਤ ਸਮਾਂ-ਸੀਮਾ ਅੰਦਰ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਨਿਰੀਖਣ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਉਸਾਰੀ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਦੇ ਨਾਲ-ਨਾਲ ਸਕੂਲਾਂ ਵਿੱਚ ਉਪਲਬਧ ਬੁਨਿਆਦੀ ਸਹੂਲਤਾਂ ਅਤੇ ਵਿਦਿਅਕ ਮਾਹੌਲ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੇ ਸਿੱਖਿਆ ਦੇ ਪੱਧਰ ਦੀ ਜਾਂਚ ਕੀਤੀ ਅਤੇ ਉਨ੍ਹਾਂ ਦੀ ਪੜ੍ਹਾਈ ਸਬੰਧੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਸਕੂਲ ਪ੍ਰਬੰਧਕਾਂ ਨੂੰ ਵਿਕਾਸ ਕਾਰਜਾਂ ਦੇ ਨਾਲ-ਨਾਲ ਸਿੱਖਿਆ ਦੀ ਗੁਣਵੱਤਾ ਵੱਲ ਵੀ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਕੌਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਵ੍ਹਾਈਟ ਵਾਸ਼ ਅਤੇ ਨਵੀਨੀਕਰਨ ਲਈ ਗ੍ਰਾਂਟ ਦੀ ਰਕਮ ਜਾਰੀ ਕੀਤੀ ਗਈ ਹੈ। ਇਸ ਰਕਮ ਦਾ ਉਦੇਸ਼ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ ਅਤੇ ਵਿਦਿਆਰਥੀਆਂ ਨੂੰ ਸਾਫ਼-ਸੁਥਰਾ, ਸੁੰਦਰ ਤੇ ਸਕਾਰਾਤਮਕ ਵਿਦਿਅਕ ਮਾਹੌਲ ਮੁਹੱਈਆ ਕਰਵਾਉਣਾ ਹੈ। ਇਸ ਲਈ ਸਾਰੇ ਸਕੂਲ ਮੁਖੀਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਉਪਲਬਧ ਗ੍ਰਾਂਟ ਦੀ ਸਹੀ ਵਰਤੋਂ ਯਕੀਨੀ ਬਣਾਉਣ ਅਤੇ ਨਿਰਧਾਰਤ ਸਮਾਂ-ਸੀਮਾ ਅੰਦਰ ਕੰਮ ਮੁਕੰਮਲ ਕਰਵਾਉਣ।ਇਸ ਮੌਕੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ ਅਤੇ ਪ੍ਰਿੰਸੀਪਲ ਜਤਿੰਦਰ ਸਿੰਘ, ਕਾਰਜਕਾਰੀ ਮੁੱਖ ਅਧਿਆਪਕਾ ਸਵਿਤਾ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਫ਼ਤਰ ਤੋਂ ਦੀਪਤੀ ਵੀ ਮੌਜੂਦ ਸਨ।

# ਦੰਦਾਂ ਤੇ ਜਬਾੜਿਆਂ ਦਾ ਫਰੀ ਕੈਂਪ ਲਗਾਇਆ

ਫਗਵਾੜਾ (ਜਸਵਿੰਦਰ ਢੱਡਾ)- ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ 'ਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਯਾਦ ਨੂੰ ਸਮਰਪਿਤ 487ਵਾਂ ਦੰਦਾਂ ਅਤੇ ਜਬਾੜਿਆਂ



ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਕੈਂਪ ਦੌਰਾਨ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਕਾਮਨੀ ਸਹਿਗਲ, ਕਮਲਾ ਨਹਿਰੂ ਕਾਲਜ ਫਗਵਾੜਾ ਨੇ ਸ਼ਿਰਕਤ ਕੀਤੀ। ਉਹਨਾਂ ਦੇ ਨਾਲ ਰੋਟਰੀ ਕਲੱਬ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਐਸ ਪੀ ਸੇਠੀ ਅਤੇ ਗੌਰੀ ਸੇਠੀ ਨੇ ਵੀ ਉਚੇਰੇ ਤੌਰ ਤੇ ਹਾਜਰੀ ਲਗਵਾਈ। ਪ੍ਰਿੰਸੀਪਲ ਕਾਮਨੀ ਸਹਿਗਲ ਨੇ ਕਲੱਬ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਆਪਣੇ ਵਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਦੌਰਾਨ ਐਕਸ-ਰੇ ਮਸ਼ੀਨ ਤੇ ਦੋ ਡੈਂਟ ਚੇਅਰਾਂ ਸਮੇਤ ਹੋਰ ਅਤਿ ਆਧੁਨਿਕ ਉਪਕਰਣਾਂ ਦੇ ਨਾਲ ਸੀ.ਐਮ.ਸੀ. ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਇਲ ਟੀਮ ਨੇ ਡਾ. ਪ੍ਰਦੀਪ ਦੀ ਅਗਵਾਈ ਹੇਠ ਮਰੀਜਾਂ ਦਾ ਚੈਕਅਪ ਕਰਕੇ ਲੋੜ ਅਨੁਸਾਰ ਇਲਾਜ ਦੀ ਪ੍ਰਕ੍ਰਿਆ ਨੂੰ ਨੇਪਰੇ ਚਾੜ੍ਹਿਆ। ਇਸ ਤੋਂ ਇਲਾਵਾ 7 ਤਿਆਰ ਜਬਾੜੇ ਲੋੜਵੰਦ ਬਜੁਰਗਾਂ ਨੂੰ ਵੰਡੇ ਗਏ ਅਤੇ 115 ਮਰੀਜਾਂ ਦੀ ਜਾਂਚ ਕਰਕੇ ਨਵੇਂ 25 ਜਬਾੜੇ ਤਿਆਰ ਕਰਨ ਦੀ ਅਗਲੀ ਪ੍ਰਕ੍ਰਿਆ ਵੀ ਪੂਰੀ ਕੀਤੀ ਗਈ।

ਮਲਕੀਅਤ ਸਿੰਘ ਰਗਬੋਤਰਾ ਨੇ ਦੱਸਿਆ ਕਿ ਲੋੜਵੰਦ ਮਰੀਜਾਂ ਦੇ ਖਰਾਬ ਦੰਦ ਕੱਢਣ, ਦੰਦਾਂ ਦੀ ਭਰਾਈ ਸਫਾਈ ਆਦਿ ਦੇ ਕੰਮ ਨੂੰ ਕੈਂਪ ਦੌਰਾਨ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ। ਉਹਨਾਂ ਦੱਸਿਆ ਕਿ ਅਗਲਾ ਕੈਂਪ 16 ਨਵੰਬਰ ਦਿਨ ਸੋਮਵਾਰ ਨੂੰ ਆਯੋਜਿਤ ਕੀਤਾ ਜਾਵੇਗਾ। ਇਸ ਮੌਕੇ ਤਾਰਾ ਚੰਦ ਚੁੰਬਰ, ਗੁਲਸ਼ਨ ਕਪੂਰ, ਐਨ.ਐਸ. ਸੈਣੀ, ਮੋਹਨ ਲਾਲ ਤਨੇਜਾ, ਸੁਭਾਸ਼ ਕੁਮਾਰ, ਸੁਧਾ ਬੇਦੀ, ਰੂਪ ਲਾਲ ਆਦਿ ਹਾਜਰ ਸਨ।


# 10 ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾਏ



ਮੋਹਾਲੀ (ਗੁਰਜੀਤ ਬਿੱਲਾ)- ਸਮਾਜ ਸੇਵਾ ਦੇ ਕੰਮ ਵਿੱਚ ਮੋਹਰੀ ਸੰਸਥਾ-ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ:)- ਮੋਹਾਲੀ ਦੀ ਤਰਫੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ 10- ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਸਮੂਹਿਕ ਆਨੰਦ ਕਾਰਜ ਗੁਰਦੁਆਰਾ ਨਾਨਕ ਦਰਬਾਰ ਸਾਹਿਬ, ਸੈਕਟਰ 90- 91 ਮੋਹਾਲੀ ਵਿਖੇ ਕਰਵਾਏ ਗਏ, ਇਹ ਸਮੁੱਚਾ ਪ੍ਰੋਗਰਾਮ ਸਟੇਟ ਐਵਾਰਡੀ ਅਤੇ ਸੁਸਾਇਟੀ ਦੇ ਪ੍ਰਧਾਨ- ਫੂਲਰਾਜ ਸਿੰਘ ਹੋਰਾਂ ਦੀ ਅਗਵਾਈ ਹੇਠ ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ: ) ਮੋਹਾਲੀ ਦੀ ਤਰਫੋਂ ਵਿਧਾਇਕ ਕੁਲਵੰਤ ਸਿੰਘ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ, ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਬਰਾਤਾਂ ਦਾ ਸਵਾਗਤ ਸਵੇਰੇ 9 ਵਜੇ ਅਤੇ ਬ੍ਰੇਕਫਾਸਟ ਬਰਾਤਾਂ ਦੇ ਲਈ ਸਵੇਰੇ 11 ਵਜੇ ਉਪਰੰਤ ਆਨੰਦ ਕਾਰਜ ਦੀ ਰਸਮਾਂ ਸਾਢੇ 12 ਵਜੇ ਦੇ ਕਰੀਬ ਨਿਵਾਈਆਂ ਗਈਆਂ। ਫੂਲਰਾਜ ਸਿੰਘ ਪ੍ਰਧਾਨ ਨੇ ਕਿਹਾ ਕਿ ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਦੇ ਲਈ ਵਿਧਾਇਕ ਕੁਲਵੰਤ ਸਿੰਘ ਸਵੇਰ ਵੇਲੇ ਤੋਂ ਹੀ ਮੌਜੂਦ ਰਹੇ। ਇਸ ਮੌਕੇ ਤੇ ਇਸ ਮੌਕੇ ਤੇ ਆਈ.ਪੀ.ਐਸ. ਅਧਿਕਾਰੀ-ਹਰਪ੍ਰੀਤ ਸਿੰਘ, ਸੇਵਾ ਮੁਕਤ ਆਈ ਏ ਐਸ-ਅਧਿਕਾਰੀ ਪ੍ਰਿਥਵੀ ਚੰਦ , ਡਾਕਟਰ ਸਤਿੰਦਰ ਸਿੰਘ ਭਵਰਾ- ਡਾਇਰੈਕਟਰ ਜੇ ਐਲ ਪੀ ਐਲ, ਪਰਮਜੀਤ ਸਿੰਘ ਚੌਹਾਨ -ਡਾਇਰੈਕਟਰ ਜੇ.ਐਲ.ਪੀ.ਐਲ., ਕੁਲਦੀਪ ਸਿੰਘ ਸਮਾਣਾ, ਰਜਿੰਦਰ ਪ੍ਰਸਾਦ ਸ਼ਰਮਾ, ਹਰਪਾਲ ਸਿੰਘ ਚੰਨਾ, ਮੈਡਮ ਜਗਜੀਤ ਕੌਰ ਕਾਹਲੋਂ-ਚੇਅਰਪਰਸਨ ਹਰੀ ਸਿੰਘ ਮੈਮੋਰੀਅਲ ਚੈਰੀਟੇਬਲ ਇੰਗਲਿਸ਼ ਸਕੂਲ ਮੋਹਾਲੀ, ਐਸ.ਐਸ. ਬਰਨਾਲਾ, ਕੌਂਸਲਰ -ਅਮਰਜੀਤ ਸਿੰਘ, ਹਰਮੇਸ਼ ਸਿੰਘ ਕੁੰਭੜਾ, ਰਮਨਪ੍ਰੀਤ ਕੌਰ ਕੁੰਭੜਾ-ਕੌਂਸਲਰ, ਬਾਬਾ ਉਮਰਾਓ ਸਿੰਘ ਲੰਮੇਆਣਾ ਸਾਹਿਬ ਵਾਲੇ, ਕੌਂਸਲਰ ਗੁਰਮੁਖ ਸਿੰਘ ਸੋਹਲ ਆਦਿ ਉਚੇਚੇ ਤੌਰ ਤੇ ਪ੍ਰੋਗਰਾਮ ਵਿੱਚ ਹਾਜ਼ਰ ਸਨ।

## ਸਰਕਾਰ ਵਿਰੁੱਧ ਪੱਕੇ ਮੋਰਚੇ ਵਿੱਚ ਸ਼ਾਮਿਲ ਹੋਣਗੇ ਨੰਗਲ ਦੇ ਪੈਨਸ਼ਨਰ ਸਾਥੀ

ਨੰਗਲ (ਸੁਰਜੀਤ ਸਿੰਘ ਢੇਰ)- ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਨੰਗਲ ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਤਰਸੇਮ ਲਾਲ ਸੈਣੀ ਭਨਾਮ ਦੀ ਪ੍ਰਧਾਨਗੀ ਹੇਠ ਭੜੋਲੀਆਂ ਭਵਨ ਨੰਗਲ ਵਿੱਚ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਸਰਕਾਰ ਦੇ ਅੜੀਅਲ ਵਤੀਰੇ ਦੀ ਨਿੰਦਾ ਕੀਤੀ ਗਈ ਤੇ ਮੀਟਿੰਗ ਵਿੱਚ ਦੱਸਿਆ ਗਿਆ ਕਿ ਸਾਡੀ ਤਾਲਮੇਲ ਕਮੇਟੀ ਵੱਲੋਂ ਚੰਡੀਗੜ੍ਹ ਵਿਖੇ ਚਾਰ ਨਵੰਬਰ ਨੂੰ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਸਰਕਾਰ ਦੇ ਝੂਠ ਦਾ ਪਰਦਾਫਾਸ਼ ਕੀਤਾ



ਜਾਵੇਗਾ। ਤਾਲਮੇਲ ਕਮੇਟੀ ਵੱਲੋਂ 6 ਨਵੰਬਰ ਤੋਂ 19 ਨਵੰਬਰ ਤੱਕ ਦਿਨ-ਰਾਤ ਦਾ ਪੱਕਾ ਮੋਰਚਾ ਲਾਇਆ ਜਾਵੇਗਾ।ਇਸ ਮੋਰਚੇ ਵਿੱਚ 16 ਨਵੰਬਰ ਨੂੰ ਦਿਨ-ਰਾਤ ਦੇ ਧਰਨੇ ਵਿੱਚ ਨੰਗਲ ਤੋਂ ਪੈਨਸ਼ਨਰ ਸਾਥੀ ਚੰਡੀਗੜ੍ਹ ਵਿਖੇ ਇਸ ਮੋਰਚੇ ਵਿੱਚ ਆਪਣੀ ਹਾਜ਼ਰੀ ਦੇਣਗੇ ਤੇ ਹੱਕ-ਸੱਚ ਦੀ ਲੜਾਈ ਵਿੱਚ ਹਿੱਸਾ ਪਾਉਣਗੇ।ਮੀਟਿੰਗ ਵਿੱਚ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਦੇਵ ਰਾਜ ਧਾਮੀ, ਐੱਮ. ਆਈ. ਡੀ. ਕੰਸਲ, ਪ੍ਰਿੰਸੀਪਲ ਸੁਖਦੇਵ ਰਾਜ, ਜਨਰਲ ਸਕੱਤਰ ਕਸ਼ਮੀਰੀ ਲਾਲ, ਵਿੱਤ ਸਕੱਤਰ ਦੌਲਤ ਰਾਮ ਮਜਾਰੀ, ਸਟੇਜ ਸਕੱਤਰ ਹਰਦਿਆਲ ਸਿੰਘ ਪਲਾਸੀ, ਉਪ ਪ੍ਰਧਾਨ ਪ੍ਰੀਤਮ ਸਿੰਘ ਰੱਕੜ, ਹਰੀਸ਼ ਚੰਦਰ ਮਹਿਲਵਾ, ਸ਼ਿਵ ਕੁਮਾਰ, ਰੋਸ਼ਨ ਸਿੰਘ, ਬਲਦੇਵ ਰਾਜ, ਗੰਗਾ ਪ੍ਰਸਾਦ, ਸੁਭਾਸ਼ ਚੰਦ, ਪਰਮਜੀਤ ਸਿੰਘ ਪਲਾਸੀ, ਗੁਰਦੀਪ ਸਿੰਘ ਬੇਲਾ ਨੇ ਹਿੱਸਾ ਲਿਆ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਰੈਲੀ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਰਕਾਰੀ ਕਾਲਜ ਡੇਰਾਬੱਸੀ ਵਿਖੇ 'ਨਸ਼ਾ ਮੁਕਤ ਪੰਜਾਬ' ਬਣਾਉਣ ਦਾ ਹੋਕਾ ਦਿੰਦਿਆਂ ਇੱਕ ਵਿਸ਼ੇਸ਼ ਰੈਲੀ ਦਾ ਆਯੋਜਨ ਕੀਤਾ ਗਿਆ। ਇਹ ਰੈਲੀ ਕਾਲਜ ਪ੍ਰਿੰਸੀਪਲ ਵਿਨਿਤਾ ਰਾਓ ਦੀ ਯੋਗ ਸਰਪ੍ਰਸਤੀ ਅਤੇ ਪ੍ਰੋ. ਗੀਤਿਕਾ (ਕਨਵੀਨਰ) ਦੇ ਵਿਸ਼ੇਸ਼ ਸਹਿਯੋਗ ਨਾਲ ਕੱਢੀ ਗਈ। ਰੈਲੀ ਦੌਰਾਨ ਵਿਦਿਆਰਥੀਆਂ ਨੇ 'ਪੰਜਾਬੀਓ ਜਾਗੋ, ਨਸ਼ਾ ਤਿਆਗੋ' ਦੇ ਬੁਲੰਦ ਨਾਅਰੇ ਲਗਾ ਕੇ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕੀਤਾ। ਇਸ ਤੋਂ ਇਲਾਵਾ, ਵਿਦਿਆਰਥੀਆਂ ਦੀ ਸਮਝ ਅਤੇ ਸੋਚ ਨੂੰ ਹੋਰ ਪੁਖ਼ਤਾ ਕਰਨ




ਲਈ ਇੱਕ 'ਸਵਾਲ-ਜਵਾਬ ਸੈਸ਼ਨ' ਵੀ ਕਰਵਾਇਆ ਗਿਆ, ਜਿਸ ਵਿੱਚ ਨਸ਼ਿਆਂ ਦੇ ਦੁਸ਼ਪ੍ਰਭਾਵਾਂ ਅਤੇ ਇਸ ਕੋਹੜ ਨੂੰ ਸਮਾਜ 'ਚੋਂ ਖ਼ਤਮ ਕਰਨ ਦੇ ਉਪਾਵਾਂ ਬਾਰੇ ਚਰਚਾ ਕੀਤੀ ਗਈ।ਇਸ ਰੈਲੀ ਵਿੱਚ ਕਾਲਜ ਦੇ ਸਮੂਹ ਸਟਾਫ਼ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ।

# ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਸਰਕਾਰ ਤੇ ਗਿੱਲ ਬਿਲਡਰਜ਼ ਨੂੰ ਜਾਰੀ ਕੀਤਾ ਨੋਟਿਸ

ਚੰਡੀਗੜ੍ਹ (ਸੁਰਜੀਤ ਸੁਮਨ)- ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਨੇ ਸੀ ਡਬਲਯੂ ਪੀ ਨੰਬਰ 30652 ਆਫ 2026 (ਓ ਐਂਡ ਐੱਮ)- ਸੀ ਐੱਨ ਆਰ ਲਨੰਬਰ ਪੀ ਐੱਚ ਐੱਚ ਸੀ 011 589272026-ਨੀਰਜ ਬਬੂਤਾ ਬਨਾਮ ਪੰਜਾਬ ਸਰਕਾਰ ਅਤੇ ਹੋਰ ਮਾਮਲੇ ਵਿੱਚ ਸੁਣਵਾਈ ਕਰਦਿਆਂ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਮਾਣਯੋਗ ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ ਅਤੇ ਜਸਟਿਸ ਪ੍ਰਵਿੰਦਰ ਸਿੰਘ ਚੌਹਾਨ ਦੀ ਬੈਂਚ ਨੇ ਮਿਤੀ 27.10.2026 ਨੂੰ ਇਹ ਨੋਟਿਸ ਜਾਰੀ ਕੀਤਾ ਹੈ। ਪਟੀਸ਼ਨਰ ਵੱਲੋਂ ਐਡਵੋਕੇਟ ਧਰਮਬੀਰ ਭਾਰਗਵ ਅਤੇ ਕੁਲਵਿੰਦਰ ਭਾਰਗਵ ਪੇਸ਼ ਹੋਏ ਸਨ। ਮਾਣਯੋਗ ਅਦਾਲਤ ਨੇ ਸੀ ਐੱਮ 18979-ਸੀ ਡਬਲਯੂ ਪੀ-2026 ਨੂੰ ਮਨਜ਼ੂਰ ਕਰਦਿਆਂ ਨਗਰ ਨਿਗਮ ਮੋਹਾਲੀ ਨੂੰ ਰਿਸਪੌਂਡੈਂਟ ਨੰ: 7 ਅਤੇ ਨਗਰ ਕੌਂਸਲ ਖਰੜ ਨੂੰ ਰਿਸਪੌਂਡੈਂਟ ਨੰ: 8 ਵਜੋਂ ਸ਼ਾਮਲ ਕੀਤਾ ਹੈ। ਇਸ ਕੇਸ ਵਿੱਚ ਅਗਲੀ ਸੁਣਵਾਈ ਮਿਤੀ 13 ਜਨਵਰੀ 2027 ਨੂੰ ਹੋਵੇਗੀ। ਪਟੀਸ਼ਨਰ ਨੀਰਜ ਬਬੂਟਾ ਵਾਸੀ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਹਾਲ ਆਬਾਦ ਸਨੀ ਐਨਕਲੇਵ ਵੱਲੋਂ ਪ੍ਰੈੱਸ ਨੂੰ ਮਾਣਯੋਗ ਅਦਾਲਤ ਵੱਲੋਂ ਜਾਰੀ ਨੋਟਿਸ ਅਤੇ ਪਟੀਸ਼ਨ ਦੀ ਕਾਪੀ ਭੇਜਦਿਆਂ ਸਬੰਧਤ ਬਿਲਡਰ ਖਿਲਾਫ ਇਹ ਪੁਖਤਾ ਦੋਸ਼ ਲਗਾਏ ਹਨ। ਉਨ੍ਹਾਂ ਦੋਸ਼ ਲਾਇਆ ਹੈ ਕਿ ਮੈਸਰਜ਼ ਗਿੱਲ ਬਿਲਡਰਜ਼ ਨੇ ਫਲੈਟ ਨੰ. 4ਬੀ, ਨੂਰ ਵਿਲਾ, ਕੁਰਾਲੀ ਰੋਡ, ਖਰੜ, ਜ਼ਿਲ੍ਹਾ ਮੋਹਾਲੀ (ਐਮ.ਡੀ. ਗੁਰਦੀਪ ਸਿੰਘ) ਨੇ ਪਿੰਡ ਅੰਜੇਲਾ, ਖਰੜ-ਕੁਰਾਲੀ ਹਾਈਵੇ, ਤਹਿਸੀਲ ਖਰੜ, ਜ਼ਿਲ੍ਹਾ ਮੋਹਾਲੀ ਵਿਖੇ ਮਾਸਟਰ ਪਲਾਨ ਵਿੱਚ ਗਰੀਨ ਏਰੀਆ/ ਗਰੀਨ ਬੈੱਲਟ ਘੋਸ਼ਿਤ ਜ਼ਮੀਨ ਤੇ ਪਵਨ ਸਿਟੀ-1, 2, 3, 4 ਅਤੇ ਆਰੀਆ ਹੋਮਜ਼ ਦੇ ਨਾਂਅ ਤੇ ਨਜਾਇਜ਼ ਕਲੋਨੀਆਂ ਕੱਟ ਦਿੱਤੀਆਂ ਹਨ। ਪਟੀਸ਼ਨਰ ਨੇ ਦੱਸਿਆ ਕਿ ਉਸ ਨੇ ਖੁਦ ਮਿਤੀ 26.09.2025 ਨੂੰ ਆਰੀਆ ਹੋਮਜ਼ ਵਿੱਚ 1.44 ਕਰੋੜ ਰੁਪਏ ਦੀ ਰਾਸ਼ੀ ਦਾ ਟਾਵਰ (ਫਲੈਟ ਨੰ: 60 ਏ, ਬੀ, ਅਤੇ ਸੀ) ਬੁੱਕ ਕੀਤਾ ਅਤੇ ਇਸ ਦੇ ਇਵਜ਼ ਵਿੱਚ 48.50 ਲੱਖ ਰੁਪਏ ਦੀ ਰਾਸ਼ੀ ਅਡਵਾਂਸ ਵਜੋਂ ਉਕਤ ਬਿਲਡਰ ਨੂੰ ਅਦਾ ਕੀਤੀ। ਉਨ੍ਹਾਂ ਦੱਸਿਆ ਕਿ ਮਿਤੀ 12 ਫਰਵਰੀ, 2026 ਨੂੰ ਨਗਰ ਕੌਂਸਲ ਖਰੜ/ ਗਮਾਡਾ ਦੇ ਅਧਿਕਾਰੀਆਂ ਨੇ ਮੌਕੇ 'ਤੇ ਆ ਕੇ ਦੂਜੀ ਮੰਜ਼ਿਲ ਦੀ ਉਸਾਰੀ ਤੋੜ ਦਿੱਤੀ ਸੀ, ਕਿਉਂਕਿ ਉਸ ਦੀ ਕੋਈ ਮਨਜ਼ੂਰੀ ਨਹੀਂ ਸੀ। ਪਟੀਸ਼ਨਰ ਨੇ ਦੱਸਿਆ ਕਿ ਉਸ ਵੱਲੋਂ ਆਰ.ਟੀ.ਆਈ. ਅਧੀਨ ਲਈ ਸੂਚਨਾ ਤੋਂ ਖੁਲਾਸਾ ਹੋਇਆ ਹੈ ਕਿ ਇਨ੍ਹਾਂ ਪ੍ਰੋਜੈਕਟਾਂ ਕੋਲ ਕੋਈ ਸੀ.ਐੱਲ.ਯੂ, ਬਿਲਡਿਗ ਪਲਾਟ ਅਪ੍ਰੂਵਲ, ਕੋਈ ਐਨਵਾਇਰਮੈਂਟ ਅਪ੍ਰੂਵਲ ਅਤੇ ਰੇਰਾ ਵਿੱਚ ਰਜਿਸਟਰੇਸ਼ਨ ਹੀ ਨਹੀਂ ਹੈ। ਇਸ ਸਬੰਧੀ ਪਟੀਸ਼ਨਰ ਨੇ ਮਿਤੀ 21 ਮਈ 2026 ਨੂੰ ਰੇਰਾ ਵਿੱਚ (ਕੰਪਲੇਂਟ ਨੰਬਰ 0025/2026) ਅਤੇ 12.06.2026 ਨੂੰ ਮੁੱਖ ਮੰਤਰੀ ਪੰਜਾਬ, ਐਨ.ਜੀ.ਟੀ. ਦਿੱਲੀ, ਈ.ਡੀ., ਗਮਾਡਾ, ਡਿਪਟੀ ਕਮਿਸ਼ਨਰ ਮੋਹਾਲੀ ਨੂੰ ਐਨਕਸਚਰ ਪੀ/7 ਤਹਿਤ ਸ਼ਿਕਾਇਤ ਦਿੱਤੀ ਸੀ ਕਿ ਇਹ ਬਹੁਤ ਵੱਡਾ ਘੋਟਾਲਾ ਜਾਪ ਰਿਹਾ ਹੈ, ਜੋ ਮਾਲ ਰਿਕਾਰਡ 'ਚ ਹੇਰਾਫੇਰੀ, ਰਜਿਸਟਰੀਆਂ 'ਚ ਗਲਤ ਖਸਰਾ ਨੰਬਰ ਪਾ ਕੇ ਅਤੇ ਹਾਈ ਵੋਲਟੇਜ ਬਿਜਲੀ ਲਾਈਨਾਂ ਹੇਠ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਪ੍ਰਦੂਸ਼ਨ ਕੰਟਰੋਲ ਬੋਰਡ ਦੇ ਧਿਆਨ ਵਿੱਚ ਵੀ ਹੈ, ਜਿਸ ਵੱਲੋਂ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਇਸ ਮੌਕੇ ਪਟੀਸ਼ਨਰ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਪ੍ਰਾਈਵੇਟ ਬਿਲਡਰਜ਼ ਵੱਲੋਂ ਕਬਜ਼ਾਏ ਜਾ ਰਹੇ ਗਰੀਨ ਏਰੀਆ ਨੂੰ ਬਚਾਇਆ ਜਾਵੇ ਅਤੇ ਦੋਸ਼ੀ ਬਿਲਡਰ ਅਤੇ ਦੋਸ਼ੀ ਪ੍ਰਸ਼ਾਸਨਿਕ ਅਧਿਕਾਰੀਆਂ ਖਿਲਾਫ ਲੋੜੀਂਦੀ ਜਾਂਚ ਕੀਤੀ ਜਾਵੇ।

## ਨਾਇਬ ਸਿੰਘ ਸੈਣੀ ਨਾਲ ਪੰਜਾਬ ਦੇ ਉਦਯੋਗਪਤੀਆਂ ਨੇ ਕੀਤੀ ਮੁਲਾਕਾਤ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਸੋਮਵਾਰ ਨੂੰ ਹਰਿਆਣਾ ਨਿਵਾਸ ਵਿਖੇ ਪੰਜਾਬ ਤੋਂ ਆਏ ਉਦਯੋਗਪਤੀਆਂ ਦੇ ਇੱਕ ਵਫ਼ਦ ਨੇ ਮੁਲਾਕਾਤ ਕੀਤੀ।

ਇਸ ਦੌਰਾਨ ਮੁੱਖ ਮੰਤਰੀ ਨੇ ਉਦਯੋਗਪਤੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਹਰਿਆਣਾ ਵਿੱਚ ਨਿਵੇਸ਼ ਕਰਨ ਲਈ ਸੱਦਾ ਦਿੱਤਾ ਅਤੇ ਭਰੋਸਾ ਦਿਵਾਇਆ ਕਿ ਸੂਬੇ ਵਿੱਚ ਉਦਯੋਗ ਸਥਾਪਿਤ ਕਰਨ ਲਈ ਉਨ੍ਹਾਂ ਨੂੰ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਅਤੇ ਜ਼ਰੂਰੀ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਤੇਜ਼ ਕਰਨ ਅਤੇ ਨਿਵੇਸ਼ ਦੇ ਅਨੁਕੂਲ ਮਾਹੌਲ ਤਿਆਰ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਰਾਜ ਵਿੱਚ ਉਦਯੋਗਪਤੀਆਂ ਦੀ ਸਹੂਲਤ ਲਈ ਸਿੰਗਲ ਵਿੰਡੋ ਸਿਸਟਮ ਰਾਹੀਂ ਵੱਖ-ਵੱਖ ਵਿਭਾਗਾਂ ਦੀਆਂ ਜ਼ਰੂਰੀ ਪ੍ਰਵਾਨਗੀਆਂ ਅਤੇ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

# ਸੜਕਾਂ ਦੇ ਨਿਰਮਾਣ ਲਈ 10.78 ਕਰੋੜ ਜਾਰੀ : ਚੱਬੇਵਾਲ

ਫਗਵਾੜਾ (ਜਸਵਿੰਦਰ ਢੱਡਾ)- ਫਗਵਾੜਾ ਦੇ ਵਸਨੀਕਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਸਰਕਾਰ ਵੱਲੋਂ ਸਬ-ਡਵੀਜ਼ਨ ਵਿੱਚ 59.39 ਕਿਲੋਮੀਟਰ ਲੰਬੀਆਂ ਸੜਕਾਂ ਦੇ ਨਿਰਮਾਣ ਲਈ 10.78 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਨ੍ਹਾਂ 22 ਸੜਕੀ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਆਵਾਜਾਈ ਨੂੰ ਸੁਖਾਲਾ ਬਣਾਉਣ, ਸੰਪਰਕ ਸਹੂਲਤਾਂ ਵਿੱਚ ਸੁਧਾਰ ਕਰਨ




ਅਤੇ ਵੱਖ-ਵੱਖ ਇਲਾਕਿਆਂ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ।

ਇਨ੍ਹਾਂ ਸੜਕੀ ਪ੍ਰੋਜੈਕਟਾਂ ਵਿੱਚ ਜੀ ਟੀ ਰੋਡ ਤੋਂ ਢੱਕ ਪਲਾਹੀ ਰਾਹੀਂ ਖੁਰਮਪੁਰ, ਭਖੜਿਆਣਾ ਤੋਂ ਰਾਣੀਪੁਰ, ਜੀ ਟੀ ਰੋਡ ਤੋਂ ਜਗਤਪੁਰ ਜੱਟਾਂ, ਜੀ ਟੀ ਰੋਡ ਤੋਂ ਨੰਗਲ ਰਾਹੀਂ ਰੁੜਕਾ ਕਲਾਂ, ਫਗਵਾੜਾ-ਨਕੋਦਰ ਰੋਡ ਤੋਂ ਸੁਨਰਾਂ ਰਾਜਪੂਤਾਂ, ਜੀ ਟੀ ਰੋਡ ਤੋਂ ਦਰਵੇਸ਼ ਪਿੰਡ ਨੂੰ ਫਗਵਾੜਾ-ਨਕੋਦਰ ਰੋਡ ਨਾਲ ਜੋੜਨ ਵਾਲੀ ਸੜਕ, ਜਮਸ਼ੇਰ ਤੋਂ ਨਰੰਗਸ਼ਾਹਪੁਰ, ਕਾਂਸ਼ੀ ਨਗਰ ਤੋਂ ਨੰਗਲ ਮੱਝਾ, ਪਿੰਡ ਮੇਹਟਾਂ ਤੋਂ ਜਗਜੀਵਨ ਰਾਮ ਕਲੋਨੀ, ਮੇਹਟਾਂ ਹਰਦਾਸਪੁਰ ਰਾਹੀਂ ਨਰੰਗਸ਼ਾਹਪੁਰ ਤੋਂ ਜੀ.ਟੀ. ਰੋਡ ਅਤੇ ਭਖੜਿਆਣਾ ਰੋਡ ਰਾਹੀਂ ਖਜੂਰਲਾ ਤੋਂ ਕੋਟਲੀ ਥਾਨ ਸਿੰਘ ਵਾਲਾ ਤੱਕ ਦੀਆਂ ਸੜਕਾਂ ਸ਼ਾਮਲ ਹਨ। ਇਸ ਤੋਂ ਇਲਾਵਾ ਫਗਵਾੜਾ-ਹੁਸ਼ਿਆਰਪੁਰ ਰੋਡ ਤੋਂ ਸਿਕਰੀ ਰਾਹੀਂ ਜਗਪਾਲਪੁਰ, ਰਿਹਾਣਾ ਜੱਟਾਂ ਤੋਂ ਲੁਟੇਰਾ ਖੁਰਦ, ਅਕਾਲਗੜ੍ਹ ਰਾਹੀਂ ਭੁੱਲਾ ਰਾਏ ਤੋਂ ਸੰਗਤਪੁਰ, ਰਾਵਲਪਿੰਡੀ ਤੋਂ ਸੰਗਤਪੁਰ, ਮਈਓਪੱਟੀ ਬੱਸ ਸਟੈਂਡ ਤੋਂ ਝਲਵੇੜਾ ਫਿਰਨੀ, ਫਗਵਾੜਾ-ਨਵਾਂਸ਼ਹਿਰ ਰੋਡ ਤੋਂ ਖਲਵਾੜਾ, ਫਗਵਾੜਾ-ਹੁਸ਼ਿਆਰਪੁਰ ਰੋਡ ਤੋਂ ਪਲਾਹੀ, ਫਗਵਾੜਾ-ਵਾਹਦ ਰੋਡ ਤੋਂ ਬਲਾਲੋਂ ਘੁੰਮਣ ਅਤੇ ਫਗਵਾੜਾ-ਵਾਹਦ ਰੋਡ ਤੋਂ ਬੀੜ ਪੌਂਦ ਤੱਕ ਦੀਆਂ ਸੜਕਾਂ ਦੇ ਨਿਰਮਾਣ ਕਾਰਜ ਵੀ ਇਨ੍ਹਾਂ ਪ੍ਰੋਜੈਕਟਾਂ ਵਿੱਚ ਸ਼ਾਮਲ ਹਨ।

## ਸਿਹਤ ਅਤੇ ਬੱਚਿਆਂ ਦੀ ਸਿੱਖਿਆ ਸਮਾਜ ਦੀ ਅਸਲ ਤਰੱਕੀ ਦਾ ਪੈਮਾਨਾ : ਪੰਕਜ ਕੁਮਾਰ

ਬਲਾਚੌਰ (ਜਸਵਿੰਦਰ ਬੈਂਸ)- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਪੰਕਜ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਮਾਜ ਅਤੇ ਲੋਕਾਂ ਦੇ ਭਵਿੱਖ ਨਾਲ ਜੁੜੇ ਅਹਿਮ ਮੁੱਦਿਆਂ ਨੂੰ ਲੈ ਕੇ ਆਪਣੀ ਗੱਲ ਰੱਖੀ। ਉਨ੍ਹਾਂ ਸਵਾਲ ਉਠਾਇਆ ਕਿ ਆਖ਼ਰ ਸਾਡੀ ਸਿਆਸਤ ਵਿੱਚ ਸਿੱਖਿਆ, ਸਿਹਤ ਸਹੂਲਤਾਂ, ਨਸ਼ਿਆਂ ਦੇ ਖਾਤਮੇ, ਬੇਰੁਜ਼ਗਾਰੀ ਅਤੇ ਲੋਕਾਂ ਦੀ ਸੁਰੱਖਿਆ ਵਰਗੇ ਗੰਭੀਰ ਮੁੱਦਿਆਂ ਨੂੰ ਕਦੋਂ ਪਹਿਲ ਦਿੱਤੀ ਜਾਵੇਗੀ ? ਪੰਕਜ ਕੁਮਾਰ ਨੇ ਕਿਹਾ ਕਿ ਵਿਕਾਸ ਦਾ ਮਤਲਬ ਸਿਰਫ਼ ਗਲੀਆਂ ਬਣਾਉਣਾ, ਨਾਲੀਆਂ ਪੱਕੀਆਂ ਕਰਵਾਉਣਾ ਜਾਂ ਸੜਕਾਂ ਦਾ ਨਿਰਮਾਣ ਕਰਨਾ ਹੀ ਨਹੀਂ ਹੁੰਦਾ, ਸਗੋਂ ਵਿਕਾਸ ਦਾ ਅਸਲ ਅਰਥ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ। ਜੇਕਰ ਕਿਸੇ ਇਲਾਕੇ ਵਿੱਚ ਬੱਚਿਆਂ ਨੂੰ ਮਿਆਰੀ ਸਿੱਖਿਆ ਨਹੀਂ ਮਿਲ ਰਹੀ, ਮਰੀਜ਼ਾਂ ਨੂੰ ਇਲਾਜ ਲਈ ਖੱਜਲ-ਖੁਆਰ ਹੋਣਾ ਪੈ ਰਿਹਾ ਹੈ ਅਤੇ ਨੌਜਵਾਨ ਰੁਜ਼ਗਾਰ ਦੀ ਭਾਲ ਵਿੱਚ ਭਟਕ ਰਹੇ ਹਨ ਤਾਂ ਅਜਿਹੇ ਬੁਨਿਆਦੀ ਸਵਾਲਾਂ 'ਤੇ ਵੀ ਚਰਚਾ ਹੋਣੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਸਭ ਤੋਂ ਵੱਡੀ ਚਿੰਤਾ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਦੀ ਹੈ।ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਬਰਬਾਦ ਨਹੀਂ ਕਰਦਾ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਸਮੱਸਿਆ ਦੇ ਖਾਤਮੇ ਲਈ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੁਜ਼ਗਾਰ ਨਾਲ ਜੋੜਨ ਲਈ ਠੋਸ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।



# ਅਗਲੀ ਦੀਵਾਲੀ ਪੰਜਾਬ ਨੂੰ ਖ਼ੁਸ਼ਹਾਲ ਤੇ ਤਰੱਕੀ ਕਰਦੇ ਸੂਬੇ ਵਜੋਂ ਮਨਾਵਾਂਗੇ : ਸਾਂਪਲਾ

ਫਗਵਾੜਾ (ਡਾ. ਰਮਨ) ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਵੱਲੋਂ ਸਥਾਨਕ ਹੋਟਲ ਆਸ਼ੀਸ਼ ਕਾਂਟੀਨੈਂਟਲ ਵਿਖੇ ਦੀਵਾਲੀ ਮਿਲਣ ਸਮਾਗਮ




ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਨੇ ਹਾਜ਼ਰੀਨ ਨੂੰ ਦੀਵਾਲੀ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਰੌਸ਼ਨੀਆਂ ਦਾ ਇਹ ਤਿਉਹਾਰ ਹਰ ਪਰਵਾਰ ਦੇ ਜੀਵਨ ਵਿੱਚ ਸੁੱਖ, ਸ਼ਾਂਤੀ, ਖੁਸ਼ਹਾਲੀ ਅਤੇ ਸਮ੍ਰਿੱਧੀ ਲੈ ਕੇ ਆਵੇ। ਉਨ੍ਹਾਂ ਕਿਹਾ ਕਿ ਦੀਵਾਲੀ ਹਨੇਰੇ ਉੱਤੇ ਰੌਸ਼ਨੀ ਅਤੇ ਨਿਰਾਸ਼ਾ ਉੱਤੇ ਆਸ ਦੀ ਜਿੱਤ ਦਾ ਪ੍ਰਤੀਕ ਹੈ। ਇਹ ਤਿਉਹਾਰ ਸਾਨੂੰ ਆਪਸੀ ਭਾਈਚਾਰੇ, ਏਕਤਾ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੰਦੇਸ਼ ਵੀ ਦਿੰਦਾ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਵਿਜੇ ਸਾਂਪਲਾ ਨੇ ਕਿਹਾ ਕਿ ਪੰਜਾਬ ਨੂੰ ਖੁਸ਼ਹਾਲ, ਸੁਰੱਖਿਅਤ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਸੂਬਾ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਟੀਚਾ ਸਾਲ 2027 ਵਿੱਚ ਪੰਜਾਬ ਅੰਦਰ ਭਾਜਪਾ-ਐਨ.ਡੀ.ਏ. ਦੀ ਸਰਕਾਰ ਬਣਾਉਣ ਲਈ ਪੂਰੀ ਮਿਹਨਤ ਅਤੇ ਇਕਜੁੱਟਤਾ ਨਾਲ ਕੰਮ ਕਰਨਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿਕਾਸ, ਰੁਜ਼ਗਾਰ, ਉਦਯੋਗ ਅਤੇ ਬਿਹਤਰ ਕਾਨੂੰਨ-ਵਿਵਸਥਾ ਦੇ ਖੇਤਰ ਵਿੱਚ ਨਵੀਆਂ ਪ੍ਰਾਪਤੀਆਂ ਹਾਸਲ ਕਰੇਗਾ। ਵਿਜੇ ਸਾਂਪਲਾ ਨੇ ਕਿਹਾ ਕਿ ਉਨ੍ਹਾਂ ਦੀ ਕਾਮਨਾ ਹੈ ਕਿ ਅਗਲੀ ਦੀਵਾਲੀ ਪੰਜਾਬ ਲਈ ਨਵੀਆਂ ਉਮੀਦਾਂ ਅਤੇ ਖੁਸ਼ਹਾਲੀ ਦਾ ਸੰਦੇਸ਼ ਲੈ ਕੇ ਆਵੇ ਅਤੇ ਅਗਲੇ ਸਾਲ ਦੀਵਾਲੀ ਮਿਲਣ ਸਮਾਗਮ ਹੋਰ ਵੀ ਉਤਸ਼ਾਹ ਨਾਲ ਮਨਾਇਆ ਜਾਵੇ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਦੁੱਗਲ ਅਤੇ ਮੰਡਲ-2 ਫਗਵਾੜਾ ਦੇ ਇੰਚਾਰਜ ਬਲਵਿੰਦਰ ਠਾਕੁਰ ਨੇ ਵੀ ਸਭਨਾਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਤਿਉਹਾਰ ਆਪਸੀ ਪਿਆਰ, ਸਦਭਾਵਨਾ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨ ਦਾ ਮੌਕਾ ਹੁੰਦੇ ਹਨ।

# ਪੱਤਰਕਾਰ ਲੋਕਤੰਤਰ ਦਾ ਚੌਥਾ ਥੰਮ ਹਨ : ਭੰਗਲ



ਬੰਗਾ (ਅਵਤਾਰ ਕਲੇਰ)- ਪੱਤਰਕਾਰ ਲੋਕਤੰਤਰ ਦਾ ਚੌਥਾ ਥੰਮ ਹੈ। ਇਸ ਤੋਂ ਬਗੈਰ ਦੇਸ਼ ਦਾ ਸਰਬਪੱਖੀ ਵਿਕਾਸ ਬਿਲਕੁਲ ਅਧੂਰਾ ਹੈ। ਅੱਜ ਦੇ ਦੌਰ ਵਿੱਚ ਪੱਤਰਕਾਰੀ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਇੱਕ ਪੱਤਰਕਾਰ ਹੀ ਹਨ ਜੋ ਨਿਸ਼ਕਾਮ ਸੇਵਾ ਕਰਦੇ ਹੋਏ ਦੀਨ ਦੁਨੀਆਂ ਦੇ ਹਰ ਕੋਨੇ ਵਿੱਚ ਆਪਣੀਆਂ ਖਬਰਾਂ ਨੂੰ ਲਗਾਤਾਰ ਪਹੁੰਚਾ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਬੰਗਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਅਤੇ ਸੀਨੀਅਰ ਅਕਾਲੀ ਆਗੂ ਮਨਜੀਤ ਸਿੰਘ ਭੰਗਲ ਨੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਕਿਹਾ ਕਿ ਸ਼ਹੀਦ ਸਤਵਿੰਦਰ ਸਿੰਘ ਝੋਟੇ ਦੇ ਹੱਕ ਵਿੱਚ ਲੱਗੇ ਮੋਰਚੇ ਤੇ ਸਰਕਾਰ ਸ਼ਰੇਆਮ ਧੱਕੇਸ਼ਾਹੀ ਕਰ ਰਹੀ ਹੈ। ਧਰਨੇ ਨੂੰ ਖਦੇੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਉਹਨਾਂ ਨੇ ਕਿਹਾ ਕਿ ਪਿੰਡਾਂ ਦੇ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਬਿਨਾਂ ਵਜ੍ਹਾ ਪਰੇਸ਼ਾਨ ਨਹੀਂ ਕਰਨਾ ਚਾਹੀਦਾ। ਜਿਹੜੇ ਕੋਈ ਦੁਕਾਨਦਾਰ ਜਾਂ ਡਾਕਟਰ ਨਸ਼ੇ ਦਾ ਧੰਦਾ ਕਰਦਾ ਹੈ ਉਸ ਦੇ ਖਿਲਾਫ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਪਰ ਸਰਕਾਰ ਅਤੇ ਪ੍ਰਸ਼ਾਸਨ ਬਿਨਾਂ ਵਜ੍ਹਾ ਕਿਸੇ ਨੂੰ ਪ੍ਰੇਸ਼ਾਨ ਨਾ ਕਰੇ। ਉਹਨਾਂ ਕਿਹਾ ਕਿ ਅਗਰ ਕਿਸੇ ਵੀ ਮੈਡੀਕਲ ਪ੍ਰੈਕਟੀਸ਼ਨਰ ਨੂੰ ਨਜਾਇਜ਼ ਤੰਗ ਕੀਤਾ ਗਿਆ ਤਾਂ ਅਕਾਲੀ ਦਲ ਵਾਰਸ ਪੰਜਾਬ ਦੇ ਉਨਾਂ ਦੇ ਨਾਲ ਹਿਕ ਜੋੜ ਕੇ ਖੜਾ ਮਿਲੇਗਾ। ਇਸ ਮੌਕੇ ਸਬ ਡਿਵੀਜ਼ਨ ਬੰਗਾਂ ਦੇ ਪੱਤਰਕਾਰ ਜਿਨਾਂ ਨੂੰ ਜ਼ਿਲ੍ਹੇ ਵਿੱਚ ਨੁਮਾਇੰਦਗੀ ਮਿਲੀ ਉਹਨਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਸ਼ਾਲ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਨਜੀਤ ਸਿੰਘ ਭੰਗਲ ਤੋਂ ਇਲਾਵਾ ਮੱਖਣ ਸਿੰਘ ਹੰਸਰੋ, ਅਮਨਪ੍ਰੀਤ ਸਿੰਘ ਅਨੋਖਰਵਾਲ, ਪ੍ਰਭਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਜੱਦੋਜਹਿਦ ਕਰ ਰਹੇ ਪਰਮਿੰਦਰ ਪਾਲ ਸਿੰਘ ਸਦੀਵੀ ਵਿਛੋੜਾ ਦੇ ਗਏ

ਜਲੰਧਰ (ਰਾਜੇਸ਼ ਥਾਪਾ)- ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ ਲਗਾਤਾਰ ਸੰਘਰਸ਼ਸ਼ੀਲ ਰਿਹਾ ਜੁਝਾਰੂ ਯੋਧਾ ਪਰਮਿੰਦਰ ਪਾਲ ਸਿੰਘ ਕਨਵੀਨਰ ਪੁਰਾਣੀ ਪੈਨਸ਼ਨ ਬਹਾਲ ਕਮੇਟੀ ਕਪੂਰਥਲਾ ਅਚਨਚੇਤ ਹੀ ਹਾਰਟ ਅਟੈਕ ਆਣ ਨਾਲ ਆਪਣੇ ਪਰਵਾਰਕ ਮੈਂਬਰਾਂ, ਸਕੇ ਸੰਬੰਧੀਆਂ, ਸਨੇਹੀਆਂ ਅਤੇ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਜੱਦੋਜਹਿਦ ਕਰ ਰਹੇ ਆਪਣੇ ਜੁਝਾਰੂ ਸੰਘਰਸ਼ਸ਼ੀਲ ਸਾਥੀਆਂ ਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਿਆ। ਪੁਰਾਣੀ ਪੈਨਸ਼ਨ ਬਹਾਲੀ ਲਈ ਲਗਾਤਾਰ ਸੰਘਰਸ਼ਸ਼ੀਲ ਰਹੇ ਪਰਮਿੰਦਰ ਪਾਲ ਸਿੰਘ ਦੇ ਬੇਵਕਤੀ ਹੋਈ ਮੌਤ ਨਾਲ ਸਦੀਵੀ ਵਿਛੋੜਾ ਦੇ ਜਾਣ 'ਤੇ ਅਤਿਅੰਤ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਨ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ,ਜਥੇਬੰਦਕ ਸਕੱਤਰ ਨਿਰਮੋਲਕ ਸਿੰਘ ਹੀਰਾ, ਵਰਕਿੰਗ ਕਮੇਟੀ ਮੈਂਬਰ ਹਰਭਜਨ ਲਾਲ ਕੌਲ,ਕੇ ਕੇ ਪਾਂਡੇ,ਰਤਨ ਸਿੰਘ ਗੁਰਾਇਆ, ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜਲੰਧਰ ਦੇ ਆਗੂਆਂ ਬਲਵਿੰਦਰ ਕੁਮਾਰ,ਬਾਲ ਕ੍ਰਿਸ਼ਨ,ਪਵਨ ਮਸੀਹ, ਸੁਰਤੀ ਲਾਲ, ਹਰਜਿੰਦਰ ਅਨੇਜਾ, ਰਾਮ ਪਾਲ ਹਜਾਰਾ, ਜੋਗਿੰਦਰ ਸਿੰਘ,ਰਾਮ ਕਿਸ਼ਨ,ਤਾਰਾ ਸਿੰਘ ਬੀਕਾ, ਸਤਪਾਲ ਮਹਿਮੀ ਆਦਿ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਿੱਥੇ ਪਰਮਿੰਦਰ ਦੇ ਪਰਵਾਰਕ ਮੈਂਬਰਾਂ ਜੀਵਨ ਸਾਥਣ ਅਤੇ ਛੋਟੇ ਛੋਟੇ ਬੱਚਿਆਂ ਨੂੰ ਪੂਰੀ ਜ਼ਿੰਦਗੀ ਭਰ ਕਦੇ ਵੀ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ ਉੱਥੇ ਪੁਰਾਣੀ ਪੈਨਸ਼ਨ ਦੀ ਬਹਾਲੀ ਕਰਵਾਉਣ ਲਈ ਲਗਾਤਾਰ ਸੰਘਰਸ਼ਸ਼ੀਲ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਕਪੂਰਥਲਾ ਅਤੇ ਪੰਜਾਬ ਦੀ ਕਮੇਟੀ ਨੂੰ ਵੀ ਵੱਡਾ ਘਾਟਾ ਪਿਆ ਹੈ। ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਵਾਉਣ ਲਈ ਪਰਮਿੰਦਰ ਪਾਲ ਸਿੰਘ ਦੇ ਅਧੂਰੇ ਰਹਿ ਗਏ ਸੁਪਨੇ ਨੂੰ ਪੂਰਾ ਕਰਨ ਲਈ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਪੈਨਸ਼ਨਰ ਸਾਥੀ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਚੱਲ ਰਹੇ ਸੰਘਰਸ਼ ਵਿੱਚ ਲਗਾਤਾਰ ਯੋਗਦਾਨ ਪਾਉਂਦੇ ਰਹਿਣਗੇ।



# ਆਕਾਸ਼ ਭੁੱਟਾ ਨੇ ਮਾਰਸ਼ਲ ਆਰਟਸ 'ਚ ਸੋਨੇ ਦਾ ਤਗਮਾ ਜਿੱਤਿਆ

ਫਗਵਾੜਾ (ਜਸਵਿੰਦਰ ਢੱਡਾ)- ਸੰਤ ਸਰਵਣ ਦਾਸ ਮਾਡਲ ਸਕੂਲ, ਹਦੀਆਬਾਦ, ਫਗਵਾੜਾ ਲਈ ਇਹ ਬਹੁਤ ਹੀ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀ ਮਾਸਟਰ ਆਕਾਸ਼ ਕੁਮਾਰ ਭੁੱਟਾ ਨੇ 22 ਸਤੰਬਰ 2026 ਨੂੰ ਗੋਆ ਵਿਖੇ ਆਯੋਜਿਤ ਰਾਸ਼ਟਰੀ ਪੱਧਰੀ ਮਾਰਸ਼ਲ ਆਰਟਸ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਗਮਾ ਜਿੱਤਿਆ। ਇਸ ਸ਼ਾਨਦਾਰ ਪ੍ਰਾਪਤੀ ਸਦਕਾ ਉਸ ਦੀ ਚੋਣ 7ਵੀਂ ਕੁਨ ਖਮੇਰ ਵਿਸ਼ਵ ਚੈਂਪੀਅਨਸ਼ਿਪ ਲਈ ਹੋਈ ਹੈ, ਜੋ 19 ਤੋਂ 24 ਜਨਵਰੀ ਤੱਕ ਅੰਤਰਰਾਸ਼ਟਰੀ ਓਲੰਪਿਕ ਸਟੇਡੀਅਮ, ਫਨੋਮ ਪੇਨ, ਕੰਬੋਡੀਆ ਵਿਖੇ ਆਯੋਜਿਤ ਹੋਵੇਗੀ। ਇਸ ਮੌਕੇ ਸਕੂਲ ਦੇ ਪ੍ਰਬੰਧਕ ਇੰਜੀਨੀਅਰ ਬਲਬੀਰ ਸਿੰਘ (ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਧਿਕਾਰੀ) ਅਤੇ ਪ੍ਰਿੰਸੀਪਲ ਬਬੀਤਾ ਸੈਣੀ ਸਮੇਤ ਸਮੂਹ ਸਕੂਲ ਸਟਾਫ਼ ਨੇ ਆਕਾਸ਼ ਨੂੰ ਉਸ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਆਉਣ ਵਾਲੀ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸਕੂਲ ਦਾ ਨਾਂਅ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।



# 'ਆਪ' ਦੇ ਦਰਜਨਾਂ ਆਗੂ ਤੇ ਵਰਕਰ ਹਰਿਆਓ ਦੀ ਅਗਵਾਈ ਹੇਠ ਅਕਾਲੀ ਦਲ 'ਚ ਸ਼ਾਮਲ

## ਸੁਖਬੀਰ ਬਾਦਲ ਨੇ ਸਿਰੋਪਾਓ ਪਾ ਕੇ ਕੀਤਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਸਿਆਸੀ ਹੁੰਗਾਰਾ ਮਿਲਿਆ ਜਦੋਂ ਆਮ ਆਦਮੀ ਪਾਰਟੀ ਨਾਲ ਸਬੰਧਤ ਦਰਜਨਾਂ ਆਗੂਆਂ ਤੇ ਵਰਕਰਾਂ ਨੇ ਸ੍. ਜਗਮੀਤ ਸਿੰਘ ਹਰਿਆਓ ਦੀ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰ ਲਈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਤੇ ਵਰਕਰਾਂ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ।ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਸੁਖਚੈਨ ਸਿੰਘ ਵਜੀਦਪੁਰ (ਬਲਾਕ ਪ੍ਰਧਾਨ), ਸੁਖਦੀਪ ਸਿੰਘ (ਸੋਸ਼ਲ ਮੀਡੀਆ ਪ੍ਰਧਾਨ), ਸਿਮਰਨ ਸਿੰਘ (ਸੋਸ਼ਲ ਮੀਡੀਆ ਪ੍ਰਧਾਨ) ਤੇ ਸੁਬੇਗ ਸਿੰਘ (ਸਰਕਲ ਪ੍ਰਧਾਨ) ਦੇ ਨਾਮ ਸ਼ਾਮਲ ਹਨ।ਇਨ੍ਹਾਂ ਤੋਂ ਇਲਾਵਾ ਹਰਵਿੰਦਰ ਸਿੰਘ, ਕੁਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਹਿੰਦਰ ਸਿੰਘ, ਧਰਮਿੰਦਰ ਸਿੰਘ, ਗੁਰਧੀਰ ਸਿੰਘ, ਗੁਰਸੇਵਕ ਸਿੰਘ, ਕਰਨਵੀਰ ਸਿੰਘ ਤੇ ਜਸਕਰਨ ਸਿੰਘ ਸਮੇਤ ਹੋਰ ਕਈ ਵਰਕਰਾਂ ਨੇ ਵੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਗਾਰੰਟੀਆਂ ਤੇ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਤੇ ਪੰਜਾਬੀਆਂ ਦੀ ਆਪਣੀ ਪਾਰਟੀ ਹੈ, ਜੋ ਸੂਬੇ ਦੇ ਵਿਕਾਸ, ਲੋਕਾਂ ਦੀ ਭਲਾਈ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ।ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਆਗੂਆਂ ਤੇ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਨ-ਸਤਿਕਾਰ ਦਿੱਤਾ ਜਾਵੇਗਾ।

# ਯੁਵਕ ਮੇਲੇ ਦੀ ਸਫ਼ਲਤਾ 'ਚ ਸਟਾਫ਼ ਦੀ ਅਹਿਮ ਭੂਮਿਕਾ : ਪ੍ਰਿੰਸੀਪਲ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਝਾੜ ਸਾਹਿਬ ਕਾਲਜ ਵਿੱਚ ਆਯੋਜਿਤ ਚਾਰ ਰੋਜ਼ਾ ਯੁਵਕ ਮੇਲੇ ਨੂੰ ਜਿਸ ਅਨੁਸ਼ਾਸਤ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ ਹੈ, ਉਸ ਵਿੱਚ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਦੀ ਅਹਿਮ ਭੂਮਿਕਾ ਰਹੀ।ਇਹ ਵਿਚਾਰ ਕਾਲਜ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਵੱਲੋਂ ਜਾਰੀ ਇੱਕ ਪ੍ਰੈੱਸ ਨੋਟ ਵਿੱਚ ਪ੍ਰਗਟ ਕੀਤੇ ਗਏ।ਸਟਾਫ਼ ਦੀ ਤੱਸਲੀਬਖਸ਼ ਕਾਰਗੁਜ਼ਾਰੀ ਦੇ ਚਲਦਿਆਂ ਕਾਲਜ ਵੱਲੋਂ ਸਟਾਫ਼ ਦੀ ਜਿੱਥੇ ਭਰਪੂਰ ਸ਼ਲਾਘਾ ਕੀਤੀ ਗਈ, ਉਥੇ ਉਨ੍ਹਾਂ ਦੀ ਹੌਸਲਾਅਫਜ਼ਾਈ ਲਈ ਸਟਾਫ਼ ਨੂੰ ਢੁੱਕਵਾਂ ਸਨਮਾਨ ਦਿੱਤਾ ਗਿਆ।ਪ੍ਰਿੰਸੀਪਲ ਨੇ ਕਿਹਾ ਕਿ ਤੇ ਸਟਾਫ਼ ਝਾੜ ਸਾਹਿਬ ਕਾਲਜ ਦੀ ਰੀੜ੍ਹ ਦੀ ਹੱਡੀ ਹਨ।ਉਨ੍ਹਾਂ ਕਿਹਾ ਕਿ ਇਹ ਚਾਰ ਰੋਜ਼ਾ ਜ਼ੋਨਲ ਯੂਥ ਤੇ ਹੈਰੀਟੇਜ ਫੈਸਟੀਵਲ ਇਤਿਹਾਸਕ ਤੇ ਅਨੇਕਾਂ ਸੁਨਹਿਰੀ ਯਾਦਾਂ ਅਤੇ ਮਾਣਮੱਤੀਆਂ ਪ੍ਰਾਪਤੀਆਂ ਛੱਡ ਗਿਆ।ਇਸ ਦੀ ਸਫ਼ਲਤਾ ਵਿੱਚ ਅਧਿਆਪਕ ਤੇ ਵਿਦਿਆਰਥੀਆਂ ਦੇ ਨਾਲ-ਨਾਲ ਕਾਲਜ ਦੇ ਸਮੁੱਚੇ ਨਾਨ-ਟੀਚਿੰਗ ਸਟਾਫ਼ ਦਾ ਯੋਗਦਾਨ ਸ਼ਲਾਘਾਯੋਗ ਰਿਹਾ।ਇਸ ਫੈਸਟੀਵਲ ਦੇ ਸਫ਼ਲ ਆਯੋਜਨ ਉਪਰੰਤ ਕਾਲਜ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੂਹ ਨਾਨ-ਟੀਚਿੰਗ ਸਟਾਫ਼ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਕਿਸੇ ਵੀ ਵੱਡੇ ਸਮਾਗਮ ਦੀ ਸਫ਼ਲਤਾ ਪਿੱਛੇ ਸਮੂਹਕ ਅਮਲੇ ਦੀ ਮਿਹਨਤ, ਵਫਾਦਾਰੀ, ਇਮਾਨਦਾਰੀ ਤੇ ਨਿਸ਼ਠਾ ਦੀ ਅਹਿਮ ਭੂਮਿਕਾ ਹੁੰਦੀ ਹੈ।ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਇਸ ਜ਼ੋਨਲ ਯੂਥ ਤੇ ਹੈਰੀਟੇਜ ਫੈਸਟੀਵਲ ਦੀ ਚੌਥੀ ਵਾਰ ਮੇਜ਼ਬਾਨੀ ਕਰਨਾ ਕਾਲਜ ਲਈ ਮਾਣ ਤੇ ਖ਼ੁਸ਼ੀ ਦਾ ਵਿਸ਼ਾ ਸੀ।ਇਸ ਸਮਾਗਮ ਦੌਰਾਨ ਵੱਖ-ਵੱਖ ਕਾਲਜਾਂ ਤੋਂ ਪਹੁੰਚੇ ਵਿਦਿਆਰਥੀਆਂ, ਅਧਿਆਪਕਾਂ, ਮਹਿਮਾਨਾਂ, ਜੱਜ ਸਾਹਿਬਾਨ ਤੇ ਯੂਨੀਵਰਸਿਟੀ ਦੇ ਅਧਿਕਾਰੀਆਂ ਨੂੰ ਸੁਚੱਜੀਆਂ ਸਹੂਲਤਾਂ ਪ੍ਰਦਾਨ ਕਰਨ ਤੇ ਸਮੁੱਚੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਨਾਨ-ਟੀਚਿੰਗ ਸਟਾਫ਼ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਰਿਹਾ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਦਫ਼ਤਰੀ ਕੰਮਕਾਜ, ਸਮੁੱਚਾ ਰਿਕਾਰਡ, ਵਿੱਤੀ ਜ਼ਿੰਮੇਵਾਰੀਆਂ, ਸਫ਼ਾਈ, ਸੁਰੱਖਿਆਂ, ਮਹਿਮਾਨ ਨਿਵਾਜ਼ੀ ਤੇ ਹਰ ਮੌਕੇ ਦੀ ਲੋੜ ਨੂੰ ਪੂਰਨ ਕਰਨ ਵਿੱਚ ਸਮੂਹ ਨਾਨ-ਟੀਚਿੰਗ ਸਟਾਫ਼ ਨੇ ਜਿਸ ਤਨਦੇਹੀ, ਸਬਰ ਤੇ ਜ਼ਿੰਮੇਵਾਰੀ ਦਾ ਸਬੂਤ ਦਿੱਤਾ, ਉਹ ਸੱਚਮੁੱਚ ਪ੍ਰਸ਼ੰਸਾਯੋਗ ਹੈ।ਹਰ ਕਰਮਚਾਰੀ ਨੇ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਸਮੇਂ ਦੀ ਪਾਬੰਦੀ, ਅਨੁਸ਼ਾਸਨ ਤੇ ਆਪਸੀ ਸਹਿਯੋਗ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਨਾਨ ਟੀਚਿੰਗ ਸਟਾਫ਼ ਕਿਸੇ ਵੀ ਸਿੱਖਿਆ ਸੰਸਥਾ ਦਾ ਅਟੁੱਟ ਅੰਗ ਹੁੰਦਾ ਹੈ।ਇਸ ਫੈਸਟੀਵਲ ਦੌਰਾਨ ਸਟਾਫ਼ ਵੱਲੋਂ ਦਿਖਾਈ ਗਈ ਇਕਜੁੱਟਤਾ, ਸੇਵਾ ਭਾਵਨਾ ਤੇ ਕਾਰਜ ਪ੍ਰਤੀ ਦ੍ਰਿੜ੍ਹਤਾ ਨੇ ਇਹ ਸਾਬਿਤ ਕੀਤਾ ਹੈ ਕਿ ਸਾਂਝੇ ਯਤਨਾਂ ਨਾਲ ਹਰ ਚੁਣੌਤੀ ਨੂੰ ਸਫਲਤਾ ਵਿੱਚ ਬਦਲਿਆ ਜਾ ਸਕਦਾ ਹੈ।ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਉਹ ਆਪਣੇ ਸਮੁੱਚੇ ਨਾਨ ਟੀਚਿੰਗ ਸਟਾਫ਼ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੀ ਹਾਂ ਤੇ ਉਨ੍ਹਾਂ ਦੀ ਵਫ਼ਾਦਾਰੀ, ਇਮਾਨਦਾਰੀ ਤੇ ਮਿਹਨਤ ਕੀਮਤੀ ਹੈ।ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀ ਮਿਹਨਤ, ਆਪਸੀ ਤਾਲਮੇਲ, ਲਗਨ, ਉਤਸ਼ਾਹ ਤੇ ਟੀਮ ਭਾਵਨਾ ਨਾਲ ਕਾਲਜ ਦੀ ਉੱਨਤੀ ਤੇ ਮਾਣ-ਮਰਿਆਦਾ ਲਈ ਕਾਰਜ ਕਰਦੇ ਰਹਿਣ ਲਈ ਸਮੁੱਚੇ ਸਟਾਫ਼ ਨੂੰ ਪ੍ਰੇਰਿਤ ਕੀਤਾ।ਇਸ ਮੌਕੇ ਕਾਲਜ ਦੇ ਚੌਥਾ ਦਰਜਾ ਕਰਮਚਾਰੀਆਂ ਨੂੰ ਤੋਹਫੇ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਮਾਨਸਾ ਡਿਵੈੱਲਪਮੈਂਟ ਐਸੋਸੀਏਸ਼ਨ ਦੇ ਯਤਨਾਂ ਸਦਕਾ ਸੂਏ ਵਾਲਾ ਫਾਟਕ ਖੋਲ੍ਹਣ ਦਾ ਕੰਮ ਸ਼ੁਰੂ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਅਗਰਾ ਨੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਲੰਮੇ ਸਮੇਂ ਤੋਂ ਮਾਨਸਾ ਦੇ ਸੂਏ ਵਾਲੇ ਫਾਟਕ -204 ਨੂੰ ਖੋਲ੍ਹਣ ਦੀ ਮੰਗ ਕੀਤੀ ਜਾ ਰਹੀ ਸੀ।ਅਗਰਾ ਨੇ ਕਿਹਾ ਕਿ ਮਾਨਸਾ 'ਚ ਧਰਨਿਆਂ ਤੇ ਵੱਖ-ਵੱਖ ਗਤੀਵਿਧੀਆਂ ਕਾਰਨ ਟ੍ਰੈਫਿਕ ਵਧਣ ਨਾਲ ਸ਼ਹਿਰ ਦੇ ਅੰਦਰਲੇ ਰਸਤੇ ਅਕਸਰ ਬਲਾਕ ਹੋ ਜਾਂਦੇ ਹਨ। ਇਸ ਲਈ ਸੂਏ ਵਾਲਾ ਫਾਟਕ-204 ਖੋਲ੍ਹਣਾ ਬਹੁਤ ਜ਼ਰੂਰੀ ਸੀ, ਕਿਉਂਕਿ ਇਹ ਰਸਤਾ ਸ਼ਹਿਰ ਤੋਂ ਬਾਹਰ ਜਾਣ ਵਾਲੀ ਆਵਾਜਾਈ ਨੂੰ ਨਿਯਮਤ ਕਰਨ ਤੇ ਟ੍ਰੈਫਿਕ ਦਾ ਦਬਾਅ ਘਟਾਉਣ 'ਚ ਸਹਾਈ ਹੋ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਥਾਨ 'ਤੇ ਪਹਿਲਾਂ ਅੰਡਰ ਬ੍ਰਿਜ ਦਾ ਕੰਮ ਚੱਲ ਰਿਹਾ ਸੀ, ਪ੍ਰੰਤੂ ਸੂਏ ਦੇ ਟੁੱਟਣ ਕਾਰਨ ਅੰਡਰ ਬ੍ਰਿਜ ਦਾ ਕੰਮ ਅੱਧਵਾਟੇ ਹੀ ਰੁਕ ਗਿਆ ਸੀ।ਇਸ ਕਾਰਨ ਇਹ ਫਾਟਕ ਪਿਛਲੇ 10 ਤੋਂ 12 ਮਹੀਨਿਆਂ ਤੋਂ ਬੰਦ ਪਿਆ ਹੋਇਆ ਸੀ।ਉਨ੍ਹਾਂ ਦੱਸਿਆ ਕਿ ਇਸ ਫਾਟਕ ਨੂੰ ਖੋਲ੍ਹਣ ਦੀ ਮੰਗ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਸ੍. ਭੀਮ ਸਿੰਘ, ਕਾਮਰੇਡ ਰਾਜਵਿੰਦਰ ਰਾਣਾ, ਵਾਰਡ ਦੇ ਕੌਂਸਲਰ ਅਸ਼ੋਕ ਸਪੋਲੀਆ ਤੇ ਡਾ. ਜਾਨਕ ਰਾਜ ਸਿੰਗਲਾ ਵੱਲੋਂ ਵੀ ਕੀਤੀ ਗਈ ਸੀ।ਇਸ ਤੋਂ ਇਲਾਵਾ ਸ਼ਹਿਰ ਦੀਆਂ ਹੋਰ ਸਮਾਜਿਕ, ਧਾਰਮਿਕ ਤੇ ਵਪਾਰਕ ਐਸੋਸੀਏਸ਼ਨਾਂ ਤੇ ਸੰਸਥਾਵਾਂ ਵੱਲੋਂ ਵੀ ਇਸ ਫਾਟਕ ਨੂੰ ਖੋਲ੍ਹਣ ਦੀ ਮੰਗ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਵੱਲੋਂ ਰੇਲਵੇ ਦੇ ਉੱਚ ਅਧਿਕਾਰੀਆਂ ਨਾਲ ਸੰਪਰਕ ਕਰਕੇ ਇਸ ਫਾਟਕ ਨੂੰ ਖੁੱਲ੍ਹਵਾਉਣ ਲਈ ਲਗਾਤਾਰ ਤੇ ਸਕਾਰਾਤਮਕ ਯਤਨ ਕੀਤੇ ਗਏ। ਖ਼ੁਸ਼ੀ ਦੀ ਗੱਲ ਹੈ ਕਿ ਐਸੋਸੀਏਸ਼ਨ ਦੇ ਯਤਨਾਂ ਨੂੰ ਬੂਰ ਪੈਂਦਾ ਦਿਖਾਈ ਦੇ ਰਿਹਾ ਹੈ।ਇਸ ਸਮੇਂ ਰੇਲਵੇ ਦੇ ਸੀਨੀਅਰ ਸੈਕਸ਼ਨ ਇੰਜੀਨੀਅਰ ਨਵੀਨ ਕੁਮਾਰ ਦੀ ਦੇਖ-ਰੇਖ ਹੇਠ ਠੇਕੇਦਾਰ ਅਵਿਨੇਸ਼ ਕੁਮਾਰ ਵੱਲੋਂ ਕੰਮ ਤੇਜ਼ੀ ਨਾਲ ਕਰਵਾਇਆ ਜਾ ਰਿਹਾ ਹੈ।

# ਪੈਨਸ਼ਨਰਾਂ ਦੇ ਲਾਈਫ ਸਰਟੀਫਿਕੇਟ ਭਰਨ ਲਈ ਸੇਵਾਵਾਂ ਦੀ ਪ੍ਰਕਿਰਿਆ ਸ਼ੁਰੂ



**ਲੁਧਿਆਣਾ (ਸਤੀਸ਼ ਸਚਦੇਵਾ)**-ਪੀਏਯੂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਪੈਨਸ਼ਨਰਾਂ ਦੇ ਲਾਈਫ ਸਰਟੀਫਿਕੇਟ ਭਰਨ ਲਈ 2 ਤੋਂ 30 ਨਵੰਬਰ ਤੱਕ ਸੇਵਾਵਾਂ ਦੇਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ।ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਪੀਏਯੂ ਵਿਖੇ ਸਟੇਟ ਬੈਂਕ ਆਫ ਇੰਡੀਆ ਅੱਗੇ ਸਵੇਰੇ 10.30 ਵਜੇ ਤੋਂ ਦੁਪਹਿਰ 1.30 ਵਜੇ ਤੱਕ ਕੰਮ ਵਾਲੇ ਦਿਨਾਂ ਵਿੱਚ ਇਹ ਸੁਵਿਧਾ ਦਿੱਤੀ ਜਾਵੇਗੀ। ਐਸੋਸੀਏਸ਼ਨ ਦੇ ਪ੍ਰਧਾਨ ਜਸਵੰਤ ਜ਼ੀਰਖ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਰੇ ਸੇਵਾ ਮੁਕਤ ਕਰਮਚਾਰੀਆਂ ਨੂੰ ਆਪਣੇ ਜ਼ਿੰਦਾ ਹੋਣ ਦਾ ਸਬੂਤ ਇੱਕ ਫਾਰਮ ਭਰ ਕੇ ਨਵੰਬਰ ਦੇ ਮਹੀਨੇ ਬੈਂਕ ਨੂੰ ਦੇਣਾ ਹੁੰਦਾ ਹੈ।ਕਈ ਪੈਨਸ਼ਨਰਾਂ ਨੂੰ ਇਹ ਫਾਰਮ ਭਰਨ ਵਿੱਚ ਦਿੱਕਤ ਆਉਂਦੀ ਹੈ।ਇਹ ਦਿੱਕਤ ਦੂਰ ਕਰਨ ਲਈ ਜਥੇਬੰਦੀ ਵੱਲੋਂ ਸਾਰਾ ਮਹੀਨਾ ਬੈਂਕ ਅੱਗੇ ਬੈਠ ਕੇ ਇਹ ਸੇਵਾ ਦਿੱਤੀ ਜਾਂਦੀ ਹੈ।ਇਸ ਮੌਕੇ ਚੇਅਰਮੈਨ ਐਮ ਐਸ ਪਰਮਾਰ,ਜਨਰਲ ਸਕੱਤਰ ਆਸਾ ਸਿੰਘ ਪੰਨੂ, ਸਵਰਨ ਸਿੰਘ ਰਾਣਾ, ਮਹਿਲ ਸਿੰਘ ਸਿੱਧੂ, ਤਰਸੇਮ ਸਿੰਘ, ਚਮਕੌਰ ਸਿੰਘ, ਰਾਮ ਚੰਦ, ਨਛੱਤਰ ਸਿੰਘ ਬਾੜੇਵਾਲ, ਬਲਵੀਰ ਸਿੰਘ ਸੁਨੇਤ, ਕਰਤਾਰ ਸਿੰਘ, ਰਣਜੋਧ ਸਿੰਘ ਗਰੇਵਾਲ ਸਮੇਤ ਕਈ ਹੋਰ ਮੈਂਬਰਾਂ ਨੇ ਆਪਣੀ ਜ਼ਿੰਮੇਵਾਰੀ ਨਿਭਾਈ।

# ਨੈਸ਼ਨਲ ਲੋਕ ਅਦਾਲਤ 12 ਦਸੰਬਰ ਨੂੰ, ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਦੀਪਕ ਸਿੱਬਲ ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਸ੍ਰੀ ਮੁਨੀਸ਼ ਸਿੰਗਲ ਜ਼ਿਲ੍ਹਾ ਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ੍ਰੀ ਅਸ਼ੀਸ਼ ਠਠੇਈ ਸਿਵਲ ਜੱਜ (ਸੀਨੀਅਰ ਡਵੀਜ਼ਨ)/ਜੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਸੰਗਰੂਰ ਦੀ ਅਗਵਾਈ ਹੇਠ 12 ਦਸੰਬਰ ਨੂੰ ਜ਼ਿਲ੍ਹਾ ਕੋਰਟ ਕੰਪਲੈਕਸ ਸੰਗਰੂਰ ਤੇ ਉੱਪ-ਮੰਡਲ ਕੋਰਟ ਕੰਪਲੈਕਸ ਧੂਰੀ, ਸੁਨਾਮ ਤੇ ਮੂਨਕ ਵਿੱਚ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ।ਇਹ ਜਾਣਕਾਰੀ ਸਿਵਲ ਜੱਜ ਸ੍ਰੀ ਅਸ਼ੀਸ਼ ਠਠੇਈ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਵੱਖ ਵੱਖ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੇ ਨਾਲ-ਨਾਲ ਪ੍ਰੀ-ਲਿਟੀਗੇਸ਼ਨ (ਅਦਾਲਤ ਵਿੱਚ ਦਾਇਰ ਹੋਣ ਤੋਂ ਪਹਿਲਾਂ ਦੇ) ਮਾਮਲਿਆਂ ਦਾ ਵੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ।ਇਨ੍ਹਾਂ ਵਿੱਚ ਮੁੱਖ ਤੌਰ 'ਤੇ ਚੈੱਕ ਬਾਊਂਸ ਦੇ ਕੇਸ (ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138), ਬੈਂਕ ਰਿਕਵਰੀ ਦੇ ਕੇਸ, ਮੋਟਰ ਦੁਰਘਟਨਾ ਮੁਆਵਜ਼ਾ ਕੇਸ, ਵਿਆਹ ਸਬੰਧੀ ਝਗੜੇ (ਤਲਾਕ ਨੂੰ ਛੱਡ ਕੇ), ਮਜ਼ਦੂਰੀ ਤੇ ਕਿਰਤ ਸਬੰਧੀ ਵਿਵਾਦ, ਬਿਜਲੀ ਤੇ ਪਾਣੀ ਦੇ ਬਿੱਲਾਂ ਸਬੰਧੀ ਕੇਸ, ਮਾਲੀਆ ਤੇ ਜ਼ਮੀਨੀ ਝਗੜੇ, ਦੀਵਾਨੀ ਕੇਸ ਤੇ ਸਮਝੌਤਾ ਹੋ ਸਕਣ ਵਾਲੇ ਫੌਜਦਾਰੀ ਕੇਸ, ਟ੍ਰੈਫਿਕ ਚਲਾਨ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਤੇ ਦੋਵਾਂ ਧਿਰਾਂ ਨੂੰ ਮੰਨਣਯੋਗ ਹੁੰਦਾ ਹੈ।ਇਸ ਵਿਰੁੱਧ ਕੋਈ ਅਪੀਲ ਨਹੀਂ ਹੁੰਦੀ।ਆਪਸੀ ਸਹਿਮਤੀ ਨਾਲ ਫੈਸਲਾ ਹੋਣ ਕਾਰਨ ਧਿਰਾਂ ਵਿਚਕਾਰ ਆਪਸੀ ਭਾਈਚਾਰਾ ਤੇ ਸਦਭਾਵਨਾ ਬਣੀ ਰਹਿੰਦੀ ਹੈ।ਉਨ੍ਹਾਂ ਜ਼ਿਲ੍ਹਾ ਸੰਗਰੂਰ ਦੇ ਸਮੂਹ ਨਿਵਾਸੀਆਂ, ਵਕੀਲਾਂ, ਬੈਂਕਾਂ, ਬੀਮਾ ਕੰਪਨੀਆਂ ਤੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਨਿਪਟਾਰਾ ਕਰਵਾਉਣ ਲਈ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ।ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਦੇ ਦਫ਼ਤਰ ਸਮਝੌਤਾ ਸਦਨ ਨੇੜੇ ਨਿਆਇਕ ਕੋਰਟ ਕੰਪਲੈਕਸ ਸੰਗਰੂਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ, ਜਾਂ ਟੋਲ ਫਰੀ ਹੈਲਪਲਾਈਨ ਨੰਬਰ 15100 'ਤੇ ਕਾਲ ਕੀਤੀ ਜਾ ਸਕਦੀ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ 21 ਨਵੰਬਰ 2026 ਨੂੰ ਸਪੈਸ਼ਲ ਲੋਕ ਅਦਾਲਤ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 ਅਧੀਨ ਲੱਗਣ ਜਾ ਰਹੀ ਹੈ।ਇਸ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 ਅਧੀਨ ਚੈੱਕ ਬਾਊਂਸ ਦੇ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੇ ਨਾਲ-ਨਾਲ ਪ੍ਰੀ-ਲਿਟੀਗੇਸ਼ਨ ਮਾਮਲਿਆਂ ਦਾ ਵੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ।ਉਨ੍ਹਾਂ ਬੈਂਕਾਂ, ਵਿੱਤੀ ਸੰਸਥਾਵਾਂ, ਵਪਾਰੀਆਂ, ਵਕੀਲਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਚੈੱਕ ਬਾਊਂਸ ਸਬੰਧੀ ਕੇਸ ਚੱਲ ਰਹੇ ਹਨ ਜਾਂ ਜੋ ਅਜਿਹੇ ਮਾਮਲੇ ਅਦਾਲਤ ਵਿੱਚ ਲਿਜਾਣ ਤੋਂ ਪਹਿਲਾਂ ਹੀ ਸੁਲਝਾਉਣਾ ਚਾਹੁੰਦੇ ਹਨ, ਉਹ ਇਸ ਮੌਕੇ ਦਾ ਲਾਭ ਜ਼ਰੂਰ ਉਠਾਉਣ।

# ਸੰਗਰੂਰ ਰੈਲੀ ਲਈ ਕਾਂਗਰਸੀ ਵਰਕਰਾਂ 'ਚ ਭਾਰੀ ਉਤਸ਼ਾਹ : ਗੋਲਡੀ

**ਧੂਰੀ (ਮਨੋਹਰ ਸੱਗੂ/ਮੋਹਿਤ ਗਰਗ)**-



ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ ਨੇ ਕਿਹਾ ਕਿ ਆਲ ਇੰਡੀਆ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਦੀ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਨੂੰ ਲੈ ਕੇ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਰੈਲੀ ਦੌਰਾਨ ਰਾਹੁਲ ਗਾਂਧੀ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ ਤੇ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਬਾਰੇ ਆਪਣੇ ਵਿਚਾਰ ਲੋਕਾਂ ਨਾਲ ਸਾਂਝੇ ਕਰਨਗੇ।ਗੋਲਡੀ ਨੇ ਹਲਕੇ ਦੇ ਲੋਕਾਂ ਤੇ ਕਾਂਗਰਸੀ ਵਰਕਰਾਂ ਨੂੰ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ 4 ਨਵੰਬਰ ਸਵੇਰੇ 10 ਵਜੇ ਪਿੰਡ ਬੇਨੜਾ ਨੇੜੇ ਸਥਿਤ ਕਲਾਸਿਕ ਗਰੈਂਡ ਪੈਲੇਸ ਤੋਂ ਬੱਸਾਂ ਦਾ ਕਾਫ਼ਲਾ ਰੈਲੀ ਵਿੱਚ ਸ਼ਮੂਲੀਅਤ ਲਈ ਰਵਾਨਾ ਹੋਵੇਗਾ।

# ਸੁਖਬੀਰ ਬਾਦਲ ਵਪਾਰੀਆਂ ਨੂੰ ਕਰ ਰਹੇ ਨੇ ਗੁੰਮਰਾਹ : ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਵਿੱਚ ਲੰਬਾ ਸਮਾਂ ਅਕਾਲੀ-ਭਾਜਪਾ ਗੱਠਜੋੜ ਤੇ ਕਾਂਗਰਸ ਨੇ ਬਰਾਬਰ ਬਰਾਬਰ ਰਾਜ ਕੀਤਾ ਹੈ, ਪ੍ਰੰਤੂ ਆਪਣੇ ਕਾਰਜਕਾਲ ਦੌਰਾਨ ਵਪਾਰੀਆਂ ਨੂੰ ਸੁੱਖ ਸਹੂਲਤਾਂ ਦੇਣ 'ਚ ਨਕਾਮ ਰਹੇ ਹਨ, ਜਿਸ ਕਾਰਨ ਸੂਬੇ ਦੀ ਇੰਡਸਟਰੀ ਬਾਹਰਲੇ ਸੂਬਿਆਂ ਵਿੱਚ ਜਾਣ ਲਈ ਮਜਬੂਰ ਹੋ ਗਈ ਸੀ।ਅੱਜ ਵਪਾਰੀ ਵਰਗ ਨੂੰ ਵੱਡੇ ਵੱਡੇ ਸਬਜ਼ਬਾਗ ਦਿਖਾ ਕੇ ਗੁੰਮਰਾਹ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਪੰਜਾਬ ਦੇ ਵਿੱਚ ਕਾਫੀ ਲੰਬਾ ਸਮਾਂ ਰਾਜ ਕੀਤਾ ਹੈ।ਜਦੋਂ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਸੀ, ਸੁਖਬੀਰ ਸਿੰਘ ਬਾਦਲ ਉਪ ਮੁੱਖ ਮੰਤਰੀ ਸਨ, ਉਦੋਂ ਇੰਡਸਟਰੀ ਨੂੰ ਇੰਨੀ ਮਹਿੰਗੀ ਬਿਜਲੀ ਦਿੱਤੀ ਜਾ ਰਹੀ ਸੀ, ਵਾਧੂ ਟੈਕਸਾਂ ਦਾ ਬੋਝ ਪਾਇਆ ਜਾ ਰਿਹਾ ਸੀ, ਇਥੋਂ ਤੱਕ ਕਿ ਇੰਡਸਟਰੀ ਦੇ ਵਿੱਚ ਹਿੱਸਾਪਤੀ ਪਾਉਣ ਦੇ ਲਈ ਵੀ ਮਜਬੂਰ ਕੀਤਾ ਜਾ ਰਿਹਾ ਸੀ।ਬਾਦਲ ਸਰਕਾਰ ਦੀਆਂ ਇਨ੍ਹਾਂ ਕੋਝੀਆਂ ਚਾਲਾਂ ਦੇ ਕਾਰਨ ਵਪਾਰੀ ਵਰਗ ਬਾਹਰਲੇ ਸੂਬਿਆਂ 'ਚ ਇੰਡਸਟਰੀ ਲਿਜਾਣ ਦੇ ਲਈ ਮਜਬੂਰ ਹੋ ਗਿਆ ਸੀ।ਹੁਣ ਵਿਧਾਨ ਸਭਾ 2027 ਦੀਆਂ ਚੋਣਾਂ ਦੇ ਨਜ਼ਦੀਕ ਹੋਣ ਕਾਰਨ ਸੂਬੇ ਦੇ ਲੋਕਾਂ ਨੂੰ ਵੱਡੇ ਵੱਡੇ ਸਬਜ਼ਬਾਗ ਦਿਖਾਏ ਜਾ ਰਹੇ ਹਨ।ਪੰਜਾਬ ਦੇ ਲੋਕ ਪਹਿਲਾਂ ਹੀ ਸੂਝਵਾਨ ਹਨ, ਉਹ ਇਨ੍ਹਾਂ ਦੀਆਂ ਲੂੰਬੜ ਚਾਲਾਂ ਵਿੱਚ ਨਹੀਂ ਆਉਣਗੇ।

# ਅਹੁਦਾ ਸੰਭਾਲਣ ਮੌਕੇ ਗੁਰਪ੍ਰੀਤ ਸਿੰਘ ਸਰਾਂ ਨੂੰ ਦਿੱਤੀਆਂ ਸ਼ੁਭ-ਕਾਮਨਾਵਾਂ



**ਮਲੋਟ (ਰਜਿੰਦਰ ਜੁਨੇਜਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਸਰਾ (ਵਿਰਕ ਖੇੜਾ) ਨੇ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ (ਸ਼ਾਖਾ) ਮਲੋਟ ਦੇ ਚੇਅਰਮੈਨ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਸਬੰਧੀ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ (ਸ਼ਾਖਾ), ਅਬੋਹਰ ਰੋਡ, ਮਲੋਟ ਵਿਖੇ ਇੱਕ ਵਿਸ਼ੇਸ਼ ਪ੍ਰਧਾਨਗੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ, ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਦੇ ਪਤੀ ਸ੍. ਦਲਜੀਤ ਸਿੰਘ (ਕਾਰਜਕਾਰੀ ਐੱਸ.ਸੀ., ਪੀ.ਐੱਸ.ਪੀ.ਸੀ.ਐੱਲ. ਕੋਟਕਪੂਰਾ) ਵੀ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨਾਲ ਮੌਜੂਦ ਸਨ, ਜਿਨ੍ਹਾਂ ਦਾ ਬੋਰਡ ਆਫ਼ ਡਾਇਰੈਕਟਰਜ਼ ਵੱਲੋਂ ਭਰਵਾਂ ਤੇ ਨਿੱਘਾ ਸਵਾਗਤ ਕੀਤਾ ਗਿਆ।ਅਹੁਦਾ ਸੰਭਾਲਣ ਦੇ ਇਸ ਸ਼ੁਭ ਮੌਕੇ ਸਭ ਤੋਂ ਪਹਿਲਾਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਬੈਂਕ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਉਪਰੰਤ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਨਵ-ਨਿਯੁਕਤ ਚੇਅਰਮੈਨ ਗੁਰਪ੍ਰੀਤ ਸਿੰਘ ਸਰਾਂ ਨੂੰ ਰਸਮੀ ਤੌਰ 'ਤੇ ਕੁਰਸੀ 'ਤੇ ਬਿਠਾਇਆ ਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ।ਨਵ-ਨਿਯੁਕਤ ਚੇਅਰਮੈਨ ਗੁਰਪ੍ਰੀਤ ਸਿੰਘ ਨੇ ਪਾਰਟੀ ਹਾਈ ਕਮਾਂਡ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਤੇ ਜਤਾਏ ਗਏ ਭਰੋਸੇ 'ਤੇ ਪੂਰੀ ਤਰ੍ਹਾਂ ਖਰੇ ਉਤਰਨਗੇ ਤੇ ਬੈਂਕ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਣਗੇ।

# ਵੀ ਡੀ ਓ ਜਗਜੀਤ ਸਿੰਘ ਦੀ ਸੇਵਾ-ਮੁਕਤੀ ਮੌਕੇ ਵਿਦਾਇਗੀ ਸਮਾਗਮ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਕਰੀਬ 26 ਸਾਲਾਂ ਦੀ ਲੰਮੀ ਤੇ ਸ਼ਾਨਦਾਰ ਸੇਵਾ ਨਿਭਾਉਣ ਤੋਂ ਬਾਅਦ ਵੀ.ਡੀ.ਓ. ਜਗਜੀਤ ਸਿੰਘ ਮੀਮਸਾ ਆਪਣੀ ਨੌਕਰੀ ਤੋਂ ਸੇਵਾ ਮੁਕਤ ਹੋਣ ਮੌਕੇ ਸੰਖੇਪ ਵਿਦਾਇਗੀ ਸਮਾਗਮ ਕੀਤਾ ਗਿਆ।ਇਸ ਮੌਕੇ ਪੁੱਜੇ ਸਨੇਹੀਆਂ ਤੇ ਸਾਥੀਆਂ ਵੱਲੋਂ ਜਗਜੀਤ ਸਿੰਘ ਦੇ ਸੁਚੱਜੇ ਕੰਮਕਾਜ ਦੀ ਭਰਪੂਰ ਸ਼ਲਾਘਾ ਕੀਤੀ ਗਈ।ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਆਖਿਆ ਕਿ ਜਗਜੀਤ ਸਿੰਘ ਨੇ ਆਪਣੀ ਸਰਵਿਸ ਦੇ ਸੁਚੱਜੇ ਦੌਰਾਨ ਧੂਰੀ ਹਲਕੇ ਦੇ 50 ਤੋਂ ਵਧੇਰੇ ਪਿੰਡਾਂ ਵਿੱਚ ਲਗਨ ਨਾਲ ਸੇਵਾਵਾਂ ਨਿਭਾਈਆਂ ਹਨ।ਉਨ੍ਹਾਂ ਪਿੰਡਾਂ ਦੀਆਂ ਗਲੀਆਂ-ਨਾਲੀਆਂ, ਛੱਪੜਾਂ ਦੀ ਸੁਧਾਈ ਤੇ ਹੋਰ ਪੇਂਡੂ ਵਿਕਾਸ ਕਾਰਜਾਂ ਵਿੱਚ ਆਪਣੀ ਪੂਰੀ ਜਾਨ ਲਾਈ।ਇਸ ਮਾਣਮੱਤੇ ਵਿਦਾਇਗੀ ਸਮਾਰੋਹ ਵਿੱਚ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਉਚੇਚੇ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਤੋਂ ਇਲਾਵਾ ਇਲਾਕੇ ਦੇ ਦਰਜਨਾਂ ਪੰਚਾਂ-ਸਰਪੰਚਾਂ, ਮੋਹਤਬਰਾਂ ਤੇ ਵਿਭਾਗ ਦੇ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸਾਰਿਆਂ ਨੇ ਰਲ-ਮਿਲ ਕੇ ਜਗਜੀਤ ਸਿੰਘ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਅੰਤ ਵਿੱਚ ਸਾਰੇ ਹਾਜ਼ਰੀਨ ਨੇ ਉਨ੍ਹਾਂ ਦੀ ਨਵੀਂ ਸ਼ੁਰੂ ਹੋਈ ਜ਼ਿੰਦਗੀ ਲਈ ਚੜ੍ਹਦੀ ਕਲਾ, ਤੰਦਰੁਸਤੀ ਤੇ ਲੰਮੀ ਉਮਰ ਦੀ ਸੁੱਖ-ਸਾਂਦ ਮੰਗੀ।

# ਸਹਿਕਾਰੀ ਸਭਾ ਪਾਇਲ ਦਫ਼ਤਰ ਦੀ ਗਿਆਸਪੁਰਾ ਵੱਲੋਂ ਚੈਕਿੰਗ

**ਦੋਰਾਹਾ (ਹਰਮਿੰਦਰ ਸੇਠ)**-ਪਾਇਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਸਹਾਇਕ ਰਜਿਸਟਰਾਰ ਸਹਿਕਾਰੀ ਸਭਾ ਪਾਇਲ ਦਫ਼ਤਰ ਦੀ ਕਾਰਜਪ੍ਰਣਾਲੀ ਦੀ ਜਾਂਚ ਲਈ ਫੂਡ ਸਪਲਾਈ ਤੇ ਸਹਿਕਾਰੀ ਸੇਵਾਵਾਂ ਵਿਭਾਗ ਦੇ ਦਫ਼ਤਰਾਂ ਵਿੱਚ ਅਚਨਚੇਤ ਚੈਕਿੰਗ ਕੀਤੀ।ਇਸ ਦੌਰਾਨ ਦੋਵਾਂ ਦਫ਼ਤਰਾਂ ਵਿੱਚ ਮੁਲਾਜ਼ਮਾਂ ਦੀ ਹਾਜ਼ਰੀ ਤੇ ਸਰਕਾਰੀ ਕੰਮਕਾਜ ਸਬੰਧੀ ਕਈ ਖਾਮੀਆਂ ਸਾਹਮਣੇ ਆਈਆਂ।ਵਿਧਾਇਕ ਸਭ ਤੋਂ ਪਹਿਲਾਂ ਫੂਡ ਸਪਲਾਈ ਵਿਭਾਗ ਦੇ ਦਫ਼ਤਰ ਪਹੁੰਚੇ, ਜਿੱਥੇ ਸਵੇਰੇ ਕਰੀਬ 11 ਵਜੇ ਤੱਕ ਕੋਈ ਵੀ ਅਧਿਕਾਰੀ ਡਿਊਟੀ 'ਤੇ ਮੌਜੂਦ ਨਹੀਂ ਸੀ।ਹੈਰਾਨੀ ਦੀ ਗੱਲ ਇਹ ਸੀ ਕਿ ਦਫ਼ਤਰ ਵਿੱਚ ਮੁਲਾਜ਼ਮਾਂ ਦੀ ਹਾਜ਼ਰੀ ਦਰਜ ਕਰਨ ਵਾਲਾ ਰਜਿਸਟਰ ਵੀ ਉਪਲਬਧ ਨਹੀਂ ਸੀ।ਇਸੇ ਦੌਰਾਨ ਦਫ਼ਤਰ ਪਹੁੰਚੇ ਇਕ ਮੁਲਾਜ਼ਮ ਨੇ ਦੱਸਿਆ ਕਿ ਹਾਜ਼ਰੀ ਰਜਿਸਟਰ ਸਟਾਫ਼ ਆਪਣੇ ਨਾਲ ਲੈ ਜਾਂਦਾ ਹੈ।ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਪਾਇਲ ਦਫ਼ਤਰ ਨਿਰੀਖਕਾਂ ਦੇ ਹਾਜ਼ਰੀ ਵਾਲੇ ਰੋਜ਼ਨਾਮਚੇ ਨਹੀਂ ਸਨ ਤੇ ਹਾਜ਼ਰੀ ਨਹੀਂ ਲੱਗੀ ਹੋਈ ਸੀ। ਇਸ ਸਥਿਤੀ 'ਤੇ ਵਿਧਾਇਕ ਨੇ ਸਖ਼ਤ ਨਾਰਾਜ਼ਗੀ ਪ੍ਰਗਟਾਈ।ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦਾ ਸੀਜ਼ਨ ਚੱਲ ਰਿਹਾ ਹੈ ਤੇ ਇਸ ਸਮੇਂ ਕਿਸਾਨਾਂ ਨੂੰ ਵਿਭਾਗੀ ਸਹਿਯੋਗ ਦੀ ਲੋੜ ਹੈ, ਪਰ ਦਫ਼ਤਰ ਵਿੱਚ ਅਧਿਕਾਰੀਆਂ ਦੀ ਗੈਰਹਾਜ਼ਰੀ ਗੰਭੀਰ ਮਾਮਲਾ ਹੈ।ਉਨ੍ਹਾਂ ਤੁਰੰਤ ਡੀਐੱਫਐੱਸਓ ਨਾਲ ਫੋਨ 'ਤੇ ਗੱਲ ਕਰਕੇ ਜਵਾਬਤਲਬੀ ਕੀਤੀ ਤੇ ਲੋੜੀਂਦੀ ਕਾਰਵਾਈ ਕਰਨ ਦੀ ਹਦਾਇਤ ਦਿੱਤੀ।

# ਗੌਰਵ ਸੰਧੂ ਸੰਗਰੂਰ ਰੈਲੀ 'ਚ ਸੈਂਕੜੇ ਵਰਕਰਾਂ ਨਾਲ ਹੋਣਗੇ ਸ਼ਾਮਲ

## ਰਾਹੁਲ ਗਾਂਧੀ ਦੀ ਇਨਸਾਫ਼ ਰੈਲੀ ਤੋਂ ਬਾਅਦ ਆਪ ਦਾ ਹੋਵੇਗਾ ਪੱਤਨ ਸ਼ੁਰੂ : ਗੌਰਵ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉਪ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਵੱਲੋਂ ਸਨੌਰ ਸਥਿਤ ਦਫ਼ਤਰ ਵਿਖੇ ਕਾਂਗਰਸ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਤੇ ਮੋਹਤਬਰ ਸਾਥੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ।ਇਹ ਮੀਟਿੰਗ ਦੇਸ਼ ਦੇ ਜਨ ਨਾਇਕ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਸ਼੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਹਲਕਾ ਸਨੌਰ ਤੋਂ ਵੱਡੀ ਸ਼ਮੂਲੀਅਤ ਯਕੀਨੀ ਬਣਾਉਣ ਦੇ ਮਕਸਦ ਨਾਲ ਕੀਤੀ ਗਈ ਸੀ।

ਇਸ ਦੌਰਾਨ ਹਲਕਾ ਸਨੌਰ ਤੋਂ ਰੈਲੀ ਦੀਆਂ ਤਿਆਰੀਆਂ, ਪ੍ਰਬੰਧਾਂ ਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਗੌਰਵ ਸੰਧੂ ਨੇ ਹਾਜ਼ਰ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਦੇ ਉਦੇਸ਼ਾਂ ਬਾਰੇ ਜਾਣੂ ਕਰਵਾਉਣ ਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਵਿੱਚ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕਰਨ।ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਲੋਕਾਂ ਦੀ ਆਵਾਜ਼ ਤੇ ਉਨ੍ਹਾਂ ਦੇ ਹੱਕਾਂ ਨਾਲ ਜੁੜੇ ਮੁੱਦਿਆਂ ਨੂੰ ਉਭਾਰਨ ਦਾ ਅਹਿਮ ਮੰਚ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਹਲਕਾ ਸਨੌਰ ਤੋਂ ਕਾਂਗਰਸੀ ਵਰਕਰ ਪੂਰੇ ਜੋਸ਼ ਤੇ ਉਤਸ਼ਾਹ ਨਾਲ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਮੀਟਿੰਗ ਦੌਰਾਨ ਹਾਜ਼ਰ ਆਗੂਆਂ ਤੇ ਵਰਕਰਾਂ ਨੇ ਆਪਸੀ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਭਰੋਸਾ ਦਿਵਾਇਆ ਕਿ ਹਲਕੇ ਦੇ ਹਰ ਪਿੰਡ ਤੋਂ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਆਮ ਲੋਕ ਸੰਗਰੂਰ ਪਹੁੰਚ ਕੇ ਰੈਲੀ ਵਿੱਚ ਆਪਣੀ ਸ਼ਮੂਲੀਅਤ ਦਰਜ ਕਰਵਾਉਣਗੇ।ਇਸ ਮੌਕੇ ਪ੍ਰਧਾਨ ਮਹਿਲਾ ਕਾਂਗਰਸ ਬਲਾਕ ਭੁਨਰਹੇੜੀ ਚਰਨਜੀਤ ਕੌਰ, ਪ੍ਰਧਾਨ ਬਲਾਕ ਸਨੌਰ ਸੁਖਵਿੰਦਰ ਕੌਰ ਦਿਓਲ, ਪ੍ਰਧਾਨ ਐੱਸ.ਸੀ. ਸੈੱਲ ਬਲਾਕ ਸਨੌਰ ਸ਼ਮਸ਼ੇਰ ਸਿੰਘ, ਪ੍ਰਧਾਨ ਐੱਸ.ਸੀ. ਸੈੱਲ ਬਲਾਕ ਭੁਨਰਹੇੜੀ ਗੁਰਸੇਵਕ ਸਿੰਘ, ਬਲਾਕ ਸੰਮਤੀ ਮੈਂਬਰ ਤਰਸੇਮ ਸਿੰਘ, ਬਲਾਕ ਸੰਮਤੀ ਮੈਂਬਰ ਭਿੰਦਾ, ਸਰਪੰਚ ਦੀਪ ਚੰਦ, ਨਛੱਤਰ ਸਿੰਘ ਰਾਠੀਆ, ਨਰਿੰਦਰ ਰਾਠੀਆਂ, ਸਤਵਿੰਦਰ ਰਾਠੀਆਂ, ਰਣਧੀਰ ਸਿੰਘ ਸਨੌਰ ਤੇ ਵੱਡੀ ਗਿਣਤੀ 'ਚ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

# ਯੂਥ ਕਾਂਗਰਸ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦਾ ਫੜਿਆ ਪੱਲਾ

## ਸਾਬਕਾ ਵਿਧਾਇਕ ਆਵਲਾ ਨੇ ਸਿਰੋਪੇ ਪਾ ਕੇ ਕੀਤਾ ਸਵਾਗਤ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਜਿਵੇਂ ਜਿਵੇਂ ਪੰਜਾਬ ਵਿੱਚ ਵਿਧਾਨ ਸਭਾ ਦੀਆਂ ਚੋਣਾਂ ਨੇੜੇ ਆ ਰਹੀਆਂ ਹਨ ਤੇ ਅਕਾਲੀ ਦਲ ਦੇ ਪਰਵਾਰ ਵਿੱਚ ਵਾਧਾ ਹੋ ਰਿਹਾ ਹੈ।ਇਸ ਦੇ ਤਹਿਤ ਯੂਥ ਕਾਂਗਰਸ ਹਲਕਾ ਜਲਾਲਾਬਾਦ ਨਾਲ ਜੁੜੇ ਆਗੂਆਂ ਨੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ।ਇਸ ਮੌਕੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਸਿਰੋਪੇ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ, ਅਸੈਂਬਲੀ ਪ੍ਰਧਾਨ ਹਰਭਜਨ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਲਾਡੀ, ਬਲਾਕ ਪ੍ਰਧਾਨ ਅਰਨੀ ਵਾਲਾ ਹਰਅੰਮ੍ਰਿਤ ਸਿੰਘ, ਅਸੈਂਬਲੀ ਵਾਈਸ ਪ੍ਰਧਾਨ ਅਜੇ ਲੱਧੂ ਵਾਲਾ, ਬਲਾਕ ਵਾਈਸ ਪ੍ਰਧਾਨ ਸਾਜਨ ਘੋਗਾ, ਅਸੈਂਬਲੀ ਜਨਰਲ ਸਕੱਤਰ ਪਰਮਿੰਦਰ ਸਿੰਘ, ਜਸਦੀਪ ਮੁਰਾਦ ਵਾਲਾ, ਰਾਜਵਿੰਦਰ ਬੁਰਜ ਹਨੂੰਮਾਨਗੜ੍ਹ, ਆਸ਼ੂ ਸਰਪੰਚ ਅਲਿਆਣਾ, ਜਗਵਿੰਦਰ ਲੱਧੂ ਵਾਲਾ, ਰਾਜਵਿੰਦਰ ਲੱਧੂ ਵਾਲਾ, ਨਰਿੰਦਰ ਲੱਧੂ ਵਾਲਾ ਤੇ ਜਸਵਿੰਦਰ ਸਰਪੰਚ ਸਮੇਤ ਹੋਰ ਮੌਜੂਦ ਆਗੂਆ ਨੇ ਅਕਾਲੀ ਦਲ ਦਾ ਪੱਲਾ ਫੜ ਲਿਆ।ਇਸ ਦੌਰਾਨ ਸਾਬਕਾ ਵਿਧਾਇਕ ਆਵਲਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਪੰਜਾਬ ਦੇ ਹਿੱਤਾਂ ਲਈ ਕੀਤੇ ਜਾ ਰਹੇ ਯਤਨਾਂ ਨਾਲ ਪ੍ਰਭਾਵਿਤ ਹੋ ਕੇ ਵੱਖ-ਵੱਖ ਵਰਗਾਂ ਦੇ ਲੋਕ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਨੂੰ ਬਣਦਾ ਮਾਨ-ਸਤਿਕਾਰ ਦਿੱਤਾ ਜਾਵੇਗਾ ਤੇ ਮਿਲ ਕੇ ਪੰਜਾਬ ਤੇ ਹਲਕੇ ਦੀ ਬਿਹਤਰੀ ਲਈ ਕੰਮ ਕੀਤਾ ਜਾਵੇਗਾ।

# ਕੈਂਬ੍ਰਿਜ ਦੀ ਮੈਨੇਜਮੈਂਟ ਵੱਲੋਂ ਆਸਟ੍ਰੇਲੀਆ ਦਾ ਇਤਿਹਾਸਕ ਦੌਰਾ



**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਦੀ ਮੈਨੇਜਮੈਂਟ ਦੇ ਚੇਅਰਮੈਨ ਮਨਦੀਪ ਮਲੜਾ ਤੇ ਐੱਮ.ਡੀ. ਮੈਡਮ ਮਹਿਕ ਮਲੜਾ ਵੱਲੋਂ ਹਾਲ ਹੀ ਵਿੱਚ ਕੀਤਾ ਗਿਆ ਆਸਟ੍ਰੇਲੀਆ ਦਾ ਇਤਿਹਾਸਕ ਦੌਰਾ ਸਿੱਖਿਆ ਜਗਤ ਵਿੱਚ ਇੱਕ ਨਵੀਂ ਮਿਸਾਲ ਕਾਇਮ ਕਰ ਗਿਆ।ਇਸ ਦੌਰੇ ਦੌਰਾਨ ਸਕੂਲ ਪ੍ਰਬੰਧਕਾਂ ਨੂੰ ਜਿੱਥੇ ਆਸਟ੍ਰੇਲੀਅਨ ਸਰਕਾਰ ਵੱਲੋਂ ਉੱਨਤ ਸਿੱਖਿਆ ਪ੍ਰਣਾਲੀ ਤੇ ਆਧੁਨਿਕ 'ਆਸਟ੍ਰੇਲੀਅਨ ਕਰੀਕੁਲਮ' ਸਬੰਧੀ ਵਿਸ਼ੇਸ਼ ਸਿਖਲਾਈ ਦਿੱਤੀ ਗਈ, ਉੱਥੇ ਹੀ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਬਦਲੇ ਆਸਟ੍ਰੇਲੀਅਨ ਸਰਕਾਰ ਵੱਲੋਂ ਸਕੂਲ ਮੈਨੇਜਮੈਂਟ ਦਾ ਉੱਚ ਪੱਧਰੀ ਵਿਸ਼ੇਸ਼ ਸਨਮਾਨ ਕੀਤਾ ਗਿਆ।ਵਿਦੇਸ਼ੀ ਧਰਤੀ 'ਤੇ ਮਿਲਿਆ ਇਹ ਸਨਮਾਨ ਸਮੁੱਚੇ ਇਲਾਕੇ ਲਈ ਬੜੇ ਮਾਣ ਵਾਲੀ ਗੱਲ ਹੈ।ਇਸ ਦੌਰੇ ਦਾ ਸਭ ਤੋਂ ਵੱਡਾ ਤੇ ਅਹਿਮ ਲਾਭ ਸਕੂਲ ਦੇ ਵਿਦਿਆਰਥੀਆਂ ਨੂੰ ਮਿਲਣ ਜਾ ਰਿਹਾ ਹੈ। ਹੁਣ ਕੈਂਬ੍ਰਿਜ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਲਈ ਵਿਦੇਸ਼ ਜਾ ਕੇ ਉੱਚ ਸਿੱਖਿਆ ਹਾਸਲ ਕਰਨ ਦੇ ਰਸਤੇ ਬਹੁਤ ਜ਼ਿਆਦਾ ਆਸਾਨ ਹੋ ਜਾਣਗੇ।ਵਿਸ਼ਵ ਪ੍ਰਸਿੱਧ 'ਆਸਟ੍ਰੇਲੀਅਨ ਕਰੀਕੁਲਮ' ਤਹਿਤ ਹੁਣ ਸਕੂਲ ਵਿੱਚ ਵਿਦਿਆਰਥੀਆਂ ਦੇ ਸਿਰਫ਼ ਕਿਤਾਬੀ ਗਿਆਨ ਦੀ ਬਜਾਏ ਉਨ੍ਹਾਂ ਦੀ ਪ੍ਰੈਕਟੀਕਲ ਸਮਝ, ਆਲੋਚਨਾਤਮਕ ਸੋਚ, ਨਵੀਨਤਾਕਾਰੀ ਹੁਨਰ ਤੇ ਸਮੱਸਿਆਵਾਂ ਹੱਲ ਕਰਨ ਦੀ ਕਾਬਲੀਅਤ 'ਤੇ ਵਿਸ਼ੇਸ਼ ਕੰਮ ਕੀਤਾ ਜਾਵੇਗਾ।ਇਸ ਮੌਕੇ ਚੇਅਰਮੈਨ ਮਨਦੀਪ ਮਲੜਾ ਤੇ ਐੱਮ.ਡੀ. ਮਹਿਕ ਮਲੜਾ ਨੇ ਦੱਸਿਆ ਕਿ ਸਾਡਾ ਮੁੱਖ ਟੀਚਾ ਪੇਂਡੂ ਤੇ ਸ਼ਹਿਰੀ ਖੇਤਰ ਦੇ ਬੱਚਿਆਂ ਨੂੰ ਵਿਸ਼ਵ ਪੱਧਰੀ ਮੌਕੇ ਪ੍ਰਦਾਨ ਕਰਨਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਸਕੂਲ ਮੈਨੇਜਮੈਂਟ ਆਪਣੇ ਹੋਣਹਾਰ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਆਸਟ੍ਰੇਲੀਆ ਸਮੇਤ ਦੁਨੀਆ ਦੇ ਹੋਰ ਮੁਲਕਾਂ ਵਿੱਚ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਕਰਨ ਲਈ ਸਕੂਲ ਵੱਲੋਂ ਹਰ ਸੰਭਵ ਸਹਾਇਤਾ ਤੇ ਸਿੱਧੀ ਅਗਵਾਈ ਦਿੱਤੀ ਜਾਵੇਗੀ।

# ਆਈ ਏ ਐੱਸ ਬਣੇ ਜੈਅੰਤ ਗਰਗ ਵੱਲੋਂ ਨਾਨਕੇ ਘਰ ਦੀ ਫੇਰੀ

## ਕਾਮਰੇਡ ਨੱਤ ਨੇ ਜੈਅੰਤ ਗਰਗ ਨੂੰ ਦਿੱਤੀਆਂ ਸ਼ੁਭ ਇੱਛਾਵਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਮਰਹੂਮ ਮੁੱਖ ਅਧਿਆਪਕ ਹੇਮ ਰਾਜ ਸਿੰਗਲਾ ਦੇ ਦੋਹਤੇ ਤੇ ਰੈਡੀਕਲ ਪੀਪਲਜ਼ ਫੋਰਮ ਆਗੂ ਜਸਪਾਲ ਖੋਖਰ ਦੇ ਭਾਣਜੇ ਜੈਅੰਤ ਗਰਗ, ਜੋ 2025 'ਚ 64ਵਾਂ ਰੈਂਕ ਲੈ ਕੇ ਆਈ ਏ ਐੱਸ ਚੁਣੇ ਗਏ ਹਨ, ਬੀਤੇ ਦਿਨ ਪਰਵਾਰ ਸਮੇਤ ਅਪਣੀ ਨਾਨੀ ਦੀ 35ਵੀਂ ਬਰਸੀ ਮੌਕੇ ਜੈਅੰਤ ਇਨਕਲੇਵ ਮਾਨਸਾ ਵਿਖੇ ਅਪਣੇ ਮਾਮੇ ਦੇ ਘਰ ਪਰਿਵਾਰਕ ਮਿਲਣੀ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਮਾਤਾ-ਪਿਤਾ ਰੇਨੂੰ ਸਿੰਗਲਾ ਤੇ ਸ਼੍ਰੀ ਰਾਜ ਕੁਮਾਰ ਅਤੇ ਉਨ੍ਹਾਂ ਦੀ ਪਤਨੀ ਅਪਰਨਾ ਵੀ ਉਨ੍ਹਾਂ ਦੇ ਨਾਲ ਸਨ।ਜ਼ਿਕਰਯੋਗ ਹੈ ਕਿ ਜੈਅੰਤ ਗਰਗ, ਜੋ ਭਾਰਤੀ ਰੇਲਵੇ 'ਚ ਇੱਕ ਉੱਚ ਅਧਿਕਾਰੀ ਵਜੋਂ ਸੇਵਾਵਾਂ ਨਿਭਾ ਰਹੇ ਹਨ, ਨੇ ਸਾਲ 2025 'ਚ ਯੂਪੀਐੱਸਸੀ ਦੀ ਇਹ ਮੁਕਾਬਲੇ ਦੀ ਪ੍ਰੀਖਿਆ ਦਿੱਤੀ ਸੀ, ਜਿਸ 'ਚ ਉਨ੍ਹਾਂ ਦੇਸ਼ ਭਰ 'ਚੋਂ ਸਨਮਾਨਜਨਕ 64ਵਾਂ ਰੈਂਕ ਹਾਸਲ ਕੀਤਾ।ਫਿਲਹਾਲ ਉਨ੍ਹਾਂ ਦੀ ਟ੍ਰੇਨਿੰਗ ਚੱਲ ਰਹੀ ਹੈ।ਗੱਲਬਾਤ ਦੌਰਾਨ ਅਪਣੀ ਇਸ ਅਹਿਮ ਪ੍ਰਾਪਤੀ ਦਾ ਸਿਹਰਾ ਜੈਅੰਤ ਗਰਗ ਨੇ ਅਪਣੇ ਅਧਿਆਪਕਾਂ, ਮਾਪਿਆਂ ਦੇ ਸਹਿਯੋਗ ਤੇ ਰਹਿਨੁਮਾਈ ਤੋਂ ਇਲਾਵਾ ਅਪਣੇ ਦੋਸਤਾਂ ਦੀ ਹੱਲਾਸ਼ੇਰੀ ਤੇ ਅਪਣੀ ਸਖ਼ਤ ਮਿਹਨਤ ਸਿਰ ਬੰਨ੍ਹਿਆ।ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਵੀ ਸਲਾਹ ਦਿੱਤੀ ਕਿ ਜੀਵਨ 'ਚ ਅੱਗੇ ਵਧਣ ਲਈ ਉਹ ਅਪਣਾ ਟੀਚਾ ਅਗਾਊਂ ਮਿੱਥਣ ਤੇ ਉਸ ਦੀ ਪ੍ਰਾਪਤੀ ਲਈ ਸੁਚੇਤ ਰੂਪ 'ਚ ਡੂੰਘਾ ਅਧਿਅਨ ਕਰਨ।ਇਸ ਮੌਕੇ ਜਿੱਥੇ ਜਸਪਾਲ ਖੋਖਰ ਤੇ ਮੀਨਾਕਸ਼ੀ ਖੋਖਰ ਨੇ ਸਿਰੋਪਾਓ ਪਾ ਕੇ ਜੈਅੰਤ ਗਰਗ ਦਾ ਸਨਮਾਨ ਕੀਤਾ, ਉੱਥੇ ਰੈਡੀਕਲ ਫੋਰਮ ਦੇ ਕਨਵੀਨਰ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਵੀ ਉਨ੍ਹਾਂ ਨੂੰ ਸ਼ੁੱਭ-ਇੱਛਾਵਾਂ ਦਿੰਦਿਆਂ ਉਮੀਦ ਕੀਤੀ ਕਿ ਉਹ ਅਪਣੇ ਜੀਵਨ 'ਚ ਤੇਜ਼ੀ ਨਾਲ ਅੱਗੇ ਵਧਣਗੇ ਅਤੇ ਨੇਕ ਨੀਤੀ ਤੇ ਇਮਾਨਦਾਰੀ ਨਾਲ ਅਪਣੇ ਲੋਕਾਂ ਅਤੇ ਦੇਸ਼ ਦੀ ਸੇਵਾ ਕਰਨ 'ਚ ਆਪਣਾ ਬਣਦਾ ਯੋਗਦਾਨ ਪਾਉਣਗੇ।

# ਮਾਤਾ ਦਰਸ਼ਨਾ ਦੇਵੀ ਨਮਿੱਤ ਪਾਠ ਦਾ ਭੋਗ ਅੱਜ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਖੋਖਰ ਪਰਵਾਰ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ, ਜਦੋਂ ਧਰਮਪਾਲ, ਵਿਜੇ ਕੁਮਾਰ ਤੇ ਨਰੇਸ਼ ਕੁਮਾਰ (ਸਿਓਪਾਲ) ਦੀ ਸਤਿਕਾਰ ਯੋਗ ਮਾਤਾ ਦਰਸ਼ਨਾਂ ਦੇਵੀ ਪਤਨੀ ਮੇਲਾ



ਰਾਮ ਖੋਖਰ ਪਿਛਲੇ ਦਿਨੀਂ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ ਸਨ।ਇਸ ਦੁੱਖ ਦੀ ਘੜੀ ਵਿੱਚ ਆੜ੍ਹਤੀਆ ਭਾਈਚਾਰੇ ਤੋਂ ਇਲਾਵਾ ਇਲਾਕੇ ਦੀਆ ਸਮਾਜਿਕ, ਧਾਰਮਿਕ, ਵਪਾਰਕ ਤੇ ਰਾਜਨੀਤਕ ਪਾਰਟੀਆਂ ਵੱਲੋਂ ਸੋਗ ਪ੍ਰਗਟ ਕੀਤਾ ਗਿਆ, ਜਿਨ੍ਹਾਂ ਵਿੱਚ ਵਿਧਾਇਕ ਬਲਕਾਰ ਸਿੰਘ ਸਿੱਧੂ, ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ, ਸਮਾਜ ਸੇਵੀ ਮਨਜੀਤ ਸਿੰਘ ਬਿੱਟੀ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ, ਸੀਨੀਅਰ ਅਕਾਲੀ ਨੇਤਾ ਹਰਿੰਦਰ ਹਿੰਦਾ ਮਹਿਰਾਜ, ਕਾਂਗਰਸੀ ਨੇਤਾ ਐਡਵੋਕੇਟ ਜੱਸ ਬੱਜੋਆਣਾ, ਉੱਘੇ ਸਮਾਜ ਸੇਵੀ ਜੱਸੀ ਬਾਬਾ, ਸਹਾਰਾ ਸਮਾਜਸੇਵਾ ਦੇ ਪ੍ਰਧਾਨ ਸੰਦੀਪ ਵਰਮਾ, ਪੁਨਰਜੋਤੀ ਆਈ ਡੋਨੇਸ਼ਨ ਸੋਸਾਇਟੀ ਦੇ ਪ੍ਰਧਾਨ ਰਾਕੇਸ਼ ਤਾਇਲ, ਹੈਪੀ ਬਾਂਸਲ ਕੌਂਸਲਰ, ਅਕੁਸ਼ ਰਾਈਆ ਕੌਂਸਲਰ, ਸਤਪਾਲ ਗਰਗ ਪ੍ਰਧਾਨ ਅਕਾਲੀ ਦਲ ਆਦਿ ਸ਼ਾਮਲ ਹਨ।ਸਵਰਗਵਾਸੀ ਦਰਸ਼ਨਾ ਦੇਵੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ 4 ਨਵੰਬਰ ਬੁੱਧਵਾਰ ਨੂੰ ਦੁਪਹਿਰ 12:30 ਵਜੇ ਤੋਂ 1 ਵਜੇ ਦੌਰਾਨ ਸ਼ਾਂਤੀ ਹਾਲ, ਰਾਮ ਬਾਗ, ਫੂਲ ਰੋਡ, ਰਾਮਪੁਰਾ ਫੂਲ ਵਿਖੇ ਪਵੇਗਾ।

# ਯੂਥ ਅਕਾਲੀ ਦਲ ਦੀ ਟੀਮ ਵੱਲੋਂ ਰੈਲੀ ਸਥਾਨ ਦਾ ਜਾਇਜ਼ਾ



**ਜਗਰਾਉਂ (ਨਛੱਤਰ ਸੰਧੂ)**-4 ਨਵੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਵੱਲੋਂ ਸਨੇਹਮੋਹਨ ਹੋਟਲ ਲੁਧਿਆਣਾ ਰੋਡ ਜਗਰਾਉਂ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਦੇ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਜਗਰਾਓਂ ਦੀ ਅਗਵਾਈ ਹੇਠ ਹਲਕਾ ਜਗਰਾਉਂ ਦੀ ਯੂਥ ਅਕਾਲੀ ਦਲ ਦੀ ਟੀਮ ਵੱਲੋਂ ਰੈਲੀ ਸਥਾਨ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਰੈਲੀ ਦੇ ਪ੍ਰਬੰਧਾਂ, ਨੌਜਵਾਨਾਂ ਦੀ ਸ਼ਮੂਲੀਅਤ ਤੇ ਹੋਰ ਜ਼ਰੂਰੀ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ ਤੇ ਹਲਕਾ ਯੂਥ ਪ੍ਰਧਾਨ ਜਸਪ੍ਰੀਤ ਸਿੰਘ ਚੱਕਰ ਨੇ ਕਿਹਾ ਕਿ 4 ਨਵੰਬਰ ਦੀ ਇਹ ਰੈਲੀ ਹਲਕਾ ਜਗਰਾਉਂ ਦੀ ਸਿਆਸੀ ਸਰਗਰਮੀ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਿਤ ਹੋਵੇਗੀ।ਹਲਕੇ ਦੇ ਹਰ ਪਿੰਡ ਤੇ ਸ਼ਹਿਰ ਦੇ ਵਾਰਡਾਂ ਵਿੱਚੋਂ ਨੌਜਵਾਨ ਵੱਡੀ ਗਿਣਤੀ ਵਿੱਚ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਉਤਸ਼ਾਹ ਤੇ ਪਾਰਟੀ ਵਰਕਰਾਂ ਦੀ ਮਿਹਨਤ ਸਦਕਾ ਰੈਲੀ ਵਿੱਚ ਰਿਕਾਰਡਤੋੜ ਇਕੱਠ ਹੋਵੇਗਾ।ਇਸ ਮੌਕੇ ਸੁੱਖ ਸੰਧੂ ਪੀ ਏ ਐੱਸ. ਆਰ. ਕਲੇਰ, ਯੂਥ ਪ੍ਰਧਾਨ ਸ਼ਹਿਰ ਸੁਖਪ੍ਰੀਤ ਸਿੰਘ ਸੁੱਖੂ, ਪ੍ਰਿਤਪਾਲ ਸਿੰਘ ਮੱਲ੍ਹਾ, ਵਿੱਕੀ ਸਵੱਦੀ, ਮਨਦੀਪ ਸਿੰਘ ਅਗਵਾੜ ਲੋਪੋ ਕਲਾਂ, ਲਾਡੀ ਦੇਹੜਕਾ, ਨਿੱਕੂ ਜਗਰਾਓਂ, ਏਕਮ ਜਗਰਾਓਂ, ਅੰਸ਼ ਜਗਰਾਓਂ ਤੇ ਹੋਰ ਹਾਜ਼ਰ।

# ਗਿਆਸਪੁਰਾ ਨੂੰ ਮੁੜ ਟਿਕਟ ਮਿਲਣ 'ਤੇ ਆਪ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਵੱਲੋਂ ਹਲਕਾ ਪਾਇਲ ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਦੂਜੀ ਵਾਰ ਟਿਕਟ ਮਿਲਣ 'ਤੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਦਾਣਾ ਮੰਡੀ ਵਿੱਚ ਸਥਿਤ ਦਫਤਰ 'ਚ ਵਿਧਾਇਕ ਗਿਆਸਪੁਰਾ ਨੂੰ ਆਪ ਆਗੂਆਂ ਤੇ ਵਰਕਰਾਂ ਨੇ ਵਧਾਈ ਦਿੱਤੀ ਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ। ਵਿਧਾਇਕ ਨੇ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਹਲਕਾ ਪਾਇਲ ਦੀ ਦੂਜੀ ਵਾਰ ਮਿਲੀ ਜ਼ਿੰਮੇਵਾਰੀ ਨੂੰ ਪਹਿਲਾਂ ਤੋਂ ਵੀ ਵਧ ਕੇ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਹਿਤੂ ਨੀਤੀਆਂ 'ਤੇ ਪਹਿਰਾ ਦੇਣਗੇ। ਇਸ ਮੌਕੇ ਡਾਕਟਰ ਸਰਬਜੀਤ ਸਿੰਘ ਸੋਸ਼ਲ ਮੀਡੀਆ ਹਲਕਾ ਇੰਚਾਰਜ ਪਾਇਲ, ਗੁਰਪਾਲ ਸਿੰਘ ਬਿਲਾਸਪੁਰ ਐੱਸਸੀ ਵਿੰਗ ਬਲਾਕ ਪ੍ਰਧਾਨ, ਬੀਬੀ ਬਲਵੀਰ ਕੌਰ ਪੰਚ ਬਿਲਾਸਪੁਰ, ਬੀਬੀ ਬਲਜੀਤ ਕੌਰ ਬਿਲਾਸਪੁਰ, ਰਮਨਦੀਪ ਕੌਰ ਹੋਰ ਪਾਰਟੀ ਵਲੰਟੀਅਰਾਂ ਨੇ ਖ਼ੁਸ਼ੀ ਦਾ ਇਜ਼ਹਾਰ ਕੀਤਾ।

# ਘਨੌਰ ਕਲਾਂ ਸੜਕ 'ਤੇ ਮੁੜ ਪਾਈ ਪ੍ਰੀਮਿਕਸ ਚਰਚਾ 'ਚ : ਵਿਜੀਲੈਂਸ ਵੱਲੋਂ ਪੜਤਾਲ ਜਾਰੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕੁੱਝ ਸਮਾਂ ਪਹਿਲਾਂ ਬਣਾਈ ਗਈ ਘਨੌਰ ਕਲਾਂ-ਘਨੌਰ ਖੁਰਦ ਸੜਕ ਆਪਣੀ ਮਾੜੀ ਗੁਣਵੱਤਾ ਕਾਰਨ ਇਲਾਕੇ ਵਿੱਚ ਵੱਡੀ ਚਰਚਾ ਦਾ ਮੁੱਦਾ ਬਣੀ ਹੋਈ ਹੈ।ਇਹ ਮਾਮਲਾ ਮੀਡੀਆ ਦੀਆਂ ਸੁਰਖੀਆਂ ਦਾ ਸ਼ਿੰਗਾਰ ਵੀ ਰਿਹਾ।ਪਿੰਡ ਘਨੌਰ ਕਲਾਂ ਦੇ ਵਸਨੀਕ ਦਿਲਬਰ ਖਾਂ ਵੱਲੋਂ ਇਸ ਸੜਕ ਦੇ ਨਿਰਮਾਣ ਕਾਰਜਾਂ ਵਿੱਚ ਹੋਈਆਂ ਘਪਲੇਬਾਜ਼ੀਆਂ ਤੇ ਮਾੜੇ ਮਿਆਰ ਖ਼ਿਲਾਫ਼ ਕੀਤੀ ਗਈ ਸ਼ਿਕਾਇਤ ਦਾ ਨੋਟਿਸ ਲੈਂਦਿਆਂ ਵਿਜੀਲੈਂਸ ਵਿਭਾਗ ਵੱਲੋਂ ਡੂੰਘੀ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ।ਸ਼ਿਕਾਇਤਕਰਤਾ ਦਿਲਬਰ ਖਾਂ ਨੇ ਸਪੱਸ਼ਟ ਕੀਤਾ ਕਿ ਇਹ ਸੜਕ ਸਰਕਾਰੀ ਸਪੈਸੀਫਿਕੇਸ਼ਨਾਂ ਦੀਆਂ ਸ਼ਰਤਾਂ ਤੇ ਗੁਣਵੱਤਾ ਦੇ ਮਾਪਦੰਡਾਂ 'ਤੇ ਬਿਲਕੁਲ ਵੀ ਖਰੀ ਨਹੀਂ ਉੱਤਰਦੀ।ਉਨ੍ਹਾਂ ਦੱਸਿਆ ਕਿ ਵਿਜੀਲੈਂਸ ਵੱਲੋਂ ਚੱਲ ਰਹੀ ਜਾਂਚ ਸਬੰਧੀ ਉਨ੍ਹਾਂ ਨੂੰ ਪਰਵਾਨਾ ਮਿਲ ਗਿਆ ਹੈ, ਜਿਸ ਤਹਿਤ ਉਹ ਜਲਦ ਹੀ ਆਪਣੇ ਬਿਆਨ ਕਲਮਬੰਦ ਕਰਵਾਉਣਗੇ।ਇਸ ਦੇ ਨਾਲ ਹੀ, ਦਿਲਬਰ ਖਾਂ ਨੇ ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਸੂਚਨਾ ਦਾ ਅਧਿਕਾਰ ਐਕਟ 2005 ਤਹਿਤ ਮੰਗੀ ਗਈ ਜਾਣਕਾਰੀ ਦੇਣ ਦੀ ਬਜਾਏ, ਵਿਭਾਗ ਵੱਲੋਂ ਜਾਣਬੁੱਝ ਕੇ ਟਾਲ-ਮਟੋਲ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਚੰਡੀਗੜ੍ਹ ਦਫ਼ਤਰ ਬੁਲਾ ਕੇ ਖੱਜਲ-ਖੁਆਰ ਕੀਤਾ ਜਾ ਰਿਹਾ ਹੈ।ਸ਼ਿਕਾਇਤਕਰਤਾ ਨੇ ਮੰਗ ਕੀਤੀ ਕਿ ਸੜਕ ਦੇ ਸੈਂਪਲ ਲੈ ਕੇ ਇਸ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਤਾਂ ਜੋ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਰਵਾਈ ਹੋ ਸਕੇ।

# ਸਰਕਾਰ ਦੀ ਕਾਰਜਪ੍ਰਣਾਲੀ ਤੋਂ ਨਿਰਾਸ਼ ਆਗੂਆਂ ਨੇ ਚੁਣਿਆ ਭਾਜਪਾ ਦਾ ਬਦਲ : ਡਾ. ਹਰਜੋਤ ਕਮਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਦੀ ਸਿਆਸਤ ਵਿੱਚ ਸੋਮਵਾਰ ਨੂੰ ਉਸ ਸਮੇਂ ਇੱਕ ਵੱਡਾ ਸਿਆਸੀ ਘਟਨਾਕ੍ਰਮ ਦੇਖਣ ਨੂੰ ਮਿਲਿਆ, ਜਦੋਂ ਆਮ ਆਦਮੀ ਪਾਰਟੀ ਨਾਲ ਜੁੜੇ ਤਿੰਨ ਪ੍ਰਮੁੱਖ ਆਗੂ ਹਰਮੀਤ ਸਿੰਘ ਪਠਾਨਮਾਜਰਾ, ਚੇਤਨ ਸਿੰਘ ਜੌੜਾਮਾਜਰਾ ਤੇ ਕੁੰਵਰ ਵਿਜੇ ਪ੍ਰਤਾਪ ਸਿੰਘ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ।ਨਵੀਂ ਦਿੱਲੀ ਸਥਿਤ ਭਾਜਪਾ ਦੇ ਮੁੱਖ ਦਫ਼ਤਰ ਵਿਖੇ ਭਾਜਪਾ ਪੰਜਾਬ ਦੇ ਇੰਚਾਰਜ ਸਤੀਸ਼ ਪੂਨੀਆ ਤੇ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਸਮੇਤ ਸੀਨੀਅਰ ਆਗੂਆਂ ਦੀ ਮੌਜੂਦਗੀ ਵਿੱਚ ਇਨ੍ਹਾਂ ਆਗੂਆਂ ਨੇ ਭਾਜਪਾ ਪਰਵਾਰ ਦਾ ਹਿੱਸਾ ਬਣਨ ਦਾ ਫ਼ੈਸਲਾ ਕੀਤਾ।ਇਸ ਸਿਆਸੀ ਘਟਨਾਕ੍ਰਮ ਦਾ ਸਵਾਗਤ ਕਰਦਿਆਂ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਡਾ. ਹਰਜੋਤ ਕਮਲ ਨੇ ਤਿੰਨਾਂ ਆਗੂਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਤੇ ਅਭਿਨੰਦਨ ਕੀਤਾ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਸੁਚੱਜੀ ਅਗਵਾਈ, ਲੋਕ ਭਲਾਈ ਦੀਆਂ ਨੀਤੀਆਂ, ਰਾਸ਼ਟਰ ਹਿੱਤ ਨੂੰ ਸਰਵਉੱਚ ਰੱਖਣ ਵਾਲੀ ਸੋਚ ਤੇ ਦੇਸ਼ ਦੇ ਵਿਕਾਸ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਤੋਂ ਪ੍ਰਭਾਵਿਤ ਹੋ ਕੇ ਦੇਸ਼ ਭਰ ਵਿੱਚ ਲੋਕ ਭਾਜਪਾ ਨਾਲ ਜੁੜ ਰਹੇ ਹਨ।ਪੰਜਾਬ ਵਿੱਚ ਤਿੰਨ ਪ੍ਰਮੁੱਖ ਆਗੂਆਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਵੀ ਇਸੇ ਬਦਲਦੇ ਸਿਆਸੀ ਵਿਸ਼ਵਾਸ ਦਾ ਪ੍ਰਤੀਕ ਹੈ।ਡਾ. ਹਰਜੋਤ ਕਮਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦੀ ਜਨਤਾ ਹੀ ਨਹੀਂ, ਸਗੋਂ ਪਾਰਟੀ ਦੇ ਆਪਣੇ ਆਗੂ ਅਤੇ ਵਿਧਾਇਕ ਵੀ ਨਿਰਾਸ਼ ਨਜ਼ਰ ਆ ਰਹੇ ਹਨ।ਚੋਣਾਂ ਦੌਰਾਨ ਕੀਤੇ ਗਏ ਵੱਡੇ-ਵੱਡੇ ਵਾਅਦਿਆਂ ਤੇ ਜ਼ਮੀਨੀ ਹਕੀਕਤ ਵਿਚਕਾਰ ਵਧ ਰਹੇ ਪਾੜੇ, ਸਰਕਾਰ ਦੀ ਕਾਰਜਪ੍ਰਣਾਲੀ ਤੇ ਪਾਰਟੀ ਦੀਆਂ ਨੀਤੀਆਂ ਕਾਰਨ ਪੈਦਾ ਹੋਈ ਅਸੰਤੁਸ਼ਟੀ ਦੇ ਚਲਦਿਆਂ ਆਗੂਆਂ ਵੱਲੋਂ ਪਾਰਟੀ ਛੱਡਣਾ ਆਮ ਆਦਮੀ ਪਾਰਟੀ ਲਈ ਇੱਕ ਗੰਭੀਰ ਸਿਆਸੀ ਸੰਦੇਸ਼ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਨੇ ਦੇਸ਼ ਨੂੰ ਵਿਕਾਸ, ਸੁਸ਼ਾਸਨ, ਮਜ਼ਬੂਤ ਰਾਸ਼ਟਰੀ ਸੁਰੱਖਿਆ ਤੇ ਲੋਕ ਭਲਾਈ ਦੀ ਨਵੀਂ ਦਿਸ਼ਾ ਦਿੱਤੀ ਹੈ।ਭਾਜਪਾ ਦੀ ਰਾਸ਼ਟਰਵਾਦੀ ਵਿਚਾਰਧਾਰਾ, ਪਾਰਦਰਸ਼ੀ ਸ਼ਾਸਨ ਪ੍ਰਣਾਲੀ ਤੇ 'ਸਭ ਕਾ ਸਾਥ, ਸਭ ਕਾ ਵਿਕਾਸ, ਸਭ ਕਾ ਵਿਸ਼ਵਾਸ ਤੇ ਸਭ ਕਾ ਪ੍ਰਯਾਸ' ਦਾ ਮੰਤਰ ਅੱਜ ਸਮਾਜ ਦੇ ਹਰ ਵਰਗ ਨੂੰ ਪ੍ਰਭਾਵਿਤ ਕਰ ਰਿਹਾ ਹੈ।ਡਾ. ਹਰਜੋਤ ਕਮਲ ਨੇ ਵਿਸ਼ਵਾਸ ਪ੍ਰਗਟਾਇਆ ਕਿ ਹਰਮੀਤ ਸਿੰਘ ਪਠਾਨਮਾਜਰਾ, ਚੇਤਨ ਸਿੰਘ ਜੌੜਾਮਾਜਰਾ ਤੇ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਪੰਜਾਬ ਵਿੱਚ ਪਾਰਟੀ ਸੰਗਠਨ ਨੂੰ ਨਵੀਂ ਮਜ਼ਬੂਤੀ ਮਿਲੇਗੀ।

ਅੰਤ ਵਿੱਚ ਡਾ. ਹਰਜੋਤ ਕਮਲ ਨੇ ਭਾਜਪਾ ਪੰਜਾਬ ਦੇ ਇੰਚਾਰਜ ਸਤੀਸ਼ ਪੂਨੀਆ, ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਜਪਾ ਜ਼ਿਲ੍ਹਾ ਮੋਗਾ ਦੀ ਸਮੁੱਚੀ ਟੀਮ ਨਵੇਂ ਸਾਥੀਆਂ ਦਾ ਸਵਾਗਤ ਕਰਦੀ ਹੈ।

# ਹੋਲੀ ਹਾਰਟ ਸਕੂਲ ਵਿਖੇ ਪ੍ਰੀ-ਨਰਸਰੀ ਤੇ ਨਰਸਰੀ ਦੇ ਦਾਖਲੇ ਸ਼ੁਰੂ, ਪਹਿਲੇ 50 ਬੱਚਿਆਂ ਲਈ ਕੋਈ ਦਾਖਲਾ ਫੀਸ ਨਹੀਂ

**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਮੁੱਖ ਤੇ ਸੁਚੱਜੀ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਜੀ. ਟੀ. ਰੋਡ ਅਜੀਤਵਾਲ ਵਿਖੇ ਨਵੇਂ ਅਕਾਦਮਿਕ ਸੈਸ਼ਨ ਲਈ ਪ੍ਰੀ-ਨਰਸਰੀ ਤੇ ਨਰਸਰੀ ਕਲਾਸਾਂ ਵਿੱਚ ਦਾਖਲਾ ਪ੍ਰਕਿਰਿਆ ਦਾ ਰਸਮੀ ਆਗਾਜ਼ ਕਰ ਦਿੱਤਾ ਗਿਆ ਹੈ।ਸਕੂਲ ਪ੍ਰਬੰਧਕ ਕਮੇਟੀ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਵੱਲੋਂ ਇਲਾਕੇ ਦੇ ਮਾਪਿਆਂ ਲਈ ਇੱਕ ਬਹੁਤ ਹੀ ਖਾਸ ਤੇ ਵੱਡੀ ਪੇਸ਼ਕਸ਼ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ ਨਰਸਰੀ ਕਲਾਸ ਵਿੱਚ ਪਹਿਲੇ 50 ਦਾਖਲੇ ਲੈਣ ਵਾਲੇ ਨੰਨ੍ਹੇ-ਮੁੰਨੇ ਬੱਚਿਆਂ ਕੋਲੋਂ ਕੋਈ ਵੀ ਦਾਖਲਾ ਫੀਸ ਨਹੀਂ ਲਈ ਜਾਵੇਗੀ।ਇਸ ਖਾਸ ਛੋਟ ਦਾ ਮੁੱਖ ਉਦੇਸ਼ ਹਰ ਬੱਚੇ ਤੱਕ ਗੁਣਵੱਤਾ ਭਰਪੂਰ ਸਿੱਖਿਆ ਦੀ ਪਹੁੰਚ ਨੂੰ ਆਸਾਨ ਤੇ ਸੁਚਾਰੂ ਬਣਾਉਣਾ ਹੈ।ਸਕੂਲ ਦੇ ਦਾਖਲਾ ਫਾਰਮ ਤੇ ਪ੍ਰੋਸਪੈਕਟਸ ਸਕੂਲ ਦੇ ਮੁੱਖ ਦਫਤਰ (ਜੀ.ਟੀ. ਰੋਡ ਅਜੀਤਵਾਲ) ਤੋਂ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਪ੍ਰਾਪਤ ਕੀਤੇ ਜਾ ਸਕਦੇ ਹਨ।ਮਾਪਿਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਦਾਖਲੇ ਵੇਲੇ ਬੱਚੇ ਦਾ ਜਨਮ ਸਰਟੀਫਿਕੇਟ, ਰਿਹਾਇਸ਼ੀ ਸਬੂਤ ਤੇ ਪਾਸਪੋਰਟ ਸਾਈਜ਼ ਫ਼ੋਟੋਆਂ ਜ਼ਰੂਰ ਨਾਲ ਲੈ ਕੇ ਆਉਣ। ਕਿਉਂਕਿ 'ਜ਼ੀਰੋ ਐਡਮਿਸ਼ਨ ਫੀਸ' ਵਾਲੀ ਇਹ ਪੇਸ਼ਕਸ਼ ਸਿਰਫ਼ ਪਹਿਲੇ 50 ਬੱਚਿਆਂ ਲਈ ਹੀ ਸੀਮਤ ਹੈ, ਇਸ ਲਈ ਇਲਾਕੇ ਦੇ ਮਾਪਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਜਲਦ ਤੋਂ ਜਲਦ ਸਕੂਲ ਆ ਕੇ ਆਪਣੇ ਬੱਚੇ ਦੀ ਸੀਟ ਪੱਕੀ ਕਰਨ ਤੇ ਇਸ ਸ਼ਾਨਦਾਰ ਆਫਰ ਦਾ ਪੂਰਾ ਲਾਭ ਉਠਾਉਣ।

# 2 ਹੈਂਡ ਗ੍ਰਨੇਡ, 12 ਪਿਸਤੌਲ ਤੇ 310 ਗ੍ਰਾਮ ਹੈਰੋਇਨ ਸਮੇਤ 11 ਕਾਬੂ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** :- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਜਾਇਜ਼ ਹਥਿਆਰ ਤੇ ਨਸ਼ੀਲੇ ਪਦਾਰਥ ਸਪਲਾਈ ਕਰਨ ਵਾਲੇ ਤਿੰਨ ਨੈੱਟਵਰਕਾਂ ਦਾ ਪਰਦਾਫਾਸ਼ ਕਰਦਿਆਂ ਦੋ ਨਾਬਾਲਗਾਂ ਸਮੇਤ ਕੁੱਲ 11 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਮੁਲਜ਼ਮਾਂ ਕੋਲੋਂ ਦੋ ਹੈਂਡ ਗ੍ਰਨੇਡ, 12 ਆਧੁਨਿਕ ਪਿਸਤੌਲ ਤੇ 310.10 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੌਬੀ (21), ਵਾਸੀ ਨਿਰੰਕਾਰੀ ਕਲੋਨੀ, ਸਮਾਇਲ ਸਿੰਘ (18) ਵਾਸੀ ਪਿੰਡ ਚੀਮਾਂ ਖੁਰਦ ਤਰਨ ਤਾਰਨ, ਸਤਮੋਲ ਸਿੰਘ ਉਰਫ਼ ਠੇਕੇਦਾਰ (20) ਵਾਸੀ ਰਤਨ ਸਿੰਘ ਚੌਕ ; ਹਰਪ੍ਰੀਤ ਸਿੰਘ ਉਰਫ਼ ਹੈਪੀ ਉਰਫ਼ ਭੂੰਡੀ (23), ਆਕਾਸ਼ਦੀਪ ਸਿੰਘ (22) ਤੇ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ (20) ਸਾਰੇ ਵਾਸੀ ਨਾਰਾਇਣਗੜ੍ਹ, ਛੇਹਰਟਾ; ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ (20) ਤੇ ਗੁਰਬੀਰ ਸਿੰਘ ਉਰਫ਼ ਬਿੱਲਾ (18) ਵਾਸੀ ਪਿੰਡ ਬੈਂਕਾ, ਤਰਨ ਤਾਰਨ ; ਵਿਸ਼ਾਲ ਸਿੰਘ ਉਰਫ਼ ਕਾਲੂ (24) ਵਾਸੀ ਜੰਡਿਆਲਾ ਗੁਰੂ, ਅੰਮ੍ਰਿਤਸਰ ਦਿਹਾਤੀ ਅਤੇ ਦੋ ਨਾਬਾਲਗਾਂ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਗਏ ਹਥਿਆਰਾਂ ਵਿਚ ਤਿੰਨ .30 ਬੋਰ (ਚੀਨ ਦੇ ਬਣੇ)ਪਿਸਤੌਲ, ਦੋ .30 ਬੋਰ ਪੀਐੱਕਸ5 ਸਟੇਰਮ, ਇਕ 9ਐੱਮਐੱਮ ਜ਼ਿਗਾਨਾ, ਇਕ 9 ਐੱਮਐੱਮ ਗਲੋਕ , ਤਿੰਨ .30 ਬੋਰ ਪਿਸਤੌਲਾਂ, ਇਕ .32 ਬੋਰ ਪਿਸਤੌਲ ਤੇ ਇਕ .315 ਬੋਰ ਦੇਸੀ ਹਥਿਆਰ ਸਮੇਤ 33 ਜ਼ਿੰਦਾ ਕਾਰਤੂਸ ਸ਼ਾਮਲ ਹਨ। ਇਸ



ਤੋਂ ਇਲਾਵਾ ਪੁਲਿਸ ਨੇ ਇਕ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਹੈਂਡਲਰਾਂ ਤੇ ਗੈਂਗਸਟਰਾਂ ਦੇ ਸੰਪਰਕ ਵਿਚ ਸਨ, ਜੋ ਕਿ ਮੁਲਜ਼ਮਾਂ ਨੂੰ ਡਰੋਨ ਰਾਹੀਂ ਗੈਰ-ਕਾਨੂੰਨੀ ਹਥਿਆਰ ਤੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਭੇਜਦੇ ਸਨ ਤਾਂ ਜੋ ਇਨ੍ਹਾਂ ਨੂੰ ਅੱਗੇ ਸਪਲਾਈ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਇਨ੍ਹਾਂ ਹਥਿਆਰਾਂ ਦੀ ਵਰਤੋਂ ਲੋਕਾਂ ਨੂੰ ਡਰਾ-ਧਮਕਾ ਕੇ ਫਿਰੌਤੀ ਵਸੂਲਣ ਲਈ ਕਰਦੇ ਸਨ।

ਪਹਿਲੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ (ਸੀ.ਪੀ.) ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਥਾਣਾ ਰਣਜੀਤ ਐਵੇਨਿਊ ਦੀਆਂ ਟੀਮਾਂ ਨੇ ਬੌਬੀ, ਸਮਾਇਲ ਸਿੰਘ ਤੇ ਸਤਮੋਲ ਸਿੰਘ ਉਰਫ਼ ਠੇਕੇਦਾਰ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਕੋਲੋਂ ਚਾਰ ਨਾਜਾਇਜ਼ ਪਿਸਤੌਲਾਂ ਸਮੇਤ 10 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਉਨ੍ਹਾਂ ਦੇ ਖੁਲਾਸੇ 'ਤੇ ਤਿੰਨ ਹੋਰ ਪਿਸਤੌਲ ਬਰਾਮਦ ਹੋਏ, ਜਿਸ ਨਾਲ ਪਿਸਤੌਲਾਂ ਦੀ ਕੁੱਲ ਗਿਣਤੀ ਸੱਤ ਹੋ ਗਈ। ਦੂਜੀ ਕਾਰਵਾਈ ਬਾਰੇ ਉਨ੍ਹਾਂ ਦੱਸਿਆ ਕਿ ਥਾਣਾ ਛੇਹਰਟਾ ਦੀਆਂ ਟੀਮਾਂ ਨੇ ਹਰਪ੍ਰੀਤ ਉਰਫ਼ ਭੂੰਡੀ ਤੇ ਇਕ ਨਾਬਾਲਗ ਨੂੰ ਕਾਬੂ ਕੀਤਾ ਅਤੇ ਉਨ੍ਹਾਂ ਕੋਲੋਂ ਦੋ ਪਿਸਤੌਲਾਂ ਸਮੇਤ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਇਸ ਤੋਂ ਬਾਅਦ ਕੀਤੀ ਗਈ ਜਾਂਚ ਦੌਰਾਨ ਇਕ ਹੋਰ ਨਾਬਾਲਗ, ਆਕਾਸ਼ਦੀਪ ਸਿੰਘ ਤੇ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਕੋਲੋਂ ਦੋ ਜ਼ਿੰਦਾ ਹੈਂਡ ਗ੍ਰਨੇਡ ਅਤੇ 15 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।

ਤੀਜੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਸੀ.ਪੀ. ਨੇ ਦੱਸਿਆ ਕਿ ਥਾਣਾ ਸੁਲਤਾਨਵਿੰਡ ਦੀਆਂ ਟੀਮਾਂ ਨੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ, ਵਿਸ਼ਾਲ ਸਿੰਘ ਉਰਫ਼ ਕਾਲੂ ਤੇ ਗੁਰਬੀਰ ਸਿੰਘ ਉਰਫ਼ ਬਿੱਲਾ ਨੂੰ ਗ੍ਰਿਫ਼ਤਾਰ ਕੀਤਾ ਅਤੇ ਇਨ੍ਹਾਂ ਕੋਲੋਂ ਤਿੰਨ ਪਿਸਤੌਲ, ਚਾਰ ਜ਼ਿੰਦਾ ਕਾਰਤੂਸਾਂ ਸਮੇਤ 310.10 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਇਸ ਸਬੰਧ ਵਿਚ ਤਿੰਨ ਵੱਖ-ਵੱਖ ਕੇਸ ਥਾਣਾ ਰਣਜੀਤ ਐਵੀਨਿਊ, ਥਾਣਾ ਛੇਹਰਟਾ ਤੇ ਥਾਣਾ ਸੁਲਤਾਨਵਿੰਡ ਵਿਚ ਦਰਜ ਕੀਤੇ ਗਏ ਹਨ।

## ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਕੋਰਸ ਭਲਕ ਤੋਂ

ਜਲੰਧਰ (ਸੁਰਿੰਦਰ ਕੁਮਾਰ)-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਦੇ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ 5 ਨਵੰਬਰ ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਸੰਸਥਾ ਦੇ ਪ੍ਰਿੰਸੀਪਲ ਡਾ.ਪਰਮਿੰਦਰ ਕੌਰ ਸੈਣੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੈ ਅਤੇ ਕੋਰਸ ਵਿੱਚ ਦਾਖ਼ਲਾ ਲੈਣ ਦੀ ਆਖਰੀ 10 ਨਵੰਬਰ ਹੈ। ਕੋਰਸ ਲਈ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਦੇ ਬੱਚਿਆਂ ਨੂੰ ਤਰਜੀਹ ਦਿੱਤੀ ਜਾਵੇਗੀ।ਉਨ੍ਹਾਂ ਅੱਗੇ ਦੱਸਿਆ ਕਿ ਇਸ ਕੋਰਸ ਵਿੱਚ ਬਚਿਆਂ ਨੂੰ ਐਮ ਐਸ ਆਫਿਸ (ਐਮ.ਐਸ.-ਵਰਡ, ਐਮ.ਐਸ. ਐਕਸਲ, ਐਮ.ਐਸ. ਪਾਵਰ ਪੁਆਇੰਟ ) ਸਮੇਤ ਏ.ਆਈ.ਟੂਲਜ਼, ਪ੍ਰਿੰਟਿੰਗ, ਸਕੈਨਿੰਗ, ਈ-ਮੇਲਿੰਗ ਆਦਿ ਤੋਂ ਇਲਾਵਾ ਪੰਜਾਬੀ ਅਤੇ ਇੰਗਲਿਸ਼ ਟਾਈਪਿੰਗ ਦੀ ਸਿਖਲਾਈ ਵੀ ਦਿੱਤੀ ਜਾਵੇਗੀ। ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤਾ ਜਾਵੇਗਾ।

## ਡਾਕ ਸੇਵਾਵਾਂ ਸੰਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਅੱਜ ਲੱਗੇਗੀ ਡਾਕ ਅਦਾਲਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸੀਨੀਅਰ ਸੁਪਰਡੈਂਟ ਆਫ਼ ਪੋਸਟ ਆਫਿਸ ਅੰਮ੍ਰਿਤਸਰ ਡਵੀਜ਼ਨ ਚਰਨਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾਕ ਵਿਭਾਗ ਅੰਮ੍ਰਿਤਸਰ ਮੰਡਲ ਵੱਲੋਂ ਡਾਕ ਸੇਵਾਵਾਂ ਨਾਲ ਸੰਬੰਧਤ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ 4 ਨਵੰਬਰ ਨੂੰ ਡਾਕ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਡਾਕ ਅਦਾਲਤ ਸਵੇਰੇ 11 ਵਜੇ ਤੋਂ ਦੁਪਹਿਰ 12 ਵਜੇ ਤੱਕ ਦਫ਼ਤਰ ਸੀਨੀਅਰ ਸੁਪਰਡੈਂਟ ਆਫ਼ ਪੋਸਟ ਆਫਿਸ ਰਿਆਲਟੋ ਚੌਕ ਅੰਮ੍ਰਿਤਸਰ ਵਿਖੇ ਲਗਾਈ ਜਾਵੇਗੀ। ਚਰਨਜੀਤ ਸਿੰਘ ਨੇ ਕਿਹਾ ਕਿ ਡਾਕ ਅਦਾਲਤ ਦਾ ਮੁੱਖ ਉਦੇਸ਼ ਸ਼ਿਕਾਇਤਕਰਤਾਵਾਂ ਨੂੰ ਵਿਅਕਤੀਗਤ ਤੌਰ 'ਤੇ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕਰਨਾ ਅਤੇ ਉਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨਾ ਹੈ।

## ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿਖੇ ਪਲੇਸਮੈਂਟ ਕੈਂਪ ਅੱਜ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਡਾ. ਰੁਪਿੰਦਰ ਪਾਲ ਸਿੰਘ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ)-ਕਮ-ਮੁੱਖ ਕਾਰਜਕਾਰੀ ਅਫ਼ਸਰ, ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਅੰਮ੍ਰਿਤਸਰ ਨੇ ਕੀਤਾ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪ੍ਰਭਜੋਤ ਸਿੰਘ ਨੇ ਦੱਸਿਆ ਕਿ 4 ਨਵੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਡੀ.ਸੀ. ਦਫ਼ਤਰ ਦੀ ਜ਼ਮੀਨੀ ਮੰਜ਼ਿਲ, ਸੁਵਿਧਾ ਕੇਂਦਰ ਦੇ ਨੇੜੇ, ਅੰਮ੍ਰਿਤਸਰ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਐਮ.ਐਸ. ਟਰੇਡਿੰਗ ਕੰਪਨੀ, ਹਾਸ਼ਮੋ ਟਰੇਡਿੰਗ ਕੰਪਨੀ ਅਤੇ ਅਜਾਈਲ ਫਿਊਚਰ ਅੰਮ੍ਰਿਤਸਰ ਵਰਗੀਆਂ ਨਾਮੀ ਕੰਪਨੀਆਂ ਵੱਲੋਂ ਲੋਡਰ, ਡਾਟਾ ਐਂਟਰੀ ਆਪਰੇਟਰ, ਅਕਾਊਂਟੈਂਟ, ਮੈਨੇਜਰ, ਸੁਪਰਵਾਈਜ਼ਰ, ਸੁਰੱਖਿਆ ਗਾਰਡ ਅਤੇ ਵੈਲਥ ਐਡਵਾਈਜ਼ਰ ਆਦਿ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਦਸਵੀਂ, ਬਾਰ੍ਹਵੀਂ, ਡਿਪਲੋਮਾ, ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਆਦਿ ਯੋਗਤਾਵਾਂ ਵਾਲੇ ਲੜਕੇ ਅਤੇ ਲੜਕੀਆਂ ਭਾਗ ਲੈ ਸਕਦੇ ਹਨ। ਚੁਣੇ ਗਏ ਉਮੀਦਵਾਰਾਂ ਨੂੰ ਕੰਪਨੀਆਂ ਵੱਲੋਂ 9,000 ਤੋਂ 50,000 ਰੁਪਏ ਤੱਕ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਚਾਹਵਾਨ ਉਮੀਦਵਾਰ ਆਪਣੇ ਯੋਗਤਾ ਸਰਟੀਫਿਕੇਟ ਅਤੇ ਬਾਇਓਡਾਟਾ ਲੈ ਕੇ 4 ਨਵੰਬਰ ਨੂੰ ਸਵੇਰੇ 10:00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਡੀ.ਸੀ. ਦਫ਼ਤਰ, ਕਚਹਿਰੀ ਚੌਕ, ਅੰਮ੍ਰਿਤਸਰ ਵਿਖੇ ਪਹੁੰਚ ਸਕਦੇ ਹਨ।

## ਜਵੈਲਰ ਦੀ ਦੁਕਾਨ 'ਚੋਂ ਡੇਢ ਕਿੱਲੋ ਚਾਂਦੀ ਦੇ ਗਹਿਣੇ ਤੇ ਨਗਦੀ ਚੋਰੀ



ਧਾਰੀਵਾਲ, (ਮਨਦੀਪ ਵਿੱਕੀ)-ਸ਼ਹਿਰ ਧਾਰੀਵਾਲ ਦੇ ਭੀੜ-ਭਾੜ ਵਾਲੇ ਇਲਾਕੇ 'ਚ ਸਥਿਤ ਨਗਰ ਕੌਂਸਲ ਦਫ਼ਤਰ ਲਾਗੇ ਰਾਤ ਵੇਲੇ ਚੋਰਾਂ ਵੱਲੋਂ ਇੱਕ ਜਵੈਲਰ ਦੀ ਦੁਕਾਨ ਨੂੰ ਨਿਸ਼ਾਨਾ ਬਣਾ ਕੇ ਡੇਢ ਕਿੱਲੋਗ੍ਰਾਮ ਚਾਂਦੀ ਦੇ ਗਹਿਣੇ ਅਤੇ ਨਗਦੀ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਪੀੜਤ ਦੁਕਾਨਦਾਰ ਵਿਨੋਦ ਕੁਮਾਰ ਪੁੱਤਰ ਸਰਦਾਰੀ ਲਾਲ ਵਾਸੀ ਧਾਰੀਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਵਿਕਾਸ ਜਵੈਲਰਜ਼ ਦੀ ਦੁਕਾਨ ਹੈ, ਜਦ ਅੱਜ ਉਹ ਸਵੇਰੇ ਕਰੀਬ 10 ਵਜੇ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ 'ਤੇ ਆਏ ਤਾਂ ਸ਼ਟਰ ਖੋਲ ਕੇ ਅੰਦਰ ਵੜੇ, ਤਾਂ ਸਮਾਨ ਖਿਲਰਿਆ ਹੋਇਆ ਸੀ, ਜਦ ਛਾਣਬੀਨ ਕੀਤੀ ਤਾਂ ਪਤਾ ਲੱਗਾ ਕਿ ਬੀਤੀ ਰਾਤ ਅਣਪਛਾਤੇ ਚੋਰਾਂ ਨੇ ਦੁਕਾਨ ਦੇ ਪਿਛਲੇ ਪਾਸਿਓਂ ਚੁਬਾਰੇ ਦੀਆਂ ਪੌੜੀਆਂ ਦੀ ਮਿਆਨੀ 'ਤੇ ਲੱਗੇ ਲੋਹੇ ਦੇ ਗੇਟ ਨੂੰ ਉੱਪਰੋਂ ਕਿਸੇ ਚੀਜ਼ ਨਾਲ ਕੱਟ ਕੇ ਦੁਕਾਨ ਅੰਦਰ ਵੜ ਕੇ ਲਗਭਗ ਡੇਢ ਕਿਲੋ ਚਾਂਦੀ ਦੇ ਗਹਿਣੇ, 5 ਹਜ਼ਾਰ ਰੁਪਏ ਦੀ ਨਗਦੀ ਚੋਰੀ ਕਰ ਲਈ। ਇਸ ਸਬੰਧੀ ਸਥਾਨਕ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਡਰੱਗ ਹਾਟਸਪਾਟ ਖੇਤਰਾਂ 'ਚ ਰਜਿਸਟ੍ਰੇਸ਼ਨ-ਕਮ-ਕਰੀਅਰ ਕਾਊਂਸਲਿੰਗ ਕੈਂਪ

**ਜਲੰਧਰ (ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਨਸ਼ੇ 'ਤੇ ਨਿਰਭਰ ਨੌਜਵਾਨਾਂ ਦੇ ਮੁੜ ਵਸੇਬੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਡਰੱਗ ਹਾਟਸਪਾਟ ਖੇਤਰਾਂ ਵਿੱਚ ਨਸ਼ਾ ਪ੍ਰਭਾਵਿਤ ਨੌਜਵਾਨਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਅਤੇ ਆਤਮ ਨਿਰਭਰ ਬਣਾਉਣ ਦੇ ਉਦੇਸ਼ ਨਾਲ ਰਜਿਸਟ੍ਰੇਸ਼ਨ-ਕਮ-ਕਰੀਅਰ ਕਾਊਂਸਲਿੰਗ ਕੈਂਪ ਲਗਾਏ ਜਾ ਰਹੇ ਹਨ। ਡਿਪਟੀ ਡਾਇਰੈਕਟਰ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਨੀਲਮ ਮਹੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਉਨ੍ਹਾਂ ਦੀ ਯੋਗਤਾ, ਰੁਚੀ ਅਤੇ ਸਮਰੱਥਾ ਅਨੁਸਾਰ ਰੋਜ਼ਗਾਰ ਦੇ ਢੁੱਕਵੇਂ ਮੌਕਿਆਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਹੈ। ਇਸ ਤੋਂ ਇਲਾਵਾ ਵੱਖ-ਵੱਖ ਕਿੱਤਾ ਮੁਖੀ ਅਤੇ ਹੁਨਰ ਵਿਕਾਸ ਕੋਰਸਾਂ ਅਤੇ ਸਵੈ ਰੋਜ਼ਗਾਰ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ ਰੋਜ਼ਗਾਰ ਦੇ ਕਾਬਿਲ ਬਣਾਉਣਾ, ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਸਹਾਈ ਸਾਬਤ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਡਰੱਗ ਹਾਟਸਪਾਟ ਖੇਤਰਾਂ ਨੂੰ ਕਵਰ ਕਰਦਿਆਂ 11 ਰਜਿਸਟ੍ਰੇਸ਼ਨ-ਕਮ-ਕਰੀਅਰ ਕਾਊਂਸਲਿੰਗ ਕੈਂਪ ਲਗਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਕਰੀਬ 300 ਵਿਅਕਤੀਆਂ ਨੇ ਭਾਗ ਲਿਆ ਅਤੇ ਰੋਜ਼ਗਾਰ ਦਫ਼ਤਰ ਵਿਖੇ ਰਜਿਸਟ੍ਰੇਸ਼ਨ ਕਰਵਾਈ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਅਜਿਹੇ ਕੈਂਪ ਲਗਾਤਾਰ ਜਾਰੀ ਹਨ।

## ਲੰਬੀ ਸੇਵਾ ਤੋਂ ਬਾਅਦ ਰਿਟਾਇਰ ਹੋਏ ਜ਼ਿਲ੍ਹਾ ਮਾਸ ਮੀਡੀਆ ਅਫਸਰ ਪਰਮਿੰਦਰ ਸਿੰਘ



ਗੁਰਦਾਸਪੁਰ (ਜਨਕ ਮਹਾਜਨ)- ਲੰਬੀ ਸੇਵਾ ਤੋਂ ਬਾਅਦ ਸਿਹਤ ਵਿਭਾਗ ਵਿਚ ਕੰਮ ਕਰਦੇ ਜਿਲ੍ਹਾ ਮਾਸ ਮੀਡੀਆ ਅਧਿਕਾਰੀ ਪਰਮਿੰਦਰ ਸਿੰਘ ਸੇਵਾ ਮੁਕਤ ਹੋ ਗਏ। ਉਨ੍ਹਾਂ ਦੀ ਸੇਵਾ ਮੁਕਤੀ 'ਤੇ ਸਿਹਤ ਵਿਭਾਗ ਗੁਰਦਾਸਪੁਰ ਵਲੋ ਉਨਾਂ ਨੂੰ ਵਿਧਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਨੇ ਕਿਹਾ ਕਿ ਪਰਮਿੰਦਰ ਸਿੰਘ ਨੇ ਕਰੀਬ ਸਾਡੇ 38 ਸਾਲ ਦੀ ਆਪਣੀ ਸੇਵਾ ਤਨਦੇਹੀ ਨਾਲ ਨਿਭਾਈ।

ਸਿਵਲ ਸਰਜਨ ਸਹਿਤ ਸਮਾਗਮ ਵਿਚ ਹਾਜ਼ਰ ਬੁਲਾਰਿਆਂ ਨੇ ਪਰਮਿੰਦਰ ਸਿੰਘ ਵਲੋਂ ਆਪਣੀ ਸੇਵਾ ਦੌਰਾਨ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਨੇ ਪੂਰੇ ਸੇਵਾ ਕਾਲ ਦੌਰਾਨ ਕੰਮ ਪ੍ਰਤੀ ਜੋ ਲਗਨ ਅਤੇ ਇਮਾਨਦਾਰੀ ਦਿਖਾਈ ਹੈ, ਉਹ ਨਵੇਂ ਆਉਣ ਵਾਲੇ ਕਰਮਚਾਰੀਆਂ ਲਈ ਪ੍ਰੇਰਨਾ ਸਰੋਤ ਹੈ।

ਸੇਵਾ ਮੁਕਤ ਹੋਏ ਪਰਮਿੰਦਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸਮੂਹ ਸਹਿਕਰਮੀਆਂ ਅਤੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿਚ ਵੀ ਸਮਾਜ ਅਤੇ ਸੰਸਥਾ ਦੀ ਭਲਾਈ ਲਈ ਸਹਿਯੋਗ ਦਿੰਦੇ ਰਹਿਣਗੇ। ਅੰਤ ਵਿਚ ਸਮੂਹ ਸਟਾਫ ਵਲੋਂ ਪਰਮਿੰਦਰ ਸਿੰਘ ਨੂੰ ਸਨਮਾਨ ਚਿੰਨ੍ਹ (ਯਾਦਗਾਰੀ ਚਿੰਨ੍ਹ) ਭੇਟ ਕਰਕੇ ਉਨ੍ਹਾਂ ਦੇ ਸਿਹਤਮੰਦ ਅਤੇ ਸੁੱਖੀ ਜੀਵਨ ਦੀ ਕਾਮਨਾ ਕੀਤੀ।

## ਮੁੱਖ ਖੇਤੀਬਾੜੀ ਅਫਸਰ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ



**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਵਲੋਂ ਝੋਨੇ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਨਾ ਸਾੜਨ ਲਈ ਵਿਆਪਕ ਪੱਧਰ 'ਤੇ ਮੁਹਿੰਮ ਨਿਰੰਤਰ ਜਾਰੀ ਹੈ। ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਸ਼ਹਿਬਾਜ਼ ਸਿੰਘ ਚੀਮਾ ਨੇ ਦੱਸਿਆ ਉਨ੍ਹਾਂ ਵਲੋਂ ਸਿਵਲ ਤੇ ਪੁਲਿਸ ਵਿਭਾਗ ਦੀਆਂ ਟੀਮਾਂ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ ਅਤੇ ਕਾਹਨੂੰਵਾਨ, ਧਾਰੀਵਾਲ, ਕਾਦੀਆਂ ਤੇ ਬਟਾਲਾ ਖੇਤਰ ਦਾ ਦੌਰਾ ਕੀਤਾ ਗਿਆ।

ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਪਰਾਲੀ ਨਾ ਸਾੜਨ ਦੀ ਮੁਹਿੰਮ ਨਿਰੰਤਰ ਜਾਰੀ ਹੈ ਅਤੇ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਲਈ 118 ਰੇਕ ਬੇਲਰ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਪਰਾਲੀ ਦੇ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਡ੍ਰਿੱਲ ਆਦਿ ਆਧੁਨਿਕ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਇਸ ਨਾਲ ਜਿੱਥੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ, ਉੱਥੇ ਮਿੱਟੀ ਦੀ ਸਿਹਤ ਨੂੰ ਵੀ ਬਰਕਰਾਰ ਰੱਖਿਆ ਜਾ ਸਕਦਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਪ੍ਰਬੰਧਨ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਕਰਦੇ ਹੋਏ "ਪਰਾਲੀ ਨੂੰ ਅੱਗ ਨਹੀਂ, ਖੇਤ ਨੂੰ ਪੋਸ਼ਣ"ਦੇ ਸੰਦੇਸ਼ ਨੂੰ ਅਪਣਾਇਆ ਜਾਵੇ ਅਤੇ ਜ਼ਿਲ੍ਹਾ ਗੁਰਦਾਸਪੁਰ ਨੂੰ ਪਰਾਲੀ ਸਾੜਨ ਤੋਂ ਮੁਕਤ ਬਣਾਉਣ ਲਈ ਸਹਿਯੋਗ ਦਿੱਤਾ ਜਾਵੇ।

## ਪੰਜਾਬ ਦੀਆਂ ਸਾਈਕਲਿਸਟ ਧੀਆਂ ਨੇ ਰਚਿਆ ਇਤਿਹਾਸ

### ਸੱਤ ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਤੋੜ ਕੇ ਜਿੱਤਿਆ ਸੋਨ ਤਗਮਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਜਗਦੀਸ਼ ਕਮਲੇਸ਼)- ਪੰਜਾਬ ਦੀਆਂ ਹੋਣਹਾਰ ਸਾਈਕਲਿਸਟ ਧੀਆਂ ਨੇ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਸੱਤ ਸਾਲ ਪੁਰਾਣਾ ਰਾਸ਼ਟਰੀ ਰਿਕਾਰਡ ਤੋੜਦਿਆਂ ਸੋਨ ਤਗਮਾ ਜਿੱਤ ਕੇ ਸੂਬੇ ਦਾ ਮਾਣ ਵਧਾਇਆ ਹੈ।ਰਾਂਚੀ ਦੇ ਸਾਈਕਲਿੰਗ ਵੈਲੋਡਰੋਮ ਵਿਖੇ ਚੱਲ ਰਹੀ 78ਵੀਂ ਸੀਨੀਅਰ, 55ਵੀਂ ਜੂਨੀਅਰ ਅਤੇ 41ਵੀਂ ਸਬ-ਜੂਨੀਅਰ ਨੈਸ਼ਨਲ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੌਰਾਨ ਪੰਜਾਬ ਦੀ ਸਬ-ਜੂਨੀਅਰ ਲੜਕੀਆਂ ਦੀ ਟੀਮ ਨੇ ਟੀਮ ਸਪ੍ਰਿੰਟ ਮੁਕਾਬਲੇ ਵਿੱਚ 1 ਮਿੰਟ 16 ਸੈਕਿੰਡ ਦਾ ਸਮਾਂ ਦਰਜ ਕਰਦਿਆਂ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜੇਤੂ ਟੀਮ ਵਿੱਚ ਪ੍ਰੀਤੀ ਸ਼ਾਹ, ਗੁਨਤਾਸ ਸੰਧੂ, ਜਪਨੀਤ ਕੌਰ ਅਤੇ ਪਲਕਪ੍ਰੀਤ ਕੌਰ ਸ਼ਾਮਲ ਸਨ।ਇਸ ਜਿੱਤ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਦੋ ਖਿਡਾਰਨਾਂ ਜਪਨੀਤ ਕੌਰ ਅਤੇ ਪਲਕਪ੍ਰੀਤ ਕੌਰ ਦੀ ਸ਼ਮੂਲੀਅਤ ਨੇ ਜ਼ਿਲ੍ਹੇ ਦੇ ਖੇਡ ਪ੍ਰੇਮੀਆਂ ਦਾ ਮਾਣ ਵੀ ਵਧਾਇਆ ਹੈ।ਜਪਨੀਤ ਕੌਰ, ਪਲਕਪ੍ਰੀਤ ਕੌਰ, ਪ੍ਰੀਤੀ ਸ਼ਾਹ, ਗੁਨਤਾਸ ਸੰਧੂ। ਇਸ ਪ੍ਰਾਪਤੀ 'ਤੇ ਖਿਡਾਰਨਾਂ ਨੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਉਨ੍ਹਾਂ ਦੀ ਤਿਆਰੀ ਅਤੇ ਹੌਸਲਾ-ਅਫ਼ਜ਼ਾਈ ਲਈ ਕੀਤੇ ਵਿਸ਼ੇਸ਼ ਯਤਨਾਂ ਦਾ ਧੰਨਵਾਦ ਕੀਤਾ। ਕਾਹਲੋਂ ਨੇ ਪੰਜਾਬ ਸਾਈਕਲਿੰਗ ਟੀਮ ਦੇ ਮੁੱਖ ਕੋਚ ਸਤਵਿੰਦਰ ਸਿੰਘ, ਕੋਚ ਭੁਪਿੰਦਰ ਕੁਮਾਰ, ਕੋਚ ਇਕਵਿੰਦਰ ਸਿੰਘ ਅਤੇ ਮਹਿਲਾ ਕੋਚ ਹਰਪ੍ਰੀਤ ਕੌਰ ਦੀ ਮਿਹਨਤ ਦੀ ਸ਼ਲਾਘਾ ਕੀਤੀ।

## ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਮਾਸਿਕ ਭੰਡਾਰਾ ਕਰਵਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਆਪਣੇ ਸਥਾਨਕ ਆਸ਼ਰਮ ਸ਼ਹਿਜ਼ਾਦਾ ਵਿਖੇ ਮਾਸਿਕ ਭੰਡਾਰਾ ਪ੍ਰੋਗਰਾਮ ਦਾ ਆਯੋਜਨ ਕੀਤਾ। ਸਤਿਸੰਗ ਦੌਰਾਨ ਦਿਵਯ ਗੁਰੂ ਆਸ਼ੁਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਸਾਧਵੀ ਸਮਿਧਾ ਭਾਰਤੀ ਨੇ ਮਨੁੱਖੀ ਜੀਵਨ ਵਿੱਚ ਪ੍ਰੇਮ ਦੀ ਅਸਲ ਮਹੱਤਤਾ ਬਾਰੇ ਦੱਸਿਆ। ਸਾਧਵੀ ਜੀ ਨੇ ਕਿਹਾ ਕਿ ਪ੍ਰੇਮ ਮਨੁੱਖੀ ਜੀਵਨ ਵਿੱਚ ਸਭ ਤੋਂ ਸੁੰਦਰ ਅਤੇ ਬ੍ਰਹਮ ਅਨੁਭਵ ਹੈ। ਪ੍ਰੇਮ ਸਿਰਫ਼ ਭਾਵਨਾਵਾਂ ਦਾ ਆਕਰਸ਼ਣ ਨਹੀਂ ਹੁੰਦਾ; ਇਹ ਇੱਕ ਅਜਿਹੀ ਅਵਸਥਾ ਹੈ ਜਿੱਥੇ ਸਵਾਰਥ ਅਲੋਪ ਹੋ ਜਾਂਦਾ ਹੈ ਅਤੇ ਸਮਰਪਣ, ਦਇਆ ਅਤੇ ਨੇੜਤਾ ਉਭਰਦੀ ਹੈ। ਮਨੁੱਖ ਦੁਨੀਆ ਵਿੱਚ ਬਹੁਤ ਸਾਰੇ ਰਿਸ਼ਤਿਆਂ ਨੂੰ ਪਿਆਰ ਕਹਿੰਦੇ ਹਨ, ਪਰ ਸੱਚਾ ਪਿਆਰ ਉਦੋਂ ਪਛਾਣਿਆ ਜਾਂਦਾ ਹੈ ਜਦੋਂ ਸਮਰਪਣ ਦੀ ਭਾਵਨਾ ਉਮੀਦਾਂ ਦੀ ਥਾਂ ਲੈਂਦੀ ਹੈ, ਅਤੇ ਕੁਰਬਾਨੀ ਮਾਲਕੀ ਦੀ ਥਾਂ ਲੈਂਦੀ ਹੈ। ਉਨ੍ਹਾਂ ਕਿਹਾ ਕਿ ਸੰਸਾਰਿਕ ਪਿਆਰ ਅਕਸਰ ਹਾਲਾਤਾਂ, ਉਮੀਦਾਂ ਅਤੇ ਰਿਸ਼ਤਿਆਂ ਤੇ ਅਧਾਰਤ ਹੁੰਦਾ ਹੈ, ਅਤੇ ਇਸ ਲਈ, ਇਹ ਸਮੇਂ ਅਤੇ ਹਾਲਾਤਾਂ ਨਾਲ ਬਦਲ ਸਕਦਾ ਹੈ। ਜਦੋਂ ਸਾਡੀਆਂ ਉਮੀਦਾਂ ਪੂਰੀਆਂ ਹੁੰਦੀਆਂ ਹਨ, ਅਸੀਂ ਪਿਆਰ ਦਾ ਅਨੁਭਵ ਕਰਦੇ ਹਾਂ, ਅਤੇ ਜਦੋਂ ਉਹ ਉਮੀਦਾਂ ਟੁੱਟ ਜਾਂਦੀਆਂ ਹਨ, ਤਾਂ ਉਹੀ ਰਿਸ਼ਤੇ ਦਰਦ ਦਾ ਸਰੋਤ ਬਣ ਜਾਂਦੇ ਹਨ। ਇਸ ਦੇ ਉਲਟ, ਇੱਕ ਗੁਰੂ ਦਾ ਪਿਆਰ ਸ਼ਿਸ਼ ਦੀ ਭਲਾਈ ਅਤੇ ਅਧਿਆਤਮਿਕ ਉੱਨਤੀ ਤੇ ਅਧਾਰਤ ਹੁੰਦਾ ਹੈ। ਗੁਰੂ-ਸ਼ਿਸ਼ ਦੇ ਰਿਸ਼ਤੇ ਦੀ ਮਹੱਤਤਾ ਬਾਰੇ ਦੱਸਦਿਆਂ, ਸਾਧਵੀ ਜੀ ਨੇ ਕਿਹਾ ਕਿ ਗੁਰੂ ਦਾ



ਪਿਆਰ ਸ਼ਿਸ਼ ਨੂੰ ਆਪਣੇ ਅਸਲ ਸੁਭਾਅ ਦਾ ਅਹਿਸਾਸ ਕਰਵਾਉਣ ਲਈ ਅਗਵਾਈ ਕਰਦਾ ਹੈ। ਗੁਰੂ ਸ਼ਿਸ਼ ਦੇ ਅੰਦਰ ਛੁਪੀ ਹੋਈ ਬ੍ਰਹਮ ਚੇਤਨਾ ਨੂੰ ਜਗਾਉਣ ਦਾ ਰਸਤਾ ਤਿਆਰ ਕਰਦਾ ਹੈ। ਗੁਰੂ ਦਾ ਪਿਆਰ ਉਹ ਸ਼ਕਤੀ ਹੈ ਜੋ ਸ਼ਿਸ਼ ਨੂੰ ਅਗਿਆਨਤਾ ਤੋਂ ਗਿਆਨ ਵੱਲ, ਝੂਠ ਤੋਂ ਸੱਚ ਵੱਲ ਅਤੇ ਹਨੇਰੇ ਤੋਂ ਪ੍ਰਕਾਸ਼ ਵੱਲ ਲੈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸੂਰਜ ਚਮਕਦਾ ਹੈ ਅਤੇ ਸਾਰੇ ਸੰਸਾਰ ਨੂੰ ਪ੍ਰਕਾਸ਼ਮਾਨ ਕਰਦਾ ਹੈ, ਉਸੇ ਤਰ੍ਹਾਂ ਸ਼ਿਸ਼ ਦਾ ਅੰਦਰੂਨੀ ਸਰੂਪ ਬ੍ਰਹਮ-ਸਮਰਪਿਤ ਗੁਰੂ ਦੇ ਪਰਮ ਪ੍ਰਕਾਸ਼ਮਾਨ ਬ੍ਰਹਮ ਰੂਪ ਦੁਆਰਾ ਪ੍ਰਕਾਸ਼ਮਾਨ ਹੁੰਦਾ ਹੈ। ਗੁਰੂ ਦਾ ਸੱਚਾ ਪਿਆਰ ਸ਼ਿਸ਼ ਨੂੰ ਦੁਨੀਆਂ ਤੋਂ ਭੱਜਣਾ ਨਹੀਂ ਸਿਖਾਉਂਦਾ, ਸਗੋਂ ਇਸ ਦੁਨੀਆਂ ਵਿੱਚ ਰਹਿੰਦੇ ਹੋਏ ਆਪਣੇ ਫਰਜ਼ਾਂ ਨੂੰ ਪੂਰਾ ਕਰਨ ਅਤੇ ਆਪਣੇ ਜੀਵਨ ਦੇ ਅਸਲ ਉਦੇਸ਼ ਨੂੰ ਪਛਾਣਨ ਲਈ ਪ੍ਰੇਰਿਤ ਕਰਦਾ ਹੈ। ਸਾਧਵੀ ਜੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਗੁਰੂ ਲਈ ਪਿਆਰ ਸਿਰਫ਼ ਭਾਵਨਾਵਾਂ ਅਤੇ ਸ਼ਬਦਾਂ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਗੁਰੂ ਲਈ ਸੱਚਾ ਪਿਆਰ ਉਨ੍ਹਾਂ ਦੇ ਉੱਤਮ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ, ਉਨ੍ਹਾਂ ਦੇ ਹੁਕਮਾਂ ਦੀ ਪਾਲਣਾ ਕਰਨ, ਅਧਿਆਤਮਿਕ ਅਭਿਆਸ ਦੇ ਮਾਰਗ ਤੇ ਨਿਰੰਤਰ ਅੱਗੇ ਵਧਣ ਅਤੇ ਮਨੁੱਖਤਾ ਦੀ ਸੇਵਾ ਕਰਨ ਵਿੱਚ ਪ੍ਰਗਟ ਹੁੰਦਾ ਹੈ। ਸਤਿਸੰਗ ਵਿੱਚ, ਉਨ੍ਹਾਂ ਨੇ ਸ਼ਰਧਾਲੂਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਜਦੋਂ ਦਿਲ ਵਿੱਚ ਗੁਰੂ ਪ੍ਰਤੀ ਸ਼ਰਧਾ, ਸਮਰਪਣ ਅਤੇ ਪਿਆਰ ਜਾਗਦਾ ਹੈ, ਤਾਂ ਇੱਕ ਅੰਦਰੂਨੀ ਪਰਿਵਰਤਨ ਹੁੰਦਾ ਹੈ, ਅਤੇ ਇੱਕ ਵਿਅਕਤੀ ਬਾਹਰੀ ਸਥਿਤੀਆਂ ਤੋਂ ਉੱਪਰ ਉੱਠਦਾ ਹੈ ਅਤੇ ਅੰਦਰੂਨੀ ਸ਼ਾਂਤੀ ਅਤੇ ਅਨੰਦ ਦਾ ਅਨੁਭਵ ਕਰਦਾ ਹੈ। ਸਤਿਸੰਗ ਦੌਰਾਨ, ਆਸ਼ਰਮ ਦਾ ਵਾਤਾਵਰਣ ਸ਼ਰਧਾ ਅਤੇ ਅਧਿਆਤਮਿਕ ਊਰਜਾ ਨਾਲ ਭਰ ਗਿਆ। ਭੈਣਾਂ ਦੁਆਰਾ ਪੇਸ਼ ਕੀਤੇ ਗਏ ਰੂਹਾਨੀ ਭਜਨਾਂ ਨੇ ਵਾਤਾਵਰਣ ਨੂੰ ਸ਼ਰਧਾ ਨਾਲ ਭਰ ਦਿੱਤਾ। ਮੌਜੂਦ ਸਾਰੇ ਸ਼ਰਧਾਲੂ ਭਜਨਾਂ ਦੁਆਰਾ ਪ੍ਰਭਾਵਿਤ ਹੋਏ, ਅਤੇ ਸਾਰਾ ਵਾਤਾਵਰਣ ਗੁਰੂ ਪ੍ਰਤੀ ਸ਼ਰਧਾ ਦੀ ਭਾਵਨਾ ਨਾਲ ਗੂੰਜ ਉੱਠਿਆ। ਪ੍ਰੋਗਰਾਮ ਦੇ ਅੰਤ ਵਿੱਚ, ਵਿਸ਼ਵ ਸ਼ਾਂਤੀ ਅਤੇ ਮਨੁੱਖੀ ਭਲਾਈ ਲਈ ਪ੍ਰਾਰਥਨਾ ਕਰਨ ਲਈ ਸਮੂਹਿਕ ਧਿਆਨ ਨਾਲ ਸਤਸੰਗ ਦੀ ਸਮਾਪਤੀ ਹੋਈ।

## ਭਾਜਪਾ ਦੀ ਗੁਰਦਾਸਪੁਰ ਪੈਦਲ ਯਾਤਰਾ ਰੈਲੀ 'ਚ ਸ਼ਾਮਲ ਹੋਣ ਵਿਜੇ ਸੋਨੀ ਦੀ ਅਗਵਾਈ 'ਚ ਜਥਾ ਪੁੱਜਾ




ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ) ਪਾਰਟੀ ਹਾਈਕਮਾਂਡ ਦੇ ਹਿਦਾਇਤਾਂ ਅਨੁਸਾਰ ਗੁਰਦਾਸਪੁਰ 'ਚ ਭਾਜਪਾ ਵੱਲੋਂ ਕੱਢੀ ਜਾ ਰਹੀ ਪੈਦਲ ਯਾਤਰਾ 'ਚ ਸ਼ਾਮਲ ਹੋਣ ਲਈ ਹਲਕਾ ਡੇਰਾ ਬਾਬਾ ਨਾਨਕ ਭਾਜਪਾ ਦੇ ਸੀਨੀਅਰ ਆਗੂ ਵਿਜੇ ਸੋਨੀ ਮੋਹਲੋਵਾਲੀ ਦੀ ਅਗਵਾਈ ਹੇਠ ਸੈਂਕੜੇ ਵਰਕਰਾਂ ਦਾ ਜਥਾ ਰਵਾਨਾ ਹੋਇਆ।ਇਸ ਮੌਕੇ ਗੱਲਬਾਤ ਕਰਦਿਆ ਵਿਜੇ ਸੋਨੀ ਮੋਹਲੋਵਾਲੀ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਐਸ ਆਈ ਆਰ ਨੂੰ ਲੈ ਕੇ ਭਾਜਪਾ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਹਮੇਸ਼ਾ ਅੱਤਵਾਦ, ਗੈਂਗਸਟਰਾ ਅਤੇ ਨਸ਼ਿਆਂ ਨੂੰ ਬੜਾਵਾ ਦਿੱਤਾ ਜਾਂਦਾ ਹੈ।ਵਿਜੇ ਸੋਨੀ ਮੋਹਲੋਵਾਲੀ ਨੇ ਕਿਹਾ ਕਿ ਭਾਜਪਾ ਦੇ ਲਗਾਤਾਰ ਵੱਧ ਰਹੇ ਗ੍ਰਾਫ ਦੇਖ ਕੇ ਵਿਰੋਧੀ ਪਾਰਟੀਆਂ ਬੁਖਲਾਹਟ ਵਿੱਚ ਹਨ। ਸੂਬੇ 'ਚ ਭਾਜਪਾ ਦੀ ਸਰਕਾਰ ਆਉਣ 'ਤੇ ਨਸ਼ਾ ਗੈਂਗਸਟਰ ਅੱਤਵਾਦ ਪੂਰੀ ਤਰ੍ਹਾਂ ਖਾਤਮਾ ਹੋਵੇਗਾ।ਵਿਜੀ ਸੋਨੀ ਮੋਹਲੋਵਾਲੀ ਵੱਲੋਂ ਹੋਰ ਵੀ ਵਿਰੋਧੀ ਧਿਰਾਂ 'ਤੇ ਜੰਮ ਕੇ ਨਿਸ਼ਾਨੇ ਸਾਧੇ ਗਏ ਆਮ ਆਦਮੀ ਪਾਰਟੀ ਛੱਡ ਕੇ ਬੀਜੇਪੀ ਪਾਰਟੀ ਵਿੱਚ ਸ਼ਾਮਲ ਹੋਏ ਵੱਖ ਵੱਖ ਵਿਧਾਇਕਾਂ ਦਾ ਸਵਾਗਤ ਵੀ ਕੀਤਾ ਗਿਆ।ਇਸ ਮੌਕੇ ਮਲਕੀਤ ਸਿੰਘ ਮੰਮਣ, ਸੋਨੂੰ ਮਸੀਹ ਰਾਏਚੱਕ, ਹੀਰਾ ਮਸੀਹ,ਰਕੇਸ ਮਸੀਹ, ਕਵਲਜੀਤ ਸਿੰਘ ਮੰਮਣ, ਵਾਰਿਸ ਮਸੀਹ, ਮੰਡਲ ਪ੍ਰਧਾਨ ਪਵਨ ਕੁਮਾਰ ਗੁਰਵਾਰੇ, ਸੁਰਜੀਤ ਸਿੰਘ ਢਿਲਵਾਂ, ਸੁਰਿੰਦਰ ਸਿੰਘ ਦਲੇਰਪੁਰ, ਰਜਿੰਦਰ ਸਿੰਘ ਮੀਆਂਕੋਟ, ਬਲਵਿੰਦਰ ਧਿਆਨਪੁਰ, ਪ੍ਰਿੰਸ ਮੰਮਣ ਆਮਨ, ਗੁਰਮੀਤ ਸਿੰਘ ਭੁੱਲਰ, ਸੋਮਰਾਜ ਸਿੰਘ, ਦਲੀਪ ਸਿੰਘ, ਰਵਿੰਦਰ ਸਿੰਘ, ਮਨਦੀਪ ਸਿੰਘ, ਹੀਰਾ ਸਿੰਘ, ਕਵਲਜੀਤ ਸਿੰਘ, ਮੇਜਰ ਮਸੀਹ, ਜੋਤੀ, ਗੁਰਮੀਤ ਕੌਰ, ਬਲਵਿੰਦਰ ਕੌਰ, ਸਿਮਰਨ ਕੌਰ, ਜਸਵਿੰਦਰ ਕੌਰ, ਗੁਰਪ੍ਰੀਤ ਕੌਰ, ਗੁਰਮੀਤ ਕੌਰ, ਇੰਦਰਜੀਤ ਕੌਰ, ਮਿੰਦੋ, ਅਮਰਜੀਤ ਕੌਰ, ਮਹਿੰਦਰ ਕੌਰ ਅਤੇ ਹੋਰ ਭਾਜਪਾ ਵਰਕਰ ਹਾਜ਼ਰ ਸਨ।

## ਹਲਕਾ ਮਜੀਠਾ 'ਚੋਂ ਸੰਗਰੂਰ ਰੈਲੀ ਲਈ ਜਾਵੇਗਾ ਵੱਡਾ ਕਾਫ਼ਲਾ: ਸੱਚਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- 4 ਨਵੰਬਰ ਨੂੰ ਸੰਗਰੂਰ ਵਿਖੇ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਜਾ ਰਹੀ ਕਾਂਗਰਸ ਦੀ ਇਨਸਾਫ਼ ਰੈਲੀ ਵਿੱਚ ਹਲਕਾ ਮਜੀਠਾ ਤੋਂ ਵੱਡਾ ਕਾਫ਼ਲਾ ਸ਼ਮੂਲੀਅਤ ਕਰੇਗਾ। ਇਸ ਸਬੰਧੀ ਹਲਕਾ ਇੰਚਾਰਜ ਸ੍. ਭਗਵੰਤ ਪਾਲ ਸਿੰਘ ਸੱਚਰ ਵੱਲੋਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਸ੍. ਸੱਚਰ ਵੱਲੋਂ ਜ਼ੋਨ ਇੰਚਾਰਜਾਂ ਅਤੇ ਬਲਾਕ ਪ੍ਰਧਾਨਾਂ ਰਾਹੀਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਰੈਲੀ ਸਬੰਧੀ ਸਟਿੱਕਰ ਭੇਜੇ ਗਏ ਹਨ। ਉਨ੍ਹਾਂ ਹਦਾਇਤ ਕੀਤੀ ਹੈ ਕਿ ਰੈਲੀ ਵਿੱਚ ਜਾਣ ਵਾਲੀਆਂ ਗੱਡੀਆਂ ਉੱਪਰ ਇਹ ਸਟਿੱਕਰ ਲਗਾਏ ਜਾਣ, ਤਾਂ ਜੋ ਮਜੀਠਾ ਹਲਕੇ ਤੋਂ ਜਾਣ ਵਾਲੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਸ਼ਮੂਲੀਅਤ ਨੂੰ ਸੁਚੱਜੇ ਢੰਗ ਨਾਲ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਸ੍. ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਸੰਗਰੂਰ ਦੀ ਇਨਸਾਫ਼ ਰੈਲੀ ਪੰਜਾਬ ਦੇ ਹੱਕਾਂ, ਲੋਕਾਂ ਦੇ ਮੁੱਦਿਆਂ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਆਵਾਜ਼ ਬੁਲੰਦ ਕਰਨ ਦਾ ਮੰਚ ਬਣੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਅੱਜ ਕਈ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੇ ਹਨ ਅਤੇ ਸਰਕਾਰਾਂ ਦੀ ਜਵਾਬਦੇਹੀ ਤੈਅ ਕਰਨਾ ਸਮੇਂ ਦੀ ਲੋੜ ਹੈ। ਕਾਂਗਰਸ ਪਾਰਟੀ ਲੋਕਾਂ ਦੇ ਹੱਕਾਂ ਦੀ ਲੜਾਈ ਸੜਕ ਤੋਂ ਲੈ ਕੇ ਸੰਸਦ ਤੱਕ ਲੜਦੀ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਮਜੀਠਾ ਦੇ ਕਾਂਗਰਸੀ ਵਰਕਰ ਸਿਰਫ਼ ਰੈਲੀ ਵਿੱਚ ਹਾਜ਼ਰੀ ਲਗਵਾਉਣ ਲਈ ਨਹੀਂ, ਸਗੋਂ ਪੰਜਾਬ ਦੇ ਹੱਕਾਂ ਅਤੇ ਇਨਸਾਫ਼ ਦੀ ਆਵਾਜ਼ ਨੂੰ ਮਜ਼ਬੂਤ ਕਰਨ ਦੇ ਸੰਕਲਪ ਨਾਲ ਸੰਗਰੂਰ ਪਹੁੰਚਣਗੇ। ਉਨ੍ਹਾਂ ਕਿਹਾ ਕਿ ਰੈਲੀ ਸਬੰਧੀ ਪਿੰਡ ਪੱਧਰ 'ਤੇ ਲਗਾਤਾਰ ਸੰਪਰਕ ਅਤੇ ਤਾਲਮੇਲ ਬਣਾਇਆ ਜਾ ਰਿਹਾ ਹੈ। ਜ਼ੋਨ ਇੰਚਾਰਜਾਂ, ਬਲਾਕ ਪ੍ਰਧਾਨਾਂ ਅਤੇ ਸਥਾਨਕ ਆਗੂਆਂ ਨੂੰ ਆਪੋ-ਆਪਣੇ ਇਲਾਕਿਆਂ ਵਿੱਚ ਵਰਕਰਾਂ ਦੀ ਸ਼ਮੂਲੀਅਤ ਅਤੇ ਆਵਾਜਾਈ ਦੇ ਪ੍ਰਬੰਧਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਹਲਕੇ ਦੇ ਸਮੂਹ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

ਇਸ ਮੌਕੇ ਸਾਬਕਾ ਚੇਅਰਮੈਨ ਸ੍. ਗੁਰਮੀਤ ਸਿੰਘ ਭੀਲੋਵਾਲ, ਬਲਾਕ ਕਾਂਗਰਸ ਪ੍ਰਧਾਨ ਸ੍. ਨਵਤੇਜਪਾਲ ਸਿੰਘ ਸੋਹੀਆਂ ਕਲਾਂ, ਮਜੀਠਾ ਸ਼ਹਿਰੀ ਕਾਂਗਰਸ ਪ੍ਰਧਾਨ ਸ੍. ਨਵਦੀਪ ਸਿੰਘ ਸੋਨਾ,ਸ੍. ਪਰਮਜੀਤ ਸਿੰਘਭੇਏਵਾਲ , ਸ੍. ਪਰਗਟ ਸਿੰਘ ਚੰਨਣਕੇ, ਸਰਬਜੀਤ ਸਿੰਘ ਚੋਗਾਵਾਂ ਅਤੇ ਸ੍. ਸੁਲੱਖਣ ਸਿੰਘ ਕੱਥੂਨੰਗਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

## ਸੇਂਟ ਕਬੀਰ ਸਕੂਲ ਸੁਲਤਾਨਪੁਰ 'ਚ ਮੈਗਾ ਕਵਿਜ਼ ਮੁਕਾਬਲੇ ਕਰਵਾਏ



ਧਾਰੀਵਾਲ, (ਮਨਦੀਪ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਵਿਦਿਆਰਥੀਆਂ ਦੇ ਗਿਆਨ ਕੌਸ਼ਲ ਨੂੰ ਪਰਖਣ ਲਈ ਦੋ ਰੋਜ਼ਾ ਇੰਟਰ ਹਾਊਸ ਮੈਗਾ ਕੁਇਜ਼ ਮੁਕਾਬਲੇ ਕਰਵਾਏ ਗਏ। ਇਨਾਂ ਮੁਕਾਬਲਿਆਂ ਵਿੱਚ ਸਕੂਲ ਦੇ ਚਾਰ ਹਾਊਸ ਐਮਰਲਡ, ਰੂਬੀ, ਸਫਾਇਰ ਅਤੇ ਐਂਬਰ ਹਾਊਸ ਦੇ ਅੱਠ-ਅੱਠ ਵਿਦਿਆਰਥੀਆਂ ਨੇ ਬੜੇ ਉਤਸਾਹ ਨਾਲ ਹਿੱਸੇਦਾਰੀ ਲਈ। ਸਕੂਲ ਦੇ ਅੰਗਰੇਜ਼ੀ ਵਿਭਾਗ ਦੇ ਅਧਿਆਪਕ ਕਮਲ ਖੋਖਰ ਨੇ ਸਟੇਜੀ ਕਾਰਵਾਈ ਸੰਭਾਲਦਿਆਂ ਪ੍ਰੋਗਰਾਮ ਦਾ ਆਗਾਜ਼ ਕੀਤਾ। ਇਸ ਮੁਕਾਬਲੇ ਦੌਰਾਨ ਸਕੂਲੀ ਅਧਿਆਪਕ ਸੁਨੀਤ ਠਾਕੁਰ , ਨਿਧੀ ਅੱਗਰਵਾਲ ਅਤੇ ਸਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਸੰਬੰਧੀ ਪ੍ਰਸ਼ਨ ਪੁੱਛੇ, ਜਿਸ ਵਿੱਚ ਰਾਜਨੀਤਕ, ਖੇਡ ਜਗਤ, ਗਣਿਤ, ਸਾਇੰਸ, ਪੰਜਾਬੀ ਨਾਇਕ ਤੋਂ ਇਲਾਵਾ ਆਡੀਓ ਤੇ ਵੀਡੀਓ ਰਾਊਂਡ ਆਦਿ ਸ਼ਾਮਲ ਸਨ। ਵਿਦਿਆਰਥੀਆਂ ਨੇ ਬਹੁਤ ਹੀ ਉਤਸੁਕਤਾ ਅਤੇ ਸੰਜੀਦਗੀ ਨਾਲ ਮੁਕਾਬਲੇ ਵਿੱਚ ਭਾਗੀਦਾਰੀ ਲਈ ਅਤੇ ਪ੍ਰਸ਼ਨਾਂ ਦੇ ਜਵਾਬ ਦਿੱਤੇ। ਭਾਗੀਦਾਰ ਵਿਦਿਆਰਥੀਆਂ ਤੋਂ ਇਲਾਵਾ ਬਾਕੀ ਵਿਦਿਆਰਥੀਆਂ ਨੂੰ ਵੀ ਪ੍ਰਸ਼ਨਾਂ ਦੇ ਸਹੀ ਉੱਤਰ ਦੇਣ 'ਤੇ ਚਾਕਲੇਟਾਂ ਤੇ ਪੈੱਨ ਹੌਸਲਾ ਅਫ਼ਜਾਈ ਵਜੋਂ ਦਿੱਤੇ ਗਏ। ਅੰਤ ਵਿੱਚ ਪ੍ਰਿੰਸੀਪਲ ਐੱਸ ਬੀ ਨਾਯਰ, ਪ੍ਰਬੰਧਕ ਮੈਂਬਰਾਂ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਜੇਤੂ ਹਾਊਸ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤਿਮ ਪੜਾਅ ਵਿੱਚ ਸਾਰੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਹਰ ਤਰ੍ਹਾਂ ਦੇ ਰਾਜਨੀਤਕ, ਸਮਾਜਿਕ, ਰਾਸ਼ਟਰੀ ਤੇ ਅੰਤਰਰਾਸ਼ਟਰੀ ਗਿਆਨ ਵਿੱਚ ਆਪਣੀ ਭੂਮਿਕਾ ਬਣਾਈ ਰੱਖਣ ਦੀ ਗੁਜ਼ਾਰਿਸ਼ ਵੀ ਕੀਤੀ ਤਾਂ ਕਿ ਹਰ ਵਿਦਿਆਰਥੀ ਆਪਣੇ ਗਿਆਨ ਨਾਲ ਮਨ ਚਾਹਿਆ ਭਵਿੱਖ ਪਾ ਸਕੇ। ਵਿਦਿਆਰਥੀਆਂ ਨੂੰ ਲਾਈਬ੍ਰੇਰੀ ਵਿੱਚ ਜਾ ਕੇ ਕਿਤਾਬਾਂ ਪੜ੍ਹਨ ਦਾ ਪ੍ਰਣ ਵੀ ਕਰਵਾਇਆ ਗਿਆ। ਸਮੁੱਚੇ ਰੂਪ ਵਿੱਚ ਇਹ ਪ੍ਰਸ਼ਨ -ਉੱਤਰ ਮੁਕਾਬਲਾ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਲਈ ਕਾਮਯਾਬ ਰਿਹਾ। ਇਸ ਮੌਕੇ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਕਿਸਾਨ ਆਗੂ ਸੁਖਵਿੰਦਰ ਸਿੰਘ ਦੁੱਗਲਵਾਲਾ ਨੂੰ ਸ਼ਰਧਾਂਜਲੀਆਂ



ਚੋਹਲਾ ਸਾਹਿਬ (ਰਮਨ ਚੱਢਾ)-ਕਿਸਾਨ ਆਗੂ ਸੁਖਵਿੰਦਰ ਸਿੰਘ ਦੁੱਗਲਵਾਲਾ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਵਿੱਚ ਸੂਬਾ ਪੱਧਰੀ ਲੀਡਰਸ਼ਿਪ ਤੇ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਬੀਬੀਆਂ ਤੇ ਨੌਜਵਾਨ ਪਹੁੰਚੇ। ਇਸ ਸਮਾਗਮ ਵਿੱਚ ਸੂਬਾ ਪੱਧਰੀ ਤਿੱਖੇ ਐਕਸ਼ਨ ਦਾ ਐਲਾਨ ਕੀਤਾ ਗਿਆ। 7 ਦਸੰਬਰ ਨੂੰ ਚੰਡੀਗੜ੍ਹ ਵਿਖੇ ਪੱਕੇ ਮੋਰਚੇ ਦਾ ਐਲਾਨ ਕੀਤਾ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਬੀਰ ਸਿੰਘ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੁੱਗਲਵਾਲਾ, ਜੋ 24 ਅਕਤੂਬਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਨਮਿਤ ਦੋ ਨਵੰਬਰ ਨੂੰ ਉਹਨਾਂ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਉਹਨਾਂ ਦੇ ਜੱਦੀ ਪਿੰਡ ਦੁੱਗਲਵਾਲਾ ਵਿੱਚ ਹੋਇਆ। ਜਿਸ ਵਿੱਚ ਜਥੇਬੰਦੀ ਦੀ ਪੂਰੀ ਸੂਬਾ ਕੋਰ ਕਮੇਟੀ, ਮੈਂਬਰ ਜ਼ਿਲ੍ਹਾ ਪ੍ਰਧਾਨ, ਜ਼ੋਨ ਪ੍ਰਧਾਨ ਜ਼ੋਨ ਕੋਰ ਕਮੇਟੀਆਂ ਤੇ ਵੱਡੀ ਗਿਣਤੀ ਵਿੱਚ ਜਥੇਬੰਦਕ ਕਿਸਾਨ ਮਜ਼ਦੂਰ ਬੀਬੀਆਂ ਨੌਜਵਾਨ ਇਲਾਕਾ ਨਿਵਾਸੀ ਪਰਿਵਾਰ ਤੇ ਪਿੰਡ ਵਾਸੀ ਸ਼ਾਮਿਲ ਹੋਏ। ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਕੀਰਤਨ ਕੀਤਾ ਗਿਆ। ਪਰਿਵਾਰ ਤੇ ਰਿਸ਼ਤੇਦਾਰਾਂ ਵੱਲੋਂ ਸੁਖਵਿੰਦਰ ਸਿੰਘ ਦੁੱਗਲਵਾਲਾ ਦੇ ਪੁੱਤਰ ਪਰਮਜੀਤ ਸਿੰਘ ਨੂੰ ਪੱਗੜੀ ਦੇ ਕੇ ਰਸਮ ਨਿਭਾਈ ਗਈ, ਇਸ ਉਪਰੰਤ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸੂਬਾ ਆਗੂ ਜਸਬੀਰ ਸਿੰਘ ਪਿੱਦੀ, ਸੂਬਾ ਆਗੂ ਗੁਰਬਚਨ ਸਿੰਘ ਚੱਬਾ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਜ਼ਿਲ੍ਹਾ ਜਨਲ ਸਕੱਤਰ ਹਰਜਿੰਦਰ ਸਿੰਘ ਛੱਕਰੀ, ਕਿਸਾਨ ਮਜ਼ਦੂਰ ਮੋਰਚੇ ਦੇ ਕੋਆਰਡੀਨੇਟਰ ਸਰਵਣ ਸਿੰਘ ਪੰਧੇਰ ਨੇ ਸ਼ਰਧਾਂਜਲੀ ਸਮਾਗਮ ਨੂੰ ਮੁਖਾਬਤਬ ਹੁੰਦਿਆਂ ਕਿਹਾ ਕਿ ਕਿਸਾਨ ਆਗੂ ਸੁਖਵਿੰਦਰ ਸਿੰਘ ਦੁਗਲਵਾਲਾ ਦੀਆਂ ਜਥੇਬੰਦਕ ਵਿਚਾਰਧਾਰਾ ਸਿਆਸੀ ਸੂਝ ਬੂਝ ਦ੍ਰਿੜ ਅਰਾਧੇ ਬੌਧਕ ਤੇ ਧਾਰਮਿਕ ਲਿਆਕਤ ਸਮਾਜਕ ਬਰਾਬਰਤਾ ਦੇ ਫਲਸਫੇ ਦੀ ਜਾਣਕਾਰੀ ਰਾਜਸੀ ਲੁੱਟ ਕਸੁੱਟ ਤੇ ਕਾਰਪੋਰੇਟ ਸੈਕਟਰ ਵੱਲੋਂ ਕੁਦਰਤੀ ਸਾਧਨਾਂ ਦੀ ਲੁੱਟ ਬਾਰੇ ਹਰ ਜਾਣਕਾਰੀ ਰੱਖਦੇ ਸਨ। ਕਿਸਾਨ ਆਗੂ ਦਾ ਸੁਭਾਅ ਤੇ ਚਿਹਰੇ ਦਾ ਤੇਜ਼ ਹਰ ਕਿਸੇ ਨੂੰ ਪ੍ਰਭਾਵਿਤ ਕਰਦਾ ਸੀ, ਲਗਾਤਾਰ ਛੇ ਵਾਰੀ ਜ਼ੋਨ ਪ੍ਰਧਾਨ ਬਣੇ ਤੇ ਜਥੇਬੰਦੀ ਵਿੱਚ ਸਭ ਤੋਂ ਵੱਡੀ ਉਮਰ ਦੇ ਆਗੂ ਸਨ ਕਿਸਾਨ ਆਗੂ ਜਮੀਨ ਨਾਲ ਜੁੜਿਆ ਹਰ ਮਸਲਾ ਹੱਲ ਕਰਨ ਦੀ ਮੁਹਤਾਜ ਰੱਖਦਾ ਸੀ ਮਾਲ ਮਹਿਕਮੇ ਦਾ ਹਿਸਾਬ ਕਿਤਾਬ ਵਿੱਚ ਬਾਖੂਬੀ ਨਿਪੁੰਨ ਸੀ ਅੱਜ ਜਿੱਥੇ ਪਰਿਵਾਰ ਨੂੰ ਇਸ ਆਗੂ ਦੇ ਜਾਣ ਦਾ ਵਿਛੋੜਾ ਝੱਲਣਾ ਪੈ ਰਿਹਾ ਉਥੇ ਹੀ ਜਥੇਬੰਦੀ ਨੂੰ ਵੀ ਵੱਡਾ ਘਾਟਾ ਪਿਆ ਹੈ ਕਿਉਂਕਿ ਜਥੇਬੰਦੀ ਵਿੱਚ ਸੂਝਵਾਨ ਆਗੂ ਬਣਨ ਲਈ ਕਈ ਸਾਲ ਲੱਗ ਜਾਂਦੇ ਹਨ। ਇਸ ਮੌਕੇ ਸਮੁੱਚੀ ਸੂਬਾ ਟੀਮ ਵੱਲੋਂ ਭਰੇ ਹੋਏ ਇਕੱਠ ਤੋਂ ਸਹਿਮਤੀ ਲੈ ਕੇ ਵਿਛੜੀ ਰੂਹ ਨੂੰ ਫਿਰ ਤੋਂ ਨਮਨ ਕੀਤਾ ਤੇ ਅਧੂਰੇ ਕੰਮਾਂ ਨੂੰ ਪੂਰਾ ਕਰਨ ਦਾ ਅਹਿਦ ਲੈਂਦਿਆਂ ਅਗਲੇ ਦਿਨਾਂ ਵਿੱਚ ਵੱਡੇ ਐਕਸ਼ਨਾਂ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਹਾਜ਼ਰ ਆਗੂ ਰੇਸ਼ਮ ਸਿੰਘ ਘੁਰਕਵਿੰਡ ਜਰਨੈਲ ਸਿੰਘ ਨੂਰਦੀ ਨਿਰੰਜਨ ਸਿੰਘ ਬਰਗਾੜੀ, ਕੁਲਵੰਤ ਸਿੰਘ ਢੋਟੀਆਂ, ਸੁਖਚੈਨ ਸਿੰਘ ਅਲੋਵਾਲ, ਪਰਮਜੀਤ ਸਿੰਘ ਛੀਨਾ ਜ਼ੋਨ ਬਾਬਾ ਬੀਰ ਸਿੰਘ ਜੀ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਸੇਰੋਂ ਤੇ ਹੋਰ ਸਮੁੱਚੀ ਟੀਮ ਹਾਜ਼ਰ ਰਹੀ।

## ਖਾਲਸਾ ਕਾਲਜ ਵਿਖੇ ਦੀਵਾਲੀ ਪ੍ਰਦਰਸ਼ਨੀ ਲਗਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)— ਖਾਲਸਾ ਕਾਲਜ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਦੋ ਰੋਜ਼ਾ ਦੀਵਾਲੀ ਪ੍ਰਦਰਸ਼ਨੀ ਅਤੇ ਵਿਕਰੀ 'ਕਲਾਕ੍ਰਿਤੀ' ਦਾ ਆਯੋਜਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸਮਾਗਮ ਮੌਕੇ ਸ੍ਰੀਮਤੀ ਤਜਿੰਦਰ ਕੌਰ ਛੀਨਾ ਨੇ ਮੁੱਖ ਮਹਿਮਾਨ, ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਪ੍ਰਿੰ: ਡਾ. ਰੰਧਾਵਾ ਦੁਆਰਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾ ਨਾਲ ਧਰਮ ਅਧਿਐਨ ਵਿਭਾਗ ਦੇ ਡੀਨ ਡਾ. ਇੰਦਰਜੀਤ ਸਿੰਘ ਗੋਗੋਆਣੀ ਵੀ ਮੌਜੂਦ ਸਨ। ਉਕਤ ਮਹਿਮਾਨਾਂ ਵੱਲੋਂ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਉਪਰੰਤ ਸ੍ਰੀਮਤੀ ਛੀਨਾ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਕੀਤੇ ਗਏ ਸਿਰਜਣਾਤਮਕ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਚੁਣੇ ਹੋਏ ਖੇਤਰ 'ਚ ਸਮਰਪਣ, ਆਤਮ—ਵਿਸ਼ਵਾਸ ਅਤੇ ਨਵੀਨਤਮ ਸੋਚ ਨਾਲ ਅਗਾਂਹ ਵੱਧਣ ਅਤੇ ਆਪਣੇ ਭਵਿੱਖ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਵੱਖ—ਵੱਖ ਕਲਾਕ੍ਰਿਤੀਆਂ, ਸਜਾਵਟੀ ਵਸਤਾਂ ਅਤੇ ਦੀਵਾਲੀ ਨਾਲ ਸੰਬੰਧਤ ਉਤਪਾਦਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਹੁਨਰ ਭਵਿੱਖ 'ਚ ਉਨ੍ਹਾਂ ਨੂੰ ਸਵੈ-ਰੁਜ਼ਗਾਰ ਅਤੇ ਉੱਦਮਤਾ ਦੇ



ਖੇਤਰ 'ਚ ਵੀ ਅੱਗੇ ਵੱਧਣ ਲਈ ਪ੍ਰੇਰਿਤ ਕਰ ਸਕਦਾ ਹੈ ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਅਜੋਕੇ ਸਮੇਂ 'ਚ ਵਿੱਦਿਆ ਦਾ ਉਦੇਸ਼ ਸਿਰਫ ਡਿਗਰੀਆਂ ਪ੍ਰਾਪਤ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਹੁਨਰਮੰਦ, ਆਤਮ—ਨਿਰਭਰ ਅਤੇ ਰੁਜ਼ਗਾਰ ਦੇ ਯੋਗ ਬਣਾਉਣਾ ਵੀ ਹੈ। ਉਨ੍ਹਾਂ ਕਿਹਾ ਕਿ 'ਕਲਾਕ੍ਰਿਤੀ' ਵਰਗੀਆਂ ਪ੍ਰਦਰਸ਼ਨੀਆਂ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦੇ ਨਾਲ—ਨਾਲ ਕਾਰੋਬਾਰੀ ਸੰਭਾਵਨਾਵਾਂ ਨੂੰ ਸਮਝਣ ਦਾ ਮੌਕਾ ਪ੍ਰਦਾਨ ਕਰਦੀਆਂ ਹਨ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਕਾਲਜ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ ਵਿਹਾਰਕ ਗਿਆਨ, ਰਚਨਾਤਮਕ ਸੋਚ ਅਤੇ ਕਿੱਤਾਮੁਖੀ ਹੁਨਰ ਪ੍ਰਦਾਨ ਕਰਨ ਲਈ ਹਮੇਸ਼ਾਂ ਯਤਨਸ਼ੀਲ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਉਕਤ ਵਿਭਾਗ ਵੱਲੋਂ ਆਯੋਜਿਤ 'ਕਲਾਕ੍ਰਿਤੀ' ਪ੍ਰਦਰਸ਼ਨੀ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਕਲਾਤਮਕ ਸਮਰੱਥਾ ਦਾ ਪ੍ਰਮਾਣ ਹੈ ਉਨ੍ਹਾਂ ਵਿਭਾਗ ਮੁਖੀ ਅਤੇ ਸਮੂਹ ਸਟਾਫ਼ ਦੇ ਯਤਨਾਂ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਵਿਭਾਗ ਮੁਖੀ ਸ੍ਰੀਮਤੀ ਜਸਮੀਤ ਕੌਰ ਨੇ ਪ੍ਰਦਰਸ਼ਨੀ 'ਚ ਸ਼ਿਰਕਤ ਕਰਨ ਵਾਲੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ 2 ਰੋਜ਼ਾ ਪ੍ਰੋਗਰਾਮ ਦੌਰਾਨ ਕੱਪੜਿਆਂ ਦੀ ਛਪਾਈ ਦੀਆਂ ਵੱਖ—ਵੱਖ ਤਕਨੀਕਾਂ, ਕਲਾ ਅਤੇ ਸ਼ਿਲਪਕਾਰੀ ਨਾਲ ਸਬੰਧਿਤ ਵਸਤਾਂ, ਸਜਾਵਟੀ ਦੀਵੇ, ਮੋਮਬੱਤੀਆਂ ਅਤੇ ਘਰ ਦੀ ਸਜਾਵਟ ਲਈ ਤਿਆਰ ਕੀਤੀਆਂ ਗਈਆਂ ਵੱਖ—ਵੱਖ ਆਕਰਸ਼ਕ ਵਸਤਾਂ ਪ੍ਰਦਰਸ਼ਿਤ ਕੀਤੀਆਂ ਗਈਆਂ ਉਨ੍ਹਾਂ ਕਿਹਾ ਕਿ ਪ੍ਰਦਰਸ਼ਨੀ ਨੇ ਵਿਦਿਆਰਥੀਆਂ ਦੀ ਕਲਾਤਮਕ ਸੂਝ, ਹੁਨਰ ਅਤੇ ਨਵੇਂ ਵਿਚਾਰਾਂ ਨੂੰ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕੀਤਾ। ਇਸ ਮੌਕੇ ਦੀਵਾਲੀ ਤਿਉਹਾਰ ਦੇ ਮੱਦੇਨਜ਼ਰ ਲਗਾਈ ਗਈ ਉਕਤ ਪ੍ਰਦਰਸ਼ਨੀ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੱਖ—ਵੱਖ ਸਜਾਵਟੀ ਵਸਤਾਂ ਦੀ ਖਰੀਦਦਾਰੀ ਵੀ ਕੀਤੀ।

## ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਮੁਕੰਮਲ

**ਜਲੰਧਰ (ਸੁਰਿੰਦਰ ਕੁਮਾਰ)**-ਵਿੱਤੀ ਵਰ੍ਹੇ 2026-27 ਦੀ ਦੂਜੀ ਤਿਮਾਹੀ ਦੀ ਸਮੀਖਿਆ ਲਈ ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਦਾ ਸਿਲਸਿਲਾ ਸਫ਼ਲਤਾਪੂਰਵਕ ਮੁਕੰਮਲ ਹੋ ਗਿਆ। ਐਲ ਡੀ ਐਮ ਜਲੰਧਰ ਐਮ ਐੱਸ ਮੋਤੀ ਨੇ ਦੱਸਿਆ ਜ਼ਿਲ੍ਹੇ ਦੇ ਵੱਖ-ਵੱਖ 11 ਬਲਾਕਾਂ ਵਿੱਚ ਮੀਟਿੰਗਾਂ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਦਫ਼ਤਰ ਤੋਂ ਆਜੀਵਕਾ ਮਿਸ਼ਨ ਦੇ ਨੁਮਾਇੰਦੇ, ਨਾਬਾਰਡ ਦੇ ਅਧਿਕਾਰੀ, ਰੂਡਸੈਟ ਸੰਸਥਾ ਦੇ ਨੁਮਾਇੰਦੇ , ਕਰਿਸਲ ਤੇ ਅਰੋਹ ਫਾਊਂਡੇਸ਼ਨਾਂ ਅਤੇ ਬੈਂਕ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗਾਂ ਵਿੱਚ ਦੂਜੀ ਤਿਮਾਹੀ ਦੌਰਾਨ (01.07.2026 ਤੋਂ 30.09.2026 ਤੱਕ) ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਦੇ ਨਾਲ-ਨਾਲ ਚਾਲੂ ਵਿੱਤੀ ਵਰ੍ਹੇ ਲਈ ਮਿੱਥੇ ਗਏ ਟੀਚਿਆਂ ਅਤੇ ਨਤੀਜਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਡੀ.ਐਫ.ਐਸ. ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਗ੍ਰਾਮ ਪੰਚਾਇਤ ਪੱਧਰ 'ਤੇ ਚੱਲ ਰਹੀ 'ਫਾਈਨਾਂਸ਼ੀਅਲ ਇੰਕਲੂਜ਼ਨ ਸੈਚੂਰੇਸ਼ਨ' ਮੁਹਿੰਮ ਬਾਰੇ ਵੀ ਬੈਂਕਾਂ ਨੂੰ ਜਾਣੂ ਕਰਵਾਇਆ ਗਿਆ, ਜੋ ਕਿ 21 ਅਕਤੂਬਰ ਤੋਂ ਸ਼ੁਰੂ ਹੋਈ ਹੈ ਅਤੇ 31 ਦਸੰਬਰ 2026 ਤੱਕ ਜਾਰੀ ਰਹੇਗੀ।

ਮੀਟਿੰਗਾਂ ਵਿੱਚ ਬੈਂਕ ਅਧਿਕਾਰੀਆਂ ਵੱਲੋਂ 30 ਸਤੰਬਰ 2026 ਨੂੰ ਸਮਾਪਤ ਹੋਈ ਤਿਮਾਹੀ ਦੌਰਾਨ ਆਪਣੇ-ਆਪਣੇ ਬੈਂਕ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੱਤੀ ਗਈ। ਐਲ.ਡੀ.ਐਮ. ਨੇ ਜਨ ਸੁਰੱਖਿਆ ਸਕੀਮਾਂ ਅਤੇ ਪੀ.ਐਮ. ਸਵੈਨਿਧੀ ਸਕੀਮ ਤਹਿਤ ਲਾਭਪਾਤਰੀਆਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਕਰਜ਼ੇ ਲਈ ਪ੍ਰਾਪਤ ਹੋਈਆਂ ਅਰਜ਼ੀਆਂ ਦੇ ਜਲਦ ਨਿਪਟਾਰੇ ਲਈ ਹਦਾਇਤਾਂ ਕੀਤੀਆਂ। ਬੈਂਕਾਂ ਨੂੰ ਸੀ.ਡੀ. ਰੇਸ਼ੋ ਵਿੱਚ ਸੁਧਾਰ ਕਰਨ ਲਈ ਵੱਧ ਤੋਂ ਵੱਧ ਕਰਜ਼ੇ ਮਨਜ਼ੂਰ ਕਰਨ ਲਈ ਕਿਹਾ ਗਿਆ।

## ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਯਤਨ ਜਾਰੀ : ਐੱਸ ਡੀ ਐੱਮ



ਮਾਹਿਲਪੁਰ (ਹੁਸ਼ਿਆਰਪੁਰ) (ਬਲਵੀਰ ਸਿੰਘ ਸੈਣੀ) -ਜ਼ਿਲ੍ਹਾ ਪ੍ਰਸ਼ਾਸਨ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਥਾਨਕ ਬੀ ਡੀ ਪੀ ਓ ਕਾਲੋਨੀ ਵਿਖੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਰੋਜ਼ਗਾਰ ਕੈਂਪ ਲਗਾਇਆ ਗਿਆ, ਜਿਥੇ ਉਨ੍ਹਾਂ ਨੂੰ ਕੰਮ ਦੇ ਮੌਕਿਆਂ ਲਈ ਪਲੇਟਫਾਰਮ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਵੀ ਸੁਹਿਰਦ ਯਤਨ ਕਰਨ ਦਾ ਸੱਦਾ ਦਿੱਤਾ ਗਿਆ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਲਗਾਏ ਗਏ ਇਸ ਰੋਜ਼ਗਾਰ ਕੈਂਪ ਵਿੱਚ ਗੜ੍ਹਸ਼ੰਕਰ ਦੇ ਐਸ.ਡੀ.ਐਮ. ਸੰਜੀਵ ਕੁਮਾਰ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਅਜਿਹੇ ਕੈਂਪ ਲੜੀਵਾਰ ਲਾਏ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਬੇਰੋਜ਼ਗਾਰ ਨੌਜਵਾਨਾਂ ਨੂੰ ਆਪਣੇ ਪੈਰੀਂ ਕੀਤਾ ਜਾ ਸਕੇ। ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਵਲੋਂ 60 ਦਿਨਾਂ ਲਈ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਸ਼ੁਰੂ ਕੀਤੇ ਵਿਸ਼ੇਸ਼ ਪ੍ਰੋਗਰਾਮਾਂ ਤਹਿਤ ਪਿੰਡਾਂ ਵਿਚ ਖੇਡਾਂ, ਰੋਜ਼ਗਾਰ ਅਤੇ ਜਾਗਰੂਕਤਾ ਸਰਗਰਮੀਆਂ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਨੌਜਵਾਨ ਇਸ ਸਮਾਜ ਭਲਾਈ ਦੇ ਕਾਰਜ ਵਿਚ ਠੋਸ ਭੂਮਿਕਾ ਨਿਭਾਅ ਕੇ ਸਾਰਥਕ ਨਤੀਜੇ ਯਕੀਨੀ ਬਣਾ ਸਕਦੇ ਹਨ ਜਿਸ ਲਈ ਨੌਜਵਾਨਾਂ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣਾ ਚਾਹੀਦਾ ਹੈ।

ਕੌਂਸਲਰ ਸੁਰਿੰਦਰ ਕੌਰ ਅਤੇ ਬਲਵਿੰਦਰ ਮਰਵਾਹਾ, ਡੀ.ਐਸ.ਡੀ. ਸ਼ਾਮ ਸੁੰਦਰ ਅਤੇ ਹੋਰਨਾਂ ਅਧਿਕਾਰੀਆਂ ਨੇ ਕਲੋਨੀ ਵਾਸੀਆਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਖਿਲਾਫ਼ ਇਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਾਂਝੇ ਉਪਰਾਲਿਆਂ ਨਾਲ ਇਸ ਸਮਾਜਿਕ ਬੁਰਾਈ ਨੂੰ ਖਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਮਨੋਹਰ ਲਾਲ, ਵਿਕਰਮਜੀਤ, ਡਾ. ਅੰਜੂ, ਕੌਂਸਲਰ ਰਜਨੀ, ਸੁਲੇਖਾ ਰਾਣੀ ਅਤੇ ਆਸ਼ਾ ਵਰਕਰ ਆਸ਼ਾ ਰਾਣੀ ਵੀ ਮੌਜੂਦ ਸਨ।

# ਏਸ਼ੀਅਨ ਚੈਂਪੀਅਨਜ਼ ਟਰਾਫੀ ਲਈ ਸੈਮੀ ਫ਼ਾਈਨਲ ਅੱਜ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੀ ਧਰਤੀ ਉਤੇ ਪਹਿਲੀ ਵਾਰ ਖੇਡੇ ਜਾ ਰਹੇ ਕੌਮਾਂਤਰੀ ਹਾਕੀ ਟੂਰਨਾਮੈਂਟ 'ਏਸ਼ੀਅਨ ਚੈਂਪੀਅਨਜ਼ ਟਰਾਫੀ' ਦੇ ਜਲੰਧਰ ਵਿਖੇ ਲੀਗ ਮੈਚਾਂ ਦੇ ਸਫਲ ਪ੍ਰਬੰਧਨ ਤੋਂ ਬਾਅਦ ਹੁਣ ਇਸ ਟੂਰਨਾਮੈਂਟ ਦਾ ਦੂਜਾ ਮੇਜ਼ਬਾਨ ਸ਼ਹਿਰ ਮੋਹਾਲੀ ਨਾਕ ਆਊਟ ਮੁਕਾਬਲਿਆਂ ਲਈ ਤਿਆਰ ਹੈ। 4 ਨਵੰਬਰ ਨੂੰ ਸੈਮੀ ਫ਼ਾਈਨਲ ਤੇ ਪੰਜਵੀਂ ਪੁਜੀਸ਼ਨ ਦੇ ਮੈਚ ਨਾਲ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਹਾਕੀ ਸਟੇਡੀਅਮ ਕੌਮਾਂਤਰੀ ਹਾਕੀ ਨਕਸ਼ੇ ਉਤੇ ਆਪਣੀ ਹਾਜ਼ਰੀ ਦਰਜ ਕਰੇਗਾ। ਇਸ ਸਟੇਡੀਅਮ ਵਿੱਚ ਪਹਿਲੀ ਵਾਰ ਕੋਈ ਕੌਮਾਂਤਰੀ ਹਾਕੀ ਮੈਚ ਖੇਡਿਆ ਜਾਵੇਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਵਿੱਚ ਜਿੱਥੇ ਪਹਿਲੀ ਵਾਰ ਕੋਈ ਕੌਮਾਂਤਰੀ ਹਾਕੀ ਟੂਰਨਾਮੈਂਟ ਹੋਇਆ ਹੈ ਉਥੇ ਮੋਹਾਲੀ ਵਿਖੇ ਪਹਿਲੀ ਵਾਰ ਕੋਈ ਵਾਰ ਕੌਮਾਂਤਰੀ ਹਾਕੀ ਮੈਚ ਹੋ ਰਿਹਾ ਹੈ। ਜਲੰਧਰ ਵਿਖੇ ਲੀਗ ਸਟੇਜ ਵਿੱਚ ਭਾਰਤ ਪਹਿਲੇ, ਜਾਪਾਨ ਦੂਜੇ, ਮਲੇਸ਼ੀਆ ਤੀਜੇ, ਦੱਖਣੀ ਕੋਰੀਆ ਚੌਥੇ, ਚੀਨ ਪੰਜਵੇਂ ਤੇ ਬੰਗਲਾਦੇਸ਼ ਛੇਵੇਂ ਸਥਾਨ ਉੱਤੇ ਰਿਹਾ ਸੀ।4 ਨਵੰਬਰ ਨੂੰ ਨਾਕ ਆਊਟ ਸਟੇਜ ਦੇ ਤਿੰਨ ਮੈਚ ਖੇਡੇ ਜਾਣਗੇ। ਦੋ ਸੈਮੀ ਫ਼ਾਈਨਲ ਅਤੇ ਇਕ ਕਲਾਸੀਫਿਕੇਸ਼ਨ ਮੈਚ ਖੇਡਿਆ ਜਾਵੇਗਾ। ਦਿਨ ਦਾ ਪਹਿਲਾ ਮੈਚ ਦੁਪਹਿਰ ਦੋ ਵਜੇ ਚੀਨ ਤੇ ਬੰਗਲਾਦੇਸ਼ ਵਿਚਾਲੇ ਪੰਜਵੀਂ ਪੁਜੀਸ਼ਨ ਲਈ ਮੈਚ ਖੇਡਿਆ ਜਾਵੇਗਾ। ਸ਼ਾਮ ਸਾਢੇ ਚਾਰ ਵਜੇ ਪਹਿਲੇ ਸੈਮੀ ਫ਼ਾਈਨਲ ਵਿੱਚ ਜਾਪਾਨ ਤੇ ਮਲੇਸ਼ੀਆ ਅਤੇ ਸ਼ਾਮ ਸੱਤ ਵਜੇ ਦੂਜੇ ਸੈਮੀ ਫ਼ਾਈਨਲ ਲਈ ਭਾਰਤ ਤੇ ਦੱਖਣੀ ਕੋਰੀਆ ਆਹਮੋ-ਸਾਹਮਣੇ ਹੋਣਗੇ। ਚਾਰੇ ਟੀਮਾਂ 5 ਨਵੰਬਰ ਨੂੰ ਮੋਹਾਲੀ ਵਿਖੇ ਹੀ ਹੋਣ ਵਾਲੇ ਫ਼ਾਈਨਲ ਮੁਕਾਬਲੇ ਵਿੱਚ ਪੁੱਜਣ ਲਈ ਪੂਰਾ ਜ਼ੋਰ ਲਗਾਉਣਗੀਆਂ। ਸੈਮੀ ਫ਼ਾਈਨਲ ਵਿੱਚ ਹਾਰਨ ਵਾਲੀਆਂ ਦੋਵੇਂ ਟੀਮਾਂ ਕਾਂਸੀ ਦੇ ਤਮਗ਼ੇ ਲਈ ਖੇਡਣਗੀਆਂ। ਇਸ ਵਾਰ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ ਵਿੱਚ ਭਾਰਤ ਹੁਣ ਤੱਕ ਅਜੇਤੂ ਰਿਹਾ ਹੈ ਅਤੇ ਖੇਡੇ ਸਾਰੇ ਪੰਜ ਮੈਚ ਜਿੱਤੇ ਹਨ। 27 ਨਵੰਬਰ ਨੂੰ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਸ਼ੁਰੂਆਤ ਹੋਈ ਸੀ ਅਤੇ 5 ਨਵੰਬਰ ਨੂੰ ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਸਟੇਡੀਅਮ ਵਿਖੇ ਫ਼ਾਈਨਲ ਖੇਡਿਆ ਜਾਵੇਗਾ।



# ਨਰੇਗਾ ਰੁਜ਼ਗਾਰ ਫੰਡ ਜਾਰੀ ਕਰਾਉਣ ਲਈ ਪੰਜ ਮਜ਼ਦੂਰ ਜਥੇਬੰਦੀਆਂ ਵੱਲੋਂ 6 ਦਸੰਬਰ ਨੂੰ ਮੁੱਖ ਮੰਤਰੀ ਦੀ ਕੋਠੀ ਅੱਗੇ ਮਹਾਂ ਪੰਚਾਇਤ

**ਸੰਗਰੂਰ (ਨਵਾਂ ਜ਼ਮਾਨਾ ਸਰਵਿਸ)** ਪੰਜਾਬ ਦੀ 'ਆਪ' ਸਰਕਾਰ ਵੱਲੋਂ ਨਰੇਗਾ ਸਮੇਤ ਮਜ਼ਦੂਰ ਵਰਗ ਨੂੰ ਨਜ਼ਰ ਅੰਦਾਜ਼ ਕਰਨ ਖਿਲਾਫ ਅਤੇ ਨਰੇਗਾ ਰੁਜ਼ਗਾਰ ਫੰਡ ਜਾਰੀ ਕਰਾਉਣ ਲਈ ਪੰਜਾਬ ਦੀਆਂ ਪੰਜ ਮਜ਼ਦੂਰ ਜਥੇਬੰਦੀਆਂ ਵੱਲੋਂ 6 ਦਸੰਬਰ ਨੂੰ ਸੰਗਰੂਰ ਮੁੱਖ ਮੰਤਰੀ ਮਾਨ ਦੀ ਕੋਠੀ ਅੱਗੇ ਵਿਸ਼ਾਲ ਸੂਬਾ ਪੱਧਰੀ ਮਜ਼ਦੂਰ, ਕਿਰਤੀ ਮਹਾਂ ਪੰਚਾਇਤ ਕੀਤੀ ਜਾਵੇਗੀ।

ਇਹ ਐਲਾਨ ਇਥੇ ਤੇਜ਼ਾ ਸਿੰਘ ਸੁਤੰਤਰ ਭਵਨ ਵਿਖੇ ਮਜ਼ਦੂਰ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਵਿੱਚ ਕੀਤਾ ਗਿਆ।ਇਸ ਮੌਕੇ ਪਿਛਲੇ ਦਿਨੀਂ ਨਸ਼ਿਆਂ ਵਿਰੁੱਧ ਲੜਦੇ ਸ਼ਹੀਦ ਹੋਏ ਪਰਵਿੰਦਰ ਸਿੰਘ ਝੋਟਾ, ਅਤੇ ਪਿੰਡ ਅਲੀਸ਼ੇਰ ਵਿਖੇ ਕਾਰ ਹਾਦਸੇ ਦੇ ਮ੍ਰਿਤਕ ਮਨਰੇਗਾ ਮਜ਼ਦੂਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਨਸ਼ਿਆਂ ਤੇ ਗੈਂਗਸਟਰ ਨੂੰ ਖ਼ਤਮ ਕਰਨ ਵਿਚ ਨਾਕਾਮ ਰਹੀ ਆਪ ਸਰਕਾਰ ਦੀ ਸਖ਼ਤ ਨਿੰਦਾ ਕੀਤੀ।ਪ੍ਰੈਸ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ, ਭਾਈ ਲਾਲੋ ਮੰਚ ਦੇ ਸੂਬਾ ਪ੍ਰਧਾਨ ਤਰਸੇਮ ਜੋਧਾ ਸਾਬਕਾ ਐਮ ਐਲ ਏ, ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ, ਮਨਰੇਗਾ ਅਧਿਕਾਰ ਅੰਦੋਲਨ ਦੇ ਸੂਬਾ ਆਗੂ ਰਣਜੀਤ ਸਿੰਘ ਸਾਈਆਂ, ਟ੍ਰੇਡ ਯੂਨੀਅਨ ਏਟਕ ਦੇ ਸੂਬਾ ਆਗੂ ਸੁਖਦੇਵ ਸ਼ਰਮਾ ਨੇ ਕਿਹਾ ਕਿ 100 ਦਿਨਾ ਵਿਚ ਚਿੱਟਾ ਬੰਦ ਕਰਨ ਦਾ ਦਾਅਵਾ ਕਰਨ ਵਾਲੀ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਮੁੱਖ ਮੰਤਰੀ ਮਾਨ ਦੇ ਰਾਜ ਵਿੱਚ ਨਸ਼ਾ ਤਸਕਰ ਨਸ਼ਿਆਂ ਵਿਰੁੱਧ ਲੜਨ ਵਾਲੇ ਪਰਵਿੰਦਰ ਝੋਟੇ ਦਾਂ ਦਿਨ ਦਿਹਾੜੇ ਕਤਲ ਕਰਨ ਨਾਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਝੂਠੀ ਸਾਬਤ ਹੋਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਹਰੇ ਪੈਨ ਨਾਲ ਪੰਜਾਬ ਦੇ 27 ਲੱਖ ਨਰੇਗਾ ਮਜ਼ਦੂਰਾਂ ਤੋਂ ਰੁਜ਼ਗਾਰ ਖੋਹ ਲਿਆ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਸੱਤਾ ਦੀ ਕੁਰਸੀ ਦੀ ਦੌੜ ਵਿਚ ਸ਼ਾਮਲ ਸਾਰੀਆਂ ਸਿਆਸੀ ਪਾਰਟੀਆਂ ਦੀ ਨਰੇਗਾ ਮਜ਼ਦੂਰਾਂ ਤੋਂ ਖੋਹੇ ਰੁਜ਼ਗਾਰ ਵਾਰੇ ਜਵਾਨ ਬੰਦ ਹੈ।ਮਜ਼ਦੂਰ ਆਗੂਆਂ ਨੇ ਐਲਾਨ ਕੀਤਾ ਕਿ ਨਰੇਗਾ ਮਜ਼ਦੂਰ ਪਿੰਡਾਂ ਅੰਦਰ ਰੁਜ਼ਗਾਰ ਖ਼ਤਮ ਕਰਨ ਵਾਲੇ ਆਪ ਲੀਡਰਾਂ ਨੂੰ ਸਵਾਲ ਕਰਨਗੇ।ਉਨ੍ਹਾਂ ਕਿਹਾ ਕਿ 6 ਦਸੰਬਰ ਦੀ ਸੰਗਰੂਰ ਮਜ਼ਦੂਰ ਕਿਰਤੀ ਮਹਾਂ ਪੰਚਾਇਤ ਵਿਚ ਤਿੱਖੇ ਅੰਦੋਲਨ ਦਾ ਐਲਾਨ ਕੀਤਾ ਜਾਵੇਗਾ।




# ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵੱਲੋਂ ਜਾਗਰੂਕਤਾ ਰੈਲੀ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਵਲੋਂ ਕੈਂਪਸ ਦੇ ਅੰਦਰ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਇਮਾਨਦਾਰੀ, ਸੱਚਾਈ ਅਤੇ ਭ੍ਰਿਸ਼ਟਾਚਾਰ ਦੀ ਰੋਕਥਾਮ ਦੇ ਮਹੱਤਵ ਬਾਰੇ ਸੰਵੇਦਨਸ਼ੀਲ ਬਣਾਉਣ ਲਈ ਇੱਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ। ਇਹ ਰੈਲੀ ਯੂਨੀਵਰਸਿਟੀ ਇੰਸਟੀਚਿਊਟ ਆਫ਼ ਹਿਊਮੈਨਿਟੀਜ਼ ਅਤੇ ਐਜੂਕੇਸ਼ਨ ਦੁਆਰਾ 'ਪ੍ਰਸਿੱਧੀ ਲਈ ਇਮਾਨਦਾਰੀ' ਥੀਮ ਹੇਠ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ ਸੀ। ਇਸ ਰੈਲੀ ਦਾ ਉਦੇਸ਼ ਭ੍ਰਿਸ਼ਟਾਚਾਰ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਿਤ ਕਰਨਾ ਸੀ। ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਰੈਲੀ ਵਿੱਚ ਸਰਗਰਮੀ ਨਾਲ ਭਾਗ ਲਿਆ ਅਤੇ ਇਹ ਸੰਦੇਸ਼ ਦਿੱਤਾ ਕਿ ਸਮਾਜਿਕ ਵਿਕਾਸ ਚੰਗੇ ਸ਼ਾਸਨ ਅਤੇ ਰਾਸ਼ਟਰੀ ਖੁਸ਼ਹਾਲੀ ਲਈ ਭ੍ਰਿਸ਼ਟਾਚਾਰ ਮੁਕਤ ਅਭਿਆਸ ਜ਼ਰੂਰੀ ਹਨ।ਰੈਲੀ ਦੌਰਾਨ ਭਾਗੀਦਾਰਾਂ ਨੇ ਸਰਕਾਰੀ ਅਤੇ ਨਿੱਜੀ ਅਦਾਰਿਆਂ ਵਿੱਚ ਪਾਰਦਰਸ਼ਤਾ ਬਣਾਏ ਰੱਖਣ, ਕਾਨੂੰਨ ਦੇ ਸ਼ਾਸਨ ਦਾ ਸਤਿਕਾਰ ਕਰਨ ਅਤੇ ਇਮਾਨਦਾਰੀ ਨਾਲ ਵਿਅਕਤੀਗਤ ਜ਼ਿੰਮੇਵਾਰੀਆਂ ਨਿਭਾਉਣ ਬਾਰੇ ਜਾਗਰੂਕਤਾ ਪੈਦਾ ਕੀਤੀ। ਇਸ ਪਹਿਲਕਦਮੀ ਨੇ ਭ੍ਰਿਸ਼ਟਾਚਾਰ ਅਤੇ ਅਨੈਤਿਕ ਗਤੀਵਿਧੀਆਂ ਤੋਂ ਮੁਕਤ ਸਮਾਜ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਵੀ ਚਾਨਣਾ ਪਾਇਆ।ਰੈਲੀ ਡਾ. ਮੋਹਨ ਲਾਲ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ ਸੀ ਉਨ੍ਹਾਂ ਕਿਹਾ ਕਿ ਜਾਗਰੂਕਤਾ, ਸਿੱਖਿਆ ਅਤੇ ਜਨਤਾ ਦੀ ਸਰਗਰਮ ਭਾਗੀਦਾਰੀ ਸਮਾਜ ਵਿੱਚ ਭ੍ਰਿਸ਼ਟਾਚਾਰ ਨੂੰ ਰੋਕਣ ਅਤੇ ਇਮਾਨਦਾਰੀ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਸਾਧਨ ਹਨ।

# ਜੈ ਮਈਆ ਭਗਵਾਨ ਜੀ ਸਪੋਰਟਸ ਕਲੱਬ ਵੱਲੋਂ ਕਬੱਡੀ ਕੱਪ ਕਰਵਾਇਆ

**ਫਿਲੌਰ (ਹਰਜਿੰਦਰ ਕੌਰ ਚਾਹਲ)** ਜੈ ਮਈਆ ਭਗਵਾਨ ਜੀ ਸਪੋਰਟਸ ਕਲੱਬ ਫਿਲੌਰ ਵੱਲੋਂ ਤੀਸਰਾ ਸਰਬ ਸਾਂਝਾ ਕਬੱਡੀ ਕੱਪ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਫਿਲੌਰ ਵਿਖੇ ਬੜੀ ਸ਼ਰਧਾ, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਕਰਵਾਇਆ ਗਿਆ। ਇਸ ਖੇਡ ਮੇਲੇ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਸੂਝਵਾਨ ਅਤੇ ਪਤਵੰਤੇ ਸੱਜਣਾਂ ਸਮੇਤ ਸਮੂਹ ਭਾਈਚਾਰੇ ਨੇ ਆਪਣਾ ਅਹਿਮ ਯੋਗਦਾਨ ਪਾਇਆ। ਇਸ ਕਬੱਡੀ ਕੱਪ ਵਿੱਚ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਕਬੱਡੀ ਕਲੱਬਾਂ ਦੀਆਂ ਟੀਮਾਂ ਨੇ ਭਾਗ ਲਿਆ ਅਤੇ ਆਪਣੇ ਸ਼ਾਨਦਾਰ ਖੇਡ ਪ੍ਰਦਰਸ਼ਨ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਆਪਣੀ ਖੇਡ ਦੇ ਜੌਹਰ ਦਿਖਾਏ। ਇਸ ਮੌਕੇ ਖੇਡ ਪ੍ਰੇਮੀਆਂ ਦੀ ਵੱਡੀ ਹਾਜ਼ਰੀ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ। ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਆਮ ਆਦਮੀ ਪਾਰਟੀ ਦੀ ਫਿਲੌਰ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ, ਸਰਵਣ ਸਿੰਘ ਫਿਲੌਰ ਸਾਬਕਾ ਮੰਤਰੀ, ਬਾਬਾ ਸਰੂਪ ਸਿੰਘ ਬੱਛੋਵਾਲ, ਗੁਰਮੀਤ ਸਿੰਘ ਛਿਛੋਵਾਲ, ਰਣਜੀਤ ਸਿੰਘ ਸਿੱਧੂ, ਲਖਵਿੰਦਰ ਸਿੰਘ ਮੋਤੀਪੁਰ, ਐਡਵੋਕੇਟ ਅਜੇ ਫਿਲੌਰ ਪ੍ਰਧਾਨ ਵਾਰ ਐਸੋਸੀਏਸ਼ਨ ਫਿਲੌਰ , ਐਡਵੋਕੇਟ ਸੁਰਜੀਤ ਖੇਤਾਨ ਸੀਨੀਅਰ ਮੀਤ ਪ੍ਰਧਾਨ ਵਾਰ ਐਸੋਸੀਏਸ਼ਨ ਫਿਲੌਰ , ਅਮਰਜੀਤ ਸਿੰਘ ਸੰਧੂ, ਹੰਸ ਰਾਜ ਰਾਣਾ, ਹਰਜੀਤ ਸਿੰਘ ਢੇਸੀ, ਮਤਵਿੰਦਰ ਸਿੰਘ ਸੱਤਾ, ਤੀਰਥ ਸਿੰਘ ਢੇਸੀ , ਸਤਵਿੰਦਰ ਸਿੰਘ ਸੱਤਾ, ਮੇਜਰ ਸਿੰਘ ਆਲੋਵਾਲ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਆਪਣੀ ਸਮੁੱਚੀ ਟੀਮ ਸਮੇਤ ਪਹੁੰਚੇ। ਇਸ ਤੋਂ ਇਲਾਵਾ ਮੌਜੂਦਾ ਵਿਧਾਇਕ ਬਿਕਰਮਜੀਤ ਸਿੰਘ ਚੌਧਰੀ, ਬਾਬਾ ਸੁਖਦੇਵ ਸਿੰਘ ਆਲੋਵਾਲ, ਬਾਬਾ ਸ਼ੰਭੂ ਜੀ ਦਰਬਾਰ ਮਈਆ ਭਗਵਾਨ ਫਿਲੌਰ ਅਤੇ ਥਾਣਾ ਫਿਲੌਰ ਦੇ ਐੱਸ ਐੱਚ ਓ ਬਲਵਿੰਦਰ ਸਿੰਘ ਨੇ ਵੀ ਵਿਸ਼ੇਸ਼ ਸ਼ਿਰਕਤ ਕੀਤੀ। ਇਸ ਦੇ ਨਾਲ ਨਾਲ ਫਿਲੌਰ ਦੇ ਨਜ਼ਦੀਕੀ ਪਿੰਡ ਸੈਫਾਬਾਦ ਦੇ ਸਰਪੰਚ ਪ੍ਰੀਤਮ ਰਾਮ ਸ਼ੰਕੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਜੈ ਮਈਆ ਭਗਵਾਨ ਜੀ ਸਪੋਰਟਸ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਤਵੰਤੇ ਸੱਜਣਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਕਬੱਡੀ ਕੱਪ ਦੀ ਸਫ਼ਲਤਾ ਵਿੱਚ ਮਤਵਿੰਦਰ ਸਿੰਘ ਸੋਨੂੰ, ਸੀਕੋ ਰਿਜ਼ੋਰਟਸ ਵਾਲਿਆਂ ਦਾ ਵੀ ਵਿਸ਼ੇਸ਼ ਅਤੇ ਅਹਿਮ ਯੋਗਦਾਨ ਰਿਹਾ, ਜਿਸ ਦੀ ਸਮੂਹ ਕਲੱਬ ਵੱਲੋਂ ਸ਼ਲਾਘਾ ਕੀਤੀ ਗਈ।ਇਸ ਮੌਕੇ ਸਮੂਹ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਕਰਵਾਉਣ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨਾ, ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਅਤੇ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਹੈ।



# ਰੋਬੀ ਕੰਗ ਨੇ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਮੁੜ ਟਿਕਟ ਮਿਲਣ 'ਤੇ ਦਿੱਤੀ ਵਧਾਈ

**ਬਲਾਚੌਰ (ਜਸਵਿੰਦਰ ਬੈਂਸ)** ਵਿਧਾਨ ਸਭਾ ਹਲਕਾ ਬਲਾਚੌਰ ਤੋਂ ਆਮ ਆਦਮੀ ਪਾਰਟੀ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਮੁੜ ਪਾਰਟੀ ਦੀ ਟਿਕਟ ਦਿੱਤੇ ਜਾਣ 'ਤੇ ਰੋਬੀ ਕੰਗ ਨੇ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਨੇ ਸੰਤੋਸ਼ ਕਟਾਰੀਆ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਖ਼ੁਸ਼ੀ ਸਾਂਝੀ ਕੀਤੀ ਅਤੇ ਉਨ੍ਹਾਂ ਦੇ ਆਉਣ ਵਾਲੇ ਸਿਆਸੀ ਸਫ਼ਰ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਰੋਬੀ ਕੰਗ ਨੇ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਸੰਤੋਸ਼ ਕਟਾਰੀਆ 'ਤੇ ਮੁੜ ਭਰੋਸਾ ਜਤਾਉਂਦਿਆਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਆਸ ਕਰਦੇ ਹਨ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਿੱਤਾ ਗਿਆ ਇਹ ਮਾਣ ਅਤੇ ਭਰੋਸਾ ਉਨ੍ਹਾਂ ਲਈ ਮਹੱਤਵਪੂਰਨ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸੰਤੋਸ਼ ਕਟਾਰੀਆ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਹ ਹਲਕੇ ਦੇ ਲੋਕਾਂ ਦੀਆਂ ਉਮੀਦਾਂ ਅਤੇ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਯਤਨਸ਼ੀਲ ਰਹਿਣਗੇ।



# ਵਿਧਾਇਕ ਸੰਤੋਸ਼ ਕਟਾਰੀਆ ਨੂੰ ਮੁੜ ਉਮੀਦਵਾਰ ਬਣਾਉਣ 'ਤੇ ਲੇਖ ਰਾਜ ਸ਼ਰਮਾ ਨੇ ਦਿੱਤੀ ਵਧਾਈ

**ਪੋਜੇਵਾਲ (ਰਾਮ ਲਾਲ)**- ਬ੍ਰਾਹਮਣ ਸਮਾਜ ਵੈੱਲਫੇਅਰ ਬੋਰਡ ਦੇ ਚੇਅਰਮੈਨ ਲੇਖ ਰਾਜ ਸ਼ਰਮਾ ਨੇ ਆਮ ਆਦਮੀ ਪਾਰਟੀ ਵੱਲੋਂ ਹਲਕਾ ਬਲਾਚੌਰ ਦੀ ਮੌਜੂਦਾ ਵਿਧਾਇਕ ਬੀਬੀ ਸੰਤੋਸ਼ ਕਟਾਰੀਆ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਮੁੜ ਉਮੀਦਵਾਰ ਬਣਾਏ ਜਾਣ 'ਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ।ਇਸ ਮੌਕੇ ਲੇਖ ਰਾਜ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਬੀਬੀ ਸੰਤੋਸ਼ ਕਟਾਰੀਆ ਨੂੰ ਦੁਬਾਰਾ ਉਮੀਦਵਾਰ ਬਣਾਉਣ ਦਾ ਫ਼ੈਸਲਾ ਸਵਾਗਤਯੋਗ ਹੈ। ਉਨ੍ਹਾਂ ਕਿਹਾ ਕਿ ਸੰਤੋਸ਼ ਕਟਾਰੀਆ ਵੱਲੋਂ ਹਲਕੇ ਦੇ ਲੋਕਾਂ ਨਾਲ ਲਗਾਤਾਰ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨ ਕੀਤੇ ਜਾ ਰਹੇ ਹਨ।




# ਪੰਜਾਬ ਦਿਵਸ ਉਤਸ਼ਾਹ ਨਾਲ ਮਨਾਇਆ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਹਰਨਿਆਮਤ ਕੌਰ ਦੀ ਅਗਵਾਈ ਹੇਠ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਵਿਰਸੇ ਦੀ ਮਹੱਤਤਾ ਨੂੰ ਦਰਸਾਉਂਦਿਆਂ ਪੰਜਾਬ ਡੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਸਕੂਲ ਦੇ ਕਿੰਡਰਗਾਰਟਨ ਵਿੰਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਅਤੇ ਵਰਣਮਾਲਾ ਨਾਲ ਜਾਣੂ ਕਰਵਾਇਆ ਗਿਆ। ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਨੇ ਪੰਜਾਬੀ ਵਿਆਕਰਨ ਦੀਆਂ ਮੁੱਢਲੀਆਂ ਗੱਲਾਂ ਸਿੱਖੀਆਂ, ਜਦਕਿ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ, ਸੱਭਿਆਚਾਰ ਅਤੇ ਵਿਰਸੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਲੋਕ ਨਾਚ, ਲੋਕ ਖੇਡਾਂ ਅਤੇ ਪੰਜਾਬੀ ਲੋਕ ਜੀਵਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਵੀ ਜਾਣੂ ਕਰਵਾਇਆ ਗਿਆ।ਇਹਨਾ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਪਣੀ ਮਾਂ-ਬੋਲੀ ਪੰਜਾਬੀ ਪ੍ਰਤੀ ਪਿਆਰ, ਸਤਿਕਾਰ ਦੀ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਨਾਲ ਜੋੜਨਾ ਸੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸਕੂਲ ਡਾਇਰੈਕਟਰ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣੀ ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।



# ਪ ਸ ਸ ਫ ਬਲਾਕ ਨੂਰਮਹਿਲ ਦੀ ਚੋਣ 20 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪ ਸ ਸ ਫ ਬਲਾਕ ਨੂਰਮਹਿਲ ਦੀ ਜਨਰਲ ਬਾਡੀ ਮੀਟਿੰਗ ਬਲਾਕ ਪ੍ਰਧਾਨ ਸੰਦੀਪ ਰਾਜੋਵਾਲ ਦੀ ਪ੍ਰਧਾਨਗੀ ਹੇਠ ਨੂਰਮਹਿਲ ਵਿਖੇ ਕੀਤੀ ਗਈ ਜਿਸ ਵਿੱਚ ਪ ਸ ਸ ਫ ਦੀ ਬਲਾਕ ਅੰਦਰ ਚੱਲ ਰਹੀ ਮੈਂਬਰਸ਼ਿਪ ਸਬੰਧੀ ਵਿਚਾਰ ਵਟਾਂਦਰਾ ਗਿਆ। ਮੀਟਿੰਗ ਵਿੱਚ ਬਾਕੀ ਰਹਿੰਦੀ ਪ ਸ ਸ ਫ ਬਲਾਕ ਦੀ ਮੈਂਬਰਸ਼ਿਪ ਲਈ ਲਗਾਤਾਰ ਮੁਹਿੰਮ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸਾਂਝੀ ਤਾਲਮੇਲ ਕਮੇਟੀ ਪੰਜਾਬ ਦੇ ਸੱਦੇ ਤੇ 18 ਨਵੰਬਰ ਨੂੰ ਚੰਡੀਗੜ੍ਹ ਲਈ ਬਲਾਕ ਵਿੱਚੋਂ 8.30 ਵਜੇ ਗੱਡੀ ਚਲਾਉਣ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਪ ਸ ਸ ਫ ਬਲਾਕ ਨੂਰਮਹਿਲ ਦਾ ਡੈਲੀਗੇਟ ਅਜਲਾਸ 20 ਨਵੰਬਰ ਨੂੰ ਕਰਕੇ ਪ ਸ ਸ ਫ ਬਲਾਕ ਨੂਰਮਹਿਲ ਦੀ ਨਵੀਂ ਕਮੇਟੀ ਦੀ ਚੋਣ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਅਕਲ ਚੰਦ ਸਿੰਘ, ਕੁਲਦੀਪ ਵਾਲੀਆ, ਮਨੋਜ ਕੁਮਾਰ ਸਰੋਏ, ਕਸੂਤਰੀ ਲਾਲ, ਅਵਤਾਰ ਪੱਬਵਾਂ , ਧਰਮਪਾਲ, ਇਸਮਾਇਲ ,ਬਲਕਾਰ ਸਿੰਘ, ਕੁਲਵੰਤ ਸਿੰਘ, ਅਮਰਜੀਤ ਭਗਤ, ਮਨਜਿੰਦਰ ਸਿੰਘ, ਸੁਨੀਲ ਕੁਮਾਰ, ਸੰਦੀਪ ਉੱਪਲ, ਬਲਕਾਰ ਸਿੰਘ ਤੋ ਇਲਾਵਾ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਹਾਜ਼ਰ ਸਨ।



# 1984 ਦੇ ਸਿੱਖ ਕਤਲੇਆਮ ਨੂੰ ਸਿੱਖ ਕੌਮ ਕਦੇ ਨਹੀਂ ਭੁੱਲ ਸਕਦੀ : ਵਿਜੇ ਭਾਟੀਆ

**ਬਲਾਚੌਰ (ਜਸਵਿੰਦਰ ਬੈਂਸ)**- ਵਿਜੇ ਭਾਟੀਆ ਨੇ 1984 ਵਿੱਚ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖ ਭਾਈਚਾਰੇ ਵਿਰੁੱਧ ਹੋਈ ਹਿੰਸਾ ਅਤੇ ਕਤਲੇਆਮ ਦਾ ਮੁੱਦਾ ਉਠਾਉਂਦਿਆਂ ਕਾਂਗਰਸ ਪਾਰਟੀ ਦੀ ਭੂਮਿਕਾ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ 1984 ਦਾ ਸਿੱਖ ਕਤਲੇਆਮ ਭਾਰਤ ਦੇ ਇਤਿਹਾਸ ਦਾ ਇੱਕ ਬੇਹੱਦ ਦਰਦਨਾਕ ਅਧਿਆਇ ਹੈ, ਜਿਸ ਵਿੱਚ ਬੇਕਸੂਰ ਸਿੱਖਾਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ, ਘਰਾਂ ਅਤੇ ਦੁਕਾਨਾਂ ਨੂੰ ਅੱਗਾਂ ਲਗਾਈਆਂ ਗਈਆਂ ਅਤੇ ਕਈ ਪਰਿਵਾਰਾਂ ਦੀ ਜ਼ਿੰਦਗੀ ਤਬਾਹ ਹੋ ਗਈ। ਵਿਜੇ ਭਾਟੀਆ ਨੇ ਕਿਹਾ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ, ਪਰ 1984 ਵਿੱਚ ਜਿਸ ਤਰ੍ਹਾਂ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ, ਉਹ ਬੇਹੱਦ ਦੁਖਦਾਈ ਅਤੇ ਨਿੰਦਣਯੋਗ ਸੀ। ਵਿਜੇ ਭਾਟੀਆ ਨੇ ਕਿਹਾ ਕਿ ਸਿਆਸੀ ਪਾਰਟੀਆਂ ਨੂੰ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਸਿਆਸਤ ਕਰਨ ਦੀ ਬਜਾਏ ਇਨਸਾਫ਼, ਭਾਈਚਾਰਕ ਸਾਂਝ ਅਤੇ ਦੇਸ਼ ਦੀ ਏਕਤਾ ਨੂੰ ਪਹਿਲ ਦੇਣੀ ਚਾਹੀਦੀ ਹੈ।



# ਫੂਡ ਸੇਫਟੀ ਵਿੰਗ ਵੱਲੋਂ ਜਾਂਚ ਮੁਹਿੰਮ ਜਾਰੀ

**ਕਪੂਰਥਲਾ (ਮਨਜੀਤ ਮਾਨ)**- ਕਮਲਪ੍ਰੀਤ ਕੌਰ ਬਰਾੜ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ, ਪੰਜਾਬ ਆਕਾਸ਼ ਬਾਂਸਲ, ਡਿਪਟੀ ਕਮਿਸ਼ਨਰ, ਕਪੂਰਥਲਾ ਤੇ ਡਾ. ਰਾਜੀਵ ਪਰਾਸ਼ਰ, ਸਿਵਲ ਸਰਜਨ, ਕਪੂਰਥਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸਬ ਡਿਵੀਜ਼ਨਲ ਮਜਿਸਟਰੇਟ ਸੁਲਤਾਨਪੁਰ ਲੋਧੀ ਦੁਆਰਾ ਗਠਿਤ ਕੀਤੀ ਗਈ ਵੱਖ ਵੱਖ ਵਿਭਾਗਾਂ ਦੀ ਟੀਮ ਜਿਨਾਂ ਵਿੱਚ ਪੁਲਿਸ ਵਿਭਾਗ, ਫੂਡ ਸਪਲਾਈ, ਨਗਰ ਕੌਂਸਲ, ਨਾਪਤੋਲ ਵਿਭਾਗ ਆਦਿ ਦੇ ਨੁਮਾਇੰਦੇ ਸ਼ਾਮਿਲ ਸਨ, ਵੱਲੋਂ ਸੁਲਤਾਨਪੁਰ ਲੋਧੀ ਅਤੇ ਆਸ ਪਾਸ ਦੇ ਏਰੀਏ ਵਿੱਚ ਮਠਿਆਈ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ।

ਇਸ ਕਾਰਵਾਈ ਦੌਰਾਨ ਮਠਿਆਈਆਂ ਦੀ ਗੁਣਵੱਤਾ ਅਤੇ ਸੁਰੱਖਿਆ ਦੀ ਜਾਂਚ ਲਈ ਬਰਫੀ, ਖੋਇਆ, ਗੁਲਾਬ ਜਾਮੁਨ ਆਦਿ ਦੇ ਕੁੱਲ 4 ਸੈਂਪਲ ਲਏ ਗਏ। ਜਾਂਚ ਦੌਰਾਨ ਲਏ ਗਏ ਸਾਰੇ ਸੈਂਪਲ ਨਿਰਧਾਰਤ ਪ੍ਰਕਿਰਿਆ ਅਨੁਸਾਰ ਵਿਸ਼ਲੇਸ਼ਣ ਅਤੇ ਰਿਪੋਰਟ ਲਈ ਸਟੇਟ ਫੂਡ ਲੈਬਾਰਟਰੀ ਵਿਖੇ ਭੇਜ ਦਿੱਤੇ ਗਏ ਹਨ। ਲੈਬਾਰਟਰੀ ਦੀਆਂ ਰਿਪੋਰਟਾਂ ਦੇ ਆਧਾਰ 'ਤੇ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ। ਫੂਡ ਸੇਫਟੀ ਵਿੰਗ ਵੱਲੋਂ ਮਠਿਆਈਆਂ ਦੇ ਕਾਰੋਬਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਖਾਧ ਪਦਾਰਥਾਂ ਦੀ ਤਿਆਰੀ, ਸਟੋਰੇਜ ਅਤੇ ਵਿਕਰੀ ਦੌਰਾਨ ਨਿਰਧਾਰਤ ਫੂਡ ਸੇਫਟੀ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਇਸ ਦੇ ਨਾਲ ਹੀ, ਖਪਤਕਾਰਾਂ ਨੂੰ ਸੁਰੱਖਿਅਤ ਅਤੇ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਦੀ ਅਪੀਲ ਵੀ ਕੀਤੀ ਗਈ। ਫੂਡ ਸੇਫਟੀ ਵਿੰਗ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਖਾਧ ਪਦਾਰਥਾਂ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਜਾਂਚ ਮੁਹਿੰਮ ਲਗਾਤਾਰ ਜਾਰੀ ਰਹੇਗੀ। ਨਿਯਮਾਂ ਦੀ ਉਲੰਘਣਾ ਪਾਏ ਜਾਣ ਦੀ ਸੂਰਤ ਵਿੱਚ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਜਾਂਚ ਮੁਹਿੰਮ ਦੌਰਾਨ ਹਰਜੋਤ ਪਾਲ ਸਿੰਘ, ਸਹਾਇਕ ਕਮਿਸ਼ਨਰ (ਫੂਡ), ਅਤੇ ਰਮਨ ਵਿਰਦੀ ਫੂਡ ਸੇਫਟੀ ਅਫ਼ਸਰ ਕਪੂਰਥਲਾ ਸ਼ਾਮਲ ਸਨ।



# ਹਰਪ੍ਰੀਤ ਸਿੰਘ ਚੰਨੂੰ ਦੀ ਕਹਾਣੀ 'ਕਿੰਨੇ ਦਸਵੰਧ ਹੋਰ ? ' ਤੇ ਵਿਚਾਰ ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਕਹਾਣੀ ਸੰਗਤ ਚੰਡੀਗੜ੍ਹ ਵੱਲੋਂ ਆਪਣਾ ਮਹੀਨਾਵਾਰ ਪ੍ਰੋਗਰਾਮ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਸੁਭਾਸ਼ ਭਾਸਕਰ, ਸਕੱਤਰ ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ ਕੀਤੀ ਗਈ। ਇਕੱਤਰਤਾ ਵਿੱਚ ਹਰਪ੍ਰੀਤ ਸਿੰਘ ਚੰਨੂੰ ਨੇ ਆਪਣੀ ਕਹਾਣੀ ਦਾ ਪਾਠ ਕੀਤਾ। ਡਾ. ਲਾਭ ਸਿੰਘ ਖੀਵਾ, ਜੋ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਕਹਾਣੀ ਦਾ ਸਿਰਲੇਖ ਕਹਾਣੀ ਦੇ ਥੀਮ ਨੂੰ ਜਸਟੀਫਾਈ ਕਰਦਾ ਹੈ, ਇਹ ਵਧੀਆ ਗੱਲ ਹੈ। ਕੁੜੀਆਂ ਨੂੰ ਪਰਾਏ ਦੇਸ਼ਾਂ ਵਿੱਚ ਕਮਾਈ ਲਈ ਭੇਜਣਾ ਇੱਕ ਵਰਤਾਰਾ ਬਣ ਗਿਆ ਹੈ, ਜੋ ਕਹਾਣੀ ਵਿੱਚ ਵੀ ਆਇਆ ਹੈ। ਕਹਾਣੀ ਵਿੱਚ ਭੌਤਿਕ ਤੇ ਅਧਿਆਤਮਕ ਦ੍ਰਿਸ਼ਟੀਕੋਣ ਟਕਰਾ ਦੇ ਲਕੀਰੀ ਬਿਰਤਾਂਤ ਬਾਰੇ ਹੋਰ ਸੁਚੇਤ ਹੋਣ ਦੀ ਲੋੜ ਹੈ। ਗੁਰਮੀਤ ਸਿੰਘ ਸਿੰਗਲ ਨੇ ਕਿਹਾ ਕਿ ਪਾਤਰਾਂ ਦੀ ਮਲਵਈ ਭਾਸ਼ਾ ਬਹੁਤ ਵਧੀਆ ਲੱਗੀ। ਇਹ ਕਹਾਣੀ ਪੰਜਾਬੀ ਪਰਿਵਾਰ ਦੀਆਂ ਆਸ਼ਾਵਾਂ ਤੇ ਕੈਨੇਡਾ ਵਿਚ ਪੜ੍ਹਨ ਗਏ ਵਿਦਿਆਰਥੀਆਂ ਦੀ ਬਾਖ਼ੂਬੀ ਗੱਲ ਕਰਦੀ ਹੈ। ਸਤਨਾਮ ਸਿੰਘ ਨੇ ਕਿਹਾ ਕਿ ਕਹਾਣੀ ਵਧੀਆ ਹੈ। ਵਿਸਥਾਰ ਨੂੰ ਥੋੜ੍ਹਾ ਘਟਾ ਕੇ ਗੱਲ ਹੋਰ ਸਪੱਸ਼ਟ ਹੋ ਸਕਦੀ ਹੈ। ਸਰੂਪ ਸਿਆਲਵੀ ਦਾ ਕਹਿਣਾ ਸੀ ਕਿ ਕਹਾਣੀ ਦੀ ਸ਼ੈਲੀ ਤੇ ਭਾਸ਼ਾ ਬਹੁਤ ਢੁਕਵੀਂ ਹੈ। ਇਸ ਵਿੱਚ ਧਾਰਮਿਕ ਰਹੁ- ਰੀਤਾਂ 'ਤੇ ਹਲਕਾ ਵਿਅੰਗ ਵੀ ਹੈ। ਕਹਾਣੀ ਸੰਗਤ ਦੇ ਕਨਵੀਨਰ ਪਰਮਜੀਤ ਮਾਨ ਨੇ ਕਿਹਾ ਕਿ ਇਹ ਪੇਂਡੂ ਸਮਾਜਿਕ ਵਿਸ਼ੇ ਨਾਲ ਸਬੰਧਤ ਵਧੀਆ ਕਹਾਣੀ ਹੈ। ਵਿਸਥਾਰ ਨੂੰ ਧਿਆਨ ਵਿੱਚ ਰੱਖਦਿਆਂ ਕਹਾਣੀ ਨੂੰ ਥੋੜ੍ਹਾ ਹੋਰ ਕੱਸਣ ਦੀ ਗੁਜਾਇਸ਼ ਹੈ। ਅੰਤ ਵਿੱਚ ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਸੁਭਾਸ਼ ਭਾਸਕਰ ਨੇ ਕਿਹਾ ਕਿ ਇਹ ਵਧੀਆ ਗੱਲ ਹੈ ਕਿ ਚੰਡੀਗੜ੍ਹ ਵਿੱਚ ਕਹਾਣੀ ਦੀ ਹੋਰ ਗੱਲ ਹੋਣ ਲੱਗੀ ਹੈ। ਚੰਡੀਗੜ੍ਹ ਸਾਹਿਤ ਅਕਾਦਮੀ ਇਸ ਉਪਰਾਲੇ ਦਾ ਸੁਆਗਤ ਕਰਦੀ ਹੈ ਅਤੇ ਤੁਹਾਨੂੰ ਸਭ ਨੂੰ ਜੀ ਆਇਆਂ ਵੀ। ਉਹਨਾਂ ਹਰਪ੍ਰੀਤ ਸਿੰਘ ਚੰਨੂੰ ਨੂੰ ਕਹਾਣੀ ਲਈ ਵਧਾਈ ਦਿੰਦਿਆਂ ਕਿਹਾ ਕਿ ਅਕਾਦਮੀ ਅੱਗੇ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਸਹਿਯੋਗ ਕਰਦੀ ਰਹੇਗੀ। ਜੇ ਐੱਸ ਮਹਿਰਾ ਵੀ ਇਸ ਇਕੱਤਰਤਾ ਵਿੱਚ ਹਾਜ਼ਰ ਸਨ।



# 84 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਮੰਗ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ 84 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜਾਵਾਂ ਅਤੇ ਪੀੜਤਾਂ ਨੂੰ ਇਨਸਾਫ ਦਿਵਾਉਣ ਦੇ ਲਈ ਆਈਟੀਆਈ ਨਵਾਂਸ਼ਹਿਰ ਲੜਕੇ ਅਤੇ ਆਈਟੀਆਈ ਨਵਾਂ ਸ਼ਹਿਰ ਲੜਕੀਆਂ ਵਿਖੇ ਰੋਸ ਪ੍ਰਗਟ ਕੀਤਾ ਗਿਆ। ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਆਗੂ ਯੁਗਰਾਜ ਸਿੰਘ ਮੀਰਪੁਰ, ਆਈਟੀਆਈ ਦੇ ਵਿਦਿਆਰਥੀ ਲਵ ਕੁਮਾਰ ਅਤੇ ਪ੍ਰਭਜੋਤ ਸਿੰਘ ਨੇ ਕਿਹਾ ਕਿ 1984 ਦਾ ਸਿੱਖ ਕਤਲੇਆਮ ਦੇਸ਼ ਦੇ ਇਤਿਹਾਸ ਦੇ ਵਿੱਚ ਬਹੁਤ ਮੰਦਭਾਗੀ ਘਟਨਾ ਹੈ,ਜਿਸ ਨੂੰ ਭੁੱਲਿਆ ਨਹੀਂ ਜਾ ਸਕਦਾ। ਅੱਜ 40 ਸਾਲ ਬੀਤਣ ਤੋਂ ਬਾਅਦ ਵੀ ਅਜੇ ਤੱਕ ਇਨਸਾਫ ਨਹੀਂ ਮਿਲਿਆ, ਜਿਸ ਦੇ ਲਈ ਇੱਥੋਂ ਦਾ ਰਾਜਨੀਤਿਕ ਪ੍ਰਬੰਧ ਜ਼ਿੰਮੇਵਾਰ ਹੈ। ਆਗੂਆਂ ਨੇ ਕਿਹਾ ਕਿ ਅੱਜ ਦੇਸ਼ ਦੇ ਵਿੱਚ ਆਰ ਐਸ ਐਸ ਦੇ ਇਸ਼ਾਰਿਆਂ ਤੇ ਬੀ ਜੇ ਪੀ ਧਾਰਮਿਕ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਫਿਰਕੂ ਧਰੁਵੀਕਰਨ ਕਰਕੇ ਵੋਟਾਂ ਇਕੱਠਿਆ ਕਰਨ ਦੇ ਲਗਾਤਾਰ ਯਤਨ ਕਰ ਰਹੀ। ਇਸ ਮੌਕੇ ਆਈ ਟੀ ਆਈ ਦੇ ਲਵਦੀਪ ਸਿੰਘ,ਹਰਪ੍ਰਭ ਸਿੰਘ, ਪ੍ਰਭਜੋਤ ਸਿੰਘ,ਸਤਨਾਮ ਸਿੰਘ, ਭਿੰਦੂ,ਜੱਸੂ ਆਦਿ ਤੋਂ ਇਲਾਵਾ ਹੋਰ ਵੀ ਸਿੱਖਿਆਰਥੀ ਮੌਜੂਦ ਸਨ।



# ਮੀਨੂੰ ਭੁੱਟਾ ਨੈਸ਼ਨਲ ਵੀਜ਼ਨ ਐਵਾਰਡ ਸਰਟੀਫਿਕੇਟ ਦੇ ਨਾਲ ਸਨਮਾਨਤ

**ਬੰਗਾ (ਅਵਤਾਰ ਕਲੇਰ)**- ਜੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਦੇ ਵਿਸ਼ੇਸ਼ ਸਹਿਯੋਗ ਨਾਲ ਲਾਇਨਜ਼ ਕਲੱਬ ਇੰਟਰਨੈਸ਼ਨਲ ਦੇ ਪ੍ਰਧਾਨ ਲਾਇਨ ਮਾਰਕ ਐਸ ਲੀਓਨ ਅਤੇ ਡਿਸਟ੍ਰਿਕ 321-ਡੀ ਦੇ ਡਿਸਟ੍ਰਿਕ ਗਵਰਨਰ ਲਾਇਨ ਜੀ ਐਸ ਭਾਟੀਆ ਦੇ ਦਿਸ਼ਾ-ਨਿਰਦੇਸ਼ ਅਨੁਸਾਰ, ਮੁੱਖ ਮਹਿਮਾਨ ਸਾਬਕਾ ਡਿਸਟ੍ਰਿਕ ਗਵਰਨਰ ਲਾਇਨ ਐਸ ਪੀ ਸੋਂਧੀ ਦੀ ਅਗਵਾਈ ਹੇਠ ਜੋ 17 ਅਕਤੂਬਰ 2026 ਨੂੰ ਸੰਤ ਬਾਬਾ ਸੇਵਾ ਸਿੰਘ ਖਾਲਸਾ ਪਬਲਿਕ ਸਕੂਲ ਪਿੰਡ ਨੌਰਾ ਵਿਖੇ ਜੋਨ ਪੱਧਰ ਤੇ ਲਾਇਨਜ਼ ਕਲੱਬ ਮੁਕੰਦਪੁਰ, ਲਾਇਨਜ਼ ਕਲੱਬ ਗੜ੍ਹਸ਼ੰਕਰ ਸਟਾਰ ਅਤੇ ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਲਾਇਨਜ਼ ਇੰਟਰਨੈਸ਼ਨਲ ਵੀਜ਼ਨ ਵੀਕ ਸਕੂਲ ਦੇ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਕਰਕੇ ਮਨਾਇਆ ਗਿਆ, ਉਸ ਦੀ ਸ਼ਲਾਘਾ ਲਾਇਨਜ਼ ਕੌਂਸਲ ਆਫ ਇੰਡੀਆ ਦੇ ਚੇਅਰਮੈਨ ਲਾਇਨ ਰਾਜ ਕੁਮਾਰ ਅਗਰਵਾਲ ਵਲੋਂ ਕੀਤੀ ਗਈ ਅਤੇ ਪੂਰੇ ਭਾਰਤ ਦੇਸ਼ ਵਿੱਚੋਂ ਚੁਣਿਆਂ ਗਈਆਂ 100% ਸੇਵਾ ਵਾਲੀਆਂ ਲਾਇਨਜ਼ ਕਲੱਬਾਂ ਵਿੱਚੋਂ ਜੋਨ ਚੇਅਰਮੈਨ ਲਾਇਨ ਮੀਨੂੰ ਭੁੱਟਾ ਨੂੰ ਨੈਸ਼ਨਲ ਵੀਜ਼ਨ ਅਵਾਰਡ ਸਰਟੀਫਿਕੇਟ ਦੇ ਨਾਲ ਸਨਮਾਨਤ ਕੀਤਾ ਗਿਆ। ਇਹ ਸਰਟੀਫਿਕੇਟ ਲਾਇਨਜ਼ ਕਲੱਬ ਬੰਗਾ ਸਿਮਰਨ ਨੂੰ ਸਪਾਂਸਰ ਕਰਨ ਵਾਲੀ ਲਾਇਨਜ਼ ਕਲੱਬ ਫਗਵਾੜਾ ਸਮਾਈਲ ਅਤੇ ਡਿਸਟ੍ਰਿਕ 321-ਡੀ ਦੇ ਸਾਬਕਾ ਡਿਸਟ੍ਰਿਕ ਗਵਰਨਰ ਲਾਇਨ ਹਰੀਸ਼ ਬੰਗਾ ਵਲੋਂ ਜੋਨ ਚੇਅਰਪਰਸਨ ਮੀਨੂੰ ਭੁੱਟਾ ਨੂੰ ਸੌਂਪਿਆ ਗਿਆ। ਸਾਬਕਾ ਡਿਸਟ੍ਰਿਕ ਗਵਰਨਰ ਲਾਇਨ ਪਰਮਜੀਤ ਸਿੰਘ ਚਾਵਲਾ ਵਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਵਿਸ਼ੇਸ਼ ਸਰਟੀਫਿਕੇਟ ਜੋ ਮੀਨੂੰ ਭੁੱਟਾ ਨੇ ਹਾਸਲ ਕੀਤਾ ਹੈ ਇਹ ਪੂਰੇ ਡਿਸਟ੍ਰਿਕ 321-ਡੀ ਅਤੇ ਮਲਟੀਪਲ ਡਿਸਟ੍ਰਿਕ 321 ਵਿੱਚ ਬਹੁਤ ਹੀ ਮਾਣ ਵਾਲੀ ਗੱਲ ਹੈ ਅਤੇ ਮੈਨੂੰ ਮਾਣ ਮਹਿਸੂਸ ਹੋਇਆ ਕਿ ਸਾਡੀ ਡਿਸਟ੍ਰਿਕ 321-ਡੀ ਵਿੱਚ ਲਾਇਨਜ਼ ਕਲੱਬ ਬੰਗਾ ਸਿਮਰਨ ਨੇ ਥੋੜੇ ਸਮੇਂ ਵਿੱਚ ਸਮਾਜ ਸੇਵਾ ਦੇ ਕਾਰਜ ਕਰਕੇ ਵੱਖਰੀ ਪਛਾਣ ਬਣਾ ਲਈ ਹੈ। ਜੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਵਲੋਂ ਨੈਸ਼ਨਲ ਵੀਜ਼ਨ ਅਵਾਰਡ ਸਰਟੀਫਿਕੇਟ ਨਾਲ ਸਨਮਾਨਤ ਕਰਨ ਵਾਲੇ ਲਾਇਨਜ਼ ਕੌਂਸਲ ਆਫ ਇੰਡੀਆ ਦੇ ਚੇਅਰਮੈਨ ਲਾਇਨ ਰਾਜ ਕੁਮਾਰ ਅਗਰਵਾਲ ਦਾ ਵਿਸ਼ੇਸ਼ ਤੌਰ ਤੇ ਮੀਡੀਆ ਦੇ ਮਾਧਿਅਮ ਰਾਹੀਂ ਧੰਨਵਾਦ ਕੀਤਾ ਗਿਆ।



# ਖਾਲਸਾ ਕਾਲਜ ਦੀ ਰਗਬੀ ਟੀਮ ਨੇ ਚਾਂਦੀ ਦਾ ਤਗਮਾ ਜਿੱਤਿਆ

**ਸੁਲਤਾਨਪੁਰ ਲੋਧੀ (ਹਨੀ)**- ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਗੁਰੂ ਨਾਨਕ ਖਾਲਸਾ ਕਾਲਜ, ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਨੇ ਰਗਬੀ ਦੀ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-21 ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਚਾਂਦੀ ਦਾ ਤਗਮਾ ਜਿੱਤਿਆ। ਇਸ ਪ੍ਰਾਪਤੀ ਨਾਲ ਵਿਦਿਆਰਥੀਆਂ ਨੇ ਕਪੂਰਥਲਾ ਜ਼ਿਲ੍ਹੇ ਅਤੇ ਕਾਲਜ ਦਾ ਨਾਮ ਰੌਸ਼ਨ ਕੀਤਾ।ਇਸ ਜੇਤੂ ਟੀਮ ਵਿੱਚ ਕਾਲਜ ਦੇ 11 ਵਿਦਿਆਰਥੀਆਂ ਰੋਹਿਤ, ਅਮਨਪ੍ਰੀਤ ਸਿੰਘ, ਮੋਹਿਤ, ਰਾਜਵੀਰ ਸਿੰਘ, ਦਲਜੀਤ ਸਿੰਘ, ਨਿਸ਼ਾਨ ਸਿੰਘ, ਗੁਰਬਾਜ ਸਿੰਘ, ਆਰੀਅਨ ਮਲਹੋਤਰਾ, ਗੁਰਜੀਤ ਸਿੰਘ, ਹਨੀ ਅਤੇ ਹਰਮਨਦੀਪ ਸਿੰਘ ਨੇ ਭਾਗ ਲਿਆ। ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਹਰਜਾਪ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ।ਇਸੇ ਤਰ੍ਹਾਂ ਕਾਲਜ ਦੇ ਬੀ.ਏ. ਭਾਗ ਤੀਜਾ ਦੇ ਵਿਦਿਆਰਥੀ ਅਭਿਰਾਜਪਾਲ ਸਿੰਘ ਨੇ ਕਰਾਟੇ ਮੁਕਾਬਲਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਹੋਏ ਇੰਟਰ ਕਾਲਜ ਟੂਰਨਾਮੈਂਟ ਵਿੱਚ ਕਾਂਸੇ ਦਾ ਤਗਮਾ ਜਿੱਤ ਕੇ ਕਾਲਜ ਦਾ ਮਾਣ ਵਧਾਇਆ।ਕਾਲਜ ਪਹੁੰਚਣ 'ਤੇ ਜੇਤੂ ਖਿਡਾਰੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ. ਸਵਰਨ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ, ਇੰਜੀ. ਹਰਨਿਆਮਤ ਕੌਰ ਅਤੇ ਕਾਲਜ ਦੇ ਡਾਇਰੈਕਟਰ ਇੰਜੀ. ਨਿਮਰਤਾ ਕੌਰ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਵੀ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਕਾਲਜ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।



# ਹਾਈਕੋਰਟ ਵੱਲੋਂ ਮੁੱਖ ਸਕੱਤਰ ਪੰਜਾਬ ਨੂੰ ਮਾਣਹਾਨੀ ਦਾ ਨੋਟਿਸ ਜਾਰੀ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਰਕਾਰੀ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਅਤੇ ਹੋਰ ਦੇਣਦਾਰੀਆਂ ਲਈ ਸਰਕਾਰ ਨਿੱਤ ਦਿਨ ਘਿਰਦੀ ਜਾ ਰਹੀ ਹੈ। ਇਸ ਮਾਮਲੇ ਵਿੱਚ ਹੋਈ ਸੁਣਵਾਈ ਦੌਰਾਨ ਮਾਣਯੋਗ ਅਦਾਲਤ ਨੇ ਅਗਲੇ ਦਸ ਦਿਨਾਂ ਦੇ ਅੰਦਰ ਅੰਦਰ ਅਦਾਲਤੀ ਫੈਸਲਿਆਂ ਨੂੰ ਅਮਲ ਵਿੱਚ ਲਿਆਉਂਦਿਆਂ ਬਣਦੀ ਕੰਪਲਾਇੰਸ ਰਿਪੋਰਟ ਦਾਖਲ ਕਰਨ ਲਈ ਮਾਣਹਾਨੀ ਨੋਟਿਸ ਜਾਰੀ ਕੀਤਾ ਹੈ।ਮਾਮਲੇ ਦੇ ਪਿਛੋਕੜ ਨੂੰ ਵਾਚਿਆਂ ਪਤਾ ਚੱਲਦਾ ਹੈ ਕਿ ਬੀਤੇ ਮਹੀਨਿਆਂ ਦੌਰਾਨ ਮਾਣਯੋਗ ਹਾਈਕੋਰਟ ਦੇ ਸਿੰਗਲ ਤੇ ਡਬਲ ਬੈਂਚਾਂ ਵੱਲੋਂ ਦਿੱਤੇ ਫੈਸਲਿਆਂ ਨੂੰ ਲਾਗੂ ਨਾ ਕਰਨ ਦੇ ਮਾਮਲੇ ਵਿੱਚ ਉਕਤ ਮਾਣਹਾਨੀ ਦਾ ਨੋਟਿਸ ਜਾਰੀ ਕੀਤਾ ਗਿਆ। ਇਸ ਮੌਕੇ ਮੁੱਖ ਸਕੱਤਰ ਅਦਾਲਤ ਵਿੱਚ ਨਿੱਜੀ ਪੱਧਰ 'ਤੇ ਹਾਜ਼ਰ ਸਨ। ਪਟੀਸ਼ਨਰ ਧਿਰ ਦੇ ਵਕੀਲ ਸਨੀ ਸਿੰਗਲਾ ਨੇ ਕਿਹਾ ਕਿ ਅਦਾਲਤ ਵਿੱਚ ਮੁੱਖ ਸਕੱਤਰ ਨੇ ਪੱਖ ਰੱਖਦਿਆਂ ਜਾਣਕਾਰੀ ਦਿੱਤੀ ਕਿ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਲੰਬਿਤ ਕੇਸ ਵਿੱਚ ਬਣਦੀਆਂ ਤਰੁੱਟੀਆਂ ਦੂਰ ਕਰ ਲਈਆਂ ਗਈਆਂ ਹਨ। ਇਸ ਮਾਮਲੇ ਵਿੱਚ ਅਗਲੀ ਸੁਣਵਾਈ ਦੀ ਮਿਤੀ 17 ਨਵੰਬਰ ਨਿਰਧਰਤ ਕੀਤੀ ਗਈ ਹੈ।

# ਸਕੂਲ ਦੇ ਬੱਚਿਆਂ ਨੇ ਸੇਲ ਕਮ ਐਗਜੀਬੀਸ਼ਨ ਲਗਾਈ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਂਵਾ ਅਥਾਰਟੀ ਰਜਿੰਦਰ ਅਗਰਵਾਲ ਦੀ ਦੇਖ-ਰੇਖ ਵਿੱਚ ਸੀ ਜੇ ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਂਵਾ ਅਥਾਰਟੀ ਨੀਰਜ ਗੋਇਲ ਵੱਲੋ ਨਿਊ ਜ਼ਿਲ੍ਹਾ ਅਤੇ ਸ਼ੈਸ਼ਨ ਕੋਰਟ ਵਿਖੇ ਆਸ਼ਾ ਕਿਰਨ ਸਕੂਲ ਦੇ ਬੱਚਿਆਂ ਵੱਲੋਂ ਦੀਵਾਲੀ ਦੇ ਤਿਉਹਾਰ ਲਈ ਬਣਾਏ ਗਏ ਸਮਾਨ ਦੀ ਸੇਲ-ਕਮ ਐਗਜੀਬੀਸ਼ਨ ਲਗਵਾਈ ਗਈ, ਜਿਸ ਵਿੱਚ ਬੱਚਿਆਂ ਵੱਲੋਂ ਮੋਮਬੱਤੀਆਂ, ਦੀਵੇ ਅਤੇ ਰੰਗੋਲੀ ਦੇ ਰੰਗਾਂ ਤੋਂ ਇਲਾਵਾ ਹੋਰ ਵੀ ਘਰ ਦੀ ਸਜਾਵਟ ਲਈ ਸਮਾਨ ਦੀ ਇਸ ਐਗਜੀਬੀਸ਼ਨ ਵਿੱਚ ਪ੍ਰਦਰਸ਼ਨੀ ਕੀਤੀ ਗਈ, ਜਿਸ ਦੀ ਸਮੂਹ ਜੁਡੀਸ਼ੀਅਲ ਜੱਜ ਸਾਹਿਬਾਨ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਬੱਚਿਆਂ ਦਾ ਹੌਸਲਾ ਵਧਾਉਣ ਲਈ ਉਨ੍ਹਾਂ ਦੁਆਰਾ ਬਣਾਇਆ ਗਿਆ ਸਮਾਨ ਵੀ ਖਰੀਦਿਆ ਗਿਆ। ਇਸ ਦੇ ਨਾਲ ਹੀ ਐਡਵੋਕੇਟਾਂ, ਸਟਾਫ ਮੈਂਬਰਾਂ ਅਤੇ ਕੋਰਟ ਵਿੱਚ ਆਏ ਹੋਏ ਵਿਆਕਤੀਆਂ ਵੱਲੋਂ ਵੀ ਦੀਵੇ ਮੋਮਬੱਤੀਆਂ ਖਰੀਦੇ ਗਏ।



# ਧੀਆਂ ਇਕ ਨਹੀਂ, ਦੋ ਘਰਾਂ ਦੀਆਂ ਹੁੰਦੀਆਂ ਹਨ ਰੌਣਕ : ਸੰਜੀਵ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਵਿਕਾਸ ਪਰਿਸ਼ਦ ਵੱਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਇੱਕ ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਲਈ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਇਸ ਮੌਕੇ ਸੰਜੀਵ ਅਰੋੜਾ ਨੇ ਕਿਹਾ ਕਿ ਧੀ ਸਿਰਫ਼ ਇੱਕ ਘਰ ਦੀ ਹੀ ਨਹੀਂ, ਸਗੋਂ ਦੋ ਘਰਾਂ ਦੀ ਰੌਣਕ ਹੁੰਦੀ ਹੈ। ਧੀ ਦਾ ਵਿਆਹ ਹਰ ਮਾਤਾ-ਪਿਤਾ ਦੇ ਜੀਵਨ ਦਾ ਇੱਕ ਮਹੱਤਵਪੂਰਨ ਅਤੇ ਭਾਵੁਕ ਮੌਕਾ ਹੁੰਦਾ ਹੈ। ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਲਈ ਇਸ ਜ਼ਿੰਮੇਵਾਰੀ ਨੂੰ ਨਿਭਾਉਣਾ ਕਈ ਵਾਰ ਚੁਣੌਤੀਪੂਰਨ ਹੋ ਜਾਂਦਾ ਹੈ। ਅਜਿਹੇ ਸਮੇਂ ਸਮਾਜ ਦੇ ਸਮਰੱਥ ਲੋਕਾਂ ਨੂੰ ਅੱਗੇ ਆ ਕੇ ਲੋੜਵੰਦ ਪਰਵਾਰਾਂ ਦੀ ਮਦਦ ਕਰਨੀ ਚਾਹੀਦੀ ਹੈ। ਅਰੋੜਾ ਨੇ ਕਿਹਾ ਕਿ ਸਮਾਜ ਸੇਵਾ ਦਾ ਅਸਲ ਮਕਸਦ ਉਦੋਂ ਹੀ ਸਾਰਥਕ ਹੁੰਦਾ ਹੈ, ਜਦੋਂ ਸਾਡੀ ਮਦਦ ਕਿਸੇ ਲੋੜਵੰਦ ਦੇ ਚਿਹਰੇ 'ਤੇ ਮੁਸਕਾਨ ਲਿਆਉਣ ਅਤੇ ਉਸ ਦੇ ਜੀਵਨ ਦੀਆਂ ਮੁਸ਼ਕਲਾਂ ਨੂੰ ਘੱਟ ਕਰਨ ਵਿੱਚ ਸਹਾਇਕ ਬਣੇ। ਭਾਰਤ ਵਿਕਾਸ ਪਰਿਸ਼ਦ ਹਮੇਸ਼ਾ ਸੇਵਾ, ਸੰਸਕਾਰ ਅਤੇ ਸਮਰਪਣ ਦੀ ਭਾਵਨਾ ਨਾਲ ਸਮਾਜ ਦੇ ਲੋੜਵੰਦ ਵਰਗਾਂ ਦੀ ਸਹਾਇਤਾ ਲਈ ਯਤਨਸ਼ੀਲ ਰਹਿੰਦੀ ਹੈ। ਜੇਕਰ ਸਮਾਜ ਦੇ ਲੋਕ ਮਿਲ ਕੇ ਲੋੜਵੰਦ ਪਰਿਵਾਰਾਂ ਦਾ ਸਹਾਰਾ ਬਣਨ ਤਾਂ ਕੋਈ ਵੀ ਪਰਿਵਾਰ ਆਪਣੀ ਧੀ ਦੇ ਵਿਆਹ ਨੂੰ ਲੈ ਕੇ ਆਪਣੇ ਆਪ ਨੂੰ ਬੇਵੱਸ ਮਹਿਸੂਸ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਸੇਵਾ ਅਤੇ ਸਹਿਯੋਗ ਦੀ ਭਾਵਨਾ ਹੀ ਇੱਕ ਮਜ਼ਬੂਤ ਅਤੇ ਸੰਵੇਦਨਸ਼ੀਲ ਸਮਾਜ ਦੀ ਪਹਿਚਾਣ ਹੈ।ਇਸ ਮੌਕੇ ਮਦਨ ਲਾਲ ਮਹਾਜਨ, ਲੋਕੇਸ਼ ਖੰਨਾ, ਵਿਜੇ ਅਰੋੜਾ, ਤਰਸੇਮ ਮੋਦਗਿਲ, ਅਸ਼ਵਨੀ ਦੱਤਾ, ਜਗਦੀਸ਼ ਅਗਰਵਾਲ, ਉਮੇਸ਼ ਰਾਣਾ, ਰਾਜ ਕੁਮਾਰ ਮਲਿਕ ਅਤੇ ਐਨ.ਕੇ. ਗੁਪਤਾ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਪਾਠ ਦਾ ਭੋਗ ਭਲਕੇ

**ਫਿਲੌਰ (ਨਿਰਮਲ)**- ਪੀ ਐਸ ਗੁਲਸ਼ਨ ਅਤੇ ਰਾਜਨ ਬਿਲਗਾ ਨੇ ਦੱਸਿਆ ਉਨ੍ਹਾਂ ਦੇ ਭਰਾ ਦਿਨੇਸ਼ ਬਿਲਗਾ ਸਪੁੱਤਰ ਸਵ: ਉਜਾਗਰ ਸਿੰਘ ਬਿਲਗਾ ਉਘੇ ਅਜਾਦੀ ਘੁਲਾਟੀਏ ਦਾ ਬੀਤੇ ਦਿਨੀ ਦਿਹਾਂਤ ਹੋ ਗਿਆ ਸੀ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰਖੇ ਗਏ ਸਹਿਜ ਪਾਠ ਦਾ ਭੋਗ 5 ਨਵੰਬਰ ਨੂੰ ਗੁਰਦੁਆਰਾ ਰਣਜੀਤਗੜ੍ਹ ਫਿਲੌਰ ਕਿਲਾ ਵਿਖੇ 1 ਤੋ 2 ਵਜੇ ਤਕ ਹੋਵੇਗਾ।



# ਨਿੱਝਰ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਸੰਭਾਲਿਆ ਅਹੁਦਾ

**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਆਪ ਪਾਰਟੀ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮਾਗਮ ਆਯੋਜਤ ਕੀਤਾ ਗਿਆ ਜਿਸ ਦੌਰਾਨ ਹਰਕੀਤ ਸਿੰਘ ਨਿੱਝਰ ਨੇ ਮਾਰਕੀਟ ਕਮੇਟੀ ਆਦਮਪੁਰ ਦੇ ਨਵ ਨਿਯੁਕਤ ਚੇਅਰਮੈਨ ਵਜੋਂ ਅਧਿਕਾਰਤ ਤੌਰ 'ਤੇ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਦੀ ਇਸ ਸਮਾਗਮ ਦੌਰਾਨ ਵੱਖ-ਵੱਖ ਆੜ੍ਹਤੀਆ ਐਸੋਸੀਏਸ਼ਨਾਂ ਦੇ ਨੁਮਾਇੰਦੇ, ਪਾਰਟੀ ਦੇ ਸਮੂਹ ਅਹੁਦੇਦਾਰ, ਵਰਕਰ ਤੇ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਲਗਵਾਈ। ਸਮਾਗਮ 'ਚ ਪਹੁੰਚੀਆਂ ਸ਼ਖ਼ਸੀਅਤਾਂ ਨੇ ਨਵ-ਨਿਯੁਕਤ ਚੇਅਰਮੈਨ ਹਰਕੀਤ ਸਿੰਘ ਨਿੱਝਰ ਨੂੰ ਮਠਿਆਈ ਭੇਟ ਕਰਕੇ ਵਧਾਈ ਦਿੱਤੀ ਤੇ ਉਨ੍ਹਾਂ ਦੀ ਸਫ਼ਲਤਾ ਲਈ ਵਧਾਈਆਂ ਦਿੱਤੀਆਂ।

ਇਸ ਮੌਕੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਨਿੱਝਰ ਦੀਆਂ ਪਾਰਟੀ ਤੇ ਸਮਾਜ ਪ੍ਰਤੀ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ ਉਹ ਆਦਮਪੁਰ ਮੰਡੀ ਦੇ ਸੁਚਾਰੂ ਪ੍ਰਬੰਧਾਂ, ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਇਮਾਨਦਾਰੀ ਨਾਲ ਕੰਮ ਕਰਨਗੇ। ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਚੇਅਰਮੈਨ ਹਰਕੀਤ ਸਿੰਘ ਨਿੱਜਰ ਨੇ ਹਾਈਕਮਾਨ ਤੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣਗੇ। ਇਸ ਪ੍ਰੋਗਰਾਮ ਦੌਰਾਨ ਨਿਰਮਲ ਸਿੰਘ ਨਿੱਝਰ, ਨਗਰ ਕੌਂਸਲ ਦੇ ਪ੍ਰਧਾਨ ਚਰਨਜੀਤ ਸਿੰਘ ਸ਼ੇਰੀ, ਦਲਜੀਤ ਸਿੰਘ ਮਿਨਹਾਸ ਚੇਅਰਮੈਨ ਬਲਾਕ ਸੰਮਤੀ ਆਦਮਪੁਰ, ਹਰਨਾਮ ਸਿੰਘ ਅਲਾਵਲਪੁਰ, ਅਮਰੀਕ ਸਿੰਘ ਸੈਣੀ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸਦ, ਬਲਵੀਰ ਸਿੰਘ ਬਿੱਟੂ ਡਿਪਟੀ ਮੇਅਰ ਜਲੰਧਰ, ਪਰਮਜੀਤ ਸਿੰਘ ਰਾਏਪੁਰ ਐਸ ਸੀ ਪੀ ਸੀ ਮੈਂਬਰ ਆਦਮਪੁਰ, ਸੁਖਜੋਤ ਸਿੰਘ ਨਿੱਝਰ, ਡੀਐਸਪੀ ਦਿਲਬਾਗ ਸਿੰਘ ਬੈਂਸ, ਐਸ ਆਈ ਸੁਖਜੀਤ ਸਿੰਘ ਬੈਂਸ, ਤੀਰਥ ਬੈਂਸ ਕੈਨੇਡਾ, ਹਰਪ੍ਰੀਤ ਸਿੰਘ, ਲਖਬੀਰ ਸਿੰਘ ਸਾਬਕਾ ਸਰਪੰਚ ਸਾਰੋਵਾਲ, ਰਾਣਾ ਕਰਨੈਲ ਸਿੰਘ, ਕਮਲਜੀਤ ਸਲਾਲਾ ਵਾਈਸ ਚੇਅਰਮੈਨ, ਬਲਵਿੰਦਰ ਸਿੰਘ ਕਾਲਰਾ, ਹਰਮੇਲ ਸਿੰਘ ਮੱਲੀ ਨੰਗਲ, ਹਰਵਿੰਦਰ ਸਿੰਘ ਮਾਹਲ, ਰਣਜੀਤ ਸਿੰਘ ਕੂਕਾ ਪ੍ਰਧਾਨ, ਲਖਬੀਰ ਸਿੰਘ ਹਜ਼ਾਰਾ, ਸਰਬਜੀਤ ਹੈਪੀ, ਜਸ ਦਿਆਲ ਸਿੰਘ ਤਿੰਨੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਸਪ੍ਰੀਤ ਜੱਸਾ ਸਿੰਘਵਾਲ,ਅਮਨਦੀਪ ਸਿੰਘ ਬਿੱਟਾ,ਪਰਮਜੀਤ ਪੰਮਾ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਅਜੇ ਕੁਮਾਰ, ਸਵੀਟ ਕੁਮਾਰ ਗੁਪਤਾ ਅਲਾਵਲਪੁਰ, ਸੁਖਵਿੰਦਰ ਸਿੰਘ ਸਰਪੰਚ ਡਰੋਲੀ ਖੁਰਦ, ਬਲਵੰਤ ਸਿੰਘ ਸਰਪੰਚ ਡਿੰਗਰੀਆਂ, ਬਹਾਦਰ ਸਿੰਘ ਚੌਹਾਨ, ਤਰਸੇਮ ਸਿੰਘ ਕੋਟਲੀ, ਮਨਜੀਤ ਸਿੰਘ ਸਰਪੰਚ ਕੱਦੋਲਾ, ਦਵਿੰਦਰ ਸਿੰਘ ਧਾਰੀਵਾਲ ਸਰਪੰਚ, ਨਿਰਮਲ ਕੋਲ ਸਰਪੰਚ, ਬਲਵਿੰਦਰ ਬੁੱਗਾ ਪੰਜਾਬ ਪ੍ਰਧਾਨ ਸੈਨਾ, ਬਲਵੀਰ ਸਿੱਧੂ, ਸੁਖਬੀਰ ਕੁਮਾਰ ਨੰਬਰਦਾਰ, ਪਰਮਜੀਤ ਪੱਪੀ ਸ਼ਹਿਰੀ ਪ੍ਰਧਾਨ, ਆਸ਼ਵਨੀ ਸ਼ਰਮਾ ਬਲਾਕ ਪ੍ਰਧਾਨ, ਪੰਕਜ ਹਨੀ ਬਲਾਕ ਪ੍ਰਧਾਨ ਆਕਾਸ਼ਦੀਪ ਆ ਬਲਾਕ ਪ੍ਰਧਾਨ, ਜੋਗੀ ਗਾਂਧੀ, ਰਾਕੇਸ਼,ਅਗਰਵਾਲ, ਰਣਜੀਤ ਸਿੰਘ ਚੋਮ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਢੰਡੋਰ ਬਲਾਕ ਪ੍ਰਧਾਨ, ਤਰਸੇਮ ਸਿੰਘ ਦੁਖਿਆਰਾ, ਗੁਰਚਰਨ ਸਿੰਘ ਕੋਆਰਡੀਨੇਟਰ ਸਿੱਖਿਆ ਵਿੰਗ, ਅਮਰਜੀਤ ਸਿੰਘ ਨੰਬਰਦਾਰ ਨਾਜਕਾ, ਜੋਗਿੰਦਰ ਸਿੰਘ ਲੰਬੜਦਾਰ ਭੇਲਾ, ਗੁਰਕੀਰਤ ਸਿੰਘ, ਮੱਖਣ ਸਰਪੰਚ ਨਰੰਗਪੁਰ, ਬਿੰਦਾ ਗਰੇਵਾਲ, ਜੋਗਿੰਦਰ ਪਾਲ, ਪਵਿੱਤਰ ਸਿੰਘ, ਅਮਰੀਕ ਸਿੰਘ ਸਮੂਹ ਕੌਂਸਲਰ, ਮੋਹਨ ਲਾਲ, ਜਗਜੀਤ ਜੱਗੀ, ਸਰਬਜੀਤ ਮਾਧੋਪੁਰ, ਮਨਜੀਤ ਸਿੰਘ ਕਿਸਾਨ ਵਿੰਗ, ਸਤਨਾਮ ਸਿੰਘ ਤਿੰਨੋ ਬਲਾਕ ਸੰਮਤੀ ਮੈਂਬਰ, ਸੈਕਟਰੀ ਅੰਮ੍ਰਿਤ ਪਾਲ ਸਿੰਘ, ਹਰੀ ਸਿੰਘ, ਸਤਨਾਮ ਸਿੰਘ, ਲਖਵਿੰਦਰ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।



# ਸੀ ਟੀ ਗਰੁੱਪ ਵੱਲੋਂ ਨਵੇਂ ਲੋਗੋ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਦਾ ਤਿੰਨ ਦਹਾਕਿਆਂ ਤੋਂ ਵੱਧ ਦਾ ਸਫ਼ਰ ਵੀ ਸਮਰਪਣ, ਨਿਰੰਤਰ ਵਿਕਾਸ ਅਤੇ ਕਰੀਅਰ ਨਿਰਮਾਣ ਦੀ ਅਜਿਹੀ ਹੀ ਕਹਾਣੀ ਹੈ, ਜਿਸ ਦੀ ਸ਼ੁਰੂਆਤ ਉੱਨੀ ਸੌ ਸਤਾਨਵੇਂ ਵਿੱਚ ਹੋਈ ਸੀ। ਇਸ ਇਤਿਹਾਸਕ ਮੌਕੇ ਨੂੰ ਖ਼ਾਸ ਬਣਾਉਣ ਲਈ ਸੰਸਥਾ ਦੇ ਮੁੱਢਲੇ ਦੌਰ ਤੋਂ ਜੁੜੇ ਮੈਂਬਰਾਂ ਨੇ ਇਕੱਠੇ ਹੋ ਕੇ ਆਪਣੀ ਸਾਂਝੀ ਯਾਤਰਾ ਦਾ ਜਸ਼ਨ ਮਨਾਇਆ। ਇਨ੍ਹਾਂ ਵਿੱਚ ਸ਼ੁਰੂਆਤੀ ਸਾਲਾਂ ਦੌਰਾਨ ਸਕੂਲਾਂ ਦੀ ਅਗਵਾਈ ਕਰਨ ਵਾਲੇ ਪ੍ਰਿੰਸੀਪਲ, ਸੰਸਥਾ ਦੇ ਵਿਕਾਸ ਦੇ ਗਵਾਹ ਰਹੇ ਡਾਇਰੈਕਟਰ, ਸੀਨੀਅਰ ਮੈਂਬਰ, ਅਧਿਆਪਕ, ਗੈਰ-ਅਧਿਆਪਨ ਕਰਮਚਾਰੀ ਅਤੇ ਸਹਿਯੋਗੀ ਟੀਮਾਂ ਦੇ ਉਹ ਮੈਂਬਰ ਸ਼ਾਮਲ ਸਨ, ਜੋ ਲਗਭਗ ਉਨੱਤੀ ਸਾਲਾਂ ਤੋਂ ਸੀ ਟੀ ਪਰਵਾਰ ਦਾ ਹਿੱਸਾ ਰਹੇ ਹਨ। ਮਕਸੂਦਾਂ ਸਥਿਤ ਸੀ ਟੀ ਪਬਲਿਕ ਸਕੂਲ, ਛਿਆਹਠ ਫੁੱਟ ਰੋਡ, ਜਲੰਧਰ ਸਥਿਤ ਸੀ ਟੀ ਵਰਲਡ ਸਕੂਲ, ਮਕਸੂਦਾਂ ਅਤੇ ਸ਼ਾਹਪੁਰ ਸਥਿਤ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਅਤੇ ਲੁਧਿਆਣਾ ਸਥਿਤ ਸੀ ਟੀ ਯੂਨੀਵਰਸਿਟੀ ਸ਼ਾਮਲ ਹਨ।

ਇਸ ਅਹਿਮ ਪ੍ਰਾਪਤੀ ਦੇ ਮੌਕੇ ਸੀ ਟੀ ਗਰੁੱਪ ਦੇ ਨਵੇਂ ਲੋਗੋ ਦਾ ਉਦਘਾਟਨ ਕੀਤਾ ਗਿਆ। ਸੀ ਟੀ ਗਰੁੱਪ ਦੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਕਿਹਾ, ਜਦੋਂ ਅਸੀਂ ਉੱਨੀ ਸੌ ਸਤਾਨਵੇਂ ਵਿੱਚ ਇਸ ਸਫ਼ਰ ਦੀ ਸ਼ੁਰੂਆਤ ਕੀਤੀ ਸੀ, ਤਾਂ ਸਾਡਾ ਉਦੇਸ਼ ਮਿਆਰੀ ਸਿੱਖਿਆ ਨੂੰ ਹਰ ਸੰਭਵ ਵਿਅਕਤੀ ਤੱਕ ਪਹੁੰਚਾਉਣਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਮੌਕੇ ਪੈਦਾ ਕਰਨਾ ਸੀ। ਅੱਜ ਸੀ ਟੀ ਨੂੰ ਇਸ ਮੁਕਾਮ 'ਤੇ ਪਹੁੰਚਿਆ ਦੇਖ ਕੇ ਮੈਨੂੰ ਮਾਣ ਅਤੇ ਧੰਨਵਾਦ ਦੀ ਭਾਵਨਾ ਹੁੰਦੀ ਹੈ। ਸਮਾਰੋਹ ਵਿੱਚ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਸਹਿ-ਚੇਅਰਪਰਸਨ ਪਰਮਿੰਦਰ ਕੌਰ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਜੁਆਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਕੋ-ਵਾਈਸ ਚੇਅਰਮੈਨ ਐਡਵੋਕੇਟ ਮਨਜਿੰਦਰ ਕੌਰ ਅਤੇ ਐਗਜ਼ੀਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ ਮੌਜੂਦ ਰਹੇ।

ਇਨ੍ਹਾਂ ਦੇ ਨਾਲ ਵੱਖ-ਵੱਖ ਕੈਂਪਸਾਂ ਦੇ ਡਾਇਰੈਕਟਰ, ਸਕੂਲ ਪ੍ਰਿੰਸੀਪਲ, ਸੰਸਥਾ ਮੁਖੀ, ਅਧਿਆਪਕ, ਫੈਕਲਟੀ ਮੈਂਬਰ, ਪ੍ਰਸ਼ਾਸਨਿਕ ਟੀਮਾਂ ਅਤੇ ਗੈਰ-ਅਧਿਆਪਨ ਕਰਮਚਾਰੀ ਵੀ ਸਮਾਗਮ ਵਿੱਚ ਸ਼ਾਮਲ ਹੋਏ।



